ਬੁੱਧਵਾਰ, 13 ਮਈ, 2026
30 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 342

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 13 MAY, 2026 ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## 22 ਲੱਖ ਨੌਜਵਾਨਾਂ ਦੀ ਮਿਹਨਤ 'ਤੇ ਪਾਣੀ ਫਿਰਿਆ

**ਨਵੀਂ ਦਿੱਲੀ** : ਪ੍ਰਸ਼ਨ ਪੱਤਰ ਲੀਕ ਹੋਣ ਕਾਰਨ ਮੰਗਲਵਾਰ ਦੀ ਕੌਮੀ ਮੈਡੀਕਲ ਪ੍ਰਵੇਸ਼ ਪ੍ਰੀਖਿਆ (ਨੀਟ-ਯੂ ਜੀ 2026) ਰੱਦ ਕੀਤੇ ਜਾਣ ਤੋਂ ਬਾਅਦ ਕਾਂਗਰਸ ਨੇ ਮੋਦੀ ਸਰਕਾਰ 'ਤੇ ਦੇਸ਼ ਦੀ ਪ੍ਰੀਖਿਆ ਪ੍ਰਣਾਲੀ ਨੂੰ ਯੋਜਨਾਬੱਧ ਢੰਗ ਨਾਲ ਕਮਜ਼ੋਰ ਕਰਨ ਦਾ ਦੋਸ਼ ਲਗਾਇਆ ਹੈ।

ਪਾਰਟੀ ਨੇ ਐਕਸ 'ਤੇ ਪਾਈ ਪੋਸਟ ਵਿੱਚ ਕਿਹਾ, "ਨੀਟ ਦਾ ਪੇਪਰ ਲੀਕ ਹੋ ਗਿਆ ਹੈ। ਪ੍ਰੀਖਿਆ ਰੱਦ ਕਰ ਦਿੱਤੀ ਗਈ ਹੈ। ਇਸ ਪ੍ਰੀਖਿਆ ਦੇ ਰੱਦ ਹੋਣ ਕਾਰਨ ਲੱਗਭਗ 22 ਲੱਖ ਵਿਦਿਆਰਥੀਆਂ ਦੀ ਮਿਹਨਤ, ਉਨ੍ਹਾਂ ਦੇ ਪਰਵਾਰਾਂ ਦਾ ਪੈਸਾ... ਸਭ ਕੁਝ ਡੁੱਬ ਗਿਆ ਹੈ।" ਕਾਂਗਰਸ ਨੇ ਕਿਹਾ ਹੈ ਕਿ ਪੇਪਰ ਲੀਕ ਅਤੇ ਪ੍ਰੀਖਿਆ ਬੇਨੇਮੀਆਂ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਦਾ 'ਹਾਲਮਾਰਕ' ਬਣ ਗਈਆਂ ਹਨ। ਮੋਦੀ ਸਰਕਾਰ ਦੇ ਅਧੀਨ ਪਿਛਲੇ 10 ਸਾਲਾਂ ਵਿੱਚ 89 ਪੇਪਰ ਲੀਕ ਹੋਏ ਹਨ। ਉਸ ਨੇ ਕਿਹਾ ਹੈ, "ਇਹ ਸੱਚ ਹੈ, ਨਰਿੰਦਰ ਮੋਦੀ ਅਤੇ ਉਨ੍ਹਾ ਦੀ ਸਰਕਾਰ ਨੇ ਪ੍ਰੀਖਿਆ ਪ੍ਰਣਾਲੀ ਨੂੰ ਖੋਖਲਾ ਕਰ ਦਿੱਤਾ ਹੈ, ਜਿੱਥੇ ਨੌਜਵਾਨਾਂ ਦੀਆਂ ਇੱਛਾਵਾਂ ਦਾ ਗਲਾ ਘੁੱਟਿਆ ਜਾ ਰਿਹਾ ਹੈ ਅਤੇ ਦੇਸ਼ ਦੀਆਂ ਨੀਂਹਾਂ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ। ਉਨ੍ਹਾ ਨੂੰ ਸ਼ਰਮ ਆਉਣੀ ਚਾਹੀਦੀ ਹੈ।"




ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਵੀ ਐਕਸ 'ਤੇ ਲਿਖਿਆ, "ਮੈਂ ਨੀਟ 2026 ਦਾ ਪੇਪਰ ਲੀਕ ਹੋਣ ਬਾਰੇ ਖਬਰ ਸੁਣੀ। ਇਹ ਹੁਣ ਕੋਈ ਪ੍ਰੀਖਿਆ ਨਹੀਂ ਰਹੀ। ਨੀਟ ਹੁਣ ਇੱਕ ਨਿਲਾਮੀ ਹੈ। ਪ੍ਰੀਖਿਆ ਤੋਂ 42 ਘੰਟੇ ਪਹਿਲਾਂ ਵ੍ਹਟਸਐਪ 'ਤੇ ਬਹੁਤ ਸਾਰੇ ਸਵਾਲ ਵੇਚੇ ਜਾ ਰਹੇ ਸਨ। 22 ਲੱਖ ਤੋਂ ਵੱਧ ਬੱਚਿਆਂ ਨੇ ਸਾਰਾ ਸਾਲ ਰਾਤਾਂ ਜਾਗ ਕੇ ਪੜ੍ਹਾਈ ਕੀਤੀ ਅਤੇ ਇੱਕ ਰਾਤ ਵਿੱਚ ਉਨ੍ਹਾਂ ਦੇ ਭਵਿੱਖ ਨੂੰ ਬਾਜ਼ਾਰ ਵਿੱਚ ਸਰੇਆਮ ਨਿਲਾਮ ਕਰ ਦਿੱਤਾ ਗਿਆ। ਇਹ ਪਹਿਲੀ ਵਾਰ ਨਹੀਂ ਹੋਇਆ। 10 ਸਾਲਾਂ ਵਿੱਚ, 89 ਪੇਪਰ ਲੀਕ ਹੋਏ ਅਤੇ 48 ਵਾਰ ਪ੍ਰੀਖਿਆਵਾਂ ਦੁਬਾਰਾ ਹੋਈਆਂ। ਹਰ ਵਾਰ ਉਹੀ ਵਾਅਦੇ ਅਤੇ ਫਿਰ ਉਹੀ ਚੁੱਪ।"

'ਆਪ' ਦੇ ਕੌਮੀ ਕਨਵੀਨਰ ਕੇਜਰੀਵਾਲ ਨੇ ਕਿਹਾ ਕਿ ਪ੍ਰਭਾਵਤ ਵਿਦਿਆਰਥੀਆਂ ਨੂੰ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਕਰਨੇ ਪੈਣਗੇ ਕਿਉਂਕਿ ਸਰਕਾਰ ਸਿਰਫ ਅੰਦੋਲਨ ਦੀ ਭਾਸ਼ਾ ਸਮਝਦੀ ਹੈ। ਪੇਪਰ ਲੀਕ ਵਿੱਚ ਸਿਆਸੀ ਸਰਪ੍ਰਸਤੀ ਦਾ ਦੋਸ਼ ਲਾਉਂਦਿਆਂ ਉਨ੍ਹਾ ਕਿਹਾ ਕਿ ਪਿਛਲੇ ਨੌਂ ਸਾਲਾਂ ਵਿੱਚ ਨੀਟ ਦਾ ਪੇਪਰ ਚਾਰ ਵਾਰ ਲੀਕ ਹੋਇਆ ਅਤੇ ਕਿਸੇ ਵੀ ਦੋਸ਼ੀ ਨੂੰ ਸਜ਼ਾ ਨਹੀਂ ਦਿੱਤੀ ਗਈ। ਜੋ ਪੇਪਰ ਲੀਕ ਨੂੰ ਰੋਕ ਨਹੀਂ ਸਕਦੇ, ਉਹ ਸਰਕਾਰ ਕਿਵੇਂ ਚਲਾਉਣਗੇ। ਇਹ ਪੂਰੀ ਤਰ੍ਹਾਂ ਮਿਲੀਭੁਗਤ ਦਾ ਮਾਮਲਾ ਹੈ।

ਰਾਜਸਥਾਨ ਦੇ ਸਾਬਕਾ ਮੁੱਖ ਮੰਤਰੀ ਅਸ਼ੋਕ ਗਹਿਲੋਤ ਨੇ ਕਿਹਾ ਕਿ ਪੇਪਰ ਰੱਦ ਕਰਨ ਨਾਲ ਟੈਸਟ ਵਿੱਚ ਵੱਡੇ ਪੱਧਰ 'ਤੇ ਬੇਨੇਮੀਆਂ ਦਾ ਸੰਕੇਤ ਮਿਲਦਾ ਹੈ। ਰਾਜ ਦੀ ਭਾਜਪਾ ਸਰਕਾਰ ਨੇ ਦੋ ਹਫਤਿਆਂ ਤੱਕ ਮਾਮਲੇ ਨੂੰ ਦਬਾਈ ਰੱਖਿਆ। ਰਾਜਸਥਾਨ ਦੀ ਭਾਜਪਾ ਸਰਕਾਰ ਨੇ ਪਹਿਲਾਂ ਸ਼ਰਮਿੰਦਗੀ ਤੋਂ ਬਚਣ ਲਈ ਰਾਜਸਥਾਨ ਸਟਾਫ ਸਿਲੈਕਸ਼ਨ ਬੋਰਡ ਵਿੱਚ ਓ ਐੱਮ ਆਰ ਸ਼ੀਟ ਘੁਟਾਲੇ ਨੂੰ ਛੁਪਾਉਣ ਦੀ ਕੋਸ਼ਿਸ਼ ਕੀਤੀ ਸੀ। ਮਾਮਲੇ ਵਿੱਚ • ਬਾਕੀ ਸਫਾ 2 'ਤੇ

## ਮਾਨ ਸਰਕਾਰ ਨੌਕਰੀਆਂ 'ਚ ਅਗਨੀਵੀਰਾਂ ਨੂੰ ਰਿਜ਼ਰਵੇਸ਼ਨ ਦੇਵੇਗੀ

**ਚੰਡੀਗੜ੍ਹ (ਗੁਰਜੀਤ ਬਿੱਲਾ/ ਸੁਰਜੀਤ ਸੁਮਨ/ਕ੍ਰਿਸ਼ਨ ਗਰਗ)**

ਅਗਨੀਪੱਥ ਸਕੀਮ ਤਹਿਤ ਫੌਜ ਵਿੱਚ ਅਗਨੀਵੀਰ ਵਜੋਂ ਆਪਣਾ ਸੇਵਾਕਾਲ ਪੂਰਾ ਕਰਨ ਤੋਂ ਬਾਅਦ ਉਨ੍ਹਾਂ ਦੇ ਮੁੜ-ਵਸੇਬੇ ਲਈ ਵੱਡਾ ਫੈਸਲਾ ਲੈਂਦਿਆਂ ਪੰਜਾਬ ਸਰਕਾਰ ਨੇ ਅਗਨੀਵੀਰਾਂ ਲਈ ਰਾਖਵਾਂਕਰਨ ਨੀਤੀ ਤਿਆਰ ਕਰਨ ਦਾ ਫੈਸਲਾ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਿਵਲ ਤੇ ਪੁਲਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਦੀ ਉੱਚ ਤਾਕਤੀ ਕਮੇਟੀ ਦਾ ਗਠਨ ਕੀਤਾ ਹੈ, ਜੋ ਸਰਕਾਰੀ ਸੇਵਾਵਾਂ ਵਿੱਚ ਅਗਨੀਵੀਰਾਂ ਨੂੰ ਰਾਖਵੇਂਕਰਨ ਦੇ ਲਾਭ ਦੇਣ ਲਈ ਰੂਪ-ਰੇਖਾ ਉਲੀਕੇਗੀ।ਮੰਗਲਵਾਰ ਇੱਥੇ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰੀ ਨੌਕਰੀਆਂ ਵਿੱਚ ਅਗਨੀਵੀਰਾਂ ਨੂੰ ਰਾਖਵਾਂਕਰਨ ਦੇਣ ਲਈ ਸਿਧਾਂਤਕ ਪ੍ਰਵਾਨਗੀ ਦੇ ਦਿੱਤੀ।

ਮੁੱਖ ਮੰਤਰੀ ਨੇ ਵੱਖ-ਵੱਖ ਵਿਭਾਗਾਂ ਵਿੱਚ ਅਗਨੀਵੀਰਾਂ ਦੇ ਰਾਖਵੇਂਕਰਨ ਅਤੇ ਭਰਤੀ ਸੰਬੰਧੀ ਸਿਫਾਰਸ਼ਾਂ ਤਿਆਰ ਕਰਨ ਅਤੇ ਰੂਪ-ਰੇਖਾ ਨੂੰ ਅੰਤਮ ਰੂਪ ਦੇਣ ਲਈ ਸੂਬੇ ਦੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀਆਂ ਵਿਕਾਸ ਪ੍ਰਤਾਪ, ਭਾਵਨਾ ਗਰਗ, ਸੁਮੇਰ ਸਿੰਘ ਗੁਰਜਰ ਅਤੇ ਐੱਸ ਐੱਸ ਸ੍ਰੀਵਾਸਤਵ 'ਤੇ ਅਧਾਰਿਤ ਕਮੇਟੀ ਦਾ ਗਠਨ ਕੀਤਾ।

ਅਗਨੀਵੀਰਾਂ ਦੀ ਕਾਬਲੀਅਤ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਉਨ੍ਹਾਂ ਦੀਆਂ ਸੇਵਾਵਾਂ ਨੂੰ ਪੰਜਾਬ ਪੁਲਸ, ਜੰਗਲਾਤ ਗਾਰਡ, ਅੱਗ ਬੁਝਾਊ ਸੇਵਾਵਾਂ, ਜੇਲ੍ਹਾਂ, ਹੋਮ ਗਾਰਡ, ਪੈਸਕੋ ਅਤੇ ਸਰਕਾਰ ਦੇ ਕਈ ਹੋਰ ਵਿਭਾਗਾਂ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਵਰਤਿਆ ਜਾ ਸਕਦਾ ਹੈ। ਉਨ੍ਹਾ ਕਿਹਾ ਕਿ ਅਗਨੀਵੀਰਾਂ ਦੀ ਰਾਖਵੇਂਕਰਨ ਅਤੇ ਚੋਣ ਸੰਬੰਧੀ ਪੈਮਾਨੇ ਨੂੰ ਛੇਤੀ ਤੋਂ ਛੇਤੀ ਅੰਤਮ ਰੂਪ ਦਿੱਤਾ ਜਾਣਾ ਚਾਹੀਦਾ ਹੈ, ਤਾਂ ਜੋ ਇਨ੍ਹਾਂ ਹੁਨਰਮੰਦ ਅਤੇ ਅਨੁਸ਼ਾਸਿਤ ਨੌਜਵਾਨਾਂ ਦੀਆਂ ਸੇਵਾਵਾਂ ਨੂੰ ਸਭ ਤੋਂ ਵਧੀਆ ਢੰਗ ਨਾਲ ਵਰਤਿਆ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੇ ਹਮੇਸ਼ਾ ਹੀ ਦੇਸ਼ ਦੀ ਏਕਤਾ ਤੇ ਅਖੰਡਤਾ ਦੀ ਰਾਖੀ ਵਿੱਚ ਇਤਿਹਾਸਕ ਭੂਮਿਕਾ ਨਿਭਾਈ ਹੈ।ਉਨ੍ਹਾ ਕਿਹਾ—ਇਹ ਬਹੁਤ ਮਾਣ ਤੇ ਸੰਤੁਸ਼ਟੀ ਦੀ ਗੱਲ ਹੈ ਕਿ ਦੇਸ਼ ਦਾ ਅੰਨਦਾਤਾ ਹੋਣ ਦੇ ਨਾਲ-ਨਾਲ ਪੰਜਾਬ ਨੂੰ ਦੇਸ਼ ਦੀ ਖੜਗਭੁਜਾ ਵਜੋਂ ਵੀ ਜਾਣਿਆ ਜਾਂਦਾ ਹੈ। ਪੰਜਾਬ ਦੇ ਲੋਕਾਂ ਨੂੰ ਦੁਨੀਆ ਭਰ ਵਿੱਚ ਉਨ੍ਹਾ ਦੀ ਹਿੰਮਤ, ਮਿਹਨਤ ਅਤੇ ਉਦਮੀ ਭਾਵਨਾ ਹੋਣ ਦਾ ਮਾਣ ਪ੍ਰਾਪਤ ਹੈ।

ਹਥਿਆਰਬੰਦ ਸੈਨਾਵਾਂ, ਅਰਧ ਸੈਨਿਕ ਬਲਾਂ, ਪੁਲਸ ਅਤੇ ਅਗਨੀਵੀਰਾਂ ਵੱਲੋਂ ਦੇਸ਼ ਦੀ ਰਾਖੀ ਵਿੱਚ ਪਾਏ ਗਏ ਅਥਾਹ ਯੋਗਦਾਨ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਪਹਿਲਾਂ ਹੀ ਡਿਊਟੀ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਦੇ ਪਰਵਾਰਾਂ ਨੂੰ ਇਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਹੈ।

## ਯਾਮਲ ਨੇ ਲਹਿਰਾਇਆ ਫਲਸਤੀਨੀ ਝੰਡਾ



**ਬਾਰਸੀਲੋਨਾ** : ਸਪੈਨਿਸ਼ ਫੁੱਟਬਾਲ ਸਟਾਰ ਲੈਮਿਨ ਯਾਮਲ ਨੇ ਐੱਫ ਸੀ ਬਾਰਸੀਲੋਨਾ ਦੇ ਲਾ ਲੀਗਾ ਖਿਤਾਬ ਜਿੱਤਣ ਦੇ ਜਸ਼ਨ ਦੌਰਾਨ ਫਲਸਤੀਨੀ ਝੰਡਾ ਲਹਿਰਾਉਂਦੇ ਹੋਏ ਸੋਸ਼ਲ ਮੀਡੀਆ 'ਤੇ ਫੁੱਟਬਾਲ ਦੇ ਦੀਵਾਨਿਆਂ ਨੂੰ ਵੰਡ ਦਿੱਤਾ ਹੈ। ਜਿੱਥੇ ਕਈ ਦੀਵਾਨਿਆਂ ਨੇ ਉਸ ਦੀ ਬਹਾਦਰੀ ਲਈ ਉਸ ਦੀ ਪ੍ਰਸੰਸਾ ਕੀਤੀ ਹੈ, ਉੱਥੇ ਕੁਝ ਨੇ ਫਲਸਤੀਨ ਨਾਲ ਏਕਤਾ ਪ੍ਰਗਟ ਕਰਨ ਲਈ ਉਸ ਦੀ ਆਲੋਚਨਾ ਕੀਤੀ ਹੈ। ਆਨਲਾਈਨ ਸ਼ੇਅਰ ਕੀਤੇ ਗਏ ਵੀਡੀਓਜ਼ ਵਿੱਚ 18 ਸਾਲਾ ਯਾਮਲ, ਜਿਸ ਦੇ ਮਾਪੇ ਮੋਰੱਕੋ ਅਤੇ ਇਕੂਟੇਰੀਅਲ ਗਿਨੀ ਤੋਂ ਹਨ, ਨੂੰ ਬਾਰਸੀਲੋਨਾ ਵਿੱਚ ਟੀਮ ਦਾ ਜਸ਼ਨ ਮਨਾਉਂਦਿਆਂ ਬੱਸ ਤੋਂ ਫਲਸਤੀਨੀ ਝੰਡਾ ਲਹਿਰਾਉਂਦੇ ਦੇਖਿਆ ਜਾ ਸਕਦਾ ਹੈ। ਬਾਰਸੀਲੋਨਾ ਨੇ ਐਤਵਾਰ ਨੂੰ ਰੀਅਲ ਮੈਡ੍ਰਿਡ ਨੂੰ 2-0 ਨਾਲ ਹਰਾ ਕੇ ਆਪਣਾ 29ਵਾਂ ਲਾ ਲੀਗਾ ਖਿਤਾਬ ਜਿੱਤਿਆ। ਅਕਤੂਬਰ 2023 ਵਿੱਚ ਗਾਜ਼ਾ 'ਚ ਇਜ਼ਰਾਈਲ ਵੱਲੋਂ ਮਚਾਈ ਤਬਾਹੀ ਤੋਂ ਬਾਅਦ ਬਾਰਸੀਲੋਨਾ ਵਿੱਚ ਇਜ਼ਰਾਈਲ ਵਿਰੋਧੀ ਪ੍ਰੋਟੈਸਟ ਹੋਏ ਹਨ।

## ਮੁੱਖ ਮੰਤਰੀ ਵੱਲੋਂ ਟਾਪਰ ਸਨਮਾਨਤ



**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 10ਵੀਂ ਦੇ ਨਤੀਜਿਆਂ ਵਿੱਚ ਪਹਿਲੇ ਤਿੰਨ ਥਾਵਾਂ ਉੱਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਇੱਥੇ ਸਨਮਾਨਿਤ ਕੀਤਾ। ਹਰਲੀਨ ਸ਼ਰਮਾ ਨੇ 99.38 ਫੀਸਦ ਅੰਕਾਂ ਨਾਲ ਪਹਿਲਾ, ਮਨੀਮਹੇਸ਼ ਸ਼ਰਮਾ ਤੇ ਰੀਆ ਰਾਣੀ ਨੇ 99.23 ਫੀਸਦ ਅੰਕਾਂ ਨਾਲ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਹੋਣਹਾਰ ਬੱਚਿਆਂ ਦੀ ਅਣਥੱਕ ਮਿਹਨਤ, ਉਨ੍ਹਾਂ ਦੇ ਮਾਪਿਆਂ ਦੀਆਂ ਅਰਦਾਸਾਂ ਅਤੇ ਅਧਿਆਪਕਾਂ ਦੇ ਸਹੀ ਮਾਰਗਦਰਸ਼ਨ ਸਦਕਾ ਅੱਜ ਪੂਰੇ ਪੰਜਾਬ ਦਾ ਸਿਰ ਮਾਣ ਨਾਲ ਉੱਚਾ ਹੋਇਆ ਹੈ।

## ਅਨਿਲ ਕੁਮਾਰ ਸੇਠੀ 'ਆਪ' 'ਚ



**ਚੰਡੀਗੜ੍ਹ** : ਫਾਜ਼ਿਲਕਾ ਤੋਂ ਭਾਜਪਾ ਦੇ ਸੀਨੀਅਰ ਆਗੂ ਅਨਿਲ ਕੁਮਾਰ ਸੇਠੀ ਮੰਗਲਵਾਰ 'ਆਪ' ਵਿੱਚ ਸ਼ਾਮਲ ਹੋ ਗਏ। ਸੇਠੀ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਪੂਰੇ ਪੰਜਾਬ ਦੇ ਲੋਕ ਆਪ ਦੀਆਂ ਨੀਤੀਆਂ ਅਤੇ ਵਿਜ਼ਨ ਵਿੱਚ ਵਿਸ਼ਵਾਸ ਪ੍ਰਗਟਾ ਰਹੇ ਹਨ।ਸੇਠੀ ਨੇ ਕਿਹਾ ਕਿ ਉਹ 'ਆਪ' ਦੀ ਇਮਾਨਦਾਰ ਤੇ ਵਿਕਾਸ ਮੁਖੀ ਰਾਜਨੀਤੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਤੋਂ ਕਾਫੀ ਪ੍ਰਭਾਵਤ ਹਨ।

## ਕੈਪਟਨ ਚੜ੍ਹਦੀ ਕਲਾ 'ਚ : ਜਾਖੜ



**ਚੰਡੀਗੜ੍ਹ** : ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ, ਉਹਨਾ ਦੀ ਬੇਟੀ ਜੈ ਇੰਦਰ ਕੌਰ (ਪ੍ਰਧਾਨ, ਭਾਜਪਾ ਮਹਿਲਾ ਵਿੰਗ) ਅਤੇ ਸੂਬਾ ਭਾਜਪਾ ਪ੍ਰਧਾਨ ਸੁਨੀਲ ਜਾਖੜ ਮੰਗਲਵਾਰ ਮੁਹਾਲੀ ਦੇ ਹਸਪਤਾਲ ਵਿੱਚ ਇਕੱਠੇ ਨਜ਼ਰ ਆਏ। ਜਾਖੜ ਅਤੇ ਕੈਪਟਨ ਵਿਚਕਾਰ ਹੋਈ ਮੁਲਾਕਾਤ ਨੇ ਸਿਆਸੀ ਹਲਚਲ ਤੇਜ਼ ਕਰ ਦਿੱਤੀ ਹੈ। ਕੈਪਟਨ ਦੇ ਗੋਡੇ ਦਾ ਹਾਲ ਹੀ ਵਿੱਚ ਅਪਰੇਸ਼ਨ ਹੋਇਆ ਸੀ, ਜਿਸ ਤੋਂ ਬਾਅਦ ਉਹ ਰੁਟੀਨ ਚੈੱਕਅੱਪ ਲਈ ਹਸਪਤਾਲ ਵਿੱਚ ਸਨ। ਉਨ੍ਹਾ ਦੇ ਕਰੀਬੀ ਸੂਤਰਾਂ ਨੇ ਦੱਸਿਆ ਕਿ ਉਹ ਬਿਲਕੁਲ ਤੰਦਰੁਸਤ ਹਨ ਅਤੇ ਹੁਣ ਉਨ੍ਹਾ ਨੂੰ ਚੱਲਣ ਲਈ ਸੋਟੀ ਦੀ ਲੋੜ ਨਹੀਂ। ਜਾਖੜ ਨੇ ਕਿਹਾ ਕਿ ਕੈਪਟਨ ਚੜ੍ਹਦੀ ਕਲਾ 'ਚ ਅਤੇ ਖੁਸ਼ ਨਜ਼ਰ ਆਏ।

## ਜਹਾਜ਼ ਦੇ ਪਰ ਨੂੰ ਲੱਗੀ ਅੱਗ

**ਚੇਨਈ** : ਆਬੂ ਧਾਬੀ ਲਈ ਉਡਣ ਵਾਲੇ ਜਹਾਜ਼, ਜਿਸ ਵਿੱਚ ਲੱਗਭੱਗ 280 ਯਾਤਰੀ ਸਵਾਰ ਸਨ, ਦੇ ਖੱਬੇ ਪਰ ਨੂੰ ਮੰਗਲਵਾਰ ਅਚਾਨਕ ਅੱਗ ਲੱਗ ਗਈ। ਐਤੀਹਾਦ ਦੇ ਜਹਾਜ਼ ਵੱਲੋਂ ਰਨਵੇਅ 'ਤੇ ਹਰਕਤ ਸ਼ੁਰੂ ਕਰਨ ਤੋਂ ਪਹਿਲਾਂ ਹੀ ਪਾਇਲਟਾਂ ਨੇ ਅੱਗ ਦੇਖ ਲਈ। ਇਸ ਤੋਂ ਬਾਅਦ ਸਾਰੇ ਯਾਤਰੀਆਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ।

## ਸਿਆਸੀ ਲਾਹੇ ਲਈ ਪੰਜਾਬ ਨੂੰ ਨਿਸ਼ਾਨਾ ਬਣਾਉਣਾ ਕੌਮੀ ਹਿੱਤਾਂ ਲਈ ਘਾਤਕ : ਅਮਨ ਅਰੋੜਾ



**ਚੰਡੀਗੜ੍ਹ** : ਉਦਯੋਗ ਮੰਤਰੀ ਦਾ ਅਹੁਦਾ ਸਾਂਭਣ ਮੌਕੇ 'ਆਪ' ਪੰਜਾਬ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪ੍ਰੈੱਸ ਕਾਨਫਰੰਸ ਵਿਚ ਮੁੱਖ ਮੰਤਰੀ ਭਗਵੰਤ ਮਾਨ, ਬਿਜ਼ਨੈੱਸ ਕਮਿਊਨਿਟੀ, ਪੰਜਾਬ ਦੀ ਸਮੁੱਚੀ ਇੰਡਸਟਰੀ ਨੂੰ ਇਹ ਯਕੀਨ ਦਿਵਾਇਆ ਤੇ ਵਚਨਬੱਧਤਾ ਕੀਤੀ ਕਿ ਉਹ ਆਪਣੇ ਸਾਰੇ ਫਰਜ਼ ਬਾਖੂਬੀ ਨਿਭਾਉਣਗੇ ਤੇ ਇਹ ਵੀ ਕਿਹਾ ਕਿ ਹੁਣ ਤੱਕ ਰਿਕਾਰਡ ਤੋੜ ਇਨਵੈਸਟਮੈਂਟ ਪੰਜਾਬ ਵਿਚ ਆਈ ਹੈ। ਅਮਨ ਅਰੋੜਾ ਨੇ ਮੀਡੀਆ ਨੂੰ ਜਵਾਬ ਦਿੰਦਿਆਂ ਕਿਹਾ ਕਿ ਜਦੋਂ ਪ੍ਰਧਾਨ ਮੰਤਰੀ ਮੋਦੀ ਗੁਜਰਾਤ ਦੇ ਮੁੱਖ ਮੰਤਰੀ ਸਨ, ਉਦੋਂ ਉਹ ਕੇਂਦਰ ਅਤੇ ਰਾਜ ਸਰਕਾਰਾਂ ਦੇ ਸੰਬੰਧਾਂ ਨੂੰ 'ਵੱਡੇ ਅਤੇ ਛੋਟੇ ਭਰਾ' ਵਰਗਾ ਦੱਸਦੇ ਸਨ ਤੇ ਇੱਕ ਮਜ਼ਬੂਤ ਸੰਘੀ ਢਾਂਚੇ ਦੀ ਵਕਾਲਤ ਕਰਦੇ ਸਨ, ਪਰ ਪਿਛਲੇ ਕੁਝ ਸਾਲਾਂ ਵਿੱਚ ਮਾਹੌਲ ਪੂਰੀ ਤਰ੍ਹਾਂ ਬਦਲ ਗਿਆ ਹੈ। ਉਨ੍ਹਾ ਦੋਸ਼ ਲਾਇਆ ਕਿ ਜਿੱਥੇ ਭਾਜਪਾ ਨੂੰ ਆਪਣੀ ਸਿਆਸੀ ਜ਼ਮੀਨ ਖਿਸਕਦੀ ਨਜ਼ਰ ਆਉਂਦੀ ਹੈ, ਉੱਥੇ ਉਹ ਈ ਡੀ, ਸੀ ਬੀ ਆਈ ਅਤੇ ਇਨਕਮ ਟੈਕਸ ਵਰਗੀਆਂ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰਕੇ ਵਿਰੋਧੀਆਂ ਨੂੰ ਨਿਸ਼ਾਨਾ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਬੰਗਾਲ ਅਤੇ ਹੁਣ ਪੰਜਾਬ ਵਿਚ ਅਜਿਹੀ ਹੀ ਰਣਨੀਤੀ ਅਪਣਾਈ ਜਾ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸਿਆਸੀ ਲਾਹੇ ਲਈ ਪੰਜਾਬ ਵਰਗੇ ਦੇਸ਼-ਭਗਤ ਅਤੇ ਸਰਹੱਦੀ ਸੂਬੇ ਨੂੰ ਨਿਸ਼ਾਨਾ ਬਣਾਉਣਾ ਕੌਮੀ ਹਿੱਤਾਂ ਲਈ ਘਾਤਕ ਹੈ।

## ਰੁਪੱਈਏ 'ਚ ਰਿਕਾਰਡ ਗਿਰਾਵਟ, ਸ਼ੇਅਰ ਬਾਜ਼ਾਰ ਵੀ ਟੁੱਟਾ

**ਮੁੰਬਈ** : ਡਾਲਰ ਦੇ ਮੁਕਾਬਲੇ ਰੁਪਿਆ ਮੰਗਲਵਾਰ 35 ਪੈਸੇ ਟੁੱਟ ਕੇ ਹੁਣ ਤੱਕ ਦੇ ਸਭ ਤੋਂ ਹੇਠਲੇ ਪੱਧਰ 95.63 (ਆਰਜ਼ੀ) 'ਤੇ ਆ ਗਿਆ ਹੈ। ਓਧਰ ਕੱਚੇ ਤੇਲ ਦੀ ਉੱਚੀ ਕੀਮਤ ਅਤੇ ਪੱਛਮੀ ਏਸ਼ੀਆ ਸੰਘਰਸ਼ ਨੂੰ ਲੈ ਕੇ ਅਨਿਸਚਿਤਤਾ ਨਾਲ ਬਾਜ਼ਾਰ ਦੀ ਧਾਰਨਾ 'ਤੇ ਉਲਟ ਅਸਰ ਪਿਆ ਹੈ। ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਦੀ ਲਗਾਤਾਰ ਪੂੰਜੀ ਨਿਕਾਸੀ ਅਤੇ ਰੁਪਏ ਦੇ ਹੁਣ ਤੱਕ ਦੇ ਸਭ ਤੋਂ ਹੇਠਲੇ ਪੱਧਰ 'ਤੇ ਆਉਣ ਨਾਲ ਵੀ ਨਿਵੇਸ਼ਕਾਂ ਦੀ ਧਾਰਨਾ ਪ੍ਰਭਾਵਿਤ ਹੋਈ। ਸ਼ੇਅਰ ਬਾਜ਼ਾਰਾਂ ਵਿੱਚ ਮੰਗਲਵਾਰ ਨੂੰ ਲਗਾਤਾਰ ਚੌਥੇ ਕਾਰੋਬਾਰੀ ਸੈਸ਼ਨ ਵਿੱਚ ਗਿਰਾਵਟ ਆਈ ਤੇ ਸੈਂਸੈਕਸ 1,456 ਅੰਕ ਹੇਠਾਂ ਆ ਗਿਆ। ਨਿਫਟੀ 23,500 ਅੰਕਾਂ ਦੇ ਹੇਠਾਂ ਆ ਗਿਆ। ਸੈਂਸੈਕਸ 1,456.04 ਅੰਕ ਭਾਵ 1.92 ਪ੍ਰਤੀਸ਼ਤ ਟੁੱਟ ਕੇ 74,559.24 ਅੰਕ 'ਤੇ ਬੰਦ ਹੋਇਆ। ਕਾਰੋਬਾਰ ਦੌਰਾਨ, ਇਹ 1,565.78 ਅੰਕ ਡਿੱਗ ਕੇ 74,449.50 ਅੰਕ 'ਤੇ ਆ ਗਿਆ ਸੀ।

## ਸੀ ਬੀ ਆਈ ਨੇ ਭਾਜਪਾ ਦੇ ਯੂਥ ਆਗੂ ਤੇ ਪਿਤਾ ਨੂੰ ਦਬੋਚਿਆ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਸੀ ਬੀ ਆਈ ਨੇ 20 ਲੱਖ ਰੁਪਏ ਦੇ ਰਿਸ਼ਵਤ ਕਾਂਡ 'ਚ 3 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ 'ਚ ਦੋ ਦਲਾਲ ਅਤੇ ਉਨ੍ਹਾਂ ਦਾ ਇੱਕ ਸਹਿਯੋਗੀ ਸ਼ਾਮਲ ਹੈ। ਸੀ ਬੀ ਆਈ ਦੇ ਬੁਲਾਰੇ ਨੇ ਕਿਹਾ ਕਿ ਏਜੰਸੀ ਕੋਲ ਪੰਜਾਬ ਰਾਜ ਟੈਕਸ ਅਧਿਕਾਰੀ ਵੱਲੋਂ ਸ਼ਿਕਾਇਤ ਦਰਜ ਕਰਵਾਈ ਗਈ ਸੀ ਕਿ ਵਿਕਾਸ ਉਰਫ਼ ਵਿੱਕੀ ਗੋਇਲ ਅਤੇ ਉਸ ਦੇ ਪੁੱਤਰ ਰਾਘਵ ਗੋਇਲ ਨੇ ਡਾਇਰੈਕਟਰ ਜਨਰਲ, ਵਿਜੀਲੈਂਸ ਪੰਜਾਬ ਦੇ ਦਫ਼ਤਰ ਵਿੱਚ ਉਸ ਦੇ ਵਿਰੁੱਧ ਲੰਬਿਤ ਸ਼ਿਕਾਇਤ ਨੂੰ ਬੰਦ ਕਰਨ ਲਈ 20 ਲੱਖ ਰੁਪਏ ਦੀ ਮੰਗ ਕੀਤੀ ਹੈ। ਦੋਵੇਂ ਦਲਾਲ ਵਿਜੀਲੈਂਸ ਦੇ ਸੀਨੀਅਰ ਅਧਿਕਾਰੀਆਂ ਦੇ ਵਿਚੋਲੇ ਵਜੋਂ ਕੰਮ ਕਰ ਰਹੇ ਸਨ, ਜਿਨ੍ਹਾਂ ਵਿੱਚ ਵਿਜੀਲੈਂਸ ਦੇ ਮੁੱਖ ਡਾਇਰੈਕਟਰ ਦਾ ਰੀਡਰ ਓ.ਪੀ. ਰਾਣਾ ਵੀ ਸ਼ਾਮਲ ਹੈ। ਇਸ ਤਿਕੜੀ ਨੇ ਨਿੱਜੀ ਤੌਰ 'ਤੇ ਸ਼ਿਕਾਇਤਕਰਤਾ ਨੂੰ ਭਰੋਸਾ ਦਿੱਤਾ ਸੀ ਕਿ ਰਿਸ਼ਵਤ ਦੇਣ ਤੋਂ ਬਾਅਦ ਉਸ ਦਾ ਮਾਮਲਾ ਖਤਮ ਕਰ ਦਿੱਤਾ ਜਾਵੇਗਾ। ਮੁਲਜ਼ਮਾਂ ਨੇ ਬਾਅਦ ਵਿੱਚ ਰਿਸ਼ਵਤ ਦੀ ਰਕਮ 20 ਲੱਖ ਰੁਪਏ ਤੋਂ ਘਟਾ ਕੇ 13 ਲੱਖ ਰੁਪਏ ਕਰ ਦਿੱਤੀ। ਇਸ ਦੇ ਨਾਲ ਹੀ ਵਿਜੀਲੈਂਸ ਰੀਡਰ ਰਾਣਾ ਨੂੰ ਇੱਕ ਸੈਮਸੰਗ ਗਲੈਕਸੀ ਜ਼ੈੱਡ ਫੋਲਡ 7 ਮੋਬਾਈਲ ਫੋਨ ਵੀ ਦਿੱਤਾ ਗਿਆ। ਸੀ ਬੀ ਆਈ ਨੇ 11 ਮਈ ਨੂੰ ਚੰਡੀਗੜ੍ਹ ਵਿਖੇ ਲਾਏ ਗਏ ਟਰੈਪ ਦੌਰਾਨ ਗੋਇਲ ਪਰਵਾਰ ਦੇ ਇੱਕ ਸਾਥੀ ਅੰਕਿਤ ਵਧਵਾ ਨੂੰ ਮੁਲਜ਼ਮਾਂ ਵੱਲੋਂ ਸ਼ਿਕਾਇਤਕਰਤਾ ਤੋਂ 13 ਲੱਖ ਰੁਪਏ ਨਕਦ ਅਤੇ ਮੋਬਾਈਲ ਫੋਨ ਲੈਂਦੇ ਹੋਏ ਰੰਗੇ ਹੱਥੀਂ ਫੜ ਲਿਆ ਗਿਆ। ਸੀ ਬੀ ਆਈ ਟੀਮ ਨੇ ਪੰਜਾਬ-ਹਰਿਆਣਾ ਸਰਹੱਦ 'ਤੇ ਅੰਬਾਲਾ ਨੇੜੇ ਰਾਘਵ ਗੋਇਲ ਤੇ ਉਸ ਦੇ ਪਿਤਾ ਵਿਕਾਸ ਉਰਫ਼ ਵਿੱਕੀ ਗੋਇਲ ਅਤੇ ਦੋ ਗੰਨਮੈਨਾਂ ਨੂੰ ਫੜ ਲਿਆ ਜਦੋਂ ਕਿ ਰੀਡਰ ਰਾਣਾ ਹਾਲੇ ਫਰਾਰ ਹੈ। ਰਾਘਵ ਗੋਇਲ ਮਲੋਟ ਸ਼ਹਿਰ ਦਾ ਭਾਜਪਾ ਯੂਥ ਆਗੂ ਹੈ। ਸੀ ਬੀ ਆਈ ਨੇ ਸੋਮਵਾਰ ਦੇਰ ਰਾਤ ਮਲੋਟ ਦੇ ਵਾਰਡ ਨੰਬਰ 4 ਵਿੱਚ ਰਾਘਵ ਗੋਇਲ ਦੇ ਘਰ ਛਾਪੇਮਾਰੀ ਕੀਤੀ। ਛਾਪੇਮਾਰੀ ਦੌਰਾਨ ਟੀਮ ਨੇ ਕੁਝ ਅਹਿਮ ਦਸਤਾਵੇਜ਼ ਅਤੇ 5 ਲੱਖ ਰੁਪਏ ਬਰਾਮਦ ਕੀਤੇ ਦੱਸੇ ਗਏ ਹਨ।

## ਵਿਦੇਸ਼ ਨੀਤੀ ਪੂਰੀ ਤਰ੍ਹਾਂ ਫੇਲ੍ਹ : ਚੀਮਾ

**ਅੰਮ੍ਰਿਤਸਰ** : ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਗੋਲਡਨ ਜੁਬਲੀ ਕਨਵੈਂਸ਼ਨ ਸੈਂਟਰ, ਗੁਰੂ ਨਾਨਕ ਭਵਨ ਵਿਖੇ ਪੰਜਾਬ ਸਰਕਾਰ ਵੱਲੋਂ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਮੁੱਖ ਮਹਿਮਾਨ ਵਜੋਂ ਮਨੀਸ਼ ਸਿਸੋਦੀਆ, ਵਿਸ਼ੇਸ਼ ਮਹਿਮਾਨ ਵਜੋਂ ਹਰਪਾਲ ਸਿੰਘ ਚੀਮਾ ਅਤੇ ਲਾਲ ਚੰਦ ਕਟਾਰੂਚੱਕ ਨੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਗੁਰੂ ਰਵਿਦਾਸ ਦੀ ਬਾਣੀ, ਫ਼ਲਸਫ਼ੇ ਅਤੇ ਮਨੁੱਖਤਾ ਲਈ ਦਿੱਤੇ ਸੰਦੇਸ਼ਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੀਡੀਆ ਨਾਲ ਗੱਲਬਾਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲਾਂ ਹੀ ਫ਼ੈਸਲਾ ਕੀਤਾ ਸੀ ਕਿ ਗੁਰੂ ਰਵਿਦਾਸ ਦਾ 650ਵਾਂ ਪ੍ਰਕਾਸ਼ ਪੁਰਬ ਬੜੇ ਸਨਮਾਨ ਅਤੇ ਸ਼ਰਧਾ ਨਾਲ ਮਨਾਇਆ ਜਾਵੇਗਾ। ਉਨ੍ਹਾ ਦੱਸਿਆ ਕਿ ਇਸ ਮੌਕੇ ਲਈ ਸਮਾਜ ਦੇ ਚਿੰਤਕਾਂ, ਸੰਤ ਮਹਾਂਪੁਰਸ਼ਾਂ ਅਤੇ ਵਿਦਵਾਨਾਂ ਨੂੰ ਨਾਲ ਲੈ ਕੇ ਇੱਕ ਵਿਸ਼ੇਸ਼ ਕਮੇਟੀ ਬਣਾਈ ਗਈ ਸੀ। ਇਸ ਕਮੇਟੀ ਵੱਲੋਂ ਫ਼ੈਸਲਾ ਕੀਤਾ ਗਿਆ ਕਿ ਪੰਜਾਬ ਦੀਆਂ ਸਾਰੀਆਂ ਯੂਨੀਵਰਸਿਟੀਆਂ ਵਿਚ ਸੈਮੀਨਾਰ,



ਸਕੂਲਾਂ ਵਿਚ ਲੇਖ ਮੁਕਾਬਲੇ, ਪਿੰਡਾਂ ਵਿਚ ਡਰੋਨ ਸ਼ੋਅ ਅਤੇ ਸ਼ਹਿਰਾਂ ਵਿਚ ਕੀਰਤਨ ਦਰਬਾਰ ਲਗਾਏ ਜਾਣਗੇ। ਚੀਮਾ ਨੇ ਕਿਹਾ ਕਿ ਇਸੇ ਲੜੀ ਤਹਿਤ ਮੰਗਲਵਾਰ ਨੂੰ ਅੰਮ੍ਰਿਤਸਰ ਵਿਚ ਇਹ ਸੈਮੀਨਾਰ ਕਰਵਾਇਆ ਗਿਆ, ਜਿਸ ਵਿਚ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ, ਸਾਬਕਾ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਵਿਧਾਇਕ ਜਸਵਿੰਦਰ ਸਿੰਘ ਅਮਦਾਦ, ਦੀਪਕ ਬਾਲੀ ਅਤੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਸਮੇਤ ਕਈ ਪ੍ਰਮੁੱਖ ਹਸਤੀਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਹੀ ਗੁਰੂ ਸਾਹਿਬਾਨ ਦੇ ਪ੍ਰਕਾਸ਼ ਪੁਰਬ ਅਤੇ ਬਲੀਦਾਨ ਦਿਵਸ ਪੂਰੇ ਆਦਰ-ਸਤਿਕਾਰ ਨਾਲ • ਬਾਕੀ ਸਫਾ 2 'ਤੇ

## ਪੀ ਆਰ ਟੀ ਸੀ ਦੇ 300 ਤੋਂ ਵੱਧ ਸੇਵਾ-ਮੁਕਤ ਕਰਮਚਾਰੀ ਮੁਹਾਲੀ ਰੈਲੀ 'ਚ ਪੁੱਜਣਗੇ : ਧਾਲੀਵਾਲ

**ਪਟਿਆਲਾ** : ਮੰਗਲਵਾਰ ਇੱਥੇ ਬੱਸ ਸਟੈਂਡ ਵਿਖੇ ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ, ਏਟਕ ਦੀ ਹਰ ਮਹੀਨੇ ਹੋਣ ਵਾਲੀ ਜਨਰਲ ਬਾਡੀ ਮੀਟਿੰਗ ਨਿਰਮਲ ਸਿੰਘ ਧਾਲੀਵਾਲ ਸਰਪ੍ਰਸਤ, ਉਤਮ ਸਿੰਘ ਬਾਗੜੀ ਪ੍ਰਧਾਨ, ਕੁਲਦੀਪ ਸਿੰਘ ਗਰੇਵਾਲ, ਰਾਜੇਸ਼ ਕੁਮਾਰੀ ਸੁਪਰਡੈਂਟ ਅਤੇ ਰਾਮ ਸਰੂਪ ਅਗਰਵਾਲ 'ਤੇ ਆਧਾਰਤ ਪ੍ਰਧਾਨਗੀ ਮੰਡਲ ਦੀ ਅਗਵਾਈ ਵਿੱਚ ਹੋਈ। ਮੀਟਿੰਗ ਵਿੱਚ 19 ਮਈ ਨੂੰ ਮੁਹਾਲੀ ਵਿਖੇ ਪੰਜਾਬ ਏਟਕ ਵੱਲੋਂ ਕੀਤੀ ਜਾ ਰਹੀ ਰੈਲੀ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਸੰਬੰਧੀ, ਅਦਾਰਾ ਪੀ ਆਰ ਟੀ ਸੀ ਦੇ ਸਮੁੱਚੇ ਹਾਲਾਤ, ਪੰਜਾਬ ਸਰਕਾਰ ਵੱਲੋਂ ਮੁਫ਼ਤ ਸਫਰ ਸਹੂਲਤਾਂ ਬਦਲੇ ਬਣਦੇ 600 ਕਰੋੜ ਰੁਪਏ ਤੋਂ ਵੱਧ ਦੀ ਰਕਮ ਪੀ ਆਰ ਟੀ ਸੀ ਨੂੰ ਨਾ ਦਿੱਤੇ ਜਾਣਾ, ਪੀ ਆਰ ਟੀ ਸੀ ਦੀਆਂ ਆਪਣੀ ਮਾਲਕੀ ਵਾਲੀਆਂ ਬੱਸਾਂ ਨਾ ਪਾਉਣੀਆਂ, 1992 ਦੀ ਪੈਨਸ਼ਨ ਸਕੀਮ ਤੋਂ ਵਾਂਝੇ ਰਹਿੰਦੇ ਤਿੰਨ ਸੌ ਬਜ਼ੁਰਗ ਕਰਮਚਾਰੀਆਂ ਨੂੰ ਪੈਨਸ਼ਨ ਸਕੀਮ ਦਾ ਲਾਭ ਦੇਣ ਸੰਬੰਧੀ, ਮੌਜੂਦਾ ਅਤੇ ਸੇਵਾ-ਮੁਕਤ ਕਰਮਚਾਰੀਆਂ ਦੇ ਸੇਵਾ-ਮੁਕਤੀ ਲਾਭ 2-2 ਸਾਲ ਤੋਂ ਨਾ ਦਿੱਤੇ ਜਾਣਾ, ਮੈਡੀਕਲ ਬਿੱਲਾਂ ਦੀ ਅਦਾਇਗੀ, ਸੇਵਾ-ਮੁਕਤ ਕਰਮਚਾਰੀਆਂ ਨੂੰ ਹਰ ਦੋ ਸਾਲ ਬਾਅਦ ਇੱਕ ਬੇਸਿਕ ਪੇ ਦੇ ਬਰਾਬਰ ਮਿਲਣ ਵਾਲਾ ਯਾਤਰਾ ਭੱਤਾ ਦਿੱਤੇ ਜਾਣ ਸੰਬੰਧੀ, ਮੌਜੂਦਾ ਅਤੇ ਸੇਵਾ-ਮੁਕਤ ਕਰਮਚਾਰੀਆਂ ਨੂੰ ਆਪਣੇ ਕਾਨੂੰਨੀ ਹੱਕ ਲੈਣ ਲਈ ਅਦਾਲਤਾਂ ਦੇ ਰਾਹ ਪੈਣ ਲਈ ਮਜਬੂਰ ਕਰਨਾ ਆਦਿ ਮੁੱਦਿਆਂ 'ਤੇ ਵਿਚਾਰ-ਚਰਚਾ ਕੀਤੀ ਗਈ।ਮਾਸਿਕ ਇਕੱਤਰਤਾ ਵਿੱਚ ਜੁੜੇ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ 19 ਮਈ ਨੂੰ ਪੰਜਾਬ ਸਰਕਾਰ ਵੱਲੋਂ ਘੱਟੋ-ਘੱਟ ਉਜਰਤਾਂ ਵਿੱਚ ਯੋਗ ਵਾਧਾ ਨਾ ਕਰਨ ਅਤੇ ਹੋਰ ਮੰਗਾਂ ਨੂੰ ਲੈ ਕੇ ਮੁਹਾਲੀ ਵਿਖੇ ਕੀਤੀ ਜਾਣ ਵਾਲੀ ਰੈਲੀ ਵਿੱਚ ਪੀ ਆਰ ਟੀ ਸੀ ਦੇ 300 ਤੋਂ ਵੱਧ ਸੇਵਾ-ਮੁਕਤ ਕਰਮਚਾਰੀ ਹੁੰਮ-ਹੁਮਾ ਕੇ ਪੁੱਜਣਗੇ। ਜਿੱਥੇ ਪੰਜਾਬ ਸਰਕਾਰ ਵੱਲੋਂ ਮੁਫ਼ਤ ਸਫਰ ਸਹੂਲਤਾਂ ਦੇ 600 ਕਰੋੜ ਰੁਪਏ ਤੋਂ ਵੱਧ ਦੀ ਬਣਦੀ ਰਕਮ ਪੀ ਆਰ ਟੀ ਸੀ ਨੂੰ ਨਾ ਦੇਣ ਕਾਰਨ ਪੀ ਆਰ ਟੀ ਸੀ ਦੇ ਵਰਕਰਾਂ ਦੀ ਤਨਖਾਹ-ਪੈਨਸ਼ਨ ਕਦੇ ਸਮੇਂ ਸਿਰ ਨਹੀਂ ਮਿਲਦੀ, ਬਕਾਏ, ਮੈਡੀਕਲ ਬਿੱਲ, ਪੇ ਕਮਿਸ਼ਨ ਦੇ ਬਕਾਏ, ਡੀ ਏ ਦੇ ਬਕਾਏ, ਪੈਨਸ਼ਨਰਾਂ ਨੂੰ ਦੋ ਸਾਲ ਬਾਅਦ ਇੱਕ ਬੇਸਿਕ ਪੇ ਯਾਤਰਾ ਭੱਤੇ ਦੇ ਤੌਰ 'ਤੇ ਕਾਨੂੰਨੀ ਤੌਰ 'ਤੇ ਮਿਲਣਯੋਗ ਲਾਭ ਨਹੀਂ ਦਿੱਤੇ ਜਾ ਰਹੇ, ਉੱਥੇ ਹੀ ਮਹਿਕਮੇ ਵਿੱਚ ਆਪਣੀ ਮਾਲਕੀ ਵਾਲੀਆਂ ਬੱਸਾਂ ਨਹੀਂ ਪਾਈਆ ਜਾ ਰਹੀਆਂ, ਕੰਟਰੈਕਟ/ਆਊਟ ਸੋਰਸ ਕਾਮਿਆਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ। 300 ਦੇ ਲਗਭਗ ਪੈਨਸ਼ਨ ਤੋਂ ਵਾਂਝੇ ਰਹਿ ਗਏ ਸੇਵਾ-ਮੁਕਤ ਬਜ਼ੁਰਗ ਕਰਮਚਾਰੀਆਂ ਨੂੰ 1992 ਦੀ ਪੈਨਸ਼ਨ ਦਾ ਲਾਭ ਨਹੀਂ ਦਿੱਤਾ ਜਾ ਰਿਹਾ। ਧਾਲੀਵਾਲ ਨੇ ਪੀ ਆਰ ਟੀ ਸੀ ਦੇ ਪ੍ਰਬੰਧਕਾਂ ਨੂੰ ਜ਼ੋਰ ਦੇ ਕੇ ਕਿਹਾ ਕਿ ਵਰਕਰਾਂ ਦੇ ਕਾਨੂੰਨੀ ਹੱਕਾਂ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਅਦਾਲਤਾਂ ਵਿੱਚ ਹਰ ਹੱਕ ਲਈ ਕੇਸ ਕਰਨ ਲਈ ਮਜਬੂਰ ਨਾ ਕੀਤਾ ਜਾਵੇ। ਅਦਾਰੇ ਅਤੇ ਵਰਕਰਾਂ ਦੀ ਬਿਹਤਰੀ ਲਈ ਸੰਜੀਦਾ ਜਤਨ ਕੀਤੇ ਜਾਣੇ ਚਾਹੀਦੇ ਹਨ। ਜੇਕਰ ਮਸਲਿਆਂ ਨੂੰ ਇਸੇ ਤਰ੍ਹਾਂ ਲਟਕ ਅਵਸਥਾ ਵਿੱਚ ਰੱਖਿਆ ਗਿਆ ਤਾਂ ਸੇਵਾ-ਮੁਕਤ ਕਾਮੇ ਆਪਣੇ ਤੌਰ 'ਤੇ ਜਥੇਬੰਦੀਆਂ ਨਾਲ ਮਿਲ ਕੇ ਜਲਦੀ ਸੰਘਰਸ਼ ਦਾ ਰਸਤਾ ਅਖਤਿਆਰ ਕਰਨਗੇ।



## ਪਾਵਰਕਾਮ ਤੇ ਟ੍ਰਾਂਸਕੋ 'ਚ ਕੰਮ ਕਰਦੇ ਆਊਟਸੋਰਸਿੰਗ ਕਾਮਿਆਂ ਦੀਆਂ ਸੇਵਾਵਾਂ ਰੈਗੂਲਰ ਕਰਨ ਦੀ ਮੰਗ



**ਤਰਨ ਤਾਰਨ** : ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੀ ਸੂਬਾ ਕਮੇਟੀ ਨੇ ਪਾਵਰਕਾਮ ਅਤੇ ਟ੍ਰਾਂਸਕੋ ਕਾਰਪੋਰੇਸ਼ਨਾਂ ਵਿੱਚ ਪਿਛਲੇ 15 ਸਾਲ ਤੋਂ ਵੱਖ-ਵੱਖ ਅਸਾਮੀਆਂ ਤੇ ਪੈਸਕੋ ਸਮੇਤ ਹੋਰ ਆਊਟਸੋਰਸਿੰਗ ਏਜੰਸੀਆਂ ਰਾਹੀਂ ਠੇਕੇ 'ਤੇ ਕੰਮ ਕਰ ਰਹੇ ਕਾਮਿਆਂ ਨੂੰ ਪਾਵਰਕਾਮ ਅਤੇ ਟ੍ਰਾਂਸਕੋ ਦੇ ਰੋਲ 'ਤੇ ਲੈਣ ਦੀ ਜ਼ੋਰਦਾਰ ਮੰਗ ਕੀਤੀ ਹੈ।ਜਥੇਬੰਦੀ ਨੇ ਕਿਹਾ ਕਿ ਜੇਕਰ ਮੈਨੇਜਮੈਂਟ ਕਾਮਿਆਂ ਨੂੰ ਆਪਣੇ ਰੋਲ 'ਤੇ ਲੈ ਲਵੇ ਤਾਂ ਜਿਥੇ ਠੇਕੇਦਾਰੀ ਪ੍ਰਥਾ ਦਾ ਖਾਤਮਾ ਹੋਵੇਗਾ, ਉਥੇ ਕਾਮਿਆਂ ਦਾ ਆਰਥਿਕ ਸ਼ੋਸ਼ਣ ਵੀ ਰੁਕ ਜਾਵੇਗਾ।ਜਥੇਬੰਦੀ ਨੇ ਪੰਜਾਬ ਸਰਕਾਰ ਨੂੰ ਵੀ ਗੁਹਾਰ ਲਗਾਈ ਹੈ ਕਿ ਪੈਸਕੋ ਸਮੇਤ ਹੋਰ ਏਜੰਸੀਆਂ ਰਾਹੀਂ ਠੇਕੇ 'ਤੇ ਰੱਖੇ ਕਾਮਿਆਂ 'ਤੇ ਰੁਜ਼ਗਾਰ ਖੁਸ ਜਾਣ ਦੀ ਲਟਕ ਰਹੀ ਤਲਵਾਰ ਨੂੰ ਖਤਮ ਕਰਨ ਲਈ ਲੋੜੀਂਦੀ ਦਖਲਅੰਦਾਜ਼ੀ ਕਰਕੇ ਮਸਲੇ • ਬਾਕੀ ਸਫਾ 2 'ਤੇ

## ਮਤਲਬ ਨਿਕਲ ਗਯਾ ਤੋ...

**ਮੁੰਬਈ** : ਮਹਾਰਾਸ਼ਟਰ ਸਰਕਾਰ ਨੇ ਮੁੱਖ ਮੰਤਰੀ ਮਾਝੀ ਲਾਡਕੀ ਬਹਿਨ ਯੋਜਨਾ ਦੇ ਤਹਿਤ 69 ਲੱਖ ਮਹਿਲਾ ਲਾਭਪਾਤਰੀਆਂ ਨੂੰ ਅਯੋਗ ਕਰਾਰ ਦੇ ਦਿੱਤਾ ਹੈ ਅਤੇ ਬਾਕੀਆਂ ਦੀ ਅਗਲੀ ਕਿਸ਼ਤ ਦੀ ਅਦਾਇਗੀ ਨੂੰ ਅਸਥਾਈ ਤੌਰ 'ਤੇ ਰੋਕ ਦਿੱਤਾ ਹੈ। ਇਸ ਯੋਜਨਾ ਤਹਿਤ ਹਰ ਮਹੀਨੇ 1500 ਰੁਪਏ ਦਿੱਤੇ ਜਾਂਦੇ ਹਨ।

ਸਰਕਾਰ ਮੁਤਾਬਕ 69 ਲੱਖ ਮਹਿਲਾਵਾਂ ਈ-ਕੇ ਵਾਈ ਸੀ ਅਤੇ ਨਿਰਧਾਰਤ ਹੋਰ ਮਾਪਦੰਡਾਂ 'ਤੇ ਖਰੀਆਂ ਨਹੀਂ ਉਤਰੀਆਂ ਹਨ। 2024 ਵਿੱਚ ਮਹਾਰਾਸ਼ਟਰ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੇਲੇ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਨੇ ਇਹ ਯੋਜਨਾ ਸ਼ੁਰੂ ਕੀਤੀ ਸੀ ਤੇ ਲਗਭਗ 2.46 ਕਰੋੜ ਮਹਿਲਾਵਾਂ ਨੂੰ • ਬਾਕੀ ਸਫਾ 2 'ਤੇ

## ਅੱਜ-ਨਾਮਾ

ਇੱਕ ਅੱਜ ਅਫਸਰ, ਭਲਕ ਨੂੰ ਹੋਰ ਕੋਈ,
ਫੜੀਦੇ ਅਫਸਰ ਪੰਜਾਬ ਵਿੱਚ ਨਿੱਤ ਬੇਲੀ।
ਮੁੱਦੇ ਰਿਸ਼ਵਤੀ ਨਿਕਲਦੇ ਆਉਣ ਬਾਹਲੇ,
ਰਹਿੰਦਾ ਲੋਕਾਂ ਦਾ ਦੁਖੀ ਜਿਹਾ ਚਿੱਤ ਬੇਲੀ।
ਸ਼ਰੀਕਾ ਆਪਸੀ ਅਫਸਰ ਕਈ ਜਾਣ ਕੱਢੀ,
ਕਦੀ ਉਹ ਹੋਣ ਨਹੀਂ ਕਿਸੇ ਦੇ ਮਿੱਤ ਬੇਲੀ।
ਕਮਾਈ ਪਾਪਾਂ ਦੀ ਸੁਣੀਂਦਾ ਖਰਚ ਕਰ ਕੇ,
ਜਾਣ ਫਿਰ ਬਾਹਲੇ ਅਦਾਲਤੋਂ ਜਿੱਤ ਬੇਲੀ।
ਫੜੋ-ਫੜਾਈ ਦਾ ਚੱਕਰ ਜਦ ਜਾਏ ਚੱਲੀ,
ਬਚਣ ਦਾ ਚੱਕਰ ਵੀ ਰਿਹਾ ਹੈ ਚੱਲ ਬੇਲੀ।
ਫੜ ਲਉ ਜਿੰਨੇ ਵੀ ਕਿੰਨੇ ਆ ਫੜੀ ਜਾਂਦੇ,
ਹੋਵਣਾ ਕਦੀ ਨਾ ਰਿਸ਼ਵਤ ਦਾ ਹੱਲ ਬੇਲੀ।

-ਤੀਸ ਮਾਰ ਖਾਂ

## ਕਮਿਊਨਿਸਟ ਹਮੇਸ਼ਾ ਮਜ਼ਲੂਮਾਂ ਦਾ ਸਾਥ ਦਿੰਦੇ ਆਏ : ਬੰਤ ਬਰਾੜ

**ਸ਼ਾਹਕੋਟ (ਗਿਆਨ ਸੈਦਪੁਰੀ)**

ਇੱਥੋਂ ਥੋੜ੍ਹੀ ਦੂਰ ਕਸਬਾ ਮਹਿਤਪੁਰ ਵਿੱਚ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਵਿੱਚ ਵੱਖ-ਵੱਖ ਮਜ਼ਦੂਰ ਤੇ ਕਿਸਾਨ ਜਥੇਬੰਦੀਆਂ ਵੱਲੋਂ ਕੀਤਾ ਗਿਆ ਜ਼ੋਰਦਾਰ ਰੋਸ ਪ੍ਰਦਰਸ਼ਨ ਜਿੱਥੇ ਪੁਲਸ ਤੇ ਸਿਵਲ ਪ੍ਰਸ਼ਾਸਨ ਨੂੰ ਨੀਂਦੋਂ ਜਗਾ ਗਿਆ, ਉੱਥੇ ਕਿਰਤੀ ਕਿਸਾਨਾਂ ਤੇ ਮਜ਼ਲੂਮਾਂ ਦੇ ਹੱਕਾਂ ਲਈ ਸੰਘਰਸ਼ ਦੇ ਪਾਂਧੀਆਂ ਅੰਦਰ ਨਵਾਂ ਜੋਸ਼ ਭਰ ਗਿਆ। ਮਜ਼ਦੂਰਾਂ ਤੇ ਕਿਸਾਨਾਂ ਦੀਆਂ ਕਰੰਘੜੀਆਂ ਜਿੱਥੇ ਦੋਹਾਂ ਧਿਰਾਂ ਲਈ ਲਾਏ ਜਾਂਦੇ ਨਾਅਰੇ ਨੂੰ ਸਾਰਥਿਕ ਰੂਪ ਦਿੰਦੀਆਂ ਨਜ਼ਰ ਆਈਆਂ, ਉੱਥੇ ਔਰਤਾਂ ਦੀ ਸ਼ਮੂਲੀਅਤ ਵੱਖਰਾ ਨਿਆਰਾ ਤੇ ਉਤਸ਼ਾਹੀ ਮਹੌਲ ਸਿਰਜ ਗਈ। ਪਿਛਲੇ ਸਮੇਂ ਤੋਂ ਮਸਲੇ ਹੱਲ ਕਰਵਾਉਣ ਦੀ ਬਣਦੀ ਜ਼ਿੰਮੇਵਾਰੀ ਤੋਂ ਪਾਸਾ ਵੱਟਦੇ ਰਹੇ ਪੁਲਸ ਪ੍ਰਸ਼ਾਸਨ ਨੂੰ ਪ੍ਰਦਰਸ਼ਨਕਾਰੀਆਂ ਦੀ ਗੱਲ ਗੌਰ ਨਾਲ ਸੁਣਨ ਲਈ ਮਜਬੂਰ ਹੋਣਾ ਪਿਆ। ਸੰਘਰਸ਼ੀ ਯੋਧਿਆਂ ਲਈ ਇਹ ਇੱਕ ਪ੍ਰਾਪਤੀ ਵਜੋਂ ਵੇਖਿਆ ਜਾ ਰਿਹਾ ਹੈ। ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੀ ਨੈਸ਼ਨਲ ਕੌਂਸਲ ਦੇ ਮੈਂਬਰ ਅਤੇ ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਬੰਤ ਸਿੰਘ ਬਰਾੜ ਨੇ 'ਕੁੱਤੀ ਦੇ ਚੋਰਾਂ ਨਾਲ ਮਿਲ ਜਾਣ' ਦੀ ਕਹਾਵਤ ਦੇ ਹਵਾਲੇ ਨਾਲ ਹੁਕਮਰਾਨਾਂ ਦੀ ਧਿਰ ਦੇ ਕੁਝ ਵਿਗੜੈਲ ਕਾਰਕੁਨਾਂ ਅਤੇ ਪੁਲਸ ਅੰਦਰਲੇ ਕੁਝ ਲਾਲਚੀ ਕਿਸਮ ਦੇ ਬੰਦਿਆਂ ਦੀ ਵਕਤੀ ਸਾਂਝ ਬਾਰੇ ਕਿਹਾ ਕਿ ਇਹ ਸਮਾਜ ਦਾ ਨੁਕਸਾਨ ਕਰ ਰਹੀ ਹੈ। ਕਾਮਰੇਡ ਬਰਾੜ ਨੇ ਅਜਿਹੇ ਲੋਕਾਂ ਨੂੰ ਬਾਜ਼ ਆ ਜਾਣ ਦੀ ਨਸੀਹਤ ਦਿੰਦਿਆਂ ਕਿਹਾ ਕਿ ਸੰਘਰਸ਼ਸ਼ੀਲ ਜਥੇਬੰਦੀਆਂ ਇਨ੍ਹਾਂ ਨੂੰ ਸਿੱਧੇ ਰਾਹ ਪਾਉਣਾ ਵੀ ਜਾਣਦੀਆਂ ਹਨ।

ਉਨ੍ਹਾਂ ਕਿਹਾ ਕਿ ਦਿੱਲੀ ਦੀਆਂ ਬਰੂਹਾਂ • ਬਾਕੀ ਸਫਾ 2 'ਤੇ




ਸ਼ਹੀਦੋਂ ਕੀ ਚਿਤਾਓਂ ਪੇ ਲਗੇਂਗੇ ਹਰ ਬਰਸ ਮੇਲੇ, ਵਤਨ ਪੇ ਮਰਨੇ ਵਾਲੋਂ ਕਾ ਯਹੀ ਬਾਕੀ ਨਿਸ਼ਾਂ ਹੋਗਾ
ਭਾਰਤੀ ਕਮਿਊਨਿਸਟ ਪਾਰਟੀ ਜਿਲ੍ਹਾ ਲੁਧਿਆਣਾ




ਦੇਸ਼ ਦੀ ਏਕਤਾ, ਅਖੰਡਤਾ ਦੀ ਰਾਖੀ ਅਤੇ ਸਮਾਜਿਕ ਸਦਭਾਵਨਾ ਲਈ ਸ਼ਹੀਦ ਹੋਏ ਸਾਥੀ
ਕਾਮਰੇਡ ਗੁਰਮੇਲ ਸਿੰਘ ਹੂੰਝਣ ਅਤੇ ਕਾਮਰੇਡ ਜੋਗਿੰਦਰ ਸਿੰਘ ਦੀ 37ਵੀਂ ਬਰਸੀ ਤੇ ਸ਼ਹੀਦੀ ਸਮਾਗਮ
14 ਮਈ 2026 ਵੀਰਵਾਰ, ਸਵੇਰੇ 10 ਵਜੇ
ਪਿੰਡ ਪੰਧੇਰ ਖੇੜੀ, ਬਲਾਕ ਡੇਹਲੋਂ, ਜਿਲ੍ਹਾ ਲੁਧਿਆਣਾ
ਆਪ ਜੀ ਨੂੰ ਸਮੇਂ ਸਿਰ ਪੁੱਜਣ ਦੀ ਬੇਨਤੀ ਕੀਤੀ ਜਾਂਦੀ ਹੈ।

ਬੇਨਤੀ ਕਰਤਾ
ਡੀ ਪੀ ਮੌੜ
ਜਿਲ੍ਹਾ ਸਕੱਤਰ
ਅਤੇ ਸਮੂਹ ਜਿਲ੍ਹਾ ਕੌਂਸਲ ਮੈਂਬਰ

ਉਡੀਕਵਾਨ
ਭਗਵਾਨ ਸਿੰਘ ਸੋਮਲਖੇੜੀ
ਬਲਾਕ ਸਕੱਤਰ ਅਤੇ
ਸਮੂਹ ਬਲਾਕ ਕਮੇਟੀ ਮੈਂਬਰ

ਸੰਪਰਕ: 9417602333, 9814520883

## ਨੰਗਲ ਵਿਖੇ ਸਿੱਧੂ ਇਲੈਕਟ੍ਰੋ ਹੋਮਿਓਪੈਥਿਕ ਸੈਂਟਰ ਦਾ ਉਦਘਾਟਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਨੰਗਲ (ਬੋਡੇ-ਨੰਗਲ ਰੋਡ) ਵਿਖੇ ਇਲਾਕਾ ਨਿਵਾਸੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਸਿੱਧੂ ਇਲੈਕਟ੍ਰੋਹੋਮਿਓਪੈਥਿਕ ਸੈਂਟਰ ਦਾ ਉਦਘਾਟਨ ਕੀਤਾ ਗਿਆ।ਇਸ ਸਮਾਗਮ ਵਿੱਚ ਇਲੈਕਟ੍ਰੋਹੋਮਿਓਪੈਥੀ ਖੇਤਰ ਦੀਆਂ ਨਾਮਵਰ ਹਸਤੀਆਂ ਤੇ ਮਾਹਰ ਡਾਕਟਰਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਸੈਂਟਰ ਦਾ ਰਸਮੀ ਉਦਘਾਟਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਡਾ. ਸੰਜੀਵ ਸ਼ਰਮਾ ਚੰਬਾ ਹਿਮਾਚਲ ਪ੍ਰਦੇਸ਼, ਡਾ. ਸੁਰਿੰਦਰ ਠਾਕੁਰ ਤੇ ਡਾ. ਜਗਤਾਰ ਸਿੰਘ ਸੇਖੋਂ ਵੱਲੋਂ ਸਾਂਝੇ ਤੌਰ 'ਤੇ ਰੀਬਨ ਕੱਟ ਕੇ ਕੀਤਾ ਗਿਆ, ਉੱਥੇ ਹੀ ਡਾਕਟਰਾਂ ਵੱਲੋਂ ਇਲੈਕਟ੍ਰੋ ਹੋਮਿਓਪੈਥਿਕ ਦੇ ਜਨਮਦਾਤਾ ਕਾਊਂਟ ਸੀਜ਼ਰ ਮੈਟੀ ਦੀ ਤਸਵੀਰ ਅੱਗੇ ਸ਼ਮ੍ਹਾਂ ਰੌਸ਼ਨ ਵੀ ਕੀਤੀ ਗਈ। ਇਸ ਮੌਕੇ ਇਲੈਕਟ੍ਰੋ ਹੋਮਿਓਪੈਥਿਕ ਡਾਕਟਰ ਮੈਡੀਕਲ ਐਸੋਸੀਏਸ਼ਨ ਦੇ ਪ੍ਰਧਾਨ ਸੰਤੋਖ ਸਿੰਘ ਜੋਸਨ, ਕੋਰ ਕਮੇਟੀ ਮੈਂਬਰ ਡਾਕਟਰ ਮਨਪ੍ਰੀਤ ਸਿੰਘ ਨਿਹਾਲ ਸਿੰਘ ਵਾਲਾ, ਕੋਰ ਕਮੇਟੀ ਮੈਂਬਰ ਡਾਕਟਰ ਜਸਵਿੰਦਰ ਸਿੰਘ ਸਮਾਧ ਭਾਈ, ਕੋਰ ਕਮੇਟੀ ਮੈਂਬਰ ਡਾਕਟਰ ਸ਼ਿੰਦਰ ਸਿੰਘ ਕਲੇਰ, ਕੋਰ ਕਮੇਟੀ ਮੈਂਬਰ ਡਾਕਟਰ ਜਗਜੀਤ ਸਿੰਘ ਗਿੱਲ ਮੋਗਾ, ਕੋਰ ਕਮੇਟੀ ਮੈਂਬਰ ਡਾਕਟਰ ਜਗਮੋਹਣ ਸਿੰਘ ਧੂੜਕੋਟ, ਜਰਨਲ ਸਕੱਤਰ ਪਰਮਿੰਦਰ ਪਾਠਕ ਰਾਏਕੋਟ, ਪ੍ਰੈੱਸ ਸਕੱਤਰ ਡਾ. ਅਵਤਾਰ ਸਿੰਘ ਦੇਵਗਨ, ਆਫਿਸ ਸਕੱਤਰ ਡਾਕਟਰ ਕਮਲਜੀਤ ਕੌਰ ਸੇਖੋਂ ਤੋਂ ਇਲਾਵਾ ਦੂਰ-ਦੁਰਾਡੇ ਤੋਂ ਆਏ ਕਈ ਹੋਰ ਨਾਮਵਰ ਡਾਕਟਰਾਂ ਨੇ ਸ਼ਮੂਲੀਅਤ ਕੀਤੀ। ਕਲੀਨਿਕ ਦੇ ਮਾਲਕ ਡਾ. ਪਰਮਜੀਤ ਸਿੰਘ ਸਿੱਧੂ ਤੇ ਡਾ. ਰਮਨਦੀਪ ਕੌਰ ਸਿੱਧੂ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸੈਂਟਰ ਨੂੰ ਖੋਲ੍ਹਣ ਦਾ ਉਦੇਸ਼ ਮਰੀਜ਼ਾਂ ਨੂੰ ਕੁਦਰਤੀ ਤੇ ਸੁਰੱਖਿਅਤ ਤਰੀਕੇ ਨਾਲ ਸਸਤਾ ਇਲਾਜ ਮੁਹੱਈਆ ਕਰਵਾਉਣਾ ਹੈ।ਅਸੀਂ ਪੂਰੀ ਤਨਦੇਹੀ ਨਾਲ ਮਾਨਵਤਾ ਦੀ ਸੇਵਾ ਲਈ ਵਚਨਬੱਧ ਰਹਾਂਗੇ।ਇਸ ਮੌਕੇ ਪਿੰਡ ਦੇ ਪਤਵੰਤੇ ਸੱਜਣ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਸਨਮਤੀ ਦੇ ਤਨਵੀਰ ਨੇ ਜਗਰਾਓਂ 'ਚੋਂ ਪਹਿਲਾ ਸਥਾਨ ਹਾਸਲ ਕੀਤਾ



**ਜਗਰਾਓਂ (ਅਮਿਤ ਖੰਨਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਓਂ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਐਲਾਨਿਆ ਗਿਆ ਦਸਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ, ਜਿਸ ਵਿੱਚ ਸਕੂਲ ਦੇ ਹੋਣਹਾਰ ਵਿਦਿਆਰਥੀ ਤਨਵੀਰ ਸਿੰਘ ਨੇ (624/650) 96 ਪ੍ਰਤੀਸ਼ਤ ਅੰਕ ਲੈ ਕੇ ਮੈਰਿਟ ਵਿੱਚ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੀ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਸਕੂਲ ਦੇ ਵਿਦਿਆਰਥੀ ਤਨਵੀਰ ਸਿੰਘ ਸਪੁੱਤਰ ਇੰਦਰਜੀਤ ਸਿੰਘ ਢੋਲਣ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਨਤੀਜਿਆਂ ਵਿੱਚ ਜਗਰਾਓਂ ਵਿੱਚੋਂ ਪਹਿਲਾ ਸਥਾਨ ਤੇ ਪੰਜਾਬ ਭਰ ਵਿੱਚੋਂ 21ਵਾਂ ਰੈਂਕ ਪ੍ਰਾਪਤ ਕਰਕੇ ਆਪਣੇ ਮਾਪਿਆਂ ਤੇ ਸਕੂਲ ਦਾ ਨਾਮ ਧਰੂਵ ਤਾਰੇ ਵਾਂਗ ਚਮਕਾਇਆ ਹੈ।ਇਸ ਮੌਕੇ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਰਮੇਸ਼ ਜੈਨ, ਸੈਕਟਰੀ ਮਹਾਂਵੀਰ ਜੈਨ ਤੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਵੱਲੋਂ ਵਿਦਿਆਰਥੀ ਨੂੰ 2100 ਰੁਪਏ ਦੀ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ ਤੇ ਉਸ ਦਾ ਮੂੰਹ ਮਿੱਠਾ ਕਰਵਾਇਆ ਗਿਆ।ਸਕੂਲ ਪਹੁੰਚਣ 'ਤੇ ਤਨਵੀਰ ਸਿੰਘ ਤੇ ਉਨ੍ਹਾਂ ਦੇ ਮਾਤਾ-ਪਿਤਾ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਸਰਿਤਾ ਅਗਰਵਾਲ, ਅੰਜੂ ਕੌਸ਼ਲ, ਰਿਸ਼ੂ ਬਾਂਸਲ, ਅੰਕਿਤਾ ਗੁਪਤਾ ਸਮੇਤ ਹੋਰ ਸਟਾਫ ਮੈਂਬਰ ਹਾਜ਼ਰ ਸਨ।

## ਪੈਰਾਡਾਈਜ਼ ਸਕੂਲ ਘੱਗਾ ਵਿਖੇ ਮਾਂ ਦਿਵਸ ਮਨਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਘੱਗਾ ਵਿਖੇ ਸ਼ਾਨਦਾਰ ਮਾਂ ਦਿਵਸ ਸਮਾਰੋਹ ਕੀਤਾ ਗਿਆ।ਇਸ ਸਮਾਗਮ ਵਿੱਚ ਮਾਵਾਂ ਦੀ ਉਤਸ਼ਾਹ ਭਰਪੂਰ ਸ਼ਮੂਲੀਅਤ ਦੇਖਣ ਨੂੰ ਮਿਲੀ ਤੇ ਸਕੂਲ ਦੇ ਵਿਹੜੇ ਵਿੱਚ ਖੁਸ਼ੀ, ਸ਼ੁਕਰਗੁਜ਼ਾਰੀ ਤੇ ਜਸ਼ਨ ਨਾਲ ਭਰਿਆ ਮਾਹੌਲ ਸਿਰਜਿਆ ਗਿਆ।ਵਿਦਿਆਰਥੀ ਪ੍ਰੀਸ਼ਦ ਦੇ ਮੈਂਬਰਾਂ ਦੁਆਰਾ ਫੁੱਲਾਂ ਦੀ ਵਰਖਾ ਤੇ ਸੁੰਦਰ ਢੰਗ ਨਾਲ ਡਿਜ਼ਾਈਨ ਕੀਤੇ ਬੈਜਾਂ ਨਾਲ ਮਾਵਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਸ਼ਬਦ ਨਾਲ ਹੋਈ, ਉਪਰੰਤ ਮਾਵਾਂ ਨੂੰ ਸਮਰਪਤ ਗੀਤ ਪੇਸ਼ ਕੀਤਾ ਗਿਆ।ਵਿਦਿਆਰਥਣਾਂ ਦੁਆਰਾ ਇੱਕ ਰੂਹਾਨੀ ਕੋਰੀਓਗ੍ਰਾਫੀ ਪੇਸ਼ ਕੀਤੀ ਗਈ, ਜਿਸ ਵਿੱਚ ਬੱਚਿਆਂ ਦੀ ਪਰਵਰਿਸ਼ 'ਚ ਮਾਵਾਂ ਦੀ ਸਖ਼ਤ ਮਿਹਨਤ ਤੇ ਸਮਰਪਣ ਨੂੰ ਸੁੰਦਰ ਢੰਗ ਨਾਲ ਦਰਸਾਇਆ ਗਿਆ।ਮਾਵਾਂ ਦੇ ਹੁਨਰ ਨੂੰ ਪਰਖਣ ਤੇ ਉਜਾਗਰ ਕਰਨ ਲਈ ਵੱਖ-ਵੱਖ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ।ਸ੍ਰੀਮਤੀ ਸੰਦੀਪ ਕੌਰ ਜੱਜ ਤੇ ਸ੍ਰੀਮਤੀ ਗੁਰਮੀਤ ਕੌਰ ਵੱਲੋਂ ਕੀਤੀ ਸਟੈਂਡ ਅੱਪ ਕਮੇਡੀ ਨੇ ਹਸਾ-ਹਸਾ ਕੇ ਸਭ ਦੇ ਢਿੱਡੀ ਪੀੜਾਂ ਪਾ ਦਿੱਤੀਆਂ।ਵੱਖ ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਸਨਮਾਨਤ ਕੀਤਾ ਗਿਆ।ਚੇਅਰਮੈਨ ਡਾ. ਅੰਮ੍ਰਿਤਪਾਲ ਸਿੰਘ ਕਾਲੇਕਾ ਤੇ ਸਕੂਲ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਸਾਰੀਆਂ ਮਾਵਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੀ ਸ਼ਾਨਦਾਰ ਮੌਜੂਦਗੀ ਅਤੇ ਉਨ੍ਹਾਂ ਦੇ ਬੱਚਿਆਂ ਦੇ ਸਮਾਜਿਕ ਤੇ ਅਕਾਦਮਿਕ ਸਫ਼ਰ ਵਿੱਚ ਉਨ੍ਹਾਂ ਦੀ ਅਨਮੋਲ ਭੂਮਿਕਾ ਲਈ ਧੰਨਵਾਦ ਕੀਤਾ।ਇਹ ਦਿਨ ਬਹੁਤ ਹੀ ਖੂਬਸੂਰਤ ਤੇ ਯਾਦਗਾਰ ਹੋ ਨਿੱਬੜਿਆ ਤੇ ਬੱਚਿਆਂ ਦੀਆਂ ਮਾਵਾਂ ਨੇ ਸਕੂਲ ਪ੍ਰਬੰਧਨ ਦਾ ਇਸ ਲਈ ਤਹਿ ਦਿਲੋਂ ਧੰਨਵਾਦ ਕੀਤਾ।

## ਸਫਾਈ ਸੇਵਕਾਂ ਦੀ ਹਾਲਾਤ ਸੁਧਾਰਨ ਲਈ ਸਰਕਾਰ ਠੋਸ ਕਦਮ ਚੁੱਕੇ : ਕਟਾਰੀਆ



**ਬੁਢਲਾਡਾ (ਆਤਮਾ ਸਿੰਘ ਪਮਾਰ)**-ਨਗਰ ਕੌਂਸਲ ਬੁਢਲਾਡਾ ਦੇ ਸਫਾਈ ਕਰਮਚਾਰੀਆਂ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲੰਬਿਤ ਮੰਗਾਂ ਨੂੰ ਲੈ ਕੇ ਸ਼ੁਰੂ ਕੀਤਾ ਗਿਆ ਸੰਘਰਸ਼ ਲਗਾਤਾਰ ਜਾਰੀ ਹੈ। ਸਫਾਈ ਸੇਵਕਾਂ ਦੇ ਹਾਲਾਤ ਬਹੁਤ ਹੀ ਤਰਸਯੋਗ ਹਨ, ਪ੍ਰੰਤੂ ਇਨ੍ਹਾਂ ਵੱਲ ਕਿਸੇ ਦਾ ਕੋਈ ਧਿਆਨ ਨਹੀਂ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਦੇ ਹਲਕਾ ਪ੍ਰਧਾਨ ਅਵਤਾਰ ਸਿੰਘ ਕਟਾਰੀਆ ਨੇ ਸਰਕਾਰ 'ਤੇ ਗੰਭੀਰ ਇਲਜ਼ਾਮ ਲਗਾਉਂਦਿਆਂ ਕੀਤਾ।ਉਨ੍ਹਾਂ ਕਿਹਾ ਕਿ ਸਫਾਈ ਕਰਮਚਾਰੀਆਂ ਤੋਂ ਬਹੁਤ ਘੱਟ ਤਨਖਾਹ 'ਤੇ ਕੰਮ ਲੈ ਕੇ ਉਨ੍ਹਾਂ ਦਾ ਆਰਥਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ।ਇੰਨੀ ਘੱਟ ਤਨਖਾਹ 'ਚ ਪਰਵਾਰ ਦਾ ਗੁਜ਼ਾਰਾ ਕਰਨਾ ਅਸੰਭਵ ਹੋ ਜਾਪਦਾ ਹੈ।ਬਸਪਾ ਪ੍ਰਧਾਨ ਨੇ ਮੰਗ ਕੀਤੀ ਕਿ ਕੱਚੇ ਮੁਲਾਜ਼ਮਾਂ ਨੂੰ ਤੁਰੰਤ ਪੱਕਾ ਕੀਤਾ ਜਾਵੇ ਤੇ ਘੱਟੋ-ਘੱਟ ਤਨਖਾਹ ਵਧਾ ਕੇ 40 ਹਜ਼ਾਰ ਰੁਪਏ ਕੀਤੀ ਜਾਵੇ।ਇਸ ਤੋਂ ਇਲਾਵਾ ਪੁਰਾਣੀ ਪੈਨਸ਼ਨ ਯੋਜਨਾ ਬਹਾਲ ਕਰਨ, ਠੇਕੇਦਾਰੀ ਸਿਸਟਮ ਨੂੰ ਬੰਦ ਕਰਨ, ਬੀਮੇ ਦੀ ਰਕਮ ਵਧਾ ਕੇ ਦੁੱਗਣੀ ਕਰਨ ਦੀ ਮੰਗ ਵੀ ਕੀਤੀ ਗਈ।ਕਟਾਰੀਆ ਨੇ ਕਿਹਾ ਕਿ ਸਫਾਈ ਸੇਵਕਾਂ ਨੂੰ ਨਰਕ ਭਰੀ ਜ਼ਿੰਦਗੀ 'ਚੋਂ ਕੱਢਣ ਲਈ ਠੋਸ ਕਦਮ ਚੁੱਕੇ ਜਾਣ।ਜੇਕਰ ਸਰਕਾਰ ਨੇ ਜਲਦ ਕੋਈ ਠੋਸ ਕਦਮ ਨਾ ਚੁੱਕਿਆ ਤਾਂ ਆਉਣ ਵਾਲੇ ਦਿਨਾਂ 'ਚ ਪਾਰਟੀ ਅੰਦੋਲਨ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਵੇਗੀ।

## ਅਕਾਲੀ ਦਲ ਵਾਰਸ ਪੰਜਾਬ ਦੇ ਵੱਲੋਂ ਸੱਤ ਮੈਂਬਰੀ ਚੋਣ ਕਮੇਟੀ ਦਾ ਗਠਨ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ 'ਚ ਹੋਣ ਜਾ ਰਹੀਆਂ ਨਗਰ ਨਿਗਮ ਤੇ ਨਗਰ ਕੌਂਸਲ ਦੀਆਂ ਚੋਣਾਂ ਲੜਨ ਲਈ ਅਕਾਲੀ ਦਲ ਵਾਰਸ ਪੰਜਾਬ ਦੇ ਵੱਲੋਂ ਤਿਆਰੀਆਂ ਆਰੰਭ ਦਿੱਤੀਆਂ ਗਈਆਂ ਹਨ। ਵੋਟਰਾਂ ਦੇ ਨਾਲ ਰਾਬਤਾ ਕਾਇਮ ਕਰਨ ਲਈ ਤੇ ਉਮੀਦਵਾਰਾਂ ਦੀ ਚੋਣ ਕਰਨ ਲਈ ਅਕਾਲੀ ਦਲ ਵਾਰਸ ਪੰਜਾਬ ਦੇ ਵੱਲੋਂ ਸੱਤ ਮੈਂਬਰੀ ਟੀਮ ਦਾ ਗਠਨ ਕੀਤਾ ਗਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ਵਾਰਸ ਪੰਜਾਬ ਦੇ ਹਲਕਾ ਇੰਚਾਰਜ ਸੰਦੀਪ ਸਿੰਘ ਰੁਪਾਲੋਂ ਨੇ ਚੋਣਾਂ ਦੇ ਸੰਬੰਧ ਵਿੱਚ ਸਮਾਜ ਸੇਵਕਾ ਗੁਰਜੋਤ ਕੌਰ ਮਾਂਗਟ ਦੀ ਪ੍ਰਧਾਨਗੀ ਹੇਠ ਰੱਖੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਅਸੀਂ ਪੂਰੇ ਸ਼ਹਿਰ ਦੇ ਲੋਕਾਂ ਦੀ ਸਲਾਹ ਤੇ ਮਸ਼ਵਰੇ ਦੇ ਨਾਲ ਚੰਗੇ ਅਕਸ ਵਾਲੇ ਉਮੀਦਵਾਰਾਂ ਦੀ ਚੋਣ ਕਰਕੇ ਮੈਦਾਨ ਵਿੱਚ ਉਤਾਰਾਂਗੇ। ਸਾਨੂੰ ਇਸ ਗੱਲ ਦੀ ਖੁਸ਼ੀ ਹੈ ਕਿ ਇੱਕ ਸਾਲ ਪੁਰਾਣੀ ਪਾਰਟੀ ਅਕਾਲੀ ਦਲ ਵਾਰਸ ਪੰਜਾਬ ਦੇ ਨਾਲ ਦੋਰਾਹਾ ਸ਼ਹਿਰ ਤੋਂ ਵੱਡੀ ਗਿਣਤੀ 'ਚ ਲੋਕ ਜੁੜ ਰਹੇ ਹਨ ਤੇ ਪਾਰਟੀ ਦੇ ਉਮੀਦਵਾਰ ਬਣਨ ਲਈ ਲੋਕ ਸਾਡੇ ਨਾਲ ਸੰਪਰਕ ਕਰ ਰਹੇ ਹਨ। ਇਸ ਮੀਟਿੰਗ ਨੂੰ ਜਥੇਦਾਰ ਦੀਦਾਰ ਸਿੰਘ ਰਾਣੋ ਤੇ ਜਥੇਦਾਰ ਤਾਰਾ ਸਿੰਘ ਘੋਡਾਨੀ ਨੇ ਸੰਬੋਧਨ ਕੀਤਾ। ਇਸ ਮੌਕੇ ਚੁਣੀ ਗਈ ਕਮੇਟੀ ਵਿੱਚ ਕਨਵੀਨਰ ਕਮੇਟੀ ਗੁਰਪ੍ਰੀਤ ਸਿੰਘ ਰਾਜਗੜ੍ਹ, ਮੈਂਬਰ ਪ੍ਰਭਜੋਤ ਸਿੰਘ ਸੋਢੀ, ਮੋਹਣ ਸਿੰਘ ਮੋਨੂੰ, ਇੰਦਰਪ੍ਰੀਤ ਸਿੰਘ, ਜੋਰਾ ਸਿੰਘ, ਜੀਤ ਸਿੰਘ, ਗੁਰਬਚਨ ਸਿੰਘ ਸ਼ਾਮਲ ਹਨ।

## ਗੁਰੂ ਨਾਨਕ ਪਬਲਿਕ ਸਕੂਲ 'ਚ ਮਦਰਜ਼ ਡੇ ਮਨਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ ਪਟਿਆਲਾ ਵਿਖੇ ਮਦਰਜ਼ ਡੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਕਿੰਡਰਗਾਰਟਨ ਤੋਂ ਤੀਜੀ ਜਮਾਤ ਤੱਕ ਦੇ ਵਿਦਿਆਰਥੀਆਂ ਦੀਆਂ ਮਾਤਾਵਾਂ ਨੂੰ ਮਾਂ ਦੀ ਮਮਤਾ ਨੂੰ ਸਮਰਪਤ ਵਿਸ਼ੇਸ਼ ਪ੍ਰੋਗਰਾਮ ਦੇਖਣ ਲਈ ਨਿੱਘਾ ਸੱਦਾ ਦਿੱਤਾ ਗਿਆ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਮਨਮੋਹਕ ਨਾਚ, ਸੁਰੀਲੇ ਗੀਤ, ਛੋਟਾ ਨਾਟਕ ਤੇ ਦਿਲੋਂ ਕੀਤੀਆਂ ਭਾਵੁਕ ਪੇਸ਼ਕਾਰੀਆਂ ਨੇ ਇਸ ਮੌਕੇ ਨੂੰ ਸੱਚਮੁੱਚ ਯਾਦਗਾਰੀ ਬਣਾ ਦਿੱਤਾ।ਪਿਆਰ ਦੇ ਪ੍ਰਤੀਕ ਵਜੋਂ ਵਿਦਿਆਰਥੀਆਂ ਨੇ ਆਪਣੀਆਂ ਮਾਵਾਂ ਨੂੰ ਹੱਥਾਂ ਨਾਲ ਬਣਾਏ ਸੁੰਦਰ ਕਾਰਡ ਭੇਟ ਕੀਤੇ।ਪ੍ਰਿੰਸੀਪਲ ਸ੍ਰੀਮਤੀ ਜਸਜੀਤ ਸੋਹੀ ਨੇ ਸਾਰੀਆਂ ਮਾਵਾਂ ਦਾ ਆਪਣਾ ਕੀਮਤੀ ਸਮਾਂ ਕੱਢ ਕੇ ਸਮਾਗਮ ਵਿੱਚ ਸ਼ਾਮਲ ਹੋਣ ਤੇ ਇਸ ਨੂੰ ਖ਼ਾਸ ਬਣਾਉਣ ਲਈ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਮਾਂ ਦਾ ਪਿਆਰ ਹਰ ਬੱਚੇ ਦੀ ਕਾਮਯਾਬੀ ਦੀ ਨੀਂਹ ਹੈ ਤੇ ਸਕੂਲ ਨਾਲ ਉਨ੍ਹਾਂ ਦੇ ਅਟੁੱਟ ਸਹਿਯੋਗ ਲਈ ਧੰਨਵਾਦ ਕੀਤਾ।ਸਮਾਗਮ ਦੀ ਸਮਾਪਤੀ ਮੁਸਕਰਾਹਟਾਂ, ਗਲਵੱਕੜੀਆਂ ਤੇ ਸਾਂਭਣਯੋਗ ਯਾਦਾਂ ਨਾਲ ਹੋਈ।

# ਜਥੇਦਾਰ ਮਾਹਲਾ ਨੂੰ ਸੇਵਾਵਾਂ ਦਾ ਸ਼ਹਿਰ ਵਾਸੀ ਦੇਣਗੇ ਮਾਣ : ਯੂਥ ਆਗੂ

■ ਹਲਕੇ 'ਚ ਅਕਾਲੀ ਦਲ ਵੱਡੀ ਲੀਡ ਨਾਲ ਜਿੱਤੇਗਾ : ਗੋਇਲ ਤੇ ਬਰਾੜ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਸ਼੍ਰੋਮਣੀ ਅਕਾਲੀ ਦਲ ਦੇ ਯੂਥ ਆਗੂ ਪ੍ਰਧਾਨ ਪਵਨ ਗੋਇਲ ਤੇ ਸੁਖਬੀਰ ਬਰਾੜ ਸੁੱਖਾ ਵੱਲੋਂ ਸਾਂਝੇ ਬਿਆਨ ਵਿੱਚ ਕਿਹਾ ਗਿਆ ਕਿ ਪਾਰਟੀ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਲੋਕਾਂ ਦੀ ਸੇਵਾ ਲਈ 24 ਘੰਟੇ ਤਤਪਰ ਰਹਿੰਦੇ ਹਨ।ਇਹੀ ਕਾਰਨ ਹੈ ਕਿ ਜਥੇਦਾਰ ਮਾਹਲਾ ਦੀ ਲੋਕਪ੍ਰੀਅਤਾ ਦਿਨੋਂ-ਦਿਨ ਵਧ ਰਹੀ ਹੈ ਤੇ ਲੋਕ ਉਨ੍ਹਾਂ 'ਤੇ ਪੂਰਾ ਭਰੋਸਾ ਕਰਦੇ ਹਨ।ਯੂਥ ਆਗੂਆਂ ਨੇ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਹਮੇਸ਼ਾ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਲੋਕਾਂ ਦੇ ਹੱਕਾਂ ਲਈ ਲੜਦੇ ਰਹੇ ਹਨ।ਉਨ੍ਹਾਂ ਸ਼ਹਿਰ ਤੇ ਹਲਕੇ ਦੇ ਹਰ ਵਰਗ ਦੀਆਂ ਸਮੱਸਿਆਵਾਂ ਨੂੰ ਆਪਣੀ ਸਮੱਸਿਆ ਸਮਝਦਿਆਂ ਹੱਲ ਕਰਵਾਉਣ ਲਈ ਅਹਿਮ ਭੂਮਿਕਾ ਨਿਭਾਈ ਹੈ।ਉਨ੍ਹਾਂ ਕਿਹਾ ਕਿ ਜਥੇਦਾਰ ਮਾਹਲਾ ਨੇ ਸਿਆਸੀ ਫਾਇਦੇ ਤੋਂ ਵੱਧ ਲੋਕ ਸੇਵਾ ਨੂੰ ਤਰਜੀਹ ਦਿੱਤੀ ਹੈ, ਜਿਸ ਕਾਰਨ ਉਨ੍ਹਾਂ ਦੀ ਸਾਖ ਹਲਕੇ ਵਿੱਚ ਮਜ਼ਬੂਤ ਹੋਈ ਹੈ।ਜਨਮ ਚੰਨੂਵਾਲਾ ਤੇ ਮੋਹਿਤ ਬਾਂਸਲ ਨੇ ਦੱਸਿਆ ਕਿ ਜਥੇਦਾਰ ਮਾਹਲਾ ਭਾਵੇਂ ਦੋ ਵਾਰ ਵਿਧਾਨ ਸਭਾ ਚੋਣਾਂ ਲੜ ਚੁੱਕੇ ਹਨ, ਪਰ ਜਿੱਤ ਨਹੀਂ ਮਿਲੀ, ਫਿਰ ਵੀ ਉਨ੍ਹਾਂ ਕਦੇ ਹੌਸਲਾ ਨਹੀਂ ਛੱਡਿਆ ਤੇ ਹਮੇਸ਼ਾ ਲੋਕਾਂ ਦੇ ਵਿੱਚ ਰਹਿ ਕੇ ਉਨ੍ਹਾਂ ਦੀ ਸੇਵਾ ਕਰਦੇ ਰਹੇ ਹਨ।ਉਨ੍ਹਾਂ ਕਿਹਾ ਕਿ ਇਹੀ ਨਿਸ਼ਠਾ ਤੇ ਸਮਰਪਣ ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਨੂੰ ਜ਼ਰੂਰ ਕਾਮਯਾਬੀ ਦਿਵਾਏਗਾ।

ਉਨ੍ਹਾਂ ਦਾਅਵਾ ਕੀਤਾ ਕਿ ਹਲਕਾ ਬਾਘਾ ਪੁਰਾਣਾ ਦੇ ਲੋਕ ਇਸ ਵਾਰ ਜਥੇਦਾਰ ਤੀਰਥ ਸਿੰਘ ਮਾਹਲਾ ਨੂੰ ਵਿਧਾਨ ਸਭਾ ਚੋਣਾਂ ਵਿੱਚ ਵੱਡੀ ਜ਼ਿੰਮੇਵਾਰੀ ਦੇਣ ਲਈ ਤਿਆਰ ਬੈਠੇ ਹਨ।ਉਨ੍ਹਾਂ ਕਿਹਾ ਕਿ ਪਿਛਲੇ ਲੰਮੇ ਸਮੇਂ ਦੌਰਾਨ ਕੀਤੀਆਂ ਗਈਆਂ ਸੇਵਾਵਾਂ ਦਾ ਮੁੱਲ ਇਸ ਵਾਰ ਲੋਕ ਜ਼ਰੂਰ ਮੋੜਨਗੇ ਤੇ ਅਕਾਲੀ ਦਲ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ।ਜਨਮ ਚੰਨੂ ਵਾਲਾ ਤੇ ਮੋਹਿਤ ਬਾਂਸਲ ਨੇ ਕਿਹਾ ਕਿ ਬਾਘਾ ਪੁਰਾਣਾ ਵਿੱਚ ਸ਼੍ਰੋਮਣੀ ਅਕਾਲੀ ਦਲ ਮਜ਼ਬੂਤੀ ਨਾਲ ਉੱਭਰ ਰਿਹਾ ਹੈ ਤੇ ਆਉਣ ਵਾਲੀਆਂ ਚੋਣਾਂ ਵਿੱਚ ਪਾਰਟੀ ਵੱਡੀ ਲੀਡ ਨਾਲ ਜਿੱਤ ਦਰਜ ਕਰੇਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਚੋਣਾਂ ਦੌਰਾਨ ਵੱਡੇ-ਵੱਡੇ ਵਾਅਦੇ ਕੀਤੇ ਸਨ, ਪਰ ਉਨ੍ਹਾਂ ਵਿੱਚੋਂ ਬਹੁਤੇ ਪੂਰੇ ਨਹੀਂ ਹੋ ਸਕੇ।ਇਸ ਕਾਰਨ ਲੋਕਾਂ ਵਿੱਚ ਨਾਰਾਜ਼ਗੀ ਵਧ ਰਹੀ ਹੈ ਤੇ ਉਹ ਬਦਲਾਅ ਚਾਹੁੰਦੇ ਹਨ। ਅਖੀਰ 'ਚ ਉਨ੍ਹਾਂ ਕਿਹਾ ਕਿ ਬਾਘਾ ਪੁਰਾਣਾ ਦੇ ਲੋਕ ਵਿਕਾਸ, ਇਮਾਨਦਾਰੀ ਤੇ ਸੱਚੀ ਸੇਵਾ ਨੂੰ ਧਿਆਨ ਵਿੱਚ ਰੱਖਦਿਆਂ ਇਸ ਵਾਰ ਆਪਣਾ ਫੈਸਲਾ ਕਰਨਗੇ ਤੇ ਅਕਾਲੀ ਦਲ ਨੂੰ ਭਾਰੀ ਬਹੁਮਤ ਨਾਲ ਕਾਮਯਾਬ ਬਣਾਉਣਗੇ।

## ਭਾਕਿਯੂ ਉਗਰਾਹਾਂ ਦੇ ਆਗੂਆਂ ਵੱਲੋਂ ਧਰਨਾ ਮੁਲਤਵੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਜਬਰ ਵਿਰੁੱਧ ਇਨਸਾਫ ਲੈਣ ਲਈ ਰੱਖਿਆ ਧਰਨਾ ਡੀ ਐਸ ਪੀ ਵੱਲੋਂ ਆਗੂਆਂ ਨਾਲ ਮੀਟਿੰਗ ਦੌਰਾਨ ਇਨਸਾਫ ਦਾ ਵਿਸ਼ਵਾਸ ਦੁਆਏ ਜਾਣ ਤੋਂ ਬਾਅਦ ਐਕਸ਼ਨ ਮੁਲਤਵੀ ਕਰਕੇ ਅੱਗੇ ਪਾ ਦਿੱਤਾ ਗਿਆ ਹੈ।ਭਾਰਤੀ ਕਿਸਾਨ ਯੂਨੀਅਨ ਦੇ ਆਗੂਆਂ ਜ਼ਿਲ੍ਹਾ ਪ੍ਰਧਾਨ ਚਮਕੌਰ ਸਿੰਘ ਨੈਣੇਵਾਲ, ਜ਼ਿਲ੍ਹਾ ਮੀਤ ਪ੍ਰਧਾਨ ਬੁੱਕਣ ਸਿੰਘ ਸੱਦੋਵਾਲ, ਜਰਨੈਲ ਸਿੰਘ ਬਦਰਾ, ਕਿਸ਼ਨ ਛੰਨਾ, ਜੱਜ ਸਿੰਘ ਗਹਿਲ, ਕੁਲਜੀਤ ਸਿੰਘ ਵਜੀਦਕੇ ਤੇ ਰਾਮ ਸਿੰਘ ਸੰਘੇੜਾ ਦੀ ਅਗਵਾਈ ਹੇਠ ਡੀ ਐਸ ਪੀ ਜਸਪਾਲ ਸਿੰਘ ਧਾਲੀਵਾਲ ਤੇ ਥਾਣਾ ਮੁੱਖ ਅਫ਼ਸਰ ਗੁਰਪਾਲ ਸਿੰਘ ਨਾਲ਼ ਹੋਈ ਗੱਲਬਾਤ ਦੌਰਾਨ ਦੋਸ਼ੀ ਸਮੇਤ ਹਥਿਆਰ, ਟਰੈਕਟਰ ਤੇ ਕਾਤਲਾਨਾ ਹਮਲਾ ਕਰਨ ਵਾਲੇ ਦੋ ਨਕਾਬਪੋਸ਼ਾਂ ਗ੍ਰਿਫ਼ਤਾਰ ਕਰਨ ਲਈ 16 ਮਈ ਤੱਕ ਦਾ ਸਮਾਂ ਮੰਗਿਆ ਹੈ।ਇਸ ਉਪਰ ਸਹਿਮਤੀ ਕਰਦਿਆਂ ਧਰਨਾ ਰੱਦ ਕਰਨ ਉਪਰੰਤ ਕਿਸਾਨ ਆਗੂਆਂ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜੇਕਰ ਫਿਰ ਵੀ ਕੀਤੇ ਵਾਅਦੇ ਅਨੁਸਾਰ ਸਮੇਂ ਦੇ ਅੰਦਰ ਦੋਸ਼ੀ ਗ੍ਰਿਫਤਾਰ ਨਾ ਕੀਤੇ ਤਾਂ ਜਥੇਬੰਦੀ ਵੱਲੋਂ ਇਨਸਾਫ਼ ਲੈਣ ਲਈ ਥਾਣਾ ਠੁੱਲੀਵਾਲ ਮੂਹਰੇ ਅਣਮਿੱਥੇ ਸਮੇਂ ਲਈ ਰੋਸ ਧਰਨਾ ਸ਼ੁਰੂ ਕੀਤਾ ਜਾਵੇਗਾ।

## ਪੰਜਾਬ ਪੈਨਸ਼ਨ ਯੂਨੀਅਨ ਲੁਧਿਆਣਾ ਦੀ ਮੀਟਿੰਗ



**ਮੁੱਲਾਂਪੁਰ ਦਾਖਾ (ਪੱਤਰ ਪ੍ਰੇਰਕ)**-ਪੰਜਾਬ ਪੈਨਸ਼ਨਰਜ਼ ਯੂਨੀਅਨ (ਰਜਿ.) ਦੀ ਭਰਵੀਂ ਮੀਟਿੰਗ ਪ੍ਰਧਾਨ ਮਨਜੀਤ ਸਿੰਘ ਮਨਸੂਰਾਂ ਦੀ ਪ੍ਰਧਾਨਗੀ ਹੇਠ ਹੋਈ। ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸੀਲੋ ਨੇ ਅਜੰਡੇ ਸਬੰਧੀ ਜਾਣਕਾਰੀ ਸਾਂਝੀ ਕੀਤੀ। ਸੂਬਾਈ ਆਗੂ ਚਰਨ ਸਿੰਘ ਸਰਾਭਾ, ਗੁਰਮੇਲ ਸਿੰਘ ਮੈਲਡੇ, ਅਵਤਾਰ ਸਿੰਘ ਗਗੜਾ, ਮਨਜੀਤ ਸਿੰਘ ਗਿੱਲ ਹਰਬੰਸ ਸਿੰਘ ਪੰਧੇਰ ਆਗੂਆਂ ਨੇ ਸੰਬੋਧਨ ਕੀਤਾ ਅਤੇ ਕਿਹਾ ਕਿ ਪੰਜਾਬ ਸਰਕਾਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਬਣਦੇ ਹੱਕ ਦੇਣ ਦੀ ਬਜਾਏ ਖੋਹ ਰਹੀ ਹੈ। ਇਸ ਲਈ ਪੈਨਸ਼ਨਰ ਤੇ ਮੁਲਾਜ਼ਮ ਇਸ ਸਰਕਾਰ ਤੋਂ ਬਹੁਤ ਨਿਰਾਸ਼ ਤੇ ਪ੍ਰੇਸ਼ਾਨ ਹਨ। ਸਾਥੀ ਚਰਨ ਸਿੰਘ ਸਰਾਭਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਰੈਗੂਲਰ ਭਰਤੀ ਨਹੀਂ ਕੀਤੀ ਜਾ ਰਹੀ, ਠੇਕੇਦਾਰੀ ਆਊਟ ਸੋਰਸਿਜ਼ ਰਾਹੀਂ ਭਰਤੀ ਕੀਤੀ ਜਾ ਰਹੀ, ਵੱਖ ਵੱਖ ਵਿਭਾਗਾਂ ਵਿੱਚ ਲੱਖ ਤੋਂ ਉੱਪਰ ਅਸਾਮੀਆਂ ਖਾਲੀ ਪਈਆਂ ਹਨ। ਰੈਗੂਲਰ ਭਰਤੀ ਕਰਕੇ ਬੇ-ਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਜਾ ਸਕਦਾ ਹੈ, ਮੁਲਾਜ਼ਮਾਂ ਦੇ ਮਿਲਣ ਵਾਲੇ ਭੱਤੇ ਪੈਨਸ਼ਨ ਸੋਧ ਫਾਰਮੂਲਾ 2.59 ਲਾਗੂ ਕਰਨ ਨੂੰ ਲਗਾਤਾਰ ਲਟਕਾ ਰਹੀ ਹੈ। ਸਾਥੀ ਸਰਾਭਾ ਨੇ ਕਿਹਾ ਕਿ ਹੁਣ ਸੰਘਰਸ਼ ਕਰਨ ਤੋਂ ਇਲਾਵਾ ਕੋਈ ਚਾਰਾ ਨਹੀਂ ਹੈ। 17 ਮਈ ਨੂੰ ਦੇਸ਼ ਭਗਤ ਯਾਦਗਾਰ ਭਵਨ ਜਲੰਧਰ ਵਿਖੇ ਸੂਬਾਈ ਕਾਨਫਰੰਸ ਵਿੱਚ ਸ਼ਾਮਲ ਹੋਵਾਂਗੇ, ਜੋ ਸੰਘਰਸ਼ ਦਾ ਪ੍ਰੋਗਾਮ ਐਲਾਨ ਹੋਵੇਗਾ, ਪੂਰੀ ਦ੍ਰਿੜ੍ਹਤਾ ਨਾਲ ਲਾਗੂ ਕੀਤਾ ਜਾਵੇਗਾ।

## ਪ੍ਰੈੱਸ ਕਲੱਬ ਵੱਲੋਂ ਮਾਛੀਕੇ 'ਚ ਖ਼ੂਨਦਾਨ ਕੈਂਪ 19 ਨੂੰ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸੰਤ ਸੁਧਾ ਨੰਦ ਦੀ ਯਾਦ ਨੂੰ ਸਮਰਪਤ ਸਾਲਾਨਾ ਜੋੜ ਮੇਲੇ ਮੌਕੇ ਪਿੰਡ ਮਾਛੀਕੇ ਵਿਖੇ ਪ੍ਰੈੱਸ ਕਲੱਬ ਮਹਿਲ ਕਲਾਂ ਵੱਲੋਂ 28ਵਾਂ ਵਿਸ਼ਾਲ ਖ਼ੂਨਦਾਨ ਕੈਂਪ 19 ਮਈ ਮੰਗਲਵਾਰ ਨੂੰ ਸਵੇਰੇ 9 ਵਜੇ ਤੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ।ਮੁੱਖ ਪ੍ਰਬੰਧਕਾਂ ਅਵਤਾਰ ਸਿੰਘ ਅਣਖੀ, ਬਲਜਿੰਦਰ ਸਿੰਘ ਢਿੱਲੋਂ, ਮੇਘ ਰਾਜ ਜੋਸ਼ੀ, ਰਮਨਦੀਪ ਸਿੰਘ ਠੁੱਲੀਵਾਲ, ਬਲਵੰਤ ਸਿੰਘ ਚੁਹਾਣਕੇ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਮੌਕੇ ਬਲੱਡ ਬੈਂਕ ਸਿਵਲ ਹਸਪਤਾਲ ਮੋਗਾ ਦੀ ਟੀਮ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰੇਗੀ।ਇਸ ਸਮੇਂ ਖ਼ੂਨਦਾਨੀਆਂ ਤੋਂ ਇਲਾਵਾ ਵੱਖ-ਵੱਖ ਨਾਮਵਰ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ।ਪ੍ਰਬੰਧਕਾਂ ਨੇ ਇਸ ਲੋਕ ਭਲਾਈ ਕਾਰਜ ਲਈ ਖ਼ੂਨਦਾਨੀਆਂ ਨੂੰ ਭਰਵੇਂ ਸਹਿਯੋਗ ਦੀ ਅਪੀਲ ਕੀਤੀ ਹੈ।ਇਸ ਸਬੰਧੀ ਆਗੂਆਂ ਬਲਵਿੰਦਰ ਸਿੰਘ ਵਜੀਦਕੇ, ਸੋਨੀ ਮਾਂਗੇਵਾਲ, ਭਾਈ ਰਾਜਵਿੰਦਰ ਸਿੰਘ, ਪ੍ਰਦੀਪ ਸਿੰਘ ਲੋਹਗੜ੍ਹ, ਗੁਰਪ੍ਰੀਤ ਸਿੰਘ ਅਣਖੀ, ਜਗਮੋਹਨ ਸ਼ਾਹ ਰਾਏਸਰ, ਜਗਸੀਰ ਧਾਲੀਵਾਲ, ਸੁਖਬੀਰ ਜਗਦੇ ਦੀ ਅਗਵਾਈ ਹੇਠ ਵੱਖ-ਵੱਖ ਟੀਮਾਂ ਦੇ ਰੂਪ 'ਚ 28ਵੇਂ ਵਿਸ਼ਾਲ ਖ਼ੂਨਦਾਨ ਕੈਂਪ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਚੱਲ ਰਹੀਆਂ ਹਨ।

## ਰੈੱਡ ਰੋਜ਼ ਸਕੂਲ ਸਨੌਰ ਦਾ ਨਤੀਜਾ ਰਿਹਾ ਸੌ ਫੀਸਦੀ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਸਨੌਰ ਦੇ ਰੈੱਡ ਰੋਜ਼ ਇੰਗਲਿਸ਼ ਮਾਡਲ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਦਾ ਕੁੱਲ ਨਤੀਜਾ ਸੌ ਫੀਸਦੀ ਰਿਹਾ, ਜਿਸ ਨਾਲ ਸਕੂਲ ਪ੍ਰਬੰਧਕਾਂ, ਅਧਿਆਪਕਾਂ, ਵਿਦਿਆਰਥੀਆਂ ਤੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਸਕੂਲ ਦੇ ਡਾਇਰੈਕਟਰ ਮਨਜੀਤ ਸਿੰਘ ਹਾਂਡਾ ਤੇ ਪ੍ਰਿੰਸੀਪਲ ਅਮਨਦੀਪ ਕੌਰ ਨੇ ਦੱਸਿਆ ਕਿ ਇਸ ਸਾਲ ਦੇ ਨਤੀਜਿਆਂ ਨੇ ਇੱਕ ਵਾਰ ਫਿਰ ਸਾਬਿਤ ਕਰ ਦਿੱਤਾ ਹੈ ਕਿ ਮਿਹਨਤ, ਅਨੁਸ਼ਾਸਨ ਤੇ ਸਹੀ ਮਾਰਗਦਰਸ਼ਨ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਵਿਦਿਆਰਥੀ ਅਗਦਵੀਰ ਸਿੰਘ ਨੇ 89 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਵਿਦਿਆਰਥਣ ਸਿਮਰਨ ਨੇ 85 ਫੀਸਦੀ ਅੰਕ ਹਾਸਲ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਅਮਨਜੋਤ ਸਿੰਘ ਨੇ 79 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਪ੍ਰਿੰਸੀਪਲ ਅਮਨਦੀਪ ਕੌਰ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗੀ।ਇਸ ਮੌਕੇ ਸਕੂਲ ਦੇ ਅਧਿਆਪਕਾਂ ਤੇ ਸਟਾਫ਼ ਮੈਂਬਰਾਂ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ।

## ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ 'ਚ ਸਕਾਊਟ ਤੇ ਗਾਈਡ ਕੈਂਪ ਸਫਲਤਾਪੂਰਵਕ ਆਯੋਜਿਤ



**ਕੋਟਕਪੂਰਾ (ਰਛਪਾਲ ਭੁੱਲਰ)**

ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਤੇ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਸੁਰਿੰਦਰ ਕੌਰ ਦੇ ਦੂਰਦਰਸ਼ੀ ਮਾਰਗਦਰਸ਼ਨ ਹੇਠ ਤਿੰਨ ਰੋਜ਼ਾ ਸਕਾਊਟ ਤੇ ਗਾਈਡ ਕੈਂਪ ਸਫਲਤਾ ਪੂਰਵਕ ਆਯੋਜਿਤ ਕੀਤਾ ਗਿਆ। ਇਹ ਤ੍ਰਿਤਿਆ ਸੋਪਾਨ ਟੈਸਟਿੰਗ ਕੈਂਪ 11 ਮਈ ਤੋਂ 13 ਮਈ 2026 ਤੱਕ ਲਾਇਆ ਜਾ ਰਿਹਾ ਹੈ, ਜਿਸ ਵਿੱਚ 95 ਵਿਦਿਆਰਥੀਆਂ ਨੇ ਬੜੇ ਉਤਸ਼ਾਹ ਤੇ ਅਨੁਸ਼ਾਸਨ ਨਾਲ ਭਾਗ ਲਿਆ। ਕੈਂਪ ਦੀ ਅਗਵਾਈ ਓਂਕਾਰ ਸਿੰਘ, ਸਟੇਟ ਆਰਗੇਨਾਈਜ਼ਿੰਗ ਕਮਿਸ਼ਨਰ ਤੇ ਸ਼੍ਰੀਮਤੀ ਮਨਜੀਤ ਕੌਰ, ਅਸਿਸਟੈਂਟ ਸਟੇਟ ਔਰਗਨਾਈਜ਼ਿੰਗ ਕਮਿਸ਼ਨਰ ਵੱਲੋਂ ਕੀਤੀ ਗਈ। ਕੈਂਪ ਦੌਰਾਨ ਸ਼੍ਰੀਮਤੀ ਮਨਜੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਸਕਾਊਟ ਅਤੇ ਗਾਈਡ ਦੇ ਇਤਿਹਾਸ, ਨਿਯਮਾਂ ਤੇ ਅਨੁਸ਼ਾਸਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਉਪਰੰਤ ਵਿਦਿਆਰਥੀਆਂ ਨੇ ਪ੍ਰਾਰਥਨਾ ਕੀਤੀ ਤੇ ਉਨ੍ਹਾਂ ਨੂੰ ਝੰਡਾ ਗੀਤ ਪ੍ਰਣ ਨਿਯਮਾਂ ਬਾਰੇ ਦੱਸਿਆ ਗਿਆ। ਇਸ ਕੈਂਪ ਵਿੱਚ ਵਿਦਿਆਰਥੀ ਸਹਿਯੋਗ ਨਾਲ ਪ੍ਰਯੋਗਾਤਮਕ ਸਿਖਲਾਈ ਪ੍ਰਾਪਤ ਕਰ ਰਹੇ ਹਨ।ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਸਕਾਊਟ ਅਤੇ ਗਾਈਡ ਸਿਰਫ ਇੱਕ ਗਤੀਵਿਧੀ ਨਹੀਂ ਬਲਕਿ ਇੱਕ ਸੰਪੂਰਨ ਵਿਕਾਸ ਦੀ ਪ੍ਰਕਿਰਿਆ ਹੈ ਜਿਸ ਨਾਲ ਵਿਦਿਆਰਥੀਆਂ ਵਿੱਚ ਜਿੰਮੇਵਾਰੀ ਅਤੇ ਸੇਵਾ ਦੀ ਭਾਵਨਾ ਉਤਪੰਨ ਹੁੰਦੀ ਹੈ।

ਅਜਿਹੇ ਕੈਂਪ ਵਿਦਿਆਰਥੀਆਂ ਕਿਤਾਬੀ ਗਿਆਨ ਤੋਂ ਉੱਪਰ ਉੱਠ ਕੇ ਜ਼ਿੰਦਗੀ ਦੀਆਂ ਅਸਲ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਕਰਦੇ ਹਨ ਅਤੇ ਸਮਾਜ ਦੇ ਇੱਕ ਜ਼ਿੰਮੇਵਾਰ ਨਾਗਰਿਕ ਬਣਾਉਂਦੇ ਹਨ।

## ਤਾਰਾ ਚੰਦ ਸਕੂਲ ਦੇ ਵਿਦਿਆਰਥੀ ਅੱਵਲ ਦਰਜੇ ਨਾਲ ਪਾਸ



**ਭੀਖੀ (ਧਰਮਵੀਰ ਸ਼ਰਮਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ ਵਿੱਚ ਸਥਾਨਕ ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ।ਸਕੂਲ ਦੇ ਕੁੱਲ 49 ਵਿਦਿਆਰਥੀਆਂ ਨੇ ਇਹ ਪ੍ਰੀਖਿਆ ਦਿੱਤੀ ਤੇ ਸਾਰੇ ਹੀ ਵਿਦਿਆਰਥੀ ਪਹਿਲੇ ਦਰਜੇ ਨਾਲ ਪਾਸ ਹੋਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਰਪਿੰਦਰ ਪਟਿਆਲ ਨੇ ਦੱਸਿਆ ਕਿ ਵਿਦਿਆਰਥਣ ਮਨਪ੍ਰੀਤ ਕੌਰ ਨੇ 617 ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ, ਨਵਿਆ ਗਰਗ ਨੇ 587 ਅੰਕ ਪ੍ਰਾਪਤ ਕਰਕੇ ਦੂਜਾ ਤੇ ਦਿਵਆਂਸ਼ੂ ਮਹਿਤਾ ਨੇ 580 ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬ੍ਰਿਜ ਲਾਲ, ਮੈਨੇਜਰ ਸਤੀਸ਼ ਕੁਮਾਰ ਤੇ ਪ੍ਰਿੰਸੀਪਲ ਰਪਿੰਦਰ ਪਟਿਆਲ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਧਿਆਪਕਾਂ ਦੀ ਲਗਨ ਤੇ ਮਾਪਿਆਂ ਦੇ ਸਹਿਯੋਗ ਨਾਲ ਹੀ ਇਹ ਕਾਮਯਾਬੀ ਸੰਭਵ ਹੋਈ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ।

# ਧਾਰਮਿਕ ਪ੍ਰੀਖਿਆ 'ਚੋਂ ਅੱਵਲ ਬੱਚਿਆਂ ਦਾ ਵਿਸ਼ੇਸ਼ ਸਨਮਾਨ

**ਧਾਰਮਿਕ ਸਿੱਖਿਆ ਜੀਵਨ ਵਿੱਚ ਚੰਗੇ ਸੰਸਕਾਰ, ਅਨੁਸ਼ਾਸਨ ਤੇ ਨੈਤਿਕ ਮੁੱਲਾਂ ਦੀ ਪ੍ਰੇਰਨਾ ਦਿੰਦੀ ਹੈ : ਪ੍ਰਿੰ. ਜਿੰਦਲ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਸਿੱਖ ਮਿਸ਼ਨਰੀ ਕਾਲਜ ਵੱਲੋਂ ਕਰਵਾਈ ਗਈ ਧਾਰਮਿਕ ਪ੍ਰੀਖਿਆ ਵਿੱਚੋਂ ਪਾਸ ਹੋਏ ਵਿਦਿਆਰਥੀਆਂ ਨੂੰ ਸਕੂਲ ਵਿੱਚ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਜਿੰਦਲ ਨੇ ਬੱਚਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਧਾਰਮਿਕ ਸਿੱਖਿਆ ਜੀਵਨ ਵਿੱਚ ਚੰਗੇ ਸੰਸਕਾਰ, ਅਨੁਸ਼ਾਸਨ ਤੇ ਨੈਤਿਕ ਮੁੱਲਾਂ ਦੀ ਪ੍ਰੇਰਨਾ ਦਿੰਦੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਗੁਰਬਾਣੀ ਤੇ ਸਿੱਖ ਇਤਿਹਾਸ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਤਰ੍ਹਾਂ ਦੀਆਂ ਧਾਰਮਿਕ ਪ੍ਰੀਖਿਆਵਾਂ ਬੱਚਿਆਂ ਨੂੰ ਆਪਣੀ ਵਿਰਾਸਤ ਤੇ ਸੱਭਿਆਚਾਰ ਨਾਲ ਜੋੜਦੀਆਂ ਹਨ।ਸਮਾਗਮ ਦੌਰਾਨ ਪ੍ਰੀਖਿਆ ਵਿੱਚੋਂ ਪਾਸ ਹੋਏ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾ. ਜੋਰਾ ਸਿੰਘ ਤੇ ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਨੇ ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਪ੍ਰੀਖਿਆਵਾਂ ਵਿਦਿਆਰਥੀਆਂ ਨੂੰ ਧਾਰਮਿਕ ਸਿੱਖਿਆਵਾਂ ਦੀ ਪ੍ਰੇਰਣਾ ਦਿੰਦੀਆਂ ਹਨ।ਇਹ ਪ੍ਰੀਖਿਆ ਵਿਦਿਆਰਥੀਆਂ ਲਈ ਪ੍ਰੇਰਨਾਦਾਇਕ ਤੇ ਯਾਦਗਾਰ ਸਾਬਿਤ ਹੋਈ।

## ਸਕੂਲ ਆਫ ਐਮੀਨੈਂਸ ਦੀ ਅੰਜਲੀ ਨੇ ਸੂਬੇ 'ਚੋਂ 12ਵਾਂ ਸਥਾਨ ਮੱਲਿਆ



**ਬਰਨਾਲਾ (ਰਜਿੰਦਰ ਬਰਾੜ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਕੀਤੇ ਗਏ 10ਵੀਂ ਕਲਾਸ ਦੇ ਨਤੀਜਿਆਂ ਵਿੱਚ ਸਕੂਲ ਆਫ ਐਮੀਨੈਂਸ ਬਰਨਾਲਾ ਦੀ ਵਿਦਿਆਰਥਣ ਅੰਜਲੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 650 'ਚੋਂ 633 ਅੰਕ (97.38%) ਪ੍ਰਾਪਤ ਕਰਕੇ ਸੂਬੇ ਭਰ 'ਚੋਂ 12ਵਾਂ ਸਥਾਨ ਹਾਸਲ ਕੀਤਾ ਹੈ।ਅੰਜਲੀ ਦੀ ਇਸ ਵੱਡੀ ਕਾਮਯਾਬੀ ਨਾਲ ਉਸ ਦੇ ਮਾਤਾ-ਪਿਤਾ ਰਾਜਪਾਲ ਸਿੰਘ ਤੇ ਕਿਰਨਦੀਪ ਕੌਰ ਬਹੁਤ ਖੁਸ਼ ਹਨ।ਸਕੂਲ ਪ੍ਰਿੰਸੀਪਲ ਹਰੀਸ਼ ਬਾਂਸਲ ਨੇ ਕਿਹਾ ਕਿ ਅੰਜਲੀ ਦੀ ਲਗਨ, ਮਿਹਨਤ ਤੇ ਅਧਿਆਪਕਾਂ ਦੀ ਸਹੀ ਰਹਿਨੁਮਾਈ ਨਾਲ ਇਹ ਮੁਕਾਮ ਸੰਭਵ ਹੋਇਆ ਹੈ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ ਸਿੱਖਿਆ) ਸੁਨੀਤਇੰਦਰ ਸਿੰਘ ਨੇ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੰਜਲੀ ਨੇ ਸਿਰਫ ਆਪਣੇ ਮਾਪਿਆਂ ਤੇ ਸਕੂਲ ਦਾ ਹੀ ਨਹੀਂ, ਸਗੋਂ ਪੂਰੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਪ੍ਰਾਪਤੀਆਂ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਬਣਦੀਆਂ ਹਨ।ਉੱਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਡਾ. ਬਰਜਿੰਦਰਪਾਲ ਸਿੰਘ, ਡਾਕਟਰ ਮੁਨੀਸ਼ ਮੋਹਨ ਸ਼ਰਮਾ, ਡੀਆਰਸੀ ਕਮਲਦੀਪ ਨੇ ਵੀ ਅੰਜਲੀ ਦੀ ਮਿਹਨਤ ਦੀ ਸਰਾਹਨਾ ਕੀਤੀ।ਇਸ ਮੌਕੇ ਸਕੂਲ ਦੇ ਸਟਾਫ਼ ਵੱਲੋਂ ਅੰਜਲੀ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਤੇ ਉਸ ਦੀ ਇਸ ਵੱਡੀ ਕਾਮਯਾਬੀ 'ਤੇ ਮਿਠਾਈ ਵੰਡ ਕੇ ਖ਼ੁਸ਼ੀ ਮਨਾਈ ਗਈ।

## ਸਾਈਕਲਿੰਗ ਐਸੋਸੀਏਸ਼ਨ ਵੱਲੋਂ ਮੁਸ਼ਕਲਾਂ ਦੇ ਹੱਲ ਲਈ ਕੋਚਾਂ ਨਾਲ ਮੀਟਿੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਦਫਤਰ ਵਿਖੇ ਐਸੋਸੀਏਸ਼ਨ ਦੇ ਪ੍ਰਧਾਨ ਸ੍ਰ. ਚਰਨਜੀਤ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਸੂਬੇ ਭਰ ਤੋਂ ਆਏ ਸਾਈਕਲਿੰਗ ਕੋਚਾਂ ਨਾਲ ਇੱਥੇ ਸੂਰਿਆ ਕੰਪਲੈਕਸ ਸਥਿਤ ਦਫ਼ਤਰ ਵਿਖੇ ਇਕ ਮਹੱਤਵਪੂਰਨ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦਾ ਮੁੱਖ ਉਦੇਸ਼ ਕੋਚਾਂ ਨਾਲ ਸਿੱਧੀ ਸੰਵਾਦ ਪ੍ਰਕਿਰਿਆ ਰਾਹੀਂ ਮੈਦਾਨੀ ਪੱਧਰ ਦੀਆਂ ਚੁਣੌਤੀਆਂ ਨੂੰ ਸਮਝਣਾ ਤੇ ਉਨ੍ਹਾਂ ਦੇ ਹੱਲ ਲਈ ਢੁਕਵੇਂ ਕਦਮ ਚੁੱਕਣੇ ਸੀ।ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਚਾਂ ਤੋਂ ਉਨ੍ਹਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਫੀਡਬੈਕ ਲਈ ਗਈ।ਕੋਚਾਂ ਵੱਲੋਂ ਟ੍ਰੇਨਿੰਗ ਸਹੂਲਤਾਂ, ਉਪਕਰਨਾਂ ਦੀ ਘਾਟ, ਖਿਡਾਰੀਆਂ ਲਈ ਡਾਇਟ ਤੇ ਟਰੈਕਾਂ ਦੀ ਸੰਭਾਲ ਸਬੰਧੀ ਮੁੱਦੇ ਉਠਾਏ ਗਏ।ਉਨ੍ਹਾਂ ਦੱਸਿਆ ਕਿ ਮੌਕੇ 'ਤੇ ਹੀ ਵੱਡੀ ਗਿਣਤੀ ਵਿੱਚ ਮੁੱਦਿਆਂ ਦਾ ਹੱਲ ਕਰ ਦਿੱਤਾ ਗਿਆ, ਜਦਕਿ ਬਾਕੀ ਰਹਿੰਦੇ ਮੁੱਦਿਆਂ ਲਈ ਯੋਜਨਾਬੱਧ ਕਾਰਵਾਈ ਤਿਆਰ ਕੀਤੀ ਗਈ ਹੈ।ਇਸ ਮੌਕੇ ਸ੍ਰੀ ਕਾਹਲੋਂ ਨੇ ਭਰੋਸਾ ਦਿਵਾਇਆ ਕਿ ਐਸੋਸੀਏਸ਼ਨ ਵੱਲੋਂ ਕੋਚਾਂ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ ਤੇ ਸੂਬੇ ਵਿੱਚ ਸਾਈਕਲਿੰਗ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਯਤਨ ਕੀਤੇ ਜਾਣਗੇ।

## ਪੰਨੂ ਵਲਜੋਤ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)**-ਭਾਰਤੀ ਜਨਤਾ ਪਾਰਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ ਦੀ ਅਗਵਾਈ ਹੇਠ ਵਾਰਡ ਨੰਬਰ 17 'ਚ ਕਰਾਏ ਗਏ ਸਮਾਗਮ ਦੌਰਾਨ ਭਰਵੇਂ ਇਕੱਠ 'ਚ ਸਮਾਜ ਸੇਵੀ ਅਤੇ ਬਾਜ਼ੀਗਰ ਬਰਾਦਰੀ ਦੇ ਆਗੂ ਪੰਨੂ ਵਲਜੋਤ ਨੇ ਆਪਣੇ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ।ਜ਼ਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ ਤੇ ਮੰਡਲ ਪ੍ਰਧਾਨ ਧੂਰੀ ਅਸ਼ੀਸ਼ ਗਰਗ ਨੇ ਪੰਨੂੰ ਵਲਜੋਤ ਦਾ ਭਾਜਪਾ 'ਚ ਸ਼ਾਮਲ ਹੋਣ 'ਤੇ ਸਵਾਗਤ ਕਰਦਿਆਂ ਜਿੱਥੇ ਉਨ੍ਹਾਂ ਦਾ ਸਨਮਾਨ ਕੀਤਾ, ਉਥੇ ਪੰਨੂ ਵਲਜੋਤ ਨੂੰ ਨਗਰ ਕੌਂਸਲ ਚੋਣਾਂ ਲਈ ਵਾਰਡ ਨੰਬਰ-17 ਤੋਂ ਭਾਜਪਾ ਦਾ ਉਮੀਦਵਾਰ ਐਲਾਨਿਆ ਗਿਆ।

# ਸਫਾ 1 ਦੇ ਬਾਕੀ...

### 22 ਲੱਖ ਨੌਜਵਾਨਾਂ ਦੀ...

ਕਮਜ਼ੋਰ ਕਾਨੂੰਨੀ ਪ੍ਰਤੀਨਿਧਤਾ ਦੇ ਨਤੀਜੇ ਵਜੋਂ ਦੋਸ਼ੀ ਨੂੰ ਜ਼ਮਾਨਤ ਮਿਲ ਗਈ। ਨੀਟ-ਯੂ ਜੀ ਪੇਪਰ ਲੀਕ ਨਾਲ ਸੰਬੰਧਤ ਜਾਣਕਾਰੀ ਨੂੰ ਵੀ ਦਬਾ ਦਿੱਤਾ ਗਿਆ ਸੀ ਅਤੇ ਸ਼ੁਰੂ ਵਿੱਚ ਕੋਈ ਐੱਫ ਆਈ ਆਰ ਦਰਜ ਨਹੀਂ ਕੀਤੀ ਗਈ। ਸ਼ਿਵ ਸੈਨਾ (ਯੂ ਬੀ ਟੀ) ਦੀ ਸੰਸਦ ਮੈਂਬਰ ਪ੍ਰਿਯੰਕਾ ਚਤੁਰਵੇਦੀ ਨੇ ਕਿਹਾ ਕਿ ਹਰ ਸਾਲ ਪੇਪਰ ਲੀਕ ਦੀ ਉਹੀ ਸ਼ਰਮਨਾਕ ਕਹਾਣੀ। ਸਰਕਾਰ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਭਵਿੱਖ ਪ੍ਰਤੀ ਆਪਣੀ ਜ਼ਿੰਮੇਵਾਰੀ ਤੋਂ ਭੱਜ ਰਹੀ ਹੈ। ਪ੍ਰੀਖਿਆ ਰੱਦ ਕਰਨ ਦੇ ਐਲਾਨ ਤੋਂ ਬਾਅਦ ਕਾਂਗਰਸ ਦੇ ਵਿਦਿਆਰਥੀ ਵਿੰਗ ਐੱਨ ਐੱਸ ਯੂ ਆਈ ਦੇ ਮੈਂਬਰਾਂ ਨੇ ਕੇਂਦਰ ਸਰਕਾਰ ਵਿਰੁੱਧ ਨਵੀਂ ਦਿੱਲੀ ਵਿੱਚ ਵਿਰੋਧ ਪ੍ਰਦਰਸ਼ਨ ਕੀਤਾ। ਇੱਕ ਤਖ਼ਤੀ 'ਤੇ ਲਿਖਿਆ ਸੀ, 'ਡਾਕਟਰ ਦੀ ਡਿਗਰੀ ਵਿਕਾਊ'। ਇਹ ਪ੍ਰੀਖਿਆ 3 ਮਈ ਨੂੰ ਹੋਈ ਸੀ, ਜਿਸ ਤੋਂ ਬਾਅਦ ਪੇਪਰ ਲੀਕ ਹੋਣ ਦੇ ਦੋਸ਼ ਸਾਹਮਣੇ ਆਏ, ਜਿਸ ਕਾਰਨ ਰਾਜਸਥਾਨ ਸਪੈਸ਼ਲ ਆਪ੍ਰੇਸ਼ਨ ਗਰੁੱਪ ਅਤੇ ਕੇਂਦਰੀ ਏਜੰਸੀਆਂ ਨੇ ਜਾਂਚ ਸ਼ੁਰੂ ਕਰ ਦਿੱਤੀ।

ਪ੍ਰੀਖਿਆ ਲੈਣ ਵਾਲੀ ਏਜੰਸੀ ਐੱਨ ਟੀ ਏ ਨੇ 10 ਮਈ ਨੂੰ ਇੱਕ ਬਿਆਨ ਵਿੱਚ ਕਿਹਾ ਕਿ ਪ੍ਰੀਖਿਆ ਰੱਦ ਕਰਨ ਦਾ ਫੈਸਲਾ ਕੇਂਦਰੀ ਏਜੰਸੀਆਂ ਤੋਂ ਪ੍ਰਾਪਤ ਇਨਪੁਟਸ ਅਤੇ ਪ੍ਰੀਖਿਆ ਪ੍ਰਕਿਰਿਆ ਵਿੱਚ ਸੰਭਾਵਤ ਸਮਝੌਤੇ ਨਾਲ ਸੰਬੰਧਤ ਜਾਂਚ ਦੇ ਨਤੀਜਿਆਂ ਤੋਂ ਬਾਅਦ ਲਿਆ ਗਿਆ। ਪ੍ਰੀਖਿਆ ਹੁਣ ਨਵੀਆਂ ਤਰੀਕਾਂ 'ਤੇ ਦੁਬਾਰਾ ਕਰਵਾਈ ਜਾਵੇਗੀ, ਜਿਸ ਬਾਰੇ ਬਾਅਦ ਵਿੱਚ ਸੂਚਿਤ ਕੀਤਾ ਜਾਵੇਗਾ। ਐੱਨ ਟੀ ਏ ਨੇ ਸਪੱਸ਼ਟ ਕੀਤਾ ਹੈ ਕਿ ਰਜਿਸਟ੍ਰੇਸ਼ਨ ਡੇਟਾ, ਉਮੀਦਵਾਰੀ ਵੇਰਵੇ ਅਤੇ ਵਿਦਿਆਰਥੀਆਂ ਵੱਲੋਂ ਚੁਣੇ ਪ੍ਰੀਖਿਆ ਕੇਂਦਰ ਦੁਬਾਰਾ ਪ੍ਰੀਖਿਆ ਲਈ ਵੈਧ ਰਹਿਣਗੇ। ਕੋਈ ਨਵੀਂ ਰਜਿਸਟ੍ਰੇਸ਼ਨ ਦੀ ਲੋੜ ਨਹੀਂ ਪਵੇਗੀ ਅਤੇ ਕੋਈ ਵਾਧੂ ਫੀਸ ਨਹੀਂ ਲਈ ਜਾਵੇਗੀ। ਇਸ ਦੇ ਨਾਲ ਹੀ ਸਰਕਾਰ ਨੇ ਦੋਸ਼ਾਂ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਮਾਮਲਾ ਸੀ ਬੀ ਆਈ ਨੂੰ ਸੌਂਪ ਦਿੱਤਾ ਹੈ।

### ਮਤਲਬ ਨਿਕਲ...

ਲਾਭਪਾਤਰੀਆਂ ਵਜੋਂ ਰਜਿਸਟਰੇਸ਼ਨ ਕਰਵਾਈ ਸੀ। ਹਾਲ ਹੀ ਵਿੱਚ ਕੀਤੀ ਜਾਂਚ ਤੋਂ ਬਾਅਦ ਯੋਗ ਲਾਭਪਾਤਰੀਆਂ ਦੀ ਗਿਣਤੀ ਘਟ ਕੇ ਲਗਪਗ 1.77 ਕਰੋੜ ਰਹਿ ਗਈ ਹੈ। ਸ਼ੁਰੂ ਵਿੱਚ ਇਸ ਯੋਜਨਾ ਲਈ ਸਾਲਾਨਾ ਖਰਚ ਲਗਪਗ 45,000 ਕਰੋੜ ਰੁਪਏ ਅਨੁਮਾਨਤ ਸੀ। ਬਾਅਦ ਵਿੱਚ ਇਸ ਨੂੰ ਘਟਾ ਕੇ ਲਗਭਗ 36,000 ਕਰੋੜ ਰੁਪਏ ਕਰ ਦਿੱਤਾ ਗਿਆ ਅਤੇ ਹੁਣ ਇਹ ਘਟ ਕੇ 26,000 ਕਰੋੜ ਰੁਪਏ ਹੋ ਗਿਆ ਹੈ। ਇੱਕ ਅਧਿਕਾਰੀ ਨੇ ਕਿਹਾ ਕਿ ਸਰਕਾਰ ਅਯੋਗ ਮਹਿਲਾਵਾਂ ਵਿਰੁੱਧ ਵਸੂਲੀ ਦੀ ਕਾਰਵਾਈ ਵੀ ਸ਼ੁਰੂ ਕਰ ਸਕਦੀ ਹੈ, ਪਰ ਇਸ ਦਾ ਫੈਸਲਾ ਉੱਚ ਪੱਧਰ 'ਤੇ ਹੀ ਲਿਆ ਜਾਣਾ ਹੈ। ਇਸ ਦੇ ਨਾਲ ਹੀ ਅਧਿਕਾਰੀ ਨੇ ਕਿਹਾ ਕਿ ਸਿਰਫ ਮਹਿਲਾਵਾਂ ਨੂੰ ਦੋਸ਼ੀ ਨਹੀਂ ਠਹਿਰਾ ਸਕਦੇ, ਇਹ ਸਰਕਾਰ ਦੀ ਜ਼ਿੰਮੇਵਾਰੀ ਸੀ ਕਿ ਉਹ ਪੈਸੇ ਜਾਰੀ ਕਰਨ ਤੋਂ ਪਹਿਲਾਂ ਵੇਰਵਿਆਂ ਅਤੇ ਦਸਤਾਵੇਜ਼ਾਂ ਦੀ ਪੁਸ਼ਟੀ ਕਰਦੀ। ਉਸ ਸਮੇਂ ਮਹਿਲਾਵਾਂ ਦੀਆਂ ਵੋਟਾਂ ਮਹੱਤਵਪੂਰਨ ਸਨ, ਜਿਸ ਕਾਰਨ ਸਰਕਾਰ ਨੇ ਦਸਤਾਵੇਜ਼ਾਂ ਨੂੰ ਨਜ਼ਰਅੰਦਾਜ਼ ਕਰਕੇ ਰਕਮ ਜਾਰੀ ਕੀਤੀ ਅਤੇ ਲਾਭਪਾਤਰੀਆਂ ਦੀ ਗਿਣਤੀ ਵਧਾਈ।

### ਕਮਿਊਨਿਸਟ ਹਮੇਸ਼ਾ ਮਜ਼ਲੂਮਾਂ...

'ਤੇ ਹਰ ਵਰਗ ਦੇ ਲੋਕਾਂ ਵੱਲੋਂ ਸਾਂਝਾਂ ਪਾ ਕੇ ਲੜਿਆ ਤੇ ਜਿੱਤਿਆ ਗਿਆ ਅੰਦੋਲਨ ਸਭ ਦੇ ਸਾਹਮਣੇ ਹੈ। ਜੇ ਇਹ ਘੋਲ ਮੋਦੀ ਨੂੰ ਝੁਕਾਅ ਸਕਦੇ ਹਨ ਤਾਂ ਮਹਿਤਪੁਰ ਦੇ ਕੁਝ ਲੋਕਾਂ ਦਾ ਨਾ-ਪਾਕ ਗੱਠਜੋੜ ਲੀਰੋ-ਲੀਰ ਕੀਤਾ ਜਾ ਸਕਦਾ ਹੈ। ਕਾਮਰੇਡ ਬੰਤ ਸਿੰਘ ਬਰਾੜ ਨੇ ਪੁਲਸ ਵੱਲੋਂ ਜੁਡੀਸ਼ਰੀ ਦਾ ਰੋਲ ਨਿਭਾਉਣ ਦੇ ਕਾਰੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾ ਕਿਹਾ ਕਿ ਜਦੋਂ ਜਮਹੂਰੀ ਹੀਲੇ-ਵਸੀਲੇ ਸਾਰਥਿਕ ਨਤੀਜੇ ਨਾ ਕੱਢ ਸਕਣ ਤਾਂ ਸਖਤ ਕਦਮ ਚੁੱਕਣੇ ਸਾਨੂੰ ਗੁਰੂ ਗੋਬਿੰਦ ਸਿੰਘ ਦੱਸ ਗਏ ਹਨ।

ਕਾਮਰੇਡ ਬੰਤ ਬਰਾੜ ਨੇ ਜਿਸ ਕਿਸਾਨ ਨਾਲ ਜ਼ਿਆਦਤੀ ਹੋਈ, ਉਸ ਨਾਲ ਖਲੋਣ ਦੀ ਗੱਲ ਕਰਦਿਆਂ ਕਿਹਾ ਕਿ ਧੱਕੇ ਦਾ ਸ਼ਿਕਾਰ ਹੋਣ ਵਾਲੇ ਦੇ ਹੱਕ ਵਿੱਚ ਕਮਿਊਨਿਸਟ ਹਮੇਸ਼ਾ ਡਟ ਕੇ ਸਾਥ ਦਿੰਦੇ ਰਹੇ ਹਨ ਤੇ ਇਹ ਪ੍ਰੰਪਰਾ ਅਸੀਂ ਕਦੇ ਖ਼ਤਮ ਨਹੀਂ ਹੋਣ ਦੇਣੀ। ਰੋਸ ਮਾਰਚ ਦੌਰਾਨ ਆਕਾਸ਼ ਗੁੰਜਾਊ ਨਾਅਰਿਆਂ ਦਾ ਜ਼ਿਕਰ ਕਰਦਿਆਂ ਕਾਮਰੇਡ ਬੰਤ ਬਰਾੜ ਨੇ ਕਿਹਾ ਕਿ ਸੁੱਤੇ ਹੋਏ ਪ੍ਰਸ਼ਾਸਨ ਦੇ ਕੰਨ ਖੋਹਲਣ ਲਈ ਇਹ ਜ਼ਰੂਰੀ ਸਨ। ਉਨ੍ਹਾ ਕਿਸਾਨ ਆਗੂ ਸੰਦੀਪ ਅਰੋੜਾ, ਮਨਦੀਪ ਸਿੱਧੂ, ਖੇਤ ਮਜ਼ਦੂਰ ਆਗੂ ਸਿਕੰਦਰ ਸੰਧੂ, ਭੱਠਾ ਮਜ਼ਦੂਰ ਆਗੂ ਸੁਨੀਲ ਕੁਮਾਰ, ਉਨ੍ਹਾਂ ਦੀ ਸਮੁੱਚੀ ਟੀਮ ਤੇ ਹੋਰ ਭਰਾਤਰੀ ਜਥੇਬੰਦੀਆਂ ਦੇ ਆਗੂਆਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਕੁਲ ਹਿੰਦ ਕਿਸਾਨ ਸਭਾ ਪੰਜਾਬ ਦੇ ਮੀਤ ਪ੍ਰਧਾਨ ਸੂਰਤ ਸਿੰਘ ਧਰਮਕੋਟ, ਜਮਹੂਰੀ ਅਧਿਕਾਰ ਸਭਾ ਦੇ ਆਗੂ ਕਾਮਰੇਡ ਕੁਲਵੰਤ ਸਿੰਘ ਸੰਧੂ ਨੇ ਵੀ ਪੁਲਸ ਪ੍ਰਸ਼ਾਸਨ ਨੂੰ ਹੱਦਾਂ ਵਿੱਚ ਰਹਿਣ ਦੀ ਚਿਤਾਵਨੀ ਦਿੰਦਿਆਂ ਕਿਹਾ ਕਿ ਇੱਥੋਂ ਦੇ ਲੋਕ ਧੱਕੇ ਖ਼ਿਲਾਫ਼ ਇਕਮੁੱਠ ਹੋਣਾ ਜਾਣਦੇ ਹਨ। ਧਰਨੇ ਨੂੰ ਕਾਮਰੇਡ ਚਮਕੌਰ ਸਿੰਘ ਲੁਧਿਆਣਾ, ਜਸਵੀਰ ਸਿੰਘ ਝੱਜ, ਜਸਵਿੰਦਰ ਸਿੰਘ ਭੰਗਲ ਨਵਾਂ ਸ਼ਹਿਰ, ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਕਾਮਰੇਡ ਰਸ਼ਪਾਲ ਕੈਲੇ, ਕਿਸਾਨ ਆਗੂ ਸੰਦੀਪ ਅਰੋੜਾ, ਮਜ਼ਦੂਰ ਆਗੂ ਸਿਕੰਦਰ ਸੰਧੂ ਤੇ ਸੁਨੀਲ ਕੁਮਾਰ, ਕਿਸਾਨ ਆਗੂ ਦਿਲਬਾਗ ਸਿੰਘ ਚੰਦੀ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਆਗੂ ਸਤਨਾਮ ਸਿੰਘ ਲੋਹਗੜ੍ਹ, ਭਾਰਤੀ ਕਿਸਾਨ ਯੂਨੀਅਨ ਖਹਿਰਾ ਦੇ ਆਗੂ ਕੇਵਲ ਸਿੰਘ ਖਹਿਰਾ, ਮੇਜਰ ਸਿੰਘ ਖੁਰਲਾਪੁਰ, ਸਰਬ ਭਾਰਤ ਨੌਜਵਾਨ ਸਭਾ ਦੇ ਆਗੂ ਮਨਦੀਪ ਸਿੰਘ ਸਿੱਧੂ, ਜਸਵੰਤ ਸਿੰਘ ਲੋਹਗੜ੍ਹ, ਜਸਵਿੰਦਰ ਸਿੰਘ ਢੇਸੀ, ਜਸਵੰਤ ਸਿੰਘ ਲੋਹਗੜ੍ਹ, ਦਲਜੀਤ ਸਿੰਘ, ਇੰਦਰਪਾਲ ਸਿੰਘ, ਰਮਨਜੀਤ ਸਮਰਾ, ਕਰਮ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

### ਵਿਦੇਸ਼ ਨੀਤੀ...

ਮਨਾਉਂਦੀ ਆ ਰਹੀ ਹੈ। ਇਸ ਦੌਰਾਨ ਚੀਮਾ ਨੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਵੀ ਤਿੱਖਾ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਰਥਿਕਤਾ ਅਤੇ ਵਿਦੇਸ਼ ਨੀਤੀ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਦੇਸ਼ ਦੀਆਂ ਨੀਤੀਆਂ ਹੁਣ ਹੋਰ ਦੇਸ਼ਾਂ ਦੇ ਦਬਾਅ ਹੇਠ ਚੱਲ ਰਹੀਆਂ ਹਨ ਅਤੇ ਮਹਿੰਗਾਈ ਲਗਾਤਾਰ ਵਧ ਰਹੀ ਹੈ। ਉਨ੍ਹਾ ਕਿਹਾ ਕਿ "ਵਿਸ਼ਵ ਗੁਰੂ" ਬਣਨ ਦੇ ਦਾਅਵੇ ਕਰਨ ਵਾਲੀ ਕੇਂਦਰ ਸਰਕਾਰ ਅੱਜ ਆਪਣੀ ਪ੍ਰਭੂਸੱਤਾ ਬਚਾਉਣ ਵਿੱਚ ਵੀ ਅਸਫਲ ਦਿਖਾਈ ਦੇ ਰਹੀ ਹੈ। ਸੀ ਬੀ ਆਈ ਰੇਡ ਅਤੇ ਭਾਜਪਾ ਦਫ਼ਤਰਾਂ ਦੇ ਬਾਹਰ ਹੋ ਰਹੇ ਰੋਸ ਪ੍ਰਦਰਸ਼ਨਾਂ ਬਾਰੇ ਪੁੱਛੇ ਗਏ ਸਵਾਲ 'ਤੇ ਚੀਮਾ ਨੇ ਕਿਹਾ ਕਿ ਇਹ ਭਾਜਪਾ 'ਤੇ ਹਮਲੇ ਨਹੀਂ, ਸਗੋਂ ਕੇਂਦਰ ਸਰਕਾਰ ਵੱਲੋਂ ਵਿਰੋਧੀ ਪਾਰਟੀਆਂ 'ਤੇ ਕੇਂਦਰੀ ਏਜੰਸੀਆਂ ਦੇ ਦੁਰਵਰਤੋਂ ਖ਼ਿਲਾਫ਼ ਲੋਕਾਂ ਦਾ ਗੁੱਸਾ ਹੈ। ਉਨ੍ਹਾ ਕਿਹਾ ਕਿ ਦਫ਼ਤਰ ਵਿਚ ਹੋਈ ਰੇਡ ਦੌਰਾਨ ਕੋਈ ਸਰਕਾਰੀ ਅਧਿਕਾਰੀ ਨਹੀਂ ਫੜਿਆ ਗਿਆ, ਸਗੋਂ ਇੱਕ ਪ੍ਰਾਈਵੇਟ ਵਿਅਕਤੀ ਮਿਲਿਆ ਹੈ। ਚੀਮਾ ਨੇ ਦੋਸ਼ ਲਗਾਇਆ ਕਿ ਈ ਡੀ, ਸੀ ਬੀ ਆਈ, ਇਨਕਮ ਟੈਕਸ ਅਤੇ ਹੋਰ ਸੰਸਥਾਵਾਂ ਦੀ ਵਰਤੋਂ ਸਿਆਸੀ ਦਬਾਅ ਬਣਾਉਣ ਲਈ ਕੀਤੀ ਜਾ ਰਹੀ ਹੈ, ਜਿਸ ਨਾਲ ਦੇਸ਼ ਦੇ ਲੋਕਤੰਤਰ ਅਤੇ ਸੰਵਿਧਾਨ ਨੂੰ ਖ਼ਤਰਾ ਪੈਦਾ ਹੋ ਰਿਹਾ ਹੈ।

### ਪਾਵਰਕਾਮ ਤੇ ਟ੍ਰਾਂਸਕੋ 'ਚ...

ਦਾ ਹੱਲ ਕੀਤਾ ਜਾਵੇ।ਇਸ ਮਸਲੇ ਸੰਬੰਧੀ ਜਥੇਬੰਦੀ ਦੀ ਸੂਬਾ ਕਮੇਟੀ ਮੀਟਿੰਗ ਸੂਬਾ ਪ੍ਰਧਾਨ ਮਨਜੀਤ ਸਿੰਘ ਬਾਸਰਕੇ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੂਬਾ ਕਮੇਟੀ ਆਗੂਆਂ ਰਾਕੇਸ਼ ਸੈਨੀ, ਦਵਿੰਦਰ ਸਿੰਘ ਰੋਪੜ, ਮਨਿੰਦਰ ਸਿੰਘ ਮੁਕਤਸਰ , ਕੁਲਵਿੰਦਰ ਸਿੰਘ ਬਾਗੜੀਆਂ, ਮੋਹਨ ਸਿੰਘ ਗਿੱਲ, ਅਰੁਣ ਕੁਮਾਰ ਬਠਿੰਡਾ , ਸਾਹਿਬ ਸਿੰਘ ਧਾਲੀਵਾਲ, ਗੁਰਪ੍ਰੀਤ ਸਿੰਘ ਮਹਿਦੂਦਾਂ, ਕ੍ਰਿਸ਼ਨ ਕਾਂਤ ਸੰਗਰੂਰ, ਜਸਵਿੰਦਰ ਸਿੰਘ ਬਰਗਾੜੀ, ਲਖਬੀਰ ਸਿੰਘ ਸੰਗਰੂਰ, ਰਾਮ ਸਿੰਘ ਰੋਪੜ ਥਰਮਲ, ਠਾਕਰਪ੍ਰੀਤ ਸਿੰਘ ਤੋਂ ਇਲਾਵਾ ਕੁੱਲ ਹਿੰਦ ਬਿਜਲੀ ਫੈਡਰੇਸ਼ਨ ਦੇ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ, ਸੁਰਿੰਦਰਪਾਲ ਸਿੰਘ ਲਾਹੌਰੀਆ, ਰਛਪਾਲ ਸਿੰਘ ਪਾਲੀ, ਦਰਸ਼ਨ ਲਾਲ ਮੋਗਾ, ਸਾਬਕਾ ਸੂਬਾ ਆਗੂ ਕਰਮ ਚੰਦ ਭਾਰਦਵਾਜ , ਸਾਬਕਾ ਸੂਬਾ ਪ੍ਰਧਾਨ ਜਰਨੈਲ ਸਿੰਘ ਔਲਖ, ਸਾਬਕਾ ਜਨਰਲ ਸਕੱਤਰ ਬਲਜੀਤ ਸਿੰਘ ਮੋਦਲਾ ਆਦਿ ਨੇ ਵੀ ਹਿੱਸਾ ਲਿਆ। ਮੀਟਿੰਗ ਦੀ ਕਾਰਵਾਈ ਬਾਰੇ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਹਰਵਿੰਦਰ ਸਿੰਘ ਅਕਾਲਗੜ੍ਹ ਨੇ ਦੱਸਿਆ ਕਿ ਪਾਵਰਕਾਮ ਅਦਾਰੇ ਦੀ ਮੈਨੇਜਮੈਂਟ ਨੇ ਪਿਛਲੇ ਦਿਨੀਂ ਮਹਿਕਮੇ ਵਿੱਚ ਕੰਮ ਕਰਦੇ ਸੀ ਐੱਚ ਬੀ ਕਾਮਿਆਂ ਨੂੰ ਜਿਵੇਂ ਮਹਿਕਮੇ ਦੇ ਰੋਲ 'ਤੇ ਲੈ ਕੇ ਸ਼ਲਾਘਾਯੋਗ ਕੰਮ ਕੀਤਾ ਹੈ, ਉਸੇ ਤਰ੍ਹਾਂ ਪੈਸਕੋ ਅਤੇ ਹੋਰ ਏਜੰਸੀਆਂ ਰਾਹੀਂ ਆਊਟਸੋਰਸਿੰਗ ਦੇ ਅਧੀਨ ਕੰਮ ਕਰਦੇ ਕਾਮਿਆਂ ਨੂੰ ਵੀ ਮਹਿਕਮੇ ਦੇ ਰੋਲ 'ਤੇ ਜਲਦੀ ਤੋਂ ਜਲਦੀ ਲੈ ਕੇ ਪਿਛਲੇ 15 ਸਾਲਾਂ ਤੋਂ ਏਜੰਸੀਆਂ ਅਧੀਨ ਘੱਟ ਤਨਖਾਹ 'ਤੇ ਕੰਮ ਕਰ ਰਹੇ ਕਾਮਿਆਂ ਨੂੰ ਇਨਸਾਫ ਦਿੱਤਾ ਜਾਵੇ। ਮੀਟਿੰਗ ਵਿੱਚ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੂਬਾ ਪੱਧਰੀ ਸੱਦੇ 'ਤੇ 17 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਵਤੀਰੇ ਖਿਲਾਫ ਹੋ ਰਹੀ ਕਨਵੈਨਸ਼ਨ ਵਿੱਚ ਲੱਗੇ ਕੋਟਿਆਂ ਮੁਤਾਬਕ ਜਥੇਬੰਦੀ ਦੇ ਵਰਕਰਾਂ ਨੂੰ ਪਹੁੰਚਣ ਦਾ ਸੱਦਾ ਦਿੱਤਾ। ਇਸੇ ਤਰ੍ਹਾਂ 19 ਮਈ ਨੂੰ ਪੰਜਾਬ ਏਟਕ ਦੇ ਸੱਦੇ 'ਤੇ ਲੇਬਰ ਕਮਿਸ਼ਨਰ ਦਫਤਰ ਮੁਹਾਲੀ ਸਾਹਮਣੇ ਦਿੱਤੇ ਜਾ ਰਹੇ ਰੋਸ ਧਰਨੇ ਵਿੱਚ ਵੀ ਜਥੇਬੰਦੀ ਦੇ ਆਗੂਆਂ ਅਤੇ ਵਰਕਰਾਂ ਨੂੰ ਭਰਵੀਂ ਸ਼ਮੂਲੀਅਤ ਕਰਨ ਲਈ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ ਦਿੱਤਾ। ਜਥੇਬੰਦੀ ਨੇ ਪਾਵਰਕਾਮ ਮੈਨੇਜਮੈਂਟ ਕੋਲੋਂ ਮੰਗ ਕੀਤੀ ਕਿ ਬਿਜਲੀ ਕਾਮਿਆਂ ਅਤੇ ਪੈਨਸ਼ਨਰਾਂ ਦੀਆਂ ਹੋਏ ਸਮਝੌਤਿਆਂ ਤਹਿਤ ਮੰਨੀਆਂ ਹੋਈਆਂ ਮੰਗਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ, ਤਾਂ ਜੋ ਇਸ ਸਨਅਤੀ ਅਦਾਰੇ ਦਾ ਮਾਹੌਲ ਸ਼ਾਂਤ ਰੱਖਿਆ ਜਾ ਸਕੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਭਾਜਪਾ ਦਫ਼ਤਰ ਤਰਨਤਾਰਨ ਵਿਖੇ ਅਣਪਛਾਤੇ ਲੋਕਾਂ ਵੱਲੋਂ ਜਾਨਲੇਵਾ ਹਮਲਾ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਭਾਰਤੀ ਜਨਤਾ ਪਾਰਟੀ ਦੇ ਮੁੱਖ ਦਫ਼ਤਰ ਤਰਨਤਾਰਨ ਵਿਖੇ ਸੋਮਵਾਰ ਨੂੰ ਦਿਨ ਦਿਹਾੜੇ 20 ਤੋਂ 25 ਅਣਪਛਾਤੇ ਗੁੰਡਾ ਅਨਸਰਾਂ ਵੱਲੋਂ ਜਾਨਲੇਵਾ ਹਮਲਾ ਕਰ



ਦਿੱਤਾ ਗਿਆ।ਹਮਲਾਵਰਾਂ ਨੇ ਇੱਟਾਂ-ਰੋੜਿਆਂ, ਡਾਂਗਾਂ ਅਤੇ ਹੋਰ ਹਥਿਆਰਾਂ ਨਾਲ ਦਫ਼ਤਰ ਵਿੱਚ ਭੰਨਤੋੜ ਕੀਤੀ ਅਤੇ ਜਾਨਲੇਵਾ ਹਮਲਾ ਕਰਦਿਆਂ ਦਫ਼ਤਰ ਦੇ ਦਰਵਾਜ਼ੇ, ਸ਼ੀਸ਼ੇ ਅਤੇ ਹੋਰ ਸਾਮਾਨ ਨੂੰ ਭਾਰੀ ਨੁਕਸਾਨ ਪਹੁੰਚਾਇਆ।ਹਮਲੇ ਦੌਰਾਨ ਹਵਾਈ ਫਾਇਰਿੰਗ ਵੀ ਕੀਤੀ ਗਈ, ਜਿਸ ਨਾਲ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ।ਸਾਰਾ ਘਟਨਾ-ਚੱਕਰ ਦਫ਼ਤਰ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਿਆ ਹੈ।ਮਿਲੀ ਜਾਣਕਾਰੀ ਅਨੁਸਾਰ ਸੋਮਵਾਰ ਦੁਪਹਿਰ ਕਰੀਬ 4:30 ਵਜੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਆਪਣੇ ਸਾਥੀਆਂ ਸਮੇਤ ਨਗਰ ਕੌਂਸਲ ਤਰਨਤਾਰਨ ਵਿਖੇ ਸਫਾਈ ਸੇਵਕਾਂ ਦੇ ਧਰਨੇ ਵਿੱਚ ਸ਼ਾਮਲ ਹੋਣ ਲਈ ਗਏ ਹੋਏ ਸਨ।ਇਸ ਦੌਰਾਨ ਕੁਝ ਅਣਪਛਾਤੇ ਗੁੰਡਾ ਅਨਸਰ ਭਾਜਪਾ ਦਫ਼ਤਰ ਤਰਨਤਾਰਨ ਪਹੁੰਚੇ ਅਤੇ ਆਉਂਦੇ ਹੀ ਗਾਲੀ-ਗਲੋਚ ਕਰਨੀ ਸ਼ੁਰੂ ਕਰ ਦਿੱਤੀ।ਹਮਲਾਵਰ ਆਪਣੇ ਨਾਲ ਕਾਗਜ਼ਾਂ 'ਤੇ ਲਿਖੇ ਬੀਜੇਪੀ ਮੁਰਦਾਬਾਦ ਅਤੇ ਪੰਜਾਬ ਏਕਤਾ ਜ਼ਿੰਦਾਬਾਦ ਵਰਗੇ ਨਾਅਰੇ ਵੀ ਲੈ ਕੇ ਆਏ ਸਨ, ਜਿਨ੍ਹਾਂ ਨੂੰ ਉਨ੍ਹਾਂ ਨੇ ਦਫ਼ਤਰ ਵਿੱਚ ਖਿਲਾਰ ਦਿੱਤਾ। ਹਮਲਾਵਰਾਂ ਵਿੱਚੋਂ ਇੱਕ ਨੂੰ ਕਾਬੂ ਕਰਕੇ ਦਫ਼ਤਰ ਅੰਦਰ ਲਿਜਾਇਆ ਗਿਆ, ਪਰ ਗੁੰਡਾ ਅਨਸਰਾਂ ਦੀ ਗਿਣਤੀ ਜ਼ਿਆਦਾ ਹੋਣ ਕਾਰਨ ਉਨ੍ਹਾਂ ਨੇ ਦਫ਼ਤਰ ਦਾ ਬੂਹਾ ਤੋੜ ਕੇ ਆਪਣੇ ਸਾਥੀ ਨੂੰ ਛੁਡਵਾ ਲਿਆ।ਘਟਨਾ ਦੀ ਜਾਣਕਾਰੀ ਮਿਲਦੇ ਹੀ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਤੁਰੰਤ ਧਰਨੇ ਤੋਂ ਵਾਪਸ ਤਰਨਤਾਰਨ ਪਹੁੰਚੇ ਅਤੇ ਪੁਲਿਸ ਪ੍ਰਸ਼ਾਸਨ ਨਾਲ ਸੰਪਰਕ ਕੀਤਾ।ਮੌਕੇ ਤੇ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਪਹੁੰਚੀ ਅਤੇ ਹਾਲਾਤ ਦਾ ਜਾਇਜ਼ਾ ਲਿਆ।ਐੱਸਐੱਸਪੀ ਤਰਨਤਾਰਨ ਸੁਰਿੰਦਰ ਲਾਂਬਾ ਵੀ ਭਾਰੀ ਪੁਲਸ ਫੋਰਸ ਸਮੇਤ ਮੌਕੇ ਤੇ ਪਹੁੰਚੇ ।ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਸਾਗਰ ਦੀ ਲਿਖਤੀ ਸ਼ਿਕਾਇਤ ਦੇ ਆਧਾਰ ਤੇ ਪੁਲਸ ਵੱਲੋਂ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਦੋਸ਼ੀਆਂ ਦੀ ਪਹਿਚਾਣ ਕਰਕੇ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਸਕੂਲੀ ਸਿੱਖਿਆ ਦੇ ਖੇਤਰ 'ਚ ਪੰਜਾਬ ਨੇ ਕੇਰਲਾ ਨੂੰ ਪਛਾੜਿਆ : ਸ਼ੈਰੀ ਕਲਸੀ

## ਕਿਹਾ-ਪੰਜਾਬ ਦੀ ਸਿੱਖਿਆ ਕ੍ਰਾਂਤੀ ਨੇ ਕੌਮੀ ਪੱਧਰ 'ਤੇ ਪਛਾਣ ਬਣਾਈ

ਬਟਾਲਾ, (ਡਾ. ਮਲਵਿੰਦਰ ਸਿੰਘ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸਕੂਲੀ ਸਿੱਖਿਆ ਵਿੱਚ ਇਤਿਹਾਸਕ ਮੀਲ ਪੱਥਰ ਸਥਾਪਤ ਕਰਦਿਆਂ ਪੰਜਾਬ ਨੇ ਭਾਰਤ ਦੇ ਸਰਬੋਤਮ ਕਾਰਗੁਜ਼ਾਰੀ ਵਾਲੇ ਸੂਬੇ ਵਜੋਂ ਮਾਨਤਾ ਹਾਸਲ ਕੀਤੀ ਹੈ।ਨੀਤੀ ਆਯੋਗ ਸਿੱਖਿਆ ਗੁਣਵੱਤਾ ਰਿਪੋਰਟਾਂ-2026 ਵਿੱਚ ਪੰਜਾਬ ਨੇ ਸਕੂਲੀ ਸਿੱਖਿਆ ਦੇ ਅਹਿਮ ਬੁਨਿਆਦੀ



ਸਿੱਖਿਆ ਮਾਪਦੰਡਾਂ ਵਿੱਚ ਭਾਰਤ ਦੀ ਲੰਬੇ ਸਮੇਂ ਤੋਂ ਅਗਵਾਈ ਕਰਨ ਵਾਲੇ ਕੇਰਲਾ ਨੂੰ ਪਛਾੜ ਦਿੱਤਾ ਹੈ।ਇਹ ਸਨਮਾਨ ਹਰ ਉਸ ਮਾਤਾ-ਪਿਤਾ, ਵਿਦਿਆਰਥੀ ਅਤੇ ਅਧਿਆਪਕ ਦਾ ਹੈ ਜਿਸ ਨੇ ਸਰਕਾਰੀ ਸਕੂਲਾਂ ਦਾ ਸਾਥ ਛੱਡਣ ਤੋਂ ਇਨਕਾਰ ਕਰ ਦਿੱਤਾ।ਇਹ ਇੱਕ ਦਿਨ ਵਿੱਚ ਹਾਸਲ ਕੀਤੀ ਉਪਲਬਧੀ ਨਹੀਂ ਹੈ ਬਲਕਿ ਇਹ ਬਿਹਤਰ ਨੀਤੀ, ਇਰਾਦੇ ਅਤੇ ਅਮਲ ਦਾ ਸੁਮੇਲ ਹੈ, ਜਿਸ ਨਾਲ ਬਿਹਤਰ ਨਤੀਜੇ ਸਾਹਮਣੇ ਆਏ ਹਨ।ਨੀਤੀ ਆਯੋਗ ਦੀ ਰਿਪੋਰਟ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਨੇ ਤੀਜੀ ਜਮਾਤ ਵਿੱਚ ਭਾਸ਼ਾ 'ਚ 82 ਫ਼ੀਸਦ ਅਤੇ ਗਣਿਤ ਵਿੱਚ 78 ਫ਼ੀਸਦ ਅੰਕ ਹਾਸਲ ਕੀਤੇ, ਜੋ ਕੇਰਲਾ ਦੇ ਕ੍ਰਮਵਾਰ 75 ਫ਼ੀਸਦ ਅਤੇ 70 ਫ਼ੀਸਦ ਤੋਂ ਵੱਧ ਹਨ। 9ਵੀਂ ਜਮਾਤ ਦੇ ਗਣਿਤ ਵਿੱਚ ਪੰਜਾਬ ਨੇ 52 ਫ਼ੀਸਦ ਮੁਹਾਰਤ ਦਰਜ ਕੀਤੀ ਜੋ ਕਿ ਕੇਰਲਾ ਦੇ 45 ਫ਼ੀਸਦ ਨਾਲੋਂ ਜ਼ਿਆਦਾ ਹੈ।ਪੰਜਾਬ ਸਰਕਾਰ ਵੱਲੋਂ ਕੀਤੇ ਸੁਧਾਰਾਂ ਦੇ ਸਾਰਥਕ ਪ੍ਰਭਾਵਾਂ ਨੂੰ ਉਜਾਗਰ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਅਣਥੱਕ ਯਤਨਾਂ ਹੇਠ ਪੰਜਾਬ ਸਰਕਾਰ ਨੇ ਮਿਸ਼ਨ ਸਮਰੱਥ ਅਤੇ ਸਕੂਲ ਆਫ਼ ਐਮੀਨੈਂਸ ਪ੍ਰੋਗਰਾਮ ਰਾਹੀਂ ਕੋਵਿਡ ਮਹਾਂਮਾਰੀ ਤੋਂ ਬਾਅਦ ਕੀਤੇ ਗਏ ਸੁਧਾਰਾਂ ਦੇ ਠੋਸ ਨਤੀਜੇ ਸਾਹਮਣੇ ਆਏ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ 99.9 ਫ਼ੀਸਦ ਸਰਕਾਰੀ ਸਕੂਲਾਂ ਵਿੱਚ ਹੁਣ ਬਿਜਲੀ ਉਪਲੱਬਧ ਹੈ, 99 ਫ਼ੀਸਦ ਸਕੂਲਾਂ ਵਿੱਚ ਕਾਰਜਸ਼ੀਲ ਕੰਪਿਊਟਰ ਉਪਲੱਬਧ ਹਨ ਅਤੇ 80 ਫ਼ੀਸਦ ਤੋਂ ਵੱਧ ਸਕੂਲ ਸਮਾਰਟ ਕਲਾਸਰੂਮਾਂ ਨਾਲ ਲੈਸ ਹਨ।ਇਸ ਤੋਂ ਇਲਾਵਾ 10ਵੀਂ ਜਮਾਤ ਦੇ 90 ਫ਼ੀਸਦ ਤੋਂ ਵੱਧ ਵਿਦਿਆਰਥੀ ਹੁਣ 11ਵੀਂ ਜਮਾਤ ਵਿੱਚ ਦਾਖ਼ਲਾ ਲੈ ਰਹੇ ਹਨ।ਇਹ ਦਰ ਸਕੂਲ ਛੱਡਣ ਦੀ ਦਰ ਵਿੱਚ ਤੇਜ਼ੀ ਨਾਲ ਆ ਰਹੀ ਗਿਰਾਵਟ ਨੂੰ ਦਰਸਾਉਂਦੀ ਹੈ।ਵਿਦਿਆਰਥੀ ਅਧਿਆਪਕ ਅਨੁਪਾਤ 22:1 ਹੋ ਗਿਆ ਹੈ।ਹੁਣ ਤੱਕ ਸਰਕਾਰੀ ਸਕੂਲਾਂ ਦੇ 786 ਵਿਦਿਆਰਥੀਆਂ ਨੇ ਜੇਈਈ ਮੇਨ ਪ੍ਰੀਖਿਆ ਪਾਸ ਕੀਤੀ ਹੈ ਅਤੇ 1,284 ਵਿਦਿਆਰਥੀ ਨੀਟ ਪ੍ਰੀਖਿਆ ਪਾਸ ਕਰ ਚੁੱਕੇ ਹਨ।ਅਧਿਆਪਕ ਸਿਖਲਾਈ ਅਤੇ ਬੁਨਿਆਦੀ ਢਾਂਚੇ ਦੇ ਵਿਸਥਾਰ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 13,000 ਅਧਿਆਪਕਾਂ ਅਤੇ ਸਟਾਫ ਦੀ ਭਰਤੀ ਕੀਤੀ ਗਈ ਹੈ ਅਤੇ ਲਗਭਗ 3 ਲੱਖ ਵਿਦਿਆਰਥੀਆਂ ਲਈ ਇੰਗਲਿਸ਼ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ।ਇਸ ਤੋਂ ਇਲਾਵਾ 118 ਸਕੂਲ ਆਫ਼ ਐਮੀਨੈਂਸ ਖੋਲ੍ਹੇ ਜਾ ਰਹੇ ਹਨ।

# ਸ੍ਰੀ ਹੇਮਕੁੰਡ ਸਾਹਿਬ ਲੰਗਰ ਲਈ ਟਰੱਕ 23 ਨੂੰ ਰਵਾਨਾ ਹੋਵੇਗਾ : ਨੇਪਾਲ ਬਾਜਵਾ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਸ੍ਰੀ ਹੇਮਕੁੰਡ ਸਾਹਿਬ ਲੰਗਰ ਸੇਵਾ ਸੋਸਾਇਟੀ ਅਜਨਾਲਾ ਜੋ ਹਰ ਸਾਲ ਯਾਤਰਾ ਦੌਰਾਨ ਰਿਸ਼ੀਕੇਸ ਤੋਂ ਹੇਮਕੁੰਡ ਸਾਹਿਬ ਲੰਗਰ ਦੀ ਸੇਵਾ ਕਰਦੀ ਹੈ, ਇਸ ਸਾਲ 13ਵਾਂ ਸਾਲਾਨਾ ਲੰਗਰ ਰਿਸ਼ੀਕੇਸ਼ ਤੋਂ 180 ਕਿਲੋਮੀਟਰ ਅੱਗੇ ਪਿੱਪਲ ਕੋਟੀ ਵਿਖੇ ਲਗਾਇਆ ਜਾਵੇਗਾ। ਉਕਤ ਵਿਚਾਰਾਂ ਦਾ ਪ੍ਰਗਟਾਵਾ ਸੇਵਾਦਾਰ ਸਰਵਣ ਸਿੰਘ ਨੇਪਾਲ, ਅਮਰਜੀਤ ਸਿੰਘ ਬਾਜਵਾ ਨੇ ਕੀਤਾ। ਉਨ੍ਹਾਂ ਨੇ ਕਿਹਾ ਕਿ ਇਸ ਵਾਰ ਲੰਗਰ ਦਾ ਟਰੱਕ ਗੁਰਦੁਆਰਾ ਸਿੰਘ ਸਭਾ ਭੱਖੇ ਤਾਰਾ ਸਿੰਘ ਤੋਂ 23 ਮਈ ਦਿਨ ਸ਼ਨੀਵਾਰ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਅਰਦਾਸ ਉਪਰੰਤ 11 ਵਜੇ ਰਵਾਨਾ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਲੰਗਰ ਰਵਾਨਾ ਕਰਨ ਲਈ ਪ੍ਰਸ਼ਾਸਨ ਦੇ ਅਧਿਕਾਰੀ ਡੀਆਈਜੀ ਸੰਜੀਵ ਕੁਮਾਰ ਰਾਮਪਾਲ ਸ਼ਾਮਿਲ ਹੋਣਗੇ। ਇਸ ਵਾਰ ਵੀ ਤਿੰਨ ਜਥਿਆਂ ਦੀਆਂ ਟੀਮਾਂ ਬਣਾਈਆਂ ਗਈਆਂ ਹਨ। ਪਹਿਲੇ ਜਥੇ ਵਿੱਚ ਦਾਸ ਸਰਵਣ ਸਿੰਘ ਨੇਪਾਲ ਅਤੇ ਦੂਸਰੇ ਦੋ ਜਥਿਆਂ ਵਿੱਚ ਬਾਬਾ ਮਹਿੰਦਰ ਸਿੰਘ ਸੂਰੇਪੁਰ ਅਗਵਾਈ ਕਰਨਗੇ। ਇਸ ਮੌਕੇ ਖਜ਼ਾਨਚੀ ਵਿਜੇ ਕੁਮਾਰ ਅਰੋੜਾ, ਬਾਬਾ ਮਹਿੰਦਰ ਸਿੰਘ ਸੂਰੇਪੁਰ, ਪਰਮਜੀਤ ਸਿੰਘ ਪੰਮਾ, ਤਜਿੰਦਰ ਸਿੰਘ ਸੋਨੂ, ਜਸਬੀਰ ਸਿੰਘ ਢਿੱਲੋਂ, ਸ਼ਿਵਦੀਪ ਸਿੰਘ ਚਾਹਲ, ਅਜਮੇਰ ਸਿੰਘ ਦੁਬਈ ਵਾਲੇ, ਡਾਕਟਰ ਦਲਬੀਰ ਸਿੰਘ, ਬਾਬਾ ਲਾਡੀ, ਬਾਬਾ ਰੇਸ਼ਮ, ਬਾਬਾ ਸੁੱਖਾ ਆਦਿ ਹਾਜ਼ਰ ਸਨ।

# ਨੌਜਵਾਨਾਂ ਦਾ ਭਵਿੱਖ ਸੁਰੱਖਿਅਤ ਬਣਾਉਣਾ ਜ਼ਰੂਰੀ : ਦਿਨੇਸ਼ ਬੱਸੀ

ਛੇਹਰਟਾ, (ਮਨੋਜ ਕੁਮਾਰ) : ਹਲਕਾ ਪੂਰਬੀ ਵਿਚ ਸੀਨੀਅਰ ਕਾਂਗਰਸੀ ਆਗੂ ਤੇ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਦਿਨੇਸ਼ ਬੱਸੀ ਵੱਲੋਂ ਬੈਠਕ ਕੀਤੀ ਗਈ, ਜਿਸ ਦੌਰਾਨ ਇਲਾਕਾ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ। ਕੌਂਸਲਰ ਸ਼ਿੰਦਰ ਦੀ ਅਗਵਾਈ ਹੇਠ ਹੋਈ ਇਸ ਬੈਠਕ ਦੌਰਾਨ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਦਿਨੇਸ਼ ਬੱਸੀ ਨੇ ਪੰਜਾਬ ਵਿਚ ਵੱਧ ਰਹੇ ਨਸ਼ੇ, ਖ਼ਰਾਬ ਹੋ ਰਹੀ ਕਾਨੂੰਨ-ਵਿਵਸਥਾ ਤੇ ਨੌਜਵਾਨਾਂ ਦੇ ਭਵਿੱਖ ਬਾਰੇ ਚਿੰਤਾ ਪ੍ਰਗਟਾਈ।

ਉਨ੍ਹਾਂ ਕਿਹਾ ਕਿ ਪੰਜਾਬ ਵਿਚ ਉਦਯੋਗ ਤੇ ਆਈਟੀ ਹੱਬ ਸਥਾਪਿਤ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਮਿਲ ਸਕਣ। ਉਨ੍ਹਾਂ ਕਿਹਾ ਕਿ ਜੇ ਪੰਜਾਬ ਨੂੰ ਬਚਾਉਣਾ ਹੈ ਤਾਂ ਸਭ ਤੋਂ ਪਹਿਲਾਂ ਨੌਜਵਾਨਾਂ ਨੂੰ ਬਚਾਉਣਾ ਪਵੇਗਾ। ਬੈਠਕ ਦੌਰਾਨ ਇਲਾਕੇ ਵਿਚ ਗੰਦੇ ਪਾਣੀ, ਕੂੜੇ ਦੇ ਢੇਰ, ਵਿਕਾਸ ਕਾਰਜਾਂ ਦੀ ਹੌਲੀ ਗਤੀ ਤੇ ਕੌਂਸਲਰਾਂ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦੀ ਅਣਦੇਖੀ ਵਰਗੇ ਮੁੱਦਿਆਂ 'ਤੇ ਵੀ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਮੁਹੱਲਾ ਕਲੀਨਿਕਾਂ ਵਿਚ ਡਾਕਟਰਾਂ ਦੀ ਕਮੀ ਦਾ ਮਾਮਲਾ ਵੀ ਉਠਾਇਆ ਗਿਆ। ਇਸ ਮੌਕੇ ਮਹਿਲਾਵਾਂ ਨੂੰ ਰੁਜ਼ਗਾਰ ਨਾਲ ਜੋੜਨ ਤੇ ਵੱਡੀਆਂ ਕੰਪਨੀਆਂ ਵਿੱਚ ਉਨ੍ਹਾਂ ਲਈ ਮੌਕੇ ਉਪਲੱਬਧ ਕਰਵਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਗਿਆ। ਦਿਨੇਸ਼ ਬੱਸੀ ਨੇ ਕਿਹਾ ਕਿ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਸਮਾਜ ਦੇ ਹਰ ਵਰਗ ਨੂੰ ਇਕੱਠੇ ਹੋ ਕੇ ਕੰਮ ਕਰਨਾ ਪਵੇਗਾ।



ਬੈਠਕ ਵਿਚ ਅਮਨ, ਬੰਟੀ, ਰੌਕੀ, ਰਾਣਾ, ਸ਼ਾਹ, ਕੁੰਵਰ, ਨਿਤਿਨ ਅਮਰ ਸਮੇਤ ਕਈ ਮੋਹਤਬਰ ਵਿਅਕਤੀ ਮੌਜੂਦ ਸਨ।

# ਟੈਗੋਰ ਸੈਂਟੇਨਰੀ ਪਬਲਿਕ ਸੀ. ਸੈ. ਸਕੂਲ ਦਾ 10ਵੀਂ ਜਮਾਤ ਦਾ ਸ਼ਾਨਦਾਰ ਨਤੀਜਾ



ਗੁਰਦਾਸਪੁਰ (ਦਿਨੇਸ਼ ਕੁਮਾਰ)- ਟੈਗੋਰ ਸੈਂਟੇਨਰੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਗੁਰਦਾਸਪੁਰ ਦੇ ਵਿਦਿਆਰਥੀਆਂ ਨੇ ਇਸ ਸਾਲ ਦਸਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਸਕੂਲ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਸਾਰੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਨਤੀਜਾ ਵਿਦਿਆਰਥੀਆਂ ਦੀ ਕਠਿਨ ਮਿਹਨਤ, ਅਧਿਆਪਕਾਂ ਦੀ ਸਮਰਪਿਤ ਮਾਰਗਦਰਸ਼ਨ ਅਤੇ ਮਾਪਿਆਂ ਦੇ ਸਹਿਯੋਗ ਦਾ ਪ੍ਰਤੀਕ ਹੈ।ਸਕੂਲ ਦੇ ਹੋਣਹਾਰ ਵਿਦਿਆਰਥੀਆਂ ਵਿੱਚ ਸੁਖਨੂਰਦੀਪ ਸਿੰਘ ਨੇ 88% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ।

ਰਮਨਪ੍ਰੀਤ ਕੌਰ ਨੇ 86%, ਮਨਪ੍ਰੀਤ ਕੌਰ ਨੇ 85%, ਸਿਮਰਨਪ੍ਰੀਤ ਕੌਰ ਅਤੇ ਸਮਰਜੀਤ ਸਿੰਘ ਨੇ 83%, ਮਨਮੀਤ ਕੌਰ ਨੇ 81% ਅਤੇ ਸਰਬਜੋਤ ਸਿੰਘ ਨੇ 80% ਅੰਕ ਪ੍ਰਾਪਤ ਕਰਕੇ ਆਪਣੀ ਅਕਾਦਮਿਕ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਪ੍ਰਸ਼ਾਸਨ ਨੇ ਸਾਰੇ ਸਫਲ ਵਿਦਿਆਰਥੀਆਂ ਦੇ ਉਜਵਲ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸੇ ਜਜ਼ਬੇ, ਲਗਨ ਅਤੇ ਮਿਹਨਤ ਨਾਲ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ।

# ਸਾਂਸਦ ਔਜਲਾ ਨੂੰ ਦੱਸੀਆਂ ਨਿਊ ਅੰਮ੍ਰਿਤਸਰ ਦੀਆਂ ਸਮੱਸਿਆਵਾਂ

ਛੇਹਰਟਾ, (ਮਨੋਜ ਕੁਮਾਰ) : ਨਿਊ ਅੰਮ੍ਰਿਤਸਰ ਇਲਾਕਾ ਵਾਸੀ ਐਤਵਾਰ ਨੂੰ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਤੇ ਉਨ੍ਹਾਂ ਦੇ ਪਿਤਾ ਸਰਬਜੀਤ ਸਿੰਘ ਔਜਲਾ ਨਾਲ ਮਿਲਣ ਪੁੱਜੇ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਦੌਰਾਨ



ਇਲਾਕਾ ਵਾਸੀਆਂ ਨੇ ਇਲਾਕੇ ਦੀਆਂ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਉਂਦੇ ਹੋਏ ਜਲਦ ਹੱਲ ਦੀ ਮੰਗ ਕੀਤੀ। ਮੁਲਾਕਾਤ ਦੌਰਾਨ ਇਲਾਕਾ ਵਾਸੀਆਂ ਨੇ ਦੱਸਿਆ ਕਿ ਨਿਊ ਅੰਮ੍ਰਿਤਸਰ ਵਿੱਚ ਲੰਮੇ ਸਮੇਂ ਤੋਂ ਕਈ ਬੁਨਿਆਦੀ ਸਮੱਸਿਆਵਾਂ ਲੋਕਾਂ ਲਈ ਪਰੇਸ਼ਾਨੀ ਦਾ ਕਾਰਨ ਬਣੀਆਂ ਹੋਈਆਂ ਹਨ, ਜਿਨ੍ਹਾਂ ਦੇ ਹੱਲ ਲਈ ਪ੍ਰਸ਼ਾਸਨਿਕ ਪੱਧਰ 'ਤੇ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਲੋੜ ਹੈ। ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਨਿਊ ਅੰਮ੍ਰਿਤਸਰ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਜਲਦ ਯੋਗ ਕਾਰਵਾਈ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ ਉਤੇ ਕੀਤਾ ਜਾਵੇਗਾ ਤੇ ਕਿਸੇ ਵੀ ਇਲਾਕੇ ਨੂੰ ਅਣਡਿੱਠਾ ਨਹੀਂ ਹੋਣ ਦਿੱਤਾ ਜਾਵੇਗਾ। ਇਸ ਮੌਕੇ ਨਿਊ ਅੰਮ੍ਰਿਤਸਰ ਦੇ ਕੁਲਜੀਤ ਸਿੰਘ, ਮਲਕੀਤ ਸਿੰਘ, ਰਵਿੰਦਰ ਸਿੰਘ, ਰਾਕੇਸ਼ ਸ਼ਰਮਾ, ਜੱਜ ਕੁਮਾਰ, ਅਮਨ ਅਤਰੀ, ਹਰਵਿੰਦਰ ਸਿੰਘ, ਮਨਦੀਪ ਸਿੰਘ, ਸਾਹਿਲ ਮਹਾਜਨ, ਰਮੇਸ਼ ਸ਼ਰਮਾ, ਧਿਆਨ ਸਿੰਘ, ਭੁਪਿੰਦਰ ਸਿੰਘ ਆਦਿ ਇਲਾਕਾ ਵਾਸੀ ਮੌਜੂਦ ਸਨ।

# ਮਾਂ ਦਿਵਸ 'ਤੇ ਵਿਸ਼ਵ ਨਾਰੀ ਮੰਚ ਵੱਲੋਂ ਜਗੀਰ ਕੌਰ ਮੀਰਾਂਕੋਟ ਸਨਮਾਨਿਤ



ਝਬਾਲ (ਹਰਜਿੰਦਰ ਸਿੰਘ ਸੋਨੀ)- ਮਾਂ ਦਿਵਸ 'ਤੇ ਵਿਸ਼ਵ ਨਾਰੀ ਮੰਚ ਵੱਲੋਂ ਅੰਮ੍ਰਿਤਸਰ ਵਿਖੇ ਇਕ ਭਰਵਾਂ ਸਾਹਿਤਕ ਸਮਾਗਮ ਕਰਕੇ ਸਮਾਜ ਸੇਵਕਾ, ਸਾਹਿਤਕਾਰ ਤੇ ਔਰਤਾਂ ਦੇ ਸ਼ੋਸ਼ਣ ਖਿਲਾਫ ਨਿਧੜਕ ਜੁਝਾਰੂ ਜਗੀਰ ਕੌਰ ਮੀਰਾਂਕੋਟ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਸਨਮਾਨਿਤ ਕਰਨ ਵਾਲਿਆਂ ਵਿੱਚ ਵਿਸ਼ਵ ਨਾਰੀ ਮੰਚ ਦੀ ਪ੍ਰਧਾਨ ਨਿਰਮਲ ਕੌਰ ਕੋਟਲਾ, ਸਤਨਾਮ ਕੌਰ ਬਾਜਵਾ, ਬਲਵਿੰਦਰ ਕੌਰ ਪੰਧੇਰ, ਭੁਪਿੰਦਰ ਸਿੰਘ ਸੰਧੂ, ਜਸਬੀਰ ਸਿੰਘ ਝਬਾਲ ਤੇ ਵਿਸ਼ੇਸ਼ ਤੌਰ 'ਤੇ ਸਮਾਰੋਹ ਵਿੱਚ ਪਹੁੰਚੇ ਗੁਰਜੀਤ ਸਿੰਘ ਔਜਲਾ ਮੈਂਬਰ ਪਾਰਲੀਮੈਂਟ ਨੇ ਸਨਮਾਨਿਤ ਕੀਤਾ।ਇਸ ਸਾਹਿਤਕ ਸਾਦੇ ਸਮਾਰੋਹ ਨੂੰ ਪੰਜਾਬੀ ਸੱਭਿਆਚਾਰ ਸੱਥ ਤੇ ਸਾਹਿਤ ਸੰਸਥਾ ਅੰਮ੍ਰਿਤਸਰ ਦੇ ਪ੍ਰਧਾਨ ਜਸਬੀਰ ਸਿੰਘ ਝਬਾਲ ਨੇ ਸੰਬੋਧਨ ਕੀਤਾ।ਇਨ੍ਹਾਂ ਤੋਂ ਇਲਾਵਾ ਅਤਰ ਸਿੰਘ ਤਰਸਿੱਕਾ, ਭੁਪਿੰਦਰ ਸਿੰਘ ਸੰਧੂ ਅਤੇ ਗੁਰਜੀਤ ਸਿੰਘ ਔਜਲਾ ਨੇ ਮਾਂ ਦਿਵਸ 'ਤੇ ਮਾਂ ਦੀ ਮਹੱਤਤਾ 'ਤੇ ਵਿਚਾਰ ਪੇਸ਼ ਕੀਤੇ। ਵੱਖ-ਵੱਖ ਕਵੀਆਂ ਨੇ ਕਵਿਤਾਵਾਂ ਪੇਸ਼ ਕਰਕੇ ਖ਼ੂਬ ਰੰਗ ਬੰਨ੍ਹਿਆ। ਪੰਜਾਬੀ ਦੇ ਮਸ਼ਹੂਰ ਗਾਇਕ ਔਜਲਾ ਬ੍ਰਦਰ ਨੇ ਖ਼ੂਬਸੂਰਤ ਗੀਤ ਗਾ ਕੇ ਸਾਹਿਤਿਕ ਸਮਾਗਮ ਦਾ ਮੇਲਾ ਲੁੱਟ ਲਿਆ।

# ਧਾਰ ਕਲਾਂ ਬਲਾਕ ਦੇ ਕਈ ਪਿੰਡਾਂ 'ਚ ਪਾਣੀ ਦੀ ਸਮੱਸਿਆ ਮੂੰਹ ਅੱਡੀ ਖੜੀ

ਪਠਾਨਕੋਟ (ਦਵਿੰਦਰ ਸਿੰਘ)- ਪਠਾਨਕੋਟ ਦੇ ਧਾਰ ਕਲਾਂ ਬਲਾਕ ਅਧੀਨ ਆਉਂਦੇ ਕਈ ਪਿੰਡਾਂ ਵਿੱਚ ਗਰਮੀਆਂ



ਆਉਂਦਿਆਂ ਹੀ ਹਰ ਸਾਲ ਪੀਣ ਵਾਲੇ ਪਾਣੀ ਦੀ ਸਮੱਸਿਆ ਖੜੀ ਹੋ ਜਾਂਦੀ ਹੈ, ਪਰ ਸਰਕਾਰ ਵੱਲੋਂ ਅਜੇ ਤੱਕ ਇਸ ਦਾ ਕੋਈ ਠੋਸ ਹੱਲ ਨਹੀਂ ਕੱਢਿਆ ਗਿਆ।ਵਾਟਰ ਸਪਲਾਈ ਵਿਭਾਗ ਕੁੰਭਕਰਨ ਦੀ ਨੀਂਦ ਸੌਂ ਰਿਹਾ ਹੈ।ਵਿਭਾਗ ਦੇ ਕਰਮਚਾਰੀ ਅਤੇ ਵੱਡੇ ਅਧਿਕਾਰੀ ਲੋਕਾਂ ਦੀ ਸਮੱਸਿਆ ਨਹੀਂ ਸੁਣਦੇ।ਕਈ ਮਹੀਨਿਆਂ ਤੋਂ ਖਰਾਬ ਪਈ ਵਾਟਰ ਸਪਲਾਈ ਦੀ ਮੋਟਰ ਦਿਖਾਉਂਦੇ ਹੋਏ ਪਿੰਡ ਹਾੜਾ ਦੇ ਸਰਪੰਚ ਸੁਰਿੰਦਰ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਕਈ ਵਾਰ ਵਾਟਰ ਸਪਲਾਈ ਵਿਭਾਗ ਦੇ ਐੱਸਡੀਓ ਸਾਹਿਬ ਨੂੰ ਜਾਣੂ ਕਰਵਾਇਆ ਜਾ ਚੁੱਕਾ ਹੈ, ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ।ਇਹ ਵਾਟਰ ਸਪਲਾਈ ਹਰਿਆਲ ਤੋਂ ਹਾੜਾ ਰੋਡ 'ਤੇ ਤਰਵਾੜਾ ਵਿੱਚ ਸਥਿਤ ਹੈ।ਆਮ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਭਾਰੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਹੁਣ ਸਬਰ ਦਾ ਬੰਨ੍ਹ ਟੁੱਟ ਚੁੱਕਾ ਹੈ।ਜੇਕਰ ਸਾਡੀ ਸਮੱਸਿਆ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਪੂਰੇ ਪਿੰਡ ਦੇ ਲੋਕਾਂ ਨਾਲ ਮਿਲ ਕੇ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ।ਜੋ ਅਧਿਕਾਰੀ ਆਪਣੀ ਜ਼ਿੰਮੇਵਾਰੀ ਢੰਗ ਨਾਲ ਨਹੀਂ ਨਿਭਾ ਰਹੇ, ਉਨ੍ਹਾਂ ਖ਼ਿਲਾਫ਼ ਮਾਨਯੋਗ ਮੁੱਖ ਮੰਤਰੀ ਪੰਜਾਬ ਨੂੰ ਲਿਖਤੀ ਸ਼ਿਕਾਇਤ ਕੀਤੀ ਜਾਵੇਗੀ।

# ਫਰਾਂਸ ਵੱਸਦੇ ਪੰਜਾਬੀ ਨੌਜੁਆਨਾਂ ਨੇ ਫੜਿਆ ਅਕਾਲੀ ਦਲ ਦਾ ਪੱਲਾ : ਅਟਵਾਲ/ਸੁਰਜੀਤ ਮਾਣਾ



ਧਾਰੀਵਾਲ, (ਮਨਦੀਪ ਵਿੱਕੀ)- ਕੇਂਦਰ ਸਣੇ ਇੱਕੀ ਰਾਜਾਂ 'ਚ ਆਪਣੇ ਦਮ 'ਤੇ ਸਰਕਾਰਾਂ ਚਲਾ ਰਹੀ ਭਾਜਪਾ ਦਾ ਹੌਸਲਾ ਵੀ ਪੱਛਮੀ ਬੰਗਾਲ ਦਾ ਕਿਲ੍ਹਾ ਜਿੱਤਣ ਉਪਰੰਤ ਸਿਖਰ 'ਤੇ ਪਹੁੰਚ ਗਿਆ ਹੈ ਜਿਸ ਕਾਰਨ ਪੰਜਾਬ ਨਾਲ ਸਬੰਧਿਤ ਭਾਜਪਾਈਆਂ ਨੇ ਕਿਸੇ ਨਾਲ ਗੱਠਜੋੜ ਕੀਤੇ ਵਗੈਰ ਮੈਦਾਨੀ ਚੋਣ ਵਿੱਚ ਨਿਤਰਨ ਦਾ ਮਨ ਬਣਾ ਲਿਆ ਲੱਗਦਾ ਹੈ। ਸ਼੍ਰੋਮਣੀ ਅਕਾਲੀ ਦਲ ਜਿਸ ਦੇ ਸਹਾਰੇ ਪੰਜਾਬ 'ਚ ਭਾਜਪਾ ਦੀ ਪਹਿਚਾਣ ਬਣੀ ਸੀ, ਨੇ ਵੀ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਭਰ ਵਿੱਚ ਹੋ ਚੁੱਕੀਆਂ ਰੈਲੀਆਂ ਦੀ ਸਫਲਤਾ ਨੂੰ ਦੇਖਦੇ ਹੋਏ ਇਕੱਲਿਆ ਚੋਣਾਂ ਲੜਨ ਦਾ ਬਿਗਲ ਵਜਾ ਦਿੱਤਾ ਹੈ। ਪੰਜਾਬ ਭਰ ਤੋਂ ਰਾਜਨੀਤਿਕ ਪਾਰਟੀਆਂ ਦਾ ਸਾਥ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਵਾਲੇ ਪਰਿਵਾਰਾਂ, ਸਰਪੰਚਾਂ, ਸਾਬਕਾ ਮੰਤਰੀਆਂ ਅਤੇ ਵਿਧਾਇਕਾਂ ਦੀ ਹੋੜ ਨੂੰ ਦੇਖਦੇ ਹੋਏ ਐੱਨ ਆਰ ਆਈਆਂ ਨੇ ਵੀ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕਰਨ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਹੈਂ, ਜਿਸਦੀ ਤਾਜ਼ਾ ਮਿਸਾਲ ਸ਼੍ਰੋ.ਅ.ਦਲ ਯੂਰਪ ਦੇ ਮੁਖੀ ਸ. ਇਕਬਾਲ ਸਿੰਘ ਭੱਟੀ ਦੀ ਪ੍ਰੇਰਨਾ ਸਦਕਾ ਫਰਾਂਸ ਵੱਸਦੇ ਪੰਜਾਬੀ ਨੌਜੁਆਨਾਂ ਦੇ ਰਲੇਵੇਂ ਤੋਂ ਮਿਲਦੀ ਹੈ। ਇਸ ਬਾਰੇ ਵਿਸਥਾਰਤ ਜਾਣਕਾਰੀ ਦਿੰਦੇ ਹੋਏ ਸ਼੍ਰੋਮਣੀ ਅਕਾਲੀ ਦਲ ਫਰਾਂਸ ਯੂਨਿਟ ਦੇ ਸੈਕਟਰੀ ਸੁਰਜੀਤ ਸਿੰਘ ਮਾਣਾ ਅਤੇ ਯੂਥ ਅਕਾਲੀ ਦਲ ਯੂਰਪ ਵਿੰਗ ਦੇ ਪ੍ਰਧਾਨ ਜਸਪ੍ਰੀਤ ਸਿੰਘ ਅਟਵਾਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਯੂਰਪ ਦੇ ਮੁਖੀ ਇਕਬਾਲ ਸਿੰਘ ਭੱਟੀ ਦੀ ਬਦੌਲਤ ਐਨ ਆਰ ਆਈਜ਼ ਧੜਾਧੜ ਅਕਾਲੀ ਦਲ ਵਿੱਚ ਸ਼ਾਮਿਲ ਹੋ ਰਹੇ ਹਨ ਜੋ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਲਈ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਵੱਡੀ ਜਿੱਤ ਦਾ ਸ਼ੁਭ ਸੰਕੇਤ ਹੈ।

# ਬੇਅਦਬੀ ਕਰਨ ਵਾਲਿਆਂ ਵਿਰੁੱਧ ਬਣਾਇਆ ਕਾਨੂੰਨ ਪ੍ਰਸ਼ੰਸਾਯੋਗ : ਮਾਸਟਰ ਗੰਗਾ ਸਿੰਘ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)- ਸਾਬਕਾ ਸਰਪੰਚ ਅਤੇ ਰਿਟਾਇਰਡ ਪ੍ਰਿੰਸੀਪਲ ਗੰਗਾ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਹਲਕਾ ਮਜੀਠਾ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ ਆਈ ਹੈ ਅਤੇ ਸਮੂਹ ਹਲਕਾ ਮਜੀਠਾ ਦੇ ਲੋਕ ਆਮ ਆਦਮੀ ਪਾਰਟੀ ਦੇ ਕੀਤੇ ਕਾਰਜਾਂ ਤੋਂ ਬਹੁਤ ਖੁਸ਼ ਹਨ। ਸਾਬਕਾ ਸਰਪੰਚ ਨੇ ਦੱਸਿਆ ਕਿ ਮਾਨ ਸਰਕਾਰ ਵੱਲੋਂ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਵਾਲਿਆਂ ਵਿਰੁੱਧ ਸਖਤ ਕਾਨੂੰਨ ਬਣਾਏ ਹਨ ਉਹ ਪ੍ਰਸ਼ੰਸਾਯੋਗ ਹਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ ਹੈ ਜਿਸ ਦਾ ਸਿਹਰਾ ਸਰਦਾਰ ਭਗਵੰਤ ਸਿੰਘ ਮਾਨ ਦੇ ਸਿਰ ਜਾਂਦਾ ਹੈ।



# ਕੋਆਪਰੇਟਿਵ ਸੁਸਾਇਟੀਆਂ ਦੇ ਮਸਲਿਆਂ ਨੂੰ ਲੈ ਕੇ ਜਮਹੂਰੀ ਕਿਸਾਨ ਸਭਾ ਵੱਲੋਂ ਇਕੱਤਰਤਾ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਪੰਜਾਬ ਦੇ ਪਿੰਡਾਂ ਦੀਆਂ ਕੋਆਪਰੇਟਿਵ ਸੁਸਾਇਟੀਆਂ ਦੇ ਗੰਭੀਰ ਮਸਲਿਆਂ ਨੂੰ ਲੈ ਕੇ ਅਜਨਾਲਾ ਵਿਖੇ ਜਮਹੂਰੀ ਕਿਸਾਨ ਸਭਾ ਦੀ ਅਗਵਾਈ 'ਚ ਵਿਸ਼ਾਲ ਇਕੱਤਰਤਾ ਹੋਈ। ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਨੇ ਇਕੱਠ 'ਚ ਬੋਲਦਿਆਂ ਪੁਰਜ਼ੋਰ ਮੰਗ ਕੀਤੀ ਕਿ ਕੋਆਪਰੇਟਿਵ ਸੁਸਾਇਟੀਆਂ ਦੇ ਕੰਮ ਕਾਜ ਨੂੰ ਕਿਸਾਨ ਤੇ ਖੇਤ ਮਜ਼ਦੂਰ ਪੱਖੀ ਬਣਾਉਣ ਲਈ ਨਵੇਂ ਮੈਂਬਰ ਭਰਤੀ ਕੀਤੇ ਜਾਣ ਅਤੇ ਉਚੇਚੇ ਤੌਰ 'ਤੇ ਖੇਤ ਮਜ਼ਦੂਰਾਂ ਨੂੰ ਵੀ ਇਨ੍ਹਾਂ ਸੁਸਾਇਟੀਆਂ ਦਾ ਮੈਂਬਰ ਬਣਾਉਣਾ ਲਾਜ਼ਮੀ ਕੀਤਾ ਜਾਵੇ! ਉਨ੍ਹਾਂ ਦੱਸਿਆ ਕਿ ਜਿਹੜੇ ਸੁਸਾਇਟੀ ਦੇ ਮੈਂਬਰ ਦੀ ਮੌਤ ਹੋ ਜਾਂਦੀ ਹੈ ਉਸਦੇ ਪੁੱਤਰ ਵੱਲੋਂ ਮੰਗ ਕਰਨ 'ਤੇ ਵੀ ਸੁਸਾਇਟੀ ਦਾ ਮੈਂਬਰ ਨਹੀਂ ਬਣਾਇਆ ਜਾ ਰਿਹਾ ਜਿਸ ਕਾਰਨ ਉਨ੍ਹਾਂ ਮ੍ਰਿਤਕ ਦੇ ਪਰਿਵਾਰਾਂ ਨੂੰ ਖਾਦ, ਬੀਜ ਤੇ ਨਗਦੀ ਨਹੀਂ ਮਿਲਦੀ ਜਿਸ ਕਾਰਨ ਉਨ੍ਹਾਂ ਦੀ ਖੇਤੀ ਪ੍ਰਭਾਵਿਤ ਹੁੰਦੀ ਹੈ। ਡਾ. ਅਜਨਾਲਾ ਨੇ ਪੰਜਾਬ ਸਰਕਾਰ ਦੇ ਕੋਆਪਰੇਟਿਵ ਮਨਿਸਟਰ ਹਰਪਾਲ ਸਿੰਘ ਚੀਮਾ ਦੀ ਨਿਖੇਧੀ ਕਰਦਿਆਂ ਕਿਹਾ ਕਿ ਜਦੋਂ ਇਹ ਮਨਿਸਟਰ ਬਣੇ ਹਨ ਕੋਆਪਰੇਟਿਵ ਸੁਸਾਇਟੀਆਂ ਦੇ ਕੰਮ ਕਾਜ ਨੂੰ ਲੋਕ ਪੱਖੀ ਬਣਾਉਣ ਲਈ ਅਜੇ ਤੱਕ ਕੋਈ ਵੀ ਕਦਮ ਨਹੀਂ ਚੁੱਕਿਆ। ਉਨ੍ਹਾਂ ਕਿਹਾ ਕਿ ਜੇਕਰ ਕੋਆਪਰੇਟਿਵ ਸੁਸਾਇਟੀਆਂ ਦੀਆਂ ਮੰਗਾਂ ਜਲਦੀ ਨਾ ਮੰਨੀਆਂ ਤਾਂ ਸੰਯੁਕਤ ਕਿਸਾਨ ਮੋਰਚਾ



ਸਖ਼ਤ ਕਦਮ ਚੁੱਕਣ ਲਈ ਮਜਬੂਰ ਹੋਵੇਗਾ। ਇਸ ਸਮੇਂ ਲਖਬੀਰ ਸਿੰਘ ਤੇੜਾਂ ਰਾਜਪੂਤਾਂ, ਰਜਿੰਦਰ ਸਿੰਘ ਭੱਲਾ ਪਿੰਡ, ਪ੍ਰਧਾਨ ਜਤਿੰਦਰ ਸਿੰਘ ਜਾਫਰਕੋਟ, ਹਰਜੀਤ ਸਿੰਘ ਤੇ ਸੁਖਪ੍ਰੀਤ ਸਿੰਘ ਕੋਟਲੀ ਖਹਿਰਾ, ਕੁਲਦੀਪ ਸਿੰਘ ਜਾਫਰਕੋਟ, ਔਰਤ ਮੁਕਤੀ ਮੋਰਚਾ ਦੀ ਸੈਕਟਰੀ ਬੀਬੀ ਸਰਬਜੀਤ ਕੌਰ ਜਸਰਾਊਰ, ਗੌਰਵ ਸਾਰੰਗਦੇਵ, ਸੰਦੀਪ ਸਿੰਘ ਸਾ: ਸਰਪੰਚ ਜਾਫਰਕੋਟ, ਹਰਨੇਕ ਸਿੰਘ ਨੇਪਾਲ, ਨਿਰੰਜਨ ਸਿੰਘ ਜਸਰਾਊਰ, ਹਰਪਾਲ ਸਿੰਘ, ਬਲਜੀਤ ਸਿੰਘ ਰਜਿੰਦਰ ਸਿੰਘ ਸੈਦੋਗਾਜੀ ਆਦਿ ਨੇ ਵੀ ਮੌਜੂਦ ਸਨ।

# 20 ਨੂੰ ਪੂਰੇ ਦੇਸ਼ ਦੇ ਮੈਡੀਕਲ ਸਟੋਰ ਬੰਦ ਰਹਿਣਗੇ : ਕੈਮਿਸਟ ਐਸੋਸੀਏਸ਼ਨ



ਪੱਟੀ, (ਬਲਦੇਵ ਸਿੰਘ)- ਕੈਮਿਸਟ ਐਸੋਸੀਏਸ਼ਨ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਬਿਮਲ ਅਗਰਵਾਲ ਵੱਲੋਂ ਜ਼ਿਲ੍ਹਾ ਤਰਨ ਤਾਰਨ ਦੇ ਸਮੁੱਚੇ ਕੈਮਿਸਟ ਭਾਈਚਾਰੇ ਦੇ ਨਾਲ ਅਹਿਮ ਮੀਟਿੰਗ ਰੱਖੀ ਗਈ।ਇਸ ਮੌਕੇ ਉਨ੍ਹਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਕੈਮਿਸਟ ਐਸੋਸੀਏਸ਼ਨ ਅਤੇ ਆਲ ਇੰਡੀਆ ਆਰਗੇਨਾਈਜੇਸ਼ਨ ਆਫ਼ ਕੈਮਿਸਟ ਐਂਡ ਡਰੱਗਿਸਟ ਐਸੋਸੀਏਸ਼ਨ ਵੱਲੋਂ ਆਲ ਇੰਡੀਆ ਦੇ ਪ੍ਰਧਾਨ ਜੇ. ਐੱਸ. ਸ਼ਿੰਦੇ, ਜਨਰਲ ਸੈਕਟਰੀ ਰਾਜੀਵ ਸਿੰਗਲਾ, ਪੰਜਾਬ ਪ੍ਰਧਾਨ ਸੁਰਿੰਦਰ ਦੁੱਗਲ ਵੱਲੋਂ ਦਿੱਤੇ ਹੁਕਮਾਂ ਤਹਿਤ 20 ਮਈ ਨੂੰ ਪੂਰੇ ਭਾਰਤ ਵਿਚ ਮੈਡੀਕਲ ਸਟੋਰ ਬੰਦ ਕਰਨ ਦਾ ਸੱਦਾ ਦਿੱਤਾ ਗਿਆ ਹੈ।ਇਸਦਾ ਮੁੱਖ ਕਾਰਨ ਆਨਲਾਈਨ ਦਵਾਈਆਂ ਦੀ ਹੋ ਰਹੀ ਵਿਕਰੀ ਹੈ, ਜਿਸ ਵਿਚ ਨਕਲੀ ਅਤੇ ਨਸ਼ੀਲੀਆਂ ਦਵਾਈਆਂ ਦੀ ਵਿਕਰੀ ਵੀ ਸ਼ਾਮਿਲ ਹੈ। ਇਸ ਮੌਕੇ ਮੁਨੀਸ਼ ਅਰੋੜਾ ਜਨਰਲ ਸੈਕਟਰੀ, ਨਰਿੰਦਰ ਪੁਰੀ ਚੇਅਰਮੈਨ, ਸੰਜੇ ਗੁਪਤਾ ਸ਼ਹਿਰੀ ਪ੍ਰਧਾਨ, ਜਤਿੰਦਰਜੀਤ ਸਿੰਘ ਸ਼ਹਿਰੀ ਜਨਰਲ ਸਕੱਤਰ, ਜਤਿਨ ਅਗਰਵਾਲ, ਰੋਹਿਤ ਭਾਰਦਵਾਜ, ਮੁਨੀਸ਼ ਮਿੱਤਲ, ਵੀਰੂ ਰਾਮ, ਅਸ਼ਵਨੀ ਕੁਮਾਰ ਐੱਸ. ਕੇ., ਇੰਦਰਜੀਤ ਸਿੰਘ, ਅਮਨਦੀਪ ਸਿੰਘ, ਸੁਰਿੰਦਰ ਕੁਮਾਰ, ਕ੍ਰਿਪਾਲ ਸਿੰਘ, ਸ਼ਿੰਦਰ ਢਿੱਲੋਂ, ਸਾਹਿਬ ਸਿੰਘ, ਕ੍ਰਿਸ਼ਨ ਲਾਲ ਕੱਕੜ, ਰਜਿੰਦਰ ਕੱਕੜ, ਪ੍ਰੀਤਪਾਲ ਸਿੰਘ, ਸੁਭਾਸ਼ ਚੰਦਰ, ਨਿਤੀਸ਼ ਕੱਕੜ, ਮਨਜੀਤ ਸਿੰਘ, ਪ੍ਰਿੰਸ ਕੁਮਾਰ, ਅਜੇ ਅਤੇ ਰਣਬੀਰ ਸਿੰਘ ਆਦਿ ਕੈਮਿਸਟ ਮੌਜੂਦ ਸਨ।

# ਸ਼ਹੀਦ ਦੀਪਕ ਧਵਨ ਤੇ ਹੋਰ ਸ਼ਹੀਦ ਸਾਥੀਆਂ ਦੀ ਸਾਲਾਨਾ ਬਰਸੀ 19 ਨੂੰ : ਪੰਡੋਰੀ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰਕ ਸਾਂਝ ਦੀ ਰਾਖੀ ਕਰਦਿਆਂ ਕਾਲੀਆਂ ਤਾਕਤਾਂ ਹੱਥੋਂ ਸ਼ਹੀਦ ਹੋਏ ਸਾਥੀ ਦੀਪਕ ਧਵਨ, ਡਾਕਟਰ ਅਵਤਾਰ ਸਿੰਘ ਚੁਤਾਲਾ, ਸੁੱਚਾ ਸਿੰਘ ਨਾਰਲਾ, ਗੁਰਪ੍ਰਤਾਪ ਸਿੰਘ ਜਾਮਾਰਾਏ, ਚੇਲਾ (ਭਿੱਖੀਵਿੰਡ) ਦੇ ਸ਼ਹੀਦ ਹੋਏ ਪ੍ਰਵਾਰ ਅਤੇ ਕੁਦਰਤੀ ਮੌਤ ਨਾਲ ਵਿਛੜ ਚੁੱਕੇ ਸਾਥੀਆਂ ਦੀ ਸਾਲਾਨਾ ਬਰਸੀ 19 ਮਈ ਨੂੰ ਤਰਨ ਤਾਰਨ ਵਿਖੇ ਮਨਾਈ ਜਾਵੇਗੀ, ਜਿਸ ਦੀਆਂ ਤਿਆਰੀਆਂ ਪੂਰੇ ਜ਼ੋਰਾਂ ਨਾਲ ਚਲ ਰਹੀਆਂ ਹਨ। ਇਹ ਜਾਣਕਾਰੀ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਜ਼ਿਲ੍ਹਾ ਵਿੱਤ ਸਕੱਤਰ ਬਲਦੇਵ ਸਿੰਘ ਪੰਡੋਰੀ ਨੇ ਇਕ ਪ੍ਰੈੱਸ ਬਿਆਨ ਰਾਹੀਂ ਦਿੱਤੀ ।ਸਾਥੀ ਪੰਡੋਰੀ ਨੇ ਦੱਸਿਆ ਕਿ ਵਿਛੜ ਚੁੱਕੇ ਸਾਥੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪਾਰਟੀ ਦੇ ਜਰਨਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ, ਸੂਬਾ ਪ੍ਰਧਾਨ ਰਤਨ ਸਿੰਘ ਰੰਧਾਵਾ, ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਤੋਂ ਇਲਾਵਾ ਜ਼ਿਲ੍ਹਾ ਆਗੂ ਸ਼ਹੀਦਾਂ ਨੂੰ ਸਿਜਦਾ ਕਰਨਗੇ ।ਉਨ੍ਹਾਂ ਕਿਹਾ ਕਿ ਬੀਜੇਪੀ ਅਤੇ ਇਸ ਦੀਆਂ ਸਹਿਯੋਗੀ ਪਾਰਟੀਆਂ ਧਰਮਾਂ, ਜਾਤਾਂ ਦੀਆਂ ਵੰਡੀਆਂ ਪਾ ਕੇ ਦੇਸ਼ ਦੇ ਟੋਟੇ-ਟੋਟੇ ਕਰਨ ਵੱਲ ਤੁਰੀਆਂ ਹੋਈਆਂ ਹਨ ।ਪੰਡੋਰੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਬੀਜੇਪੀ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਅਤੇ ਆਮ ਲੋਕਾਂ ਵਿਰੋਧੀ ਨੀਤੀਆਂ ਕਾਰਨ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ 'ਤੇ ਟੈਕਸਾਂ ਦਾ ਭਾਰੀ ਬੋਝ ਪਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਦਾ ਜੀਵਨ ਪੱਧਰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਜਾ ਰਿਹਾ।



# ਭਾਰੀ ਤੂਫਾਨ ਤੇ ਮੀਂਹ ਕਾਰਨ ਰੁੱਖ ਅਤੇ ਬਿਜਲੀ ਦੇ ਖੰਭੇ ਡਿੱਗੇ ; ਬਿਜਲੀ ਰਹੀ ਬੰਦ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਦੇਰ ਰਾਤ ਕਾਦੀਆਂ ਆਸ ਪਾਸ ਤੇ ਇਲਾਕਿਆਂ ਵਿੱਚ ਆਏ ਭਾਰੀ ਤੂਫ਼ਾਨ ਅਤੇ ਮੀਂਹ ਨੇ ਰੁੱਖ ਤੇ ਬਿਜਲੀ ਦੇ ਖੰਭੇ ਉਖਾੜ ਸੁੱਟੇ, ਬਿਜਲੀ ਸਪਲਾਈ ਬੰਦ ਰਹੀ।ਮੀਂਹ ਕਾਰਨ ਮੰਡੀਆਂ ਵਿੱਚ ਕਣਕ ਭਿੱਜ ਗਈ। ਦਾਣਾ ਮੰਡੀਆਂ ਵਿਚ ਢੁੱਕਵੇਂ ਪ੍ਰਬੰਧਾਂ ਦੀ ਘਾਟ ਕਾਰਨ ਫ਼ਸਲ ਨੂੰ ਮੀਂਹ ਤੋਂ ਨਹੀਂ ਬਚਾਇਆ ਜਾ ਸਕਿਆ।ਕਈ ਥਾਵਾਂ 'ਤੇ ਕਣਕ ਦੇ ਢੇਰ ਪੂਰੀ ਤਰ੍ਹਾਂ ਭਿੱਜ ਗਏ ਜਿਸ ਨਾਲ ਕਣਕ ਦੀ ਗੁਣਵੱਤਾ 'ਤੇ ਅਸਰ ਪੈਣ ਦੀ ਸੰਭਾਵਨਾ ਹੈ।ਕਿਸਾਨਾਂ ਨੂੰ ਵਿੱਤੀ ਨੁਕਸਾਨ ਹੋ ਸਕਦਾ ਹੈ। ਪਿੰਡ ਬਸਰਾਵਾਂ ਵਿੱਚ ਪੋਲਟਰੀ ਫਾਰਮ ਦੇ ਨਜ਼ਦੀਕ ਡਿੱਗਿਆ ਪੋਲ, ਟਰਾਂਸਫਾਰਮਰ ਅਤੇ ਰੁੱਖਾਂ ਕਾਰਨ ਪੋਲਟਰੀ ਫਾਰਮ ਦੇ ਮਾਲਕ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਪੋਲਟਰੀ ਫਾਰਮ ਵਿੱਚ 20 ਹਜ਼ਾਰ ਤੋਂ ਕਰੀਬ ਜੀਵ ਹਨ।ਪੋਲਟਰੀ ਫਾਰਮ ਦੇ ਆਲੇ-ਦੁਆਲੇ ਮਿਆਦ ਪੁਗਾ ਚੁੱਕੇ ਰੁੱਖ ਕਿਸੇ ਵੇਲੇ ਵੀ ਪੋਲਟਰੀ ਫਾਰਮ 'ਤੇ ਡਿੱਗ ਸਕਦੇ ਹਨ।ਫਾਰਮ ਦੇ ਮਾਲਕ ਨੇ ਜੰਗਲਾਤ ਵਿਭਾਗ ਕੋਲੋਂ ਮੰਗ ਕੀਤੀ ਹੈ ਕਿ ਇਨ੍ਹਾਂ ਰੁੱਖਾਂ



ਦੀ ਜਲਦੀ ਤੋਂ ਜਲਦੀ ਕਟਾਈ ਕਰਵਾਈ ਜਾਵੇ। ਉਧਰ ਦੂਜੇ ਪਾਸੇ ਵੱਖ-ਵੱਖ ਥਾਵਾਂ 'ਤੇ ਬਿਜਲੀ ਟ੍ਰਾਂਸਫਾਰਮਰ ਅਤੇ ਪੋਲ ਅਤੇ ਬਿਜਲੀ ਦੀਆਂ ਤਾਰਾਂ ਟੁੱਟਣ ਕਾਰਨ ਜਿੱਥੇ ਬਿਜਲੀ ਵਿਭਾਗ ਦਾ ਭਾਰੀ ਨੁਕਸਾਨ ਹੋਇਆ ਉਥੇ ਹੀ ਬਿਜਲੀ ਵਿਭਾਗ ਕਾਦੀਆਂ ਦੇ ਸਮੂਹ ਕਰਮਚਾਰੀ ਸਵੇਰ ਤੋਂ ਹੀ ਆਪਣੀਆਂ ਡਿਊਟੀਆਂ ਤੇ ਤੈਨਾਤ ਸਨ।

# ਸ਼ਾਨਦਾਰ ਰਿਹਾ ਸੈਕਰਡ ਸੋਲਜ਼ ਕੌਨਵੈਂਟ ਸਕੂਲ ਕਾਲੇ ਦੀ ਦਸਵੀਂ ਕਲਾਸ ਦਾ ਨਤੀਜਾ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 11 ਮਈ ਦਿਨ ਸੋਮਵਾਰ ਨੂੰ ਦਸਵੀਂ ਕਲਾਸ ਦਾ ਨਤੀਜਾ ਐਲਾਨਿਆ ਗਿਆ ਜਿਸ ਵਿੱਚ ਸੈਕਰਡ ਸੋਲਜ਼ ਕੌਨਵੈਂਟ ਸਕੂਲ ਕਾਲੇ ਦੇ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਪ੍ਰਦਰਸ਼ਨ ਕੀਤਾ ਅਤੇ ਵਧੀਆ ਅੰਕ ਪ੍ਰਾਪਤ ਕਰਕੇ ਪੁਜ਼ੀਸ਼ਨਾਂ ਹਾਸਲ ਕੀਤੀਆਂ। ਮਹਿਕਪ੍ਰੀਤ ਕੌਰ ਨੇ 91% ਨੰਬਰ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ। ਬਾਵਾ ਸਿੰਘ ਨੇ 89% ਅੰਕ ਲੈ ਕੇ ਦੂਸਰਾ ਅਤੇ ਯੁਵਰਾਜ ਸਿੰਘ ਨੇ 87% ਅੰਕ ਹਾਸਲ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਮੌਕੇ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਸੀ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਕੰਧਾਲ ਸਿੰਘ ਬਾਠ ਅਤੇ ਐੱਮ. ਡੀ. ਮੈਡਮ ਲਖਬੀਰ ਕੌਰ ਨੇ ਬੱਚਿਆਂ ਵਿੱਚ ਮਠਿਆਈ ਵੰਡੀ ਅਤੇ ਨਾਲ ਹੀ ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਕੰਧਾਲ ਸਿੰਘ ਬਾਠ ਨੇ ਦੱਸਿਆ ਕਿ ਬੜੀ ਖੁਸ਼ੀ ਦੀ ਗੱਲ ਹੈ ਕਿ ਸਾਡੇ ਸਕੂਲ ਦੇ ਵਿਦਿਆਰਥੀਆਂ ਦਾ ਨਤੀਜਾ ਬੇਹੱਦ ਸ਼ਾਨਦਾਰ ਰਿਹਾ। ਉਨ੍ਹਾਂ ਨੇ ਬੱਚਿਆਂ ਨੂੰ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਸਖਤ ਮਿਹਨਤ ਅਤੇ ਵਧੀਆ ਅੰਕ ਪ੍ਰਾਪਤ ਕਰਨ ਲਈ ਪ੍ਰੇਰਿਆ। ਉਨ੍ਹਾਂ ਨੇ ਦੱਸਿਆ ਕਿ ਅਜਿਹੇ ਵਿਦਿਆਰਥੀ ਸਾਡੇ



ਦੇਸ਼ ਦਾ ਭਵਿੱਖ ਹਨ ਅਤੇ ਇਨ੍ਹਾਂ ਵਿਦਿਆਰਥੀਆਂ ਕਰਕੇ ਹੀ ਸਾਡੇ ਇਲਾਕੇ ਅਤੇ ਸਕੂਲ ਦਾ ਨਾਮ ਰੌਸ਼ਨ ਹੁੰਦਾ ਹੈ।

ਉਨ੍ਹਾਂ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਦੂਸਰੀਆਂ ਗਤੀਵਿਧੀਆਂ ਵਿੱਚ ਵੀ ਭਾਗ ਲੈਂਦੇ ਰਹਿਣਾ ਚਾਹੀਦਾ ਹੈ ਤਾਂ ਜੋ ਅਸੀਂ ਸਰੀਰ ਨੂੰ ਵੀ ਤੰਦਰੁਸਤ ਰੱਖ ਸਕੀਏ ਕਿਉਂਕਿ ਇੱਕ ਤੰਦਰੁਸਤ ਮਨ ਹੀ ਪੜ੍ਹਾਈ ਵਿੱਚ ਵਧੀਆ ਪ੍ਰਦਰਸ਼ਨ ਕਰ ਸਕਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੂਲ ਦੇ ਸਮੂਹ ਵਿਦਿਆਰਥੀ ਸਟਾਫ ਹਾਜ਼ਰ ਸੀ।

# ਆਤਮ ਪਬਲਿਕ ਸਕੂਲ 'ਚ ਪੰਜਾਬੀ ਫਿਲਮ ਜੈੱਨ-ਜ਼ੀ ਦਾ ਪ੍ਰੀਮੀਅਰ ਸ਼ੋਅ ਦਿਖਾਇਆ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਅਲਫਿਆਜ਼ ਐਕਟਿੰਗ ਅਕੈਡਮੀ ਦੇ ਬੈਨਰ ਹੇਠ ਤਿਆਰ ਹੋਈ ਪੰਜਾਬੀ ਫਿਲਮ ਜੈੱਨ ਜ਼ੀ ਦਾ ਪਰੀਮੀਅਰ ਸ਼ੋਅ ਸਥਾਨਕ ਆਤਮ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਿਖਾਇਆ ਗਿਆ।ਜਨਵਾਦੀ ਲੇਖਕ ਸੰਘ ਅੰਮ੍ਰਿਤਸਰ ਵੱਲੋਂ ਅਯੋਜਿਤ ਇਸ ਸਮਾਗਮ ਵਿਚ ਕਮੇਡੀ ਕਲਾਕਾਰ ਸੁਰਿੰਦਰ ਫਰਿਸ਼ਤਾ, ਹਰਪ੍ਰੀਤ ਸਿੰਘ, ਸਤਿਬੀਰ ਸਿੰਘ ਅਤੇ ਜੋਗਿੰਦਰ ਸਿੰਘ ਧੂੰਨਾ ਵਸ਼ੇਸ਼ ਤੌਰ 'ਤੇ ਹਾਜ਼ਰ ਹੋਏ ਜਦਕਿ ਪ੍ਰਿਅੰਕਿਤਾ ਸਹਿਦੇਵ ਨੇ ਸਭ ਦਾ ਸਵਾਗਤ ਕੀਤਾ। ਸੋਸ਼ਲ ਮੀਡੀਆ ਤੇ ਜਾਰੀ ਹੋਈ ਇਸ ਫਿਲਮ ਦਾ ਸ਼ੋਅ ਵੇਖਣ ਤੋਂ ਬਾਅਦ ਕਹਾਣੀਕਾਰ ਦੀਪ ਦੇਵਿੰਦਰ ਸਿੰਘ ਨੇ ਕਿਹਾ ਕਿ ਅਖੌਤੀ ਆਧੁਨਿਕਤਾ ਦੀ ਦੌੜ ਵਿਚ ਕੁਰਾਹੇ ਪਈ ਨਵੀਂ ਪੀੜ੍ਹੀ ਅੰਦਰ ਪਨਪੀ ਆਪਹੁਦਰੇਪਨ ਦੀ ਅਲਾਮਤ 'ਤੇ ਇਹ ਫਿਲਮ ਗਹਿਰੀ ਚੋਟ ਕਰਦੀ ਹੈ।ਪ੍ਰਤੀਕ ਸਹਿਦੇਵ ਨੇ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਅੰਦਰ ਨੈਤਿਕ ਕਦਰਾਂ ਕੀਮਤਾਂ ਨਿਰਧਾਰਤ ਕਰਨ ਵਿਚ ਸਹਾਈ ਹੁੰਦੇ ਹਨ।ਫਿਲਮ ਦੇ ਲੇਖਕ ਅਤੇ ਕਲਾਕਾਰ ਸੁਦੇਸ਼ ਰਿੰਕਲ ਨੇ ਕਿਹਾ ਕਿ ਆਪਣੀ ਭਾਸ਼ਾ ਅਤੇ ਅਮੀਰ ਸੱਭਿਆਚਾਰ ਨਾਲ ਨੌਜਵਾਨਾਂ ਨੂੰ ਜੋੜਨ ਲਈ ਰੰਗਮੰਚ ਅਤੇ ਫਿਲਮਾਂ ਹੀ ਸਭ ਤੋਂ ਉੱਤਮ ਜ਼ਰੀਆ ਹਨ। ਸੁਰਿੰਦਰ ਫਰਿਸ਼ਤਾ ਨੇ ਸਮਾਗਮ ਦੀ ਸਰਾਹਨਾ ਕਰਦਿਆਂ ਜੈੱਨ-ਜ਼ੀ 'ਤੇ ਮੁੱਲਵਾਨ ਟਿੱਪਣੀਆਂ ਕੀਤੀਆਂ।ਪੰਜਾਬ ਸਕੂਲ ਸਿੱਖਿਆ ਬੋਰਡ ਅਧਿਕਾਰੀ ਹਰਪ੍ਰੀਤ ਸਿੰਘ, ਸਮਾਜਸੇਵੀ ਸਤਿਬੀਰ ਸਿੰਘ ਅਤੇ ਨਗਰ ਨਿਗਮ ਦੇ ਅਧਿਕਾਰੀ ਜੋਗਿੰਦਰ ਸਿੰਘ ਧੁੰਨਾ ਨੇ ਵੀ ਕਲਾਕਾਰਾਂ ਨੂੰ ਵਧਾਈ ਦਿੱਤੀ ਜਦਕਿ ਸਭਾ ਦੇ ਪ੍ਰਧਾਨ ਵਜ਼ੀਰ ਸਿੰਘ ਰੰਧਾਵਾ ਨੇ ਸਭ ਦਾ ਧੰਨਵਾਦ ਕੀਤਾ।ਇਸ ਮੌਕੇ ਫਿਲਮ ਦੇ ਸੱਮੁਚੇ ਕਲਾਕਾਰ ਮਨਦੀਪ ਚੁਟਕੀ, ਸੁਨੀਲ ਨੇਪਾਲੀ, ਸੀਰਤ ਧਾਲੀਵਾਲ, ਅਹਰਮਨ ਰਾਜ, ਮੋਹਿਤ ਸਹਿਦੇਵ, ਚਾਹਤ, ਭਗਵਤੀ, ਅਭਿਸ਼ੇਕ ਆਰਵ, ਤੁਸ਼ਾਰ ਅਤੇ ਸੌਰਵ ਆਦਿ ਹਾਜ਼ਰ ਸਨ।

# 29 ਦੀ ਜਲੰਧਰ ਰੈਲੀ 'ਚ ਖੇਤ ਮਜ਼ਦੂਰ ਤੇ ਕਿਸਾਨ ਵੱਧ-ਚੜ੍ਹ ਕੇ ਸ਼ਾਮਲ ਹੋਣਗੇ : ਜਸਬੀਰ ਸਿੰਘ ਝਬਾਲ



ਝਬਾਲ (ਹਰਜਿੰਦਰ ਸਿੰਘ ਸੋਨੀ)- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤਹਿਸੀਲ ਬਾਬਾ ਬਕਾਲਾ ਦੀ ਮੀਟਿੰਗ ਜਗਜੀਤ ਸਿੰਘ ਜਸਪਾਲ ਸਿੰਘ ਦੀ ਪ੍ਰਧਾਨਗੀ ਹੇਠ ਬਾਬਾ ਬਕਾਲਾ ਵਿਖੇ ਹੋਈ।ਮੀਟਿੰਗ ਦੀ ਜਾਣਕਾਰੀ ਪ੍ਰੈੱਸ ਨਾਲ ਸਾਂਝੀ ਕਰਦਿਆਂ ਜਥੇਬੰਦੀ ਦੇ ਵਿਸ਼ੇਸ਼ ਤੌਰ ਤੇ ਪਹੁੰਚੇ ਜ਼ਿਲ੍ਹਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਦੱਸਿਆ ਕਿ 15 ਮਈ ਨੂੰ ਪੂਰੇ ਭਾਰਤ ਵਿੱਚ ਮਨਰੇਗਾ ਕਾਨੂੰਨ ਬਹਾਲ ਕਰਾਉਣ ਲਈ ਮਨਰੇਗਾ ਵਰਕਰ ਹੜਤਾਲ 'ਤੇ ਜਾਣਗੇ ਜਿਸ ਸਬੰਧੀ ਤਹਿਸੀਲ ਬਾਬਾ ਬਕਾਲਾ ਦੇ ਵਰਕਰ ਬੀਡੀਓ ਦੱਫਤਰ ਰਈਆ ਵਿਖੇ ਧਰਨਾ ਦੇਣਗੇ ਤੇ ਇੱਕ ਮੰਗ ਪੱਤਰ ਬੀਡੀਓ ਰਾਹੀਂ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਭੇਜਿਆ ਜਾਵੇਗਾ।ਪੰਜਾਬ ਦੇ ਮਜ਼ਦੂਰਾਂ ਵੱਲੋਂ ਆਪਣੀਆਂ ਭੱਖਦੀਆਂ ਮੰਗਾਂ ਲਈ 29 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੁੱਲ ਹਿੰਦ ਕਿਸਾਨ ਸਭਾ ਨਾਲ ਕੀਤੀ ਜਾ ਰਹੀ ਸਾਂਝੀ ਰੈਲੀ ਵਿਚ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਵਰਕਰ ਵੱਧ ਚੜ੍ਹ ਕੇ ਪਹੁੰਚਣਗੇ।

ਜਥੇਬੰਦੀ ਦੇ ਤਹਿਸੀਲ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਜੱਬੋਵਾਲ ਨੇ ਮੀਟਿੰਗ ਵਿੱਚ ਹਾਜ਼ਰ ਸਾਥੀਆਂ ਨੂੰ ਯੂਨਿਟਾਂ ਵਿਚੋਂ ਵੱਧ ਤੋਂ ਵੱਧ ਮੈਂਬਰਸ਼ਿਪ ਅਤੇ ਜਥੇਬੰਦਕ ਐਕਸ਼ਨ ਦੀ ਤਿਆਰੀ ਲਈ ਸੰਘਰਸ਼ ਕਰਨ ਦਾ ਸੱਦਾ ਦਿੱਤਾ।ਮੀਟਿੰਗ ਵਿੱਚ ਬਲਦੇਵ ਸਿੰਘ ਡੇਹਰੀਵਾਲ, ਸੂਰਤਾ ਸਿੰਘ ਬੁੱਟਰ, ਬੁਤਾਲਾ ਤੇ ਹੋਰ ਪਿੰਡਾਂ ਵਿੱਚੋਂ ਸਾਥੀ ਹਾਜ਼ਰ ਸਨ।

# ਦੋ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ, (ਜਨਕ ਮਹਾਜਨ)- ਥਾਣਾ ਪੁਰਾਣਾ ਸ਼ਾਲਾ ਦੇ ਏ.ਐੱਸ.ਆਈ. ਮਨਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਪੁਰਾਣਾ ਸ਼ਾਲਾ ਨਜ਼ਦੀਕ ਸਚਿਨ ਪੁੱਤਰ ਮਨੋਜ ਅਬਰੋਲ ਵਾਸੀ ਆਦਰਸ਼ ਨਗਰ ਥਾਣਾ ਸਿਟੀ ਗੁਰਦਾਸਪੁਰ ਜੋ ਬੇਅਬਾਦ ਜਗਾ 'ਤੇ ਲੁਕ-ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਜਿਸ ਪਾਸੋਂ ਇਕ ਸਿਲਵਰ ਪੰਨੀ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਥਾਣਾ ਭੈਣੀ ਮੀਆਂ ਖਾਂ ਦੇ ਏ.ਐੱਸ.ਆਈ. ਜਗਦੀਸ਼ ਸਿੰਘ ਨੇ ਸਮੇਤ ਪੁਲਸ ਪਾਰਟੀ ਪਿੰਡ ਪੁਰਾਣੀਆਂ ਬਾਗੜੀਆਂ ਤੋਂ ਜਸਪਾਲ ਸਿੰਘ ਉਰਫ ਜੱਸੀ ਪੁੱਤਰ ਮਨਜੀਤ ਸਿੰਘ ਵਾਸੀ ਕਾਹਨੂੰਵਾਨ ਜੋ ਕਿ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਜਿਸ ਪਾਸੋਂ ਇਕ ਸਿਲਵਰ ਪੰਨੀ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ।ਪੁਲਸ ਨੇ ਇਨ੍ਹਾਂ ਦੋਵਾਂ ਨਸ਼ਾ ਤਸਕਰਾਂ ਖ਼ਿਲਾਫ਼ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਅਕਾਲ ਅਕੈਡਮੀ ਰਸੂਲਪੁਰ ਬੇਟ ਵਿਖੇ ਇੰਟਰ-ਹਾਊਸ ਅੰਗਰੇਜ਼ੀ ਦੇ ਮੁਕਾਬਲੇ ਕਰਵਾਏ

ਧਾਰੀਵਾਲ, (ਮਨਦੀਪ ਵਿੱਕੀ)- ਅਕਾਲ ਅਕੈਡਮੀ ਰਸੂਲਪੁਰ ਬੇਟ ਵਿੱਚ ਅੰਗਰੇਜ਼ੀ ਵਿਭਾਗ ਵੱਲੋਂ ਇੰਟਰ-ਹਾਊਸ ਮੁਕਾਬਲੇ ਬੜੇ ਹੀ ਉਤਸ਼ਾਹ ਅਤੇ ਸਫਲਤਾਪੂਰਵਕ ਢੰਗ ਨਾਲ ਕਰਵਾਏ ਗਏ।ਇਸ ਮੁਕਾਬਲੇ ਵਿੱਚ



ਨਰਸਰੀ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਸਟੋਰੀ ਟੈਲਿੰਗ ਅਤੇ ਸਟੋਰੀ ਡ੍ਰਾਮਾਟਾਈਜ਼ੇਸ਼ਨ ਮੁਕਾਬਲੇ ਆਯੋਜਿਤ ਕੀਤੇ ਗਏ, ਜਦਕਿ ਛੇਵੀਂ ਤੋਂ ਉੱਪਰ ਦੀਆਂ ਜਮਾਤਾਂ ਤੱਕ ਦੇ ਵਿਦਿਆਰਥੀਆਂ ਲਈ ਅੰਗਰੇਜ਼ੀ ਕਵਿਤਾ ਉਚਾਰਣ ਮੁਕਾਬਲਾ ਕਰਵਾਇਆ ਗਿਆ।ਵਿਦਿਆਰਥੀਆਂ ਨੇ ਬਹੁਤ ਹੀ ਆਤਮਵਿਸ਼ਵਾਸ, ਉਤਸ਼ਾਹ ਅਤੇ ਰਚਨਾਤਮਕਤਾ ਨਾਲ ਭਾਗ ਲੈਂਦਿਆਂ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਦੀ ਸੰਚਾਰ ਕਲਾ, ਸਹੀ ਉਚਾਰਣ ਅਤੇ ਮੰਚ ਪੇਸ਼ਕਾਰੀ ਅੰਦਾਜ਼ ਵਿੱਚ ਮਹੱਤਵਪੂਰਨ ਵਾਧਾ ਦੇਖਣ ਨੂੰ ਮਿਲਿਆ।ਅੰਗਰੇਜ਼ੀ ਕਵਿਤਾ ਉਚਾਰਣ ਮੁਕਾਬਲੇ ਵਿੱਚ ਅਭੈ ਹਾਊਸ ਨੇ ਪਹਿਲਾ ਸਥਾਨ, ਅਜੈ ਹਾਊਸ ਨੇ ਦੂਜਾ ਸਥਾਨ ਅਤੇ ਅਤੁਲ ਹਾਊਸ ਨੇ ਤੀਜਾ ਸਥਾਨ ਹਾਸਲ ਕੀਤਾ।ਜੇਤੂ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਮਿਹਨਤ ਦੀ ਸਾਰਿਆਂ ਵੱਲੋਂ ਭਰਪੂਰ ਪ੍ਰਸ਼ੰਸਾ ਕੀਤੀ ਗਈ।ਇਹ ਪ੍ਰੋਗਰਾਮ ਸਾਰੇ ਹਾਊਸਾਂ, ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਸਫਲਤਾਪੂਰਵਕ ਸੰਪੰਨ ਹੋਇਆ।ਇਸ ਗਤੀਵਿਧੀ ਨੇ ਵਿਦਿਆਰਥੀਆਂ ਲਈ ਇੱਕ ਪ੍ਰੇਰਨਾਦਾਇਕ, ਰਚਨਾਤਮਕ ਅਤੇ ਉਤਸ਼ਾਹਪੂਰਨ ਸਿੱਖਣ ਵਾਲਾ ਮਾਹੌਲ ਤਿਆਰ ਕੀਤਾ।

# ਕਹਿਣੀ ਤੇ ਕਰਨੀ ਵਿਚਾਲੇ ਵੱਡਾ ਫਰਕ

ਚਾਰ ਰਾਜਾਂ ਅਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਚੋਣਾਂ ਖਤਮ ਹੋਣ ਤੋਂ ਕੁਝ ਦਿਨ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੱਛਮੀ ਏਸ਼ੀਆਈ ਸੰਕਟ ਕਾਰਨ ਬਣੇ ਆਰਥਿਕ ਦਬਾਅ ਦੇ ਹਵਾਲੇ ਨਾਲ ਭਾਰਤੀਆਂ ਨੂੰ ਪੈਟਰੋਲ ਤੇ ਡੀਜ਼ਲ ਦੀ ਖਪਤ ਘਟਾਉਣ, ਇੱਕ ਸਾਲ ਲਈ ਸੋਨਾ ਖਰੀਦਣ ਤੋਂ ਪਰਹੇਜ਼ ਕਰਨ, ਖਾਣਾ ਪਕਾਉਣ ਵਾਲੇ ਤੇਲ ਦੀ ਘੱਟ ਵਰਤੋਂ ਕਰਨ, ਜਦੋਂ ਵੀ ਸੰਭਵ ਹੋਵੇ, ਘਰ ਤੋਂ ਕੰਮ ਕਰਨ, ਵਰਚੂਅਲ ਮੀਟਿੰਗਾਂ ਕਰਨ ਅਤੇ ਵਿਦੇਸ਼ ਯਾਤਰਾ ਤੋਂ ਬਚਣ ਦੀ ਅਪੀਲ ਕੀਤੀ। ਹਾਲਾਂਕਿ ਇਹ ਅਪੀਲ ਕਰਨ ਵਾਲੇ ਪ੍ਰਧਾਨ ਮੰਤਰੀ ਦੇ ਆਪਣੇ ਸ਼ਬਦਾਂ ਅਤੇ ਐਕਸ਼ਨਾਂ ਵਿਚਾਲੇ ਇੱਕ ਸਪੱਸ਼ਟ ਵਿਰੋਧਾਭਾਸ ਨਜ਼ਰ ਆਇਆ। ਜਿਸ ਐਤਵਾਰ ਉਨ੍ਹਾ ਨੇ 'ਸੰਕਟ ਦੇ ਸਮੇਂ' ਵਿੱਚ 'ਆਪਣੇ ਫਰਜ਼ਾਂ ਨੂੰ ਸਭ ਤੋਂ ਉੱਪਰ ਮੰਨਦੇ ਹੋਏ ਦੇਸ਼ਵਾਸੀਆਂ ਤੋਂ ਸਮੂਹਕ ਤਿਆਗ' ਦੀ ਗੱਲ ਕਹੀ, ਉਸੇ ਦਿਨ ਉਨ੍ਹਾ ਦੇ ਵੱਡੇ-ਵੱਡੇ ਪ੍ਰੋਗਰਾਮ ਦੇਖੇ ਗਏ, ਜੋ ਸਪੱਸ਼ਟ ਤੌਰ 'ਤੇ ਉਨ੍ਹਾ ਦੀਆਂ ਕਹੀਆਂ ਗੱਲਾਂ ਨਾਲ ਮੇਲ ਨਹੀਂ ਸਨ ਖਾ ਰਹੇ। ਪ੍ਰਧਾਨ ਮੰਤਰੀ ਨੇ ਆਪਣੇ ਦਿਨ ਦੀ ਸ਼ੁਰੂਆਤ ਬੇਂਗਲੂਰੂ ਵਿੱਚ ਕੀਤੀ, ਜਿੱਥੇ 'ਆਰਟ ਆਫ ਲਿਵਿੰਗ' ਦੀ 45ਵੀਂ ਵਰ੍ਹੇਗੰਢ ਦੇ ਸਮਾਰੋਹ ਸਮੇਤ ਕਈ ਪ੍ਰੋਗਰਾਮਾਂ ਵਿੱਚ ਹਿੱਸਾ ਲਿਆ। ਉਸ ਤੋਂ ਬਾਅਦ ਉਹ ਹੈਦਰਾਬਾਦ ਪਹੁੰਚੇ ਅਤੇ ਸੜਕ, ਰੇਲਵੇ, ਪੈਟਰੋਲੀਅਮ ਟਰਮੀਨਲ, ਟੈਕਸਟਾਈਲ ਅਤੇ ਉਦਯੋਗਕ ਖੇਤਰਾਂ ਨਾਲ ਸੰਬੰਧਤ ਪ੍ਰੋਜੈਕਟਾਂ ਦੇ ਉਦਘਾਟਨ ਅਤੇ ਨੀਂਹ ਪੱਥਰ ਰੱਖਣ ਦੇ ਸਮਾਰੋਹਾਂ ਵਿੱਚ ਹਿੱਸਾ ਲਿਆ। ਇਨ੍ਹਾਂ ਵਿੱਚੋਂ ਕੋਈ ਵੀ ਪ੍ਰੋਗਰਾਮ ਇੰਨਾ ਮਹੱਤਵਪੂਰਨ ਨਹੀਂ ਸੀ, ਜਿੱਥੇ ਉਨ੍ਹਾ ਦੀ ਜਿਸਮਾਨੀ ਮੌਜੂਦਗੀ ਲਾਜ਼ਮੀ ਹੋਵੇ। ਇਹ ਸਭ ਕੁਝ ਉਹ ਨਵੀਂ ਦਿੱਲੀ ਸਥਿਤ ਆਪਣੇ ਦਫਤਰ ਤੋਂ ਵਰਚੂਅਲੀ ਕਰ ਸਕਦੇ ਸਨ। ਉਸ ਤੋਂ ਬਾਅਦ ਹੈਲੀਕਾਪਟਰ ਰਾਹੀਂ ਹਾਈ-ਟੈਕ ਸਿਟੀ ਗਏ, ਜਿੱਥੇ ਨਿੱਜੀ ਸਿੰਧੂ ਹਸਪਤਾਲ ਦਾ ਉਦਘਾਟਨ ਕੀਤਾ। ਫਿਰ ਸਿਕੰਦਰਾਬਾਦ ਦੀ ਪਰੇਡ ਗਰਾਊਂਡ 'ਚ ਭਾਜਪਾ ਦੀ ਰੈਲੀ ਨੂੰ ਸੰਬੋਧਨ ਕੀਤਾ। ਸ਼ਾਮ ਨੂੰ ਹੈਦਰਾਬਾਦ ਤੋਂ ਜਾਮਨਗਰ (ਗੁਜਰਾਤ) ਪਹੁੰਚ ਕੇ ਇੱਕ ਹੋਰ ਰੈਲੀ ਨੂੰ ਸੰਬੋਧਨ ਕੀਤਾ। ਜ਼ਾਹਰ ਹੈ ਕਿ ਪ੍ਰਧਾਨ ਮੰਤਰੀ ਮੋਦੀ ਦੇ ਇੱਕ ਦਿਨ ਦੇ ਸ਼ਡਿਊਲ ਵਿੱਚ ਕਈ ਉਡਾਣਾਂ, ਉੱਚ ਸੁਰੱਖਿਆ ਵਿਵਸਥਾ ਨਾਲ ਵਿਆਪਕ ਜ਼ਮੀਨੀ ਯਾਤਰਾਵਾਂ, ਪਾਰਟੀ ਦੀਆਂ ਰੈਲੀਆਂ ਸ਼ਾਮਲ ਸਨ। ਇਹ ਸਾਰੀਆਂ ਸਰਗਰਮੀਆਂ ਈਂਧਨ ਦੀ ਬੱਚਤ ਅਤੇ ਯਾਤਰਾ ਘਟਾਉਣ ਦੇ ਸਿਧਾਂਤ ਦੇ ਬਿਲਕੁਲ ਉਲਟ ਸਨ, ਜਿਸ ਦੀ ਅਪੀਲ ਉਹ ਆਮ ਨਾਗਰਿਕਾਂ ਨੂੰ ਭਾਸ਼ਣ ਦਿੰਦੇ ਕਰ ਰਹੇ ਸਨ। ਇਸ ਭਾਸ਼ਣ ਦੇ ਇੱਕ ਦਿਨ ਬਾਅਦ ਸੋਮਵਾਰ ਵੀ ਪ੍ਰਧਾਨ ਮੰਤਰੀ ਨੇ ਆਪਣਾ ਖਰਚੀਲਾ ਅਤੇ ਰੁਝੇਵਿਆਂ ਭਰਿਆ ਪ੍ਰੋਗਰਾਮ ਜਾਰੀ ਰੱਖਿਆ। ਉਹ ਸਵੇਰੇ ਜਾਮਨਗਰ ਤੋਂ ਵੇਰਾਵਲ 'ਚ ਸੋਮਨਾਥ ਮੰਦਰ ਦੇ ਸ਼ਾਨਦਾਰ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਪਹੁੰਚੇ ਅਤੇ ਦਰਸ਼ਨ, ਪੂਜਾ ਤੇ ਇੱਕ ਰੋਡ ਸ਼ੋਅ ਸਮੇਤ ਕਈ ਜਨਤਕ ਸਮਾਗਮਾਂ ਵਿੱਚ ਸ਼ਾਮਲ ਹੋਏ। ਫਿਰ ਵਡੋਦਰਾ ਲਈ ਉਡਾਣ ਭਰ ਕੇ ਸ਼ਾਮ ਨੂੰ ਸਰਦਾਰਧਾਮ ਹੋਸਟਲ ਦਾ ਉਦਘਾਟਨ ਕੀਤਾ ਅਤੇ ਇਕੱਠ ਨੂੰ ਸੰਬੋਧਨ ਕੀਤਾ। ਮੰਗਲਵਾਰ ਅਸਾਮ ਵਿੱਚ ਹਿਮੰਤ ਬਿਸਵਾ ਸਰਮਾ ਦੀ ਅਗਵਾਈ ਵਾਲੀ ਨਵੀਂ ਸਰਕਾਰ ਦੇ ਇੱਕ ਲੱਖ ਲੋਕਾਂ ਦੀ ਸ਼ਮੂਲੀਅਤ ਵਾਲੇ ਵਿਸ਼ਾਲ ਸਹੁੰ ਚੁੱਕ ਸਮਾਰੋਹ ਵਿੱਚ ਹਿੱਸਾ ਲਿਆ। ਇਸ ਤੋਂ ਪਹਿਲਾਂ ਉਹ 7 ਮਈ ਨੂੰ ਬਿਹਾਰ ਦੇ ਮੰਤਰੀਆਂ ਦੇ ਸਹੁੰ ਚੁੱਕ ਸਮਾਰੋਹ ਵਿੱਚ ਸ਼ਾਮਲ ਹੋਏ ਤੇ ਪਟਨਾ ਵਿੱਚ ਰੋਡ ਸ਼ੋਅ ਵੀ ਕੀਤਾ। 9 ਮਈ ਨੂੰ ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਅਤੇ ਉਨ੍ਹਾ ਦੇ ਮੰਤਰੀ ਮੰਡਲ ਦੇ ਪੰਜ ਹੋਰ ਮੰਤਰੀਆਂ ਦੇ ਸਹੁੰ ਚੁੱਕ ਸਮਾਗਮ ਵਿੱਚ ਸ਼ਾਮਲ ਹੋਣ ਲਈ ਕੋਲਕਾਤਾ ਗਏ ਤੇ ਉੱਥੇ ਵੀ ਰੋਡ ਸ਼ੋਅ ਕੀਤਾ। ਜਦੋਂ ਦੇਸ਼ ਆਰਥਿਕ ਕੁਪ੍ਰਬੰਧਨ ਅਤੇ ਬਾਹਰੀ ਝਟਕਿਆਂ ਨਾਲ ਜੂਝ ਰਿਹਾ ਹੈ, ਲੋਕਾਂ ਨੂੰ ਮੱਤਾਂ ਦੇਣ ਤੋਂ ਪਹਿਲਾਂ ਲੀਡਰਸ਼ਿਪ ਨੂੰ ਰੀਸ ਕਰਨ ਵਾਲੀ ਮਿਸਾਲ ਪੇਸ਼ ਕਰਨੀ ਚਾਹੀਦੀ ਹੈ, ਪਰ ਪ੍ਰਧਾਨ ਮੰਤਰੀ ਦੀ ਕਹਿਣੀ ਤੇ ਕਰਨੀ ਵਿਚਾਲੇ ਵੱਡਾ ਫਰਕ ਸਾਫ ਨਜ਼ਰ ਆਉਂਦਾ ਹੈ।

## ਪੰਜਾਬ ਦਾ ਇਮਤਿਹਾਨ ?

ਲਾਲਚੀ ਤੇ ਹਾਕਮਾਂ ਤੋਂ ਡਰਦੇ ਸਮਾਜ ਵਿੱਚ,
ਧਰਮ-ਓ-ਈਮਾਨ ਇਖ਼ਲਾਕ ਨੇ ਗ਼ਰਕਦੇ।
ਸੱਤੀਂ ਵੀਹੀਂ ਸੌ ਜ਼ੋਰਾਵਰਾਂ ਵਾਲਾ ਦੌਰ ਮਾੜਾ,
ਲੋਕੀਂ ਕਹਿੰਦੇ 'ਸਮੇਂ' ਉਹੀ ਆ ਰਹੇ ਪਰਤਦੇ।
ਨਿਗਲੇ ਹੀ ਜਾਂਦੇ ਦੇਖੇ ਸਾਹਮਣੇ ਲੋਕਾਈ ਨੇ,
ਜਿਨ੍ਹਾਂ ਵੱਲ ਜਾਂਦੇ ਹੁੰਦੇ 'ਅਜ਼ਗਰ' ਸਰਕਦੇ।
ਪੜ੍ਹਦੇ ਯਾ ਸੁਣਦੇ ਜੋ ਰਹੇ ਇਤਿਹਾਸ ਵਿੱਚ,
'ਸਾਮ ਦਾਮ ਦੰਡ ਭੇਦ' ਦੇਖ ਲਉ ਵਰਤਦੇ।
ਚੋਣ ਯੁੱਧ ਵਾਲੇ 'ਭਲਵਾਨ' ਥਾਪੀ ਮਾਰਦੇ ਨੇ,
ਫਿਲਹਾਲ ਕਹਿ ਰਹੇ ਐ ਆਪਾਂ ਨ੍ਹੀਂ ਯਰਕਦੇ।
ਟੈਂਅ ਨਾ ਮੰਨਣ ਵਾਲੇ ਕਿਸੇ ਦੀ ਪੰਜਾਬ ਵਾਸੀ,
ਆਉਂਦੇ ਸਾਲ ਦੇਖਾਂਗੇ ਜੀ ਕਿਵੇਂ ਨੇ ਮੜਕਦੇ।

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਹਿੰਦੂਤਵੀ ਛਤਰੀ ਬਨਾਮ ਖੇਤਰੀ ਦਲ


ਗੁਰਮੀਤ ਸਿੰਘ ਪਲਾਹੀ

ਜੰਮੂ-ਕਸ਼ਮੀਰ ਵਿੱਚ 'ਦਿ ਜੰਮੂ ਐਂਡ ਕਸ਼ਮੀਰ ਪੀਪਲਜ਼ ਡੈਮੋਕਰੇਟਿਕ ਪਾਰਟੀ' (ਪੀ ਡੀ ਪੀ), ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ, ਮਹਾਂਰਾਸ਼ਟਰ ਵਿੱਚ ਸ਼ਿਵ ਸੈਨਾ, ਬਿਹਾਰ ਵਿੱਚ ਜਨਤਾ ਦਲ (ਯੂਨਾਈਟਡ), ਉਤਰ ਪ੍ਰਦੇਸ਼ ਵਿੱਚ ਬਸਪਾ, ਹਰਿਆਣਾ ਵਿੱਚ ਜਨਨਾਇਕ ਜਨਤਾ ਪਾਰਟੀ (ਜੇ.ਜੇ.ਪੀ.) ਆਂਧਰਾ ਪ੍ਰਦੇਸ਼ ਵਿੱਚ ਵਾਈ ਏ ਐੱਸ ਆਰ, ਉੱਤਰ ਪ੍ਰਦੇਸ਼ ਵਿੱਚ ਰਾਸ਼ਟਰੀ ਲੋਕ ਦਲ(ਰਾਲੋਦ), ਕਰਨਾਟਕ ਵਿੱਚ ਜਨਤਾ ਦਲ (ਸੈਕੂਲਰ), ਇਹਨਾਂ ਸਾਰੀਆਂ ਸਿਆਸੀ ਧਿਰਾਂ ਨੂੰ ਲੱਗਿਆ ਸੀ ਕਿ ਹਿੰਦੂਤਵ ਦੀ ਛਤਰੀ ਦੀ ਛਾਂ ਪਾਉਣ ਤੋਂ ਬਾਅਦ ਉਹਨਾਂ ਦਾ ਖੇਤਰੀ ਖੇਤਰ ਬਚਿਆ ਰਹਿ ਸਕਦਾ ਹੈ, ਪਰ ਭਾਜਪਾ ਦੀ ਹਿੰਦੂਤਵ ਸਿਆਸਤ ਨੇ ਉਹਨਾਂ ਦੇ ਸੁਪਨਿਆਂ 'ਤੇ ਪਾਣੀ ਫੇਰ ਦਿੱਤਾ ਹੈ।

ਕਦੇ ਬਸਪਾ ਪ੍ਰਧਾਨ ਮਾਇਆਵਤੀ ਨੂੰ ਦੇਸ਼ ਦੀ ਪ੍ਰਧਾਨ ਮੰਤਰੀ ਦੇ ਰੂਪ 'ਚ ਵੇਖਿਆ ਜਾਂਦਾ ਸੀ, ਮੁਲਾਇਮ ਸਿੰਘ ਯਾਦਵ ਦਾ ਅਕਸ ਵੀ ਦੇਸ਼ ਦੇ ਪ੍ਰਧਾਨ ਮੰਤਰੀ ਵਜੋਂ ਘੜਿਆ ਗਿਆ। ਪਿਛਲੀਆਂ ਲੋਕ ਸਭਾ ਚੋਣਾਂ ਦੇ ਪਹਿਲਾਂ ਨਿਤੀਸ਼ ਕੁਮਾਰ ਨੂੰ ਵਿਰੋਧੀ ਧਿਰ ਦਾ ਰਾਸ਼ਟਰੀ ਚਿਹਰਾ ਬਣਾਉਣ ਦੀ ਕਵਾਇਦ ਸ਼ੁਰੂ ਹੋਈ ਸੀ । ਨਿਤੀਸ਼ ਕੁਮਾਰ ਨੇ ਹਿੰਦੂਤਵ ਸਿਆਸਤ ਨੂੰ ਬਹੁਤ ਹੱਦ ਤੱਕ ਰੋਕਿਆ ਵੀ, ਲੇਕਿਨ ਆਪਣੀ ਖੇਤਰੀ ਪਾਰਟੀ ਨੂੰ ਬਚਾਉਣ ਲਈ ਹਿੰਦੂਤਵੀ ਸਿਆਸਤ ਨਾਲ ਜਾ ਖੜੇ ਅਤੇ ਉੱਥੇ ਹੀ ਵਲੀਨ ਹੋ ਗਏ । ਅੱਜ ਨਿਤੀਸ਼ ਕੁਮਾਰ ਕਿੱਥੇ ਹੈ ?

ਦੇਸ਼ ਭਾਰਤ ਦੀ ਆਜ਼ਾਦੀ ਤੋਂ ਬਾਅਦ ਮੁੱਖ ਤੌਰ 'ਤੇ ਕਾਂਗਰਸ ਸੱਤਾ ਵਿੱਚ ਆਈ। ਕਸ਼ਮੀਰ ਤੋਂ ਕੰਨਿਆ ਕੁਮਾਰੀ ਤੱਕ ਕਾਂਗਰਸ ਨੇ ਆਪਣਾ ਹੱਕ ਜਿਤਾ ਲਿਆ। ਦੇਸ਼ ਦਾ ਹਰ ਸਿਆਸੀ ਫ਼ੈਸਲਾ ਦਿੱਲੀ ਤੋਂ ਹੋਣ ਲੱਗਾ। ਇਸ ਸਮੇਂ ਦੇਸ਼ ਦੇ ਬਹੁਤ ਵੱਡੇ ਹਿੱਸੇ ਨੂੰ ਇਸ ਤਰ੍ਹਾਂ ਮਹਿਸੂਸ ਹੋਣਾ ਲੱਗਾ ਕਿ ਦਿੱਲੀ ਉਹਨਾਂ ਲਈ ਦੂਰ ਹੈ। ਉਹਨਾਂ ਦੇ ਮਨਾਂ 'ਚ ਇਹ ਗੱਲ ਘਰ ਕਰ ਗਈ ਕਿ ਉਹਨਾਂ ਦੇ ਹੱਕਾਂ ਦੇ ਫ਼ੈਸਲੇ ਏਨੀ ਦੂਰ ਦਿੱਲੀ ਤੋਂ ਨਹੀਂ ਹੋ ਸਕਦੇ।

ਇਹੋ ਕਾਰਨ ਸੀ ਕਿ ਕਾਂਗਰਸ ਵਿਰੁੱਧ ਦੇਸ਼-ਵਿਆਪੀ ਰੋਸ ਜਾਗਿਆ । ਬਿਹਾਰ ਤੋਂ ਜੈ ਪ੍ਰਕਾਸ਼ ਨਰਾਇਣ ਨੇ ਦਿੱਲੀ ਤਾਨਾਸ਼ਾਹੀ ਵਿਰੁੱਧ ਆਵਾਜ਼ ਚੁੱਕੀ। ਦੇਸ਼ ਦੇ ਕਈ ਛੋਟੇ, ਵਿਰੋਧੀ ਖੇਤਰੀ ਵਿਚਾਰਧਾਰਾ ਵਾਲੇ ਦਲ ਇਕੱਠੇ ਹੋਏ। ਭਾਰਤੀ ਲੋਕ ਦਲ, ਕਾਂਗਰਸ (ਓ), ਜਨਸੰਘ, ਸੋਸ਼ਲਿਸਟ ਪਾਰਟੀ ਨੂੰ ਨਾਲ ਲੈ ਕੇ ਜੈ ਪ੍ਰਕਾਸ਼ ਨਰਾਇਣ ਨੇ ਮੁੱਠੀ ਤਾਣੀ। ਵੱਖੋ-ਵੱਖਰੀ ਵਿਚਾਰਧਾਰਾ ਦੇ ਲੋਕ ਇੱਕੋ ਪਲੇਟਫਾਰਮ 'ਤੇ ਇਕੱਠੇ ਹੋਏ।

ਜੈ ਪ੍ਰਕਾਸ਼, ਜਿਹੜੇ ਕਦੇ ਦਲਾਂ ਰਹਿਤ ਲੋਕਤੰਤਰ ਦੇ ਮੁੱਦਈ ਸਨ, ਉਹਨਾ ਇਲਾਕਾਈ ਪਾਰਟੀਆਂ ਦੀ ਇੱਕ ਨਰਸਰੀ ਸਥਾਪਤ ਕਰ ਦਿੱਤੀ। ਦੇਸ਼ ਦੇ ਕੋਨੇ-ਕੋਨੇ ਕਾਂਗਰਸ ਤੋਂ ਨਰਾਜ਼ ਲੋਕ ਆਪੋ-ਆਪਣੇ ਖੇਤਰਾਂ 'ਚ ਲੋਕਾਂ ਨੂੰ ਇਕੱਠੇ ਕਰਨ ਲਈ ਜੁੱਟੇ । ਜੈ ਪ੍ਰਕਾਸ਼ ਨਰਸਰੀ ਦੀ ਪੈਦਾਇਸ਼ ਹਨ: ਲਾਲੂ ਪ੍ਰਸਾਦ ਯਾਦਵ (ਬਿਹਾਰ), ਨਿਤੀਸ਼ ਕੁਮਾਰ (ਬਿਹਾਰ), ਮੁਲਾਇਮ ਸਿੰਘ ਯਾਦਵ (ਯੂ ਪੀ) । ਇਹਨਾਂ ਨੇ ਆਪਣੇ -ਆਪਣੇ ਖੇਤਰਾਂ 'ਚੋਂ ਦਿੱਲੀ ਨੂੰ ਚੁਣੌਤੀ ਦਿੱਤੀ। ਇਹੋ ਉਹ ਦੌਰ ਸੀ, ਜਿਸ ਨੇ ਗਠਬੰਧਨ ਸਰਕਾਰਾਂ ਨੂੰ ਦੇਸ਼ ਭਾਰਤ ਵਿੱਚ ਜਨਮ ਦਿੱਤਾ। ਦਿੱਲੀ ਸਰਕਾਰ ਦੀ ਤਾਕਤ ਨੂੰ ਇਹਨਾਂ ਖੇਤਰੀ ਨੇਤਾਵਾਂ ਨੇ ਵੰਗਾਰਿਆ ਅਤੇ ਵੱਡੇ ਪੱਧਰ 'ਤੇ ਪ੍ਰਭਾਵਤ ਕੀਤਾ।

ਭਾਰਤ ਦੀ ਵੱਡੀ ਭੂਗੋਲਿਕ ਸਥਿਤੀ ਨੇ ਹੀ ਖੇਤਰੀ ਸਿਆਸਤ ਦੀ ਜ਼ਰੂਰਤ ਪੈਦਾ ਕੀਤੀ। ਪਹਾੜ ਦੀ ਆਬਾਦੀ ਅਤੇ ਮੈਦਾਨ ਦੀ ਆਬਾਦੀ ਦੋਨਾਂ ਦੀਆਂ ਜ਼ਰੂਰਤਾਂ ਅਲੱਗ ਸਨ ਅਤੇ ਹਨ। ਆਦਿਵਾਸੀ ਇਲਾਕੇ ਚਾਹੁੰਦੇ ਸਨ ਕਿ ਮੁੱਖ ਧਾਰਾ ਦੇ ਹਮਲਾਵਰ ਰੁਖ ਤੋਂ ਉਹਨਾਂ ਦੀ ਰੱਖਿਆ ਹੋਵੇ । ਉਹਨਾਂ ਦੀ ਇਸ ਚਾਹਤ ਨੇ ਦੇਸ਼ 'ਚ ਕਈ ਅੰਦੋਲਨ ਖੜੇ ਕੀਤੇ । ਸ਼ਿਬੂ ਸੋਰੇਨ ਉਦਾਹਰਨ ਹੈ, ਜਿਸ ਨੇ ਦਿੱਲੀ ਤੱਕ ਆਪਣੀ ਹੋਂਦ ਦਰਸਾਈ। ਪੰਜਾਬ ਦੇ ਸ਼੍ਰੋਮਣੀ ਅਕਾਲੀ ਦਲ ਨੇ ਕਾਂਗਰਸ ਵੱਲੋਂ ਲਗਾਈ ਐਮਰਜੈਂਸੀ ਦੌਰਾਨ ਖੜੇ ਅੰਦੋਲਨ 'ਚ ਵਿਸ਼ੇਸ਼ ਭੂਮਿਕਾ ਨਿਭਾਈ। ਦਿੱਲੀ ਨਾਲ ਵੱਡਾ ਇੱਟ-ਖੜਿੱਕਾ ਅਤੇ ਆਢਾ ਲਾਈ ਰੱਖਿਆ। ਅਸਲ 'ਚ ਖੇਤਰੀ ਪਾਰਟੀਆਂ ਭਾਸ਼ਾ ਅਤੇ ਸੱਭਿਆਚਾਰ ਨੂੰ ਢਾਲ ਵਾਂਗ ਵਰਤਦੀਆਂ ਰਹੀਆਂ।

ਜੈ ਪ੍ਰਕਾਸ਼ ਦੀ 1970 ਦੀ ਸੰਪੂਰਨ ਕ੍ਰਾਂਤੀ ਨੇ ਦੇਸ਼ ਦੀ ਸਿਆਸਤ ਦਾ ਚਿਹਰਾ-ਮੋਹਰਾ ਅਤੇ ਚਰਿੱਤਰ ਹੀ ਬਦਲ ਦਿੱਤਾ । ਕਾਂਗਰਸ ਹੀ 'ਇਕੋ-ਇੱਕ' ਪ੍ਰਭਾਵ ਨੂੰ ਬਦਲ ਕੇ ਖੇਤਰੀ ਦਲਾਂ ਦੀ ਪੈਦਾਇਸ਼ 'ਤੇ ਪ੍ਰਭਾਵ ਵਧਿਆ। ਬਿਹਾਰ ਤੋਂ ਸੰਪੂਰਨ ਕ੍ਰਾਂਤੀ ਦੀ ਟਰੇਨ ਚੱਲੀ, ਜੋ ਦਿੱਲੀ ਪੁੱਜਦੀ ਹੈ।

ਹੁਣ ਇਸ ਸੰਪੂਰਨ ਕ੍ਰਾਂਤੀ ਦਾ ਇੰਜਣ ਬਦਲ ਗਿਆ ਹੈ। ਹੁਣ ਇੰਜਣ ਹਿੰਦੂਤਵ ਦਾ ਹੈ। 2014 ਦੇ ਬਾਅਦ ਰਾਜਾਂ ਦੀਆਂ ਚੋਣਾਂ ਵਿੱਚ ਭਾਜਪਾ ਦੀ ਲਗਾਤਾਰ ਜਿੱਤ ਦੇ ਮੱਦੇਨਜ਼ਰ ਮੌਕੇ ਦੇ ਭਾਜਪਾ ਪ੍ਰਧਾਨ ਨੇ ਕਿਹਾ ਸੀ ਕਿ ਬਹੁਤ ਛੇਤੀ ਖੇਤਰੀ ਦਲਾਂ ਦੀ ਹੋਂਦ ਖ਼ਤਮ ਹੋ ਜਾਏਗੀ । '70 ਦੇ ਦਹਾਕੇ 'ਚ ਸੰਪੂਰਨ ਕ੍ਰਾਂਤੀ ਦੇ ਜ਼ਰੀਏ ਜਨਤਾ ਨੇ ਕਾਂਗਰਸ ਦੇ ਪੂਰੇ ਭਾਰਤ ਦੇ ਸਿਆਸੀ ਠੁੱਕ ਨੂੰ ਨਿਕਾਰਿਆ ਤੇ ਇੱਕੀਵੀਂ ਸਦੀ ਦੀ ਸੰਪੂਰਨ ਕ੍ਰਾਂਤੀ ਦੇ ਬਾਅਦ ਭਾਜਪਾ ਦੇ ਅਖਿਲ ਭਾਰਤੀ ਪ੍ਰਭਾਵ ਨੂੰ ਸਵੀਕਾਰ ਕਰ ਰਹੇ ਹਨ । ਹੁਣ ਤਾਂ ਸਥਿਤੀ ਇਹ ਹੈ ਕਿ ਜਿਹੜੇ ਖੇਤਰੀ ਦਲ ਤਾਂ ਭਾਜਪਾ ਦੀ ਝੋਲੀ ਡਿੱਗ ਚੁੱਕੇ ਹਨ ਜਾਂ ਉਸ ਨਾਲ ਜੁੜਨ ਦੇ ਚਾਹਵਾਨ ਹਨ, ਉਹ ਹੁਣ ਗੱਡੀ ਦੇ ਇੰਜਣ ਦੀ ਮਰਜ਼ੀ ਹੈ ਕਿ ਕਦੋਂ ਤੱਕ ਇਹਨਾਂ ਡੱਬਿਆਂ ਨੂੰ ਆਪਣੇ ਨਾਲ ਜੋੜੀ ਰੱਖਦੇ ਹਨ ।

ਜੈ ਪ੍ਰਕਾਸ਼ ਨਰਾਇਣ ਨੇ 5 ਜੂਨ 1947 ਨੂੰ ਗਾਂਧੀ ਮੈਦਾਨ ਦੀ ਇੱਕ ਵਿਸ਼ਾਲ ਜਨ ਸਭਾ ਵਿੱਚ ਸੰਪੂਰਨ ਕ੍ਰਾਂਤੀ ਦਾ ਲੋਕਾਂ ਨੂੰ ਸੁਨੇਹਾ ਦਿੰਦਿਆਂ ਕਿਹਾ ਸੀ-ਸੰਪੂਰਨ ਕ੍ਰਾਂਤੀ ਹੁਣ ਨਾਹਰਾ ਹੈ, ਭਵਿੱਖੀ ਇਤਿਹਾਸ ਹਮਾਰਾ ਹੈ । ਸੰਪੂਰਨ ਕ੍ਰਾਂਤੀ ਦੇ ਉਦੇਸ਼ਾਂ ਵਿੱਚ ਚੋਣ ਸੁਧਾਰ ਅਹਿਮ ਸੀ। ਨਾਲ ਹੀ ਭ੍ਰਿਸ਼ਟਾਚਾਰ ਖ਼ਤਮ ਕਰਨਾ, ਲੋਕਤੰਤਰ ਨੂੰ ਮਜ਼ਬੂਤ ਕਰਨਾ, ਜਨਤਾ ਦੀ ਭਾਗੀਦਾਰੀ ਵਧਾਉਣਾ ਅਤੇ ਸੱਤਾ ਦਾ ਵਿਕੇਂਦਰੀਕਰਨ ਅੰਦੋਲਨ ਦਾ ਉਦੇਸ਼ ਸੀ, ਪਰ ਮੌਜੂਦਾ ਹਿੰਦੂਤਵੀ ਸੰਪੂਰਨ ਕ੍ਰਾਂਤੀ ਦਾ ਉਦੇਸ਼ ਦੇਸ਼ 'ਚ ਇੱਕੋ ਪਾਰਟੀ ਦਾ ਰਾਜ ਸਥਾਪਤ ਕਰਨਾ ਹੈ, ਜਿਹੜੀ ਵਿਰੋਧੀ ਰਾਸ਼ਟਰੀ ਪਾਰਟੀਆਂ ਨੂੰ ਤਾਂ ਖੂੰਜੇ ਲਾਉਣ ਲਈ ਯਤਨਸ਼ੀਲ ਹੈ ਹੀ, ਉਹ ਖੇਤਰੀ ਪਾਰਟੀਆਂ ਦੀ ਹੋਂਦ ਨੂੰ ਖ਼ਤਮ ਕਰਨ ਦੇ ਰਾਹ ਹੈ।

ਕਿਧਰ ਹੈ ਹੁਣ ਨਵੀਨ ਪਟਨਾਇਕ ? ਲੋਜਪਾ ਦੇ ਰਾਮਵਿਲਾਸ ਪਾਸਵਨ ਕਦੇ ਸਿਆਸੀ ਮੌਸਮ ਵਿਗਿਆਨੀ ਦਾ ਦਰਜਾ ਰੱਖਦਾ ਸੀ, ਜਿਧਰ ਤਾਕਤ ਉਧਰਲਾ ਰੁਖ । ਅੱਜ ਉਸ ਦਾ ਪੁੱਤਰ ਆਪਣੀ ਪਾਰਟੀ ਦੀ ਹੋਂਦ ਬਚਾਈ ਰੱਖਣ ਲਈ ਭਾਜਪਾ ਖੇਮੇ 'ਚ ਹੈ। ਹਰਿਆਣਾ ਦੇ 'ਲਾਲ' ਭਗਵਾ ਦੇ ਅੱਗੇ ਗੋਡੇ ਟੇਕ ਚੁੱਕੇ ਹਨ, ਪਰ ਬਿਨਾਂ ਸ਼ੱਕ ਬੰਗਾਲ ਦੀ ਮਮਤਾ ਬੈਨਰਜੀ ਨੇ ਬਹੁਤ ਮਜ਼ਬੂਤੀ ਨਾਲ ਆਪਣੀ ਪਛਾਣ ਬਣਾਈ ਰੱਖੀ ਹੈ ਅਤੇ ਰਾਹੇ-ਬਗਾਹੇ ਉਹ ਦੇਸ਼ ਦੇ ਪ੍ਰਧਾਨ ਮੰਤਰੀ ਦੇ ਚਿਹਰੇ ਵਜੋਂ ਵੀ ਉਭਰੀ।

ਭਾਜਪਾ ਦਾ ਹਿੰਦੂਤਵੀ ਸੰਪੂਰਨ ਕ੍ਰਾਂਤੀ ਦਾ ਸਫ਼ਰ 2014 ਵਿੱਚ ਹਰਿਆਣਾ ਅਤੇ ਮਹਾਰਾਸ਼ਟਰ ਤੋਂ ਸ਼ੁਰੂ ਹੋਇਆ।ਇਸ ਤੋਂ ਬਾਅਦ ਅਸਾਮ (2016) ਅਰੁਣਾਚਲ ਪ੍ਰਦੇਸ਼(2016), ਮਨੀਪੁਰ (2017) ਤ੍ਰਿਪੁਰਾ (2018), ਉੜੀਸਾ(2024),ਬਿਹਾਰ (2026) ਅਤੇ ਹੁਣ ਪੱਛਮੀ ਬੰਗਾਲ ਵਿੱਚ ਭਾਜਪਾ ਨੇ ਹਰ ਹਰਬਾ ਵਰਤ ਕੇ ਆਪਣਾ ਰਾਜ-ਭਾਗ ਸਥਾਪਤ ਕਰ ਲਿਆ। ਹਰਿਆਣਾ 'ਚ ਭਾਜਪਾ ਨੇ ਪਹਿਲੀ ਵੇਰ ਆਪਣੇ ਦਮ-ਖਮ 'ਤੇ ਮਨੋਹਰ ਲਾਲ ਖੱਟਰ ਨੂੰ ਮੁੱਖ ਮੰਤਰੀ ਬਣਾਇਆ । ਮਹਾਰਾਸ਼ਟਰ ਵਿੱਚ ਵਿਧਾਨ ਸਭਾ ਚੋਣਾਂ 'ਚ ਸਭ ਤੋਂ ਵੱਡੀ ਪਾਰਟੀ ਬਣਨ ਤੋਂ ਬਾਅਦ ਗਠਬੰਧਨ ਸਰਕਾਰ ਬਣਾਈ। ਤ੍ਰਿਪੁਰਾ ਖੱਬੀਆਂ ਧਿਰਾਂ ਤੋਂ ਖੋਹਿਆ । ਉੜੀਸ਼ਾ 'ਚ ਬੀਜੂ ਪਟਨਾਇਕ ਦਲ ਤੋਂ ਸੱਤਾ ਹਥਿਆਈ ਅਤੇ ਨਵੀਨ ਪਟਨਾਇਕ ਦਾ 24 ਸਾਲ ਦਾ ਸ਼ਾਸਨ ਸਮਾਪਤ ਕੀਤਾ। ਹੁਣ ਸਥਿਤੀ ਇਹ ਹੈ ਕਿ ਦੇਸ਼ ਭਰ ਵਿੱਚ ਲਗਭਗ 72 ਫ਼ੀਸਦੀ ਭਾਰਤੀ ਖਿੱਤੇ ਉਤੇ ਭਾਜਪਾ ਰਾਜ ਕਰ ਰਹੀ ਹੈ ।

ਭਾਜਪਾ ਦੀ ਸੰਪੂਰਨ ਕ੍ਰਾਂਤੀ ਯਾਤਰਾ ਦਾ ਮਕਸਦ ਸਿੱਧੇ ਰੂਪ 'ਚ ਭਾਰਤੀ ਸੰਘਵਾਦ ਦਾ ਖ਼ਾਤਮਾ ਕਰਨਾ, ਹਿੰਦੂਤਵ ਨੂੰ ਭਾਰਤ 'ਚ ਪ੍ਰਮੁੱਖ ਵਿਚਾਰਧਾਰਾ ਬਣਾਉਣਾ, ਭਾਵ ਧਰਮ-ਨਿਰਪੱਖਤਾ ਦਾ ਖ਼ਾਤਮਾ ਕਰਨਾ ਕਲਿਆਣਕਾਰੀ ਰਾਜ ਖ਼ਤਮ ਕਰਕੇ ਪੂੰਜੀਵਾਦ ਨੂੰ ਆਰਥਿਕ ਮਾਡਲ ਦੇ ਰੂਪ ਵਿੱਚ ਸਥਾਪਤ ਕਰਨ ਦੇ ਨਾਲ-ਨਾਲ ਲੋਕਤੰਤਰ ਦਾ ਖ਼ਾਤਮਾ ਕਰਕੇ ਇੱਕ ਦਲੀ ਰਾਸ਼ਟਰ ਸਥਾਪਤ ਕਰਨਾ ਹੈ।

ਇਸੇ ਲਈ ਭਾਸ਼ਾਈ ਅਤੇ ਖੇਤਰੀ ਪਛਾਣ 'ਤੇ ਟਿਕੀਆਂ ਸਿਆਸੀ ਪਾਰਟੀਆਂ ਲਈ ਹਿੰਦੂਤਵ ਦੀ ਵਿਆਪਕ ਪਛਾਣ ਦੇ ਸਾਹਮਣੇ ਆਪਣਾ ਵਜੂਦ ਬਚਾਉਣਾ ਹੁਣ ਇਕ ਵੱਡੀ ਚੁਣੌਤੀ ਬਣ ਗਿਆ ਹੈ। ਜਿਸ ਦਿੱਲੀ ਨੂੰ ਕਦੇ ਖੇਤਰੀ ਤਾਕਤਾਂ ਨੇ ਦੂਰ ਰਹਿ ਕੇ ਨਕਾਰ ਦਿੱਤਾ ਸੀ, ਅੱਜ ਉਸੇ ਦਿੱਲੀ ਨੇ ਉਹਨਾਂ ਸਭ ਨੂੰ ਆਪਣੇ ਅੰਦਰ ਜਜ਼ਬ ਕਰ ਲਿਆ ਹੈ।

ਹਿੰਦੂਤਵ ਦੀ ਸਿਆਸਤ ਨੇ ਦਿੱਲੀ ਵਿੱਚ ਇਕ ਅਜਿਹਾ ਵਿਸ਼ਾਲ ਬਜ਼ਾਰ ਸਜਾ ਦਿੱਤਾ ਹੈ, ਜਿਥੇ ਇਕੋ ਛੱਤ ਹੇਠ ਉੱਤਰ ਦੇ ਰਾਸ਼ਨ ਤੋਂ ਲੈ ਕੇ ਦੱਖਣ ਦੇ ਪਾਇਸਮ (ਖੀਰ) ਤੱਕ ਸਭ ਕੁੱਝ ਮੌਜੂਦ ਹੈ। ਭਾਵ ਭਾਜਪਾ ਨੇ ਇਕ ਅਜਿਹੀ ਸਿਆਸੀ ਵਿਵਸਥਾ ਤਿਆਰ ਕਰ ਦਿੱਤੀ ਹੈ, ਜਿਸ ਵਿੱਚ ਹਰ ਖੇਤਰ ਦੀ ਸੱਭਿਆਚਾਰਕ ਅਤੇ ਧਾਰਮਿਕ ਪਛਾਣ ਨੂੰ ਹਿੰਦੂਤਵ ਦੇ ਇਕ ਰੰਗ ਵਿੱਚ ਰੰਗ ਕੇ ਪੇਸ਼ ਕੀਤਾ ਜਾ ਰਿਹਾ ਹੈ, ਜਿਸ ਵਿੱਚ ਖੇਤਰੀ ਪਾਰਟੀਆਂ ਦੀ ਆਪਣੀ ਵੱਖਰੀ ਹੋਂਦ ਗੁਆਚੀ ਜਾ ਰਹੀ ਹੈ।

ਇਹ ਯਾਦ ਰੱਖਣ ਵਾਲੀ ਗੱਲ ਹੈ ਕਿ ਭਾਜਪਾ ਦੀ ਰਣਨੀਤੀ ਸਿਰਫ਼ ਸੱਤਾ ਪਾਉਣਾ ਨਹੀਂ, ਸਗੋਂ ਇੱਕੋ-ਇਕ ਵੱਡੀ ਤਾਕਤ ਬਣਨਾ ਹੈ। ਇਸ ਪ੍ਰਕਿਰਿਆ ਵਿੱਚ ਜਿਹੜੀਆਂ ਪਾਰਟੀਆਂ ਭਾਜਪਾ ਦੇ ਨਾਲ ਗਈਆਂ, ਉਹ ਹੌਲੀ-ਹੌਲੀ ਆਪਣੀ ਵੱਖਰੀ ਪਛਾਣ ਗੁਆ ਬੈਠੀਆਂ ਅਤੇ ਭਾਜਪਾ ਨੇ ਉਹਨਾਂ ਦਾ ਵੋਟ ਬੈਂਕ ਵੀ ਹਥਿਆ ਲਿਆ । ਭਾਜਪਾ ਦਾ ਹਿੰਦੂਤਵ ਸਿਰਫ਼ ਇਕ ਧਾਰਮਿਕ ਏਜੰਡਾ ਨਹੀਂ, ਸਗੋਂ ਇਕ ਸਿਆਸੀ ਵੈਕਿਊਮ ਕਲੀਨਰ ਹੈ, ਜੋ ਸਾਰੀਆਂ ਖੇਤਰੀ ਵਿਚਾਰਧਾਰਾਵਾਂ ਨੂੰ ਆਪਣੇ ਅੰਦਰ ਖਿੱਚ ਰਿਹਾ ਹੈ। ਭਾਜਪਾ ਦੀ ਰਾਜਨੀਤੀ ਕੇਂਦਰੀਕਰਨ ਦੀ ਹੈ।

ਇੱਕ ਸਮਾਂ ਸੀ ਜਦੋਂ ਜੈ ਪ੍ਰਕਾਸ਼ ਨਰਾਇਣ ਦੇ ਅੰਦੋਲਨ ਨੇ ਖੇਤਰੀ ਤਾਕਤਾਂ ਨੂੰ ਇਕਮੁੱਠ ਕਰਕੇ ਕਾਂਗਰਸ ਦੇ ਇੱਕ-ਛਤਰ ਰਾਜ ਨੂੰ ਨਾ ਸਿਰਫ਼ ਚੁਣੌਤੀ ਦਿੱਤੀ ਸੀ, ਸਗੋਂ ਉਸ ਨੂੰ ਪਛਾੜ ਕੇ ਰੱਖ ਦਿੱਤਾ ਸੀ। ਉਸ ਦੌਰ ਵਿੱਚ ਖੇਤਰੀ ਪਾਰਟੀਆਂ ਲੋਕਤੰਤਰ ਦੇ ਮਜ਼ਬੂਤ ਥੰਮ੍ਹ ਵਜੋਂ ਉਭਰੀਆਂ ਸਨ।

ਅੱਜ ਤਸਵੀਰ ਬਿਲਕੁਲ ਉਲਟ ਹੈ। ਭਾਜਪਾ ਨੇ ਸੱਤਾ ਦਾ ਇਕ ਅਜਿਹਾ ਸ਼ਕਤੀਸ਼ਾਲੀ ਹਿੰਦੂਤਵ ਇੰਜਣ ਤਿਆਰ ਕਰ ਦਿੱਤਾ ਹੈ, ਜਿਸ ਦੇ ਪਿੱਛੇ ਵੱਖ-ਵੱਖ ਖੇਤਰੀ ਦਲਾਂ ਦੇ ਡੱਬੇ ਇੱਕ-ਇੱਕ ਕਰਕੇ ਜੁੜਦੇ ਜਾ ਰਹੇ ਹਨ। ਆਪਣੀ ਹੋਂਦ ਬਚਾਉਣ ਦੀ ਜੱਦੋ-ਜਹਿਦ, ਅੰਦਰੂਨੀ ਡਰ ਅਤੇ ਸੱਤਾ ਲਈ ਕੀਤੇ ਸਮਝੌਤਿਆਂ ਨੇ ਇਹਨਾਂ ਖੇਤਰੀ ਧਿਰਾਂ ਨੂੰ ਹੋਰ ਵੀ ਨਿਤਾਣਾ ਕਰ ਦਿਤਾ ਹੈ। ਦਿੱਲੀ ਨੇ ਉਸ ਦੀ ਢਾਲ ਭਾਸ਼ਾ ਅਤੇ ਸੱਭਿਆਚਾਰ ਨੂੰ ਸੱਤਾ ਦੇ ਬਜ਼ਾਰ ਵਿੱਚ ਇੱਕ ਉਤਪਾਦ ਬਣਾ ਕੇ ਰੱਖ ਦਿਤਾ ਹੈ। ਇਹ ਕਹਿਣਾ ਅਤਿਕਥਨੀ ਨਹੀਂ ਹੋਵੇਗਾ ਕਿ ਫਿਲਹਾਲ ਖੇਤਰੀ ਦਲਾਂ ਦੇ ਵਿਰੁੱਧ ਭਾਜਪਾ ਦੀ ਸੰਪੂਰਨ ਕ੍ਰਾਂਤੀ ਵਾਲੀ ਨੀਤੀ ਸਫ਼ਲ ਹੁੰਦੀ ਦਿਖਾਈ ਦੇ ਰਹੀ ਹੈ। ਖੇਤਰੀ ਪਾਰਟੀਆਂ ਦੇ ਕਮਜ਼ੋਰ ਹੋਣ ਨਾਲ ਦੇਸ਼ ਵਿੱਚ 'ਇਕ ਦੇਸ਼-ਇਕ ਪਾਰਟੀ' ਦਾ ਜੋ ਮਾਹੌਲ ਸਿਰਜਿਆ ਗਿਆ ਹੈ, ਉਹ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਇਸ ਹਾਲਤ ਨੂੰ ਦੇਖਦੇ ਹੋਏ ਇਹ ਸਪੱਸ਼ਟ ਦਿਸਦਾ ਹੈ ਕਿ ਭਵਿੱਖ ਵਿਚ ਮੌਜੂਦਾ ਸੱਤਾ ਦੇ ਸਾਹਮਣੇ ਜੋ ਵੀ ਚੁਣੌਤੀ ਖੜੀ ਹੋਵੇਗੀ, ਉਸ ਦਾ ਚਿਹਰਾ ਖੇਤਰੀ ਨਹੀਂ, ਸਗੋਂ ਲਾਜ਼ਮੀ ਤੌਰ 'ਤੇ ਰਾਸ਼ਟਰੀ ਹੋਏਗਾ।

# ਸੰਪਰਕ : 98158-02070

# ਪਹਿਲੀ ਵਾਰ ਮੈਂ ਬਣਿਆ ਕੰਟਰੋਲਰ

ਰੂਪ ਲਾਲ ਰੂਪ

ਸਾਲ 1991 ਵਿਚ ਮੈਟ੍ਰਿਕ ਦੇ ਸਲਾਨਾ ਪੇਪਰਾਂ ਦਾ ਪਹਿਲਾ ਦਿਨ ਸੀ। ਸਹਸ ਭਾਗੋਕੇ (ਫਿਰੋਜ਼ਪੁਰ) ਵਿਖੇ ਮੈਂ ਪੀ ਪੀ ਐੱਸ ਸੀ ਪੰਜਾਬ ਰਾਹੀਂ ਬਤੌਰ ਮੁੱਖ ਅਧਿਆਪਕ ਤਾਇਨਾਤ ਹੋਇਆ ਸਾਂ ਅਤੇ ਮੇਰੀ ਨਿਗਰਾਨੀ ਹੇਠ ਪਹਿਲੀ ਵਾਰ ਪੇਪਰ ਹੋਣੇ ਸਨ । ਅੱਤਵਾਦ ਸਿਖਰ ਉੱਤੇ ਸੀ। ਡੰਗ ਟਪਾਉਣ ਲਈ ਮੇਰੀ ਰਿਹਾਇਸ਼ ਜ਼ੀਰਾ ਵਿਖੇ ਸੀ। ਬਾਕੀ ਸਟਾਫ਼ ਨਾਲ ਸਾਢੇ ਕੁ ਅੱਠ ਵਜੇ ਸਕੂਲ ਤੋਂ ਕੁਝ ਹੀ ਫਾਸਲੇ 'ਤੇ ਬੱਸ ਤੋਂ ਉਤਰਦਿਆਂ ਦੇਖਿਆ ਕਿ ਤਿੰਨ-ਚਾਰ ਟਰਾਲੀਆਂ ਵਿਚ ਬੱਚੇ, ਚਾਦਰਿਆਂ ਵਾਲੇ ਬਜ਼ੁਰਗ ਤੇ ਕੁਝ ਕੇਸਰੀ ਪਟਕਿਆਂ ਵਾਲੇ ਨੌਜਵਾਨ ਸਨ। ਟਰਾਲੀਆਂ ਦੂਸਰੇ ਸਕੂਲਾਂ, ਜਿਨ੍ਹਾਂ ਦਾ ਪ੍ਰੀਖਿਆ ਕੇਂਦਰ ਭਾਗੋਕੇ ਸੀ, ਤੋਂ ਆ ਰਹੀਆਂ ਸਨ । ਸਕੂਲ ਵੱਲ ਜਾਂਦਿਆਂ ਉਹ ਟਰਾਲੀਆਂ ਸਾਨੂੰ ਕਰਾਸ ਕਰ ਰਹੀਆਂ ਸਨ, ਤਦ ਮੈਂ ਦੇਖਿਆ ਕਿ ਸਭਨਾਂ ਬਜ਼ੁਰਗਾਂ ਤੇ ਨੌਜਵਾਨਾਂ ਦੇ ਹੱਥਾਂ ਵਿਚ ਗਾਈਡਾਂ ਸਨ, ਪਰ ਉਨ੍ਹਾਂ ਵਿੱਚੋਂ ਪੜ੍ਹਿਆ-ਲਿਖਿਆ ਕੋਈ ਨਹੀਂ ਜਾਪਦਾ ਸੀ।ਮੈਂ ਆਪਣੇ ਸਹਿਯੋਗੀਆਂ ਨੂੰ ਪੁੱਛਿਆ-ਇਹ ਬਜ਼ੁਰਗ/ਨੌਜਵਾਨ ਸਭ ਗਾਈਡਾਂ ਲੈ ਕੇ ਕਿਉਂ ਆ ਰਹੇ ਹਨ ? ਮਾਨ ਸਿੰਘ ਪੰਜਾਬੀ ਮਾਸਟਰ ਨੇ ਦੱਸਿਆ-ਇਹ ਨਕਲ ਮਰਵਾਉਣ ਆਏ ਹਨ, ਪਰ ਇਨ੍ਹਾਂ ਨੂੰ ਇੱਲ ਦਾ ਨਾਂਅ ਕੁੱਕੜ ਨਹੀਂ ਆਉਂਦਾ। ਇਨ੍ਹਾਂ ਵਰਕੇ ਪਾੜ-ਪਾੜ ਤਾਕੀਆਂ ਵਿੱਚੋਂ ਸੁੱਟਣੇ ਹਨ।ਬਸ ਇਨ੍ਹਾਂ ਝੱਸ ਪੂਰਾ ਕਰਨਾ ਹੈ।ਇਹ ਹਰ ਸਾਲ ਐਦਾਂ ਹੀ ਕਰਦੇ ਹਨ।

ਮਾਨ ਸਿੰਘ ਦੀ ਗੱਲ ਸੁਣ ਕੇ ਮੈਂ ਡਰ ਗਿਆ, ਕਿਉਂਕਿ ਗਰਮ ਖਿਆਲੀਆਂ ਧਮਕੀ ਦਿੱਤੀ ਹੋਈ ਸੀ ਕਿ ਜਿਸ ਸਕੂਲ ਵਿਚ ਨਕਲ ਹੋਈ, ਸਾਰਾ ਨਿਗਰਾਨ ਅਮਲਾ ਕੰਟਰੋਲਰ ਸਣੇ ਰੁੱਖਾਂ ਨਾਲ ਬੰਨ੍ਹ ਕੇ ਗੋਲੀਆਂ ਨਾਲ ਭੁੰਨ ਦਿੱਤਾ ਜਾਏਗਾ। ਇਹ ਵਿਚਾਰ ਮਨ ਵਿਚ ਹੀ ਸੀ ਕਿ ਸਕੂਲ ਆ ਗਿਆ, ਜਿਸ ਦੇ ਗੇਟ ਅੱਗੇ ਛੋਟਾ ਜਿਹਾ ਮੋੜ ਹੋਣ ਕਾਰਨ ਨਜ਼ਰ ਨਹੀਂ ਸੀ ਆਉਂਦਾ । ਸਕੂਲ ਦੇ ਗੇਟ 'ਤੇ ਹਥਿਆਰਬੰਦ ਫੌਜ ਤਾਇਨਾਤ ਦੇਖ ਕੇ ਮੈਂ ਅੰਦਰੋਂ ਕੰਬ ਗਿਆ । ਸਟਾਫ਼ ਮੇਰੇ ਪਿੱਛੇ ਹੋ ਗਿਆ। ਜਿਗਰਾ ਕਰ ਕੇ ਮੈਂ ਗੇਟ ਵੱਲ ਵਧਿਆ ਤੇ ਫੌਜੀਆਂ ਨੂੰ ਜੈ ਹਿੰਦ ਬੁਲਾ ਕੇ ਤਾਇਨਾਤੀ ਦਾ ਕਾਰਨ ਪੁੱਛਿਆ । ਉਨ੍ਹਾਂ ਦੱਸਿਆ-ਯਹਾਂ ਐਗਜ਼ਾਮ ਹੋ ਰਹਾ ਹੈ। ਮੇਰੀ ਜਾਨ ਵਿਚ ਜਾਨ ਆ ਗਈ। ਮੇਰੇ ਦਫ਼ਤਰ 'ਤੇ ਵੀ ਗੰਨ ਬੀੜੀ ਹੋਈ ਸੀ। ਇਕ ਪਾਸੇ ਫੌਜੀਆਂ ਦੀ ਗੱਡੀ ਖੜੀ ਸੀ।ਦਸ ਕੁ ਫੌਜੀਆਂ ਦੇ ਦਸਤੇ ਨੂੰ ਹੁਕਮ ਸੀ ਕਿ ਪੇਪਰ ਸੀਲ ਕਰਵਾ ਕੇ ਮੋਹਰਬੰਦ ਪੈਕਟ ਕੁਲੈਕਸ਼ਨ ਸੈਂਟਰ (ਫਿਰੋਜ਼ਪੁਰ) ਤੱਕ ਸੁਰੱਖਿਅਤ ਪਹੁੰਚਾਉਣਾ ਹੈ।

ਠੀਕ 9:00 ਵਜੇ ਪੇਪਰ ਸ਼ੁਰੂ ਹੋ ਗਿਆ। ਸਕੂਲ ਵਿਚ ਸੁੰਨ ਪਸਰ ਗਈ। ਚਿੜੀ ਵੀ ਪਰ ਨਹੀਂ ਸੀ ਮਾਰ ਰਹੀ। ਫੌਜੀ ਆਪਣੀ ਡਿਊਟੀ 'ਤੇ ਮੁਸਤੈਦ ਨਜ਼ਰ ਆ ਰਹੇ ਸਨ। ਘੰਟਾ ਕੁ ਬੀਤ ਚੁੱਕਾ ਸੀ। ਲੋਕਾਂ ਗੇਟ ਅੱਗੇ ਝੁਰਮਟ ਪਾਇਆ ਹੋਇਆ ਸੀ, ਪਰ ਫੌਜੀ ਉਨ੍ਹਾਂ ਨੂੰ ਨੇੜੇ ਨਹੀਂ ਸਨ ਆਉਣ ਦਿੰਦੇ । ਉਹ ਅੰਦਰ ਘੁਸਣ ਲਈ ਬਜਿੱਦ ਸਨ ।ਲੋਕਾਂ ਦੇ ਦਬਾਅ ਕਾਰਨ ਫੌਜੀਆਂ ਫੈਸਲਾ ਕੀਤਾ ਕਿ ਪੰਜ ਬੰਦੇ ਹੀ ਸਕੂਲ ਮੁਖੀ ਨੂੰ ਮਿਲਣਗੇ। ਤਦ ਇਕ ਫੌਜੀ ਨੇ ਦਫ਼ਤਰ ਆ ਕੇ ਮੈਨੂੰ ਸਲੂਟ ਮਾਰਿਆ- ਸਰ ਪਾਂਚ ਆਦਮੀ ਆਪ ਕੋ ਮਿਲਨਾ ਚਾਹਤੇ ਹੈਂ। ਮੇਰੀ ਹਾਂ ਕਰਨ 'ਤੇ ਉਹ ਪੰਜ ਬੰਦੇ ਲੈ ਕੇ ਦਫ਼ਤਰ ਵੱਲ ਆ ਰਹੇ ਸਨ ਤੇ ਮੈਂ ਉੱਠ ਕੇ ਸਕੂਲ ਦੇ ਵਿਹੜੇ ਵਿਚ, ਜਿੱਥੇ ਦੋ ਹੋਰ ਫੌਜੀ ਤਾਇਨਾਤ ਸਨ, ਆ ਗਿਆ। ਫੌਜੀਆਂ ਦੀ ਹਾਜ਼ਰੀ ਵਿਚ ਉਹ ਕਹਿਣ ਲੱਗੇ-ਦੱਸੋ ਤੁਹਾਨੂੰ ਕੀ ਚਾਹੀਦਾ, ਕਿੰਨੇ ਪੈਸੇ ਲੈਣੇ ਹਨ। ਅਸੀਂ ਆਪਣੇ ਬੱਚਿਆਂ ਦਾ ਸਾਲ ਬਚਾਉਣਾ ਹੈ। ਪੜ੍ਹਾਈ ਤਾਂ ਸਕੂਲਾਂ ਵਿਚ ਹੁੰਦੀ ਨਹੀਂ। ਸਾਨੂੰ ਪੇਪਰ ਲੈ ਕੇ ਦਿਉ, ਅਸੀਂ ਬੱਚਿਆਂ ਦੀ ਮਦਦ ਕਰਨੀ ਹੈ। ਮੈਂ ਬੇਨਤੀ ਕੀਤੀ ਕਿ ਮੈਨੂੰ ਕੁਝ ਨਹੀਂ ਚਾਹੀਦਾ। ਅਸੀਂ ਤਾਂ ਆਪਣੀ ਜਾਨ ਬਚਾਅ ਰਹੇ ਹਾਂ । ਗਰਮ ਖਿਆਲੀ ਨੌਜਵਾਨਾਂ ਨਕਲ ਦੇ ਖਿਲਾਫ਼ ਧਮਕੀ ਦਿੱਤੀ ਹੋਈ ਹੈ । ਐਨੀ ਕੁ ਗੱਲ ਮੇਰੇ ਮੂੰਹ ਵਿਚ ਸੀ ਕਿ ਇਕ ਹੱਟਾ-ਕੱਟਾ ਬੰਦਾ ਮੇਰਾ ਕਲਾਵਾ ਭਰ ਕੇ ਮੈਨੂੰ ਚੁੱਕ ਕੇ ਫੌਜੀਆਂ ਤੋਂ ਦੂਰ ਲੈ ਗਿਆ।ਮੇਰੀ ਲੇਰ ਨਿਕਲ ਗਈ। ਫੌਜੀਆਂ ਭੱਜ ਕੇ ਮੈਨੂੰ ਘੇਰੇ ਵਿਚ ਲੈ ਲਿਆ ਤੇ ਉਨ੍ਹਾਂ ਨੂੰ ਇਸ ਦਾ ਕਾਰਨ ਪੁੱਛਿਆ। ਉਨ੍ਹਾਂ ਕਿਹਾ-ਅਸੀਂ ਇਨ੍ਹਾਂ ਨੂੰ ਕੁਝ ਨਹੀਂ ਕਹਿਣਾ, ਇਕ ਸੁਨੇਹਾ ਦੇਣਾ ਹੈ, ਗਰਮ ਖਿਆਲੀ ਨੌਜਵਾਨਾਂ ਨਕਲ ਬੰਦ ਕਰਵਾਉਣ ਲਈ ਅਖਬਾਰਾਂ ਵਿਚ ਕਿਹਾ ਹੈ, ਪਰ ਜੇ ਬੱਚੇ ਫੇਲ੍ਹ ਹੋ ਗਏ ਤਾਂ ਵੀ ਖਲਾਸੀ ਨਹੀਂ ਹੋਣੀ। ਸਾਰੇ ਬੱਚੇ ਉਨ੍ਹਾਂ ਦੇ ਭੈਣ, ਭਰਾ, ਭਤੀਜੀਆਂ, ਭਤੀਜੇ ਜਾਂ ਪਿੰਡਾਂ ਤੋਂ ਹਨ। ਸਾਨੂੰ ਪ੍ਰਸ਼ਨ ਪੱਤਰ ਮੰਗਵਾ ਕੇ ਦਿਓ।

ਮੇਰੀ ਹਾਲਤ ਸੱਪ ਦੇ ਮੂੰਹ ਵਿਚ ਕੋਹੜ ਕਿਰਲੀ ਵਾਲੀ ਸੀ, ਪਰ ਖੜੇ ਪੈਰ ਨਿਰਨਾ ਲੈਣ ਦੀ ਤਾਕਤ ਮੈਨੂੰ ਕੁਰਸੀ ਨੇ ਸਿਖਾ ਦਿੱਤੀ ਸੀ। ਮੈਂ ਉਨ੍ਹਾਂ ਨੂੰ ਬੇਨਤੀ ਕੀਤੀ-ਇੰਜ ਸਕੂਲ ਦੀ ਬਦਨਾਮੀ ਹੋਵੇਗੀ ਤੇ ਉੱਡਣ ਦਸਤੇ ਖਾਹਮਖਾਹ ਗੇੜੇ ਮਾਰਨਗੇ। ਤੁਸੀਂ ਜਾਓ ਤੇ ਕੋਈ ਬੱਚਾ ਫੇਲ੍ਹ ਨਹੀਂ ਹੋਵੇਗਾ। ਮੈਨੂੰ ਤੁਹਾਡੇ 'ਤੇ ਯਕੀਨ ਹੈ। ਮੇਰੀ ਰਖਵਾਲੀ ਤੁਸੀਂ ਕਰਨੀ ਹੈ ।

ਦੱਖਣ ਵੱਲ ਦੇ ਫੌਜੀਆਂ ਨੂੰ ਕੋਈ ਪਤਾ ਨਹੀਂ ਲੱਗਾ ਕਿ ਕੀ ਗੱਲ ਹੋਈ ਹੈ, ਪਰ ਉਹ ਪੰਜੇ ਬੰਦੇ ਗੇਟ ਤੋਂ ਬਾਹਰ ਚਲੇ ਗਏ। ਸਕੂਲ ਵਿਚ ਮੁੜ ਸੰਨਾਟਾ ਛਾ ਗਿਆ। ਮੈਂ ਨਿਗਰਾਨ ਅਮਲੇ ਕੋਲ ਜਾ ਕੇ ਉਨ੍ਹਾਂ ਦੇ ਕੰਨ ਵਿਚ ਗਰਮ ਖਿਆਲੀ ਨੌਜਵਾਨਾਂ ਦੇ ਸੁਨੇਹੇ ਬਾਰੇ ਫੂਕ ਮਾਰ ਦਿੱਤੀ। ਇਹ ਵੀ ਕਿਹਾ ਕਿ ਬਾਹਰੋਂ ਕੋਈ ਦਖਲ-ਅੰਦਾਜ਼ੀ ਨਹੀਂ ਹੋਵੇਗੀ।ਡਰ ਅਤੇ ਸਹਿਮ ਦੇ ਮਹੌਲ ਵਿਚ ਵਿਚਰਦੇ ਬੱਚਿਆਂ ਦਾ ਕੀਮਤੀ ਸਾਲ ਬਚਾਉਣਾ ਹੈ। ਆਪਾਂ ਆਪਣੀ ਜਾਨ ਵੀ ਬਚਾਉਣੀ ਹੈ।

ਨਿਗਰਾਨ ਅਮਲੇ ਨੇ ਆਪਣੀ ਕਰਾਮਾਤ ਦਿਖਾਈ ਤੇ ਸਭ ਬੱਚਿਆਂ ਦਾ ਪੇਪਰ ਚੰਗਾ ਹੋ ਗਿਆ। ਪੇਪਰ ਖਤਮ ਹੋਣ 'ਤੇ ਬੱਚੇ ਛਾਲਾਂ ਮਾਰਦੇ ਹਾਲ ਤੋਂ ਬਾਹਰ ਆਏ। ਉਨ੍ਹਾਂ ਪੇਪਰ ਗੱਡ ਕੇ ਆਉਣ ਦੀ ਖੁਸ਼ੀ ਆਪੋ-ਆਪਣੇ ਹਮਾਇਤੀਆਂ ਨਾਲ ਸਾਂਝੀ ਕੀਤੀ।

# ਸੰਪਰਕ : 94652-25722

# ਸਮਾਜ ਦੀ ਔਰਤ ਪ੍ਰਤੀ ਸੋਚ ਅਜੇ ਵੀ ਪਿਛਾਂਹਖਿੱਚੂ


ਸੁਰਜੀਤ ਸਿੰਘ ਫਲੋਰਾ

2026 ਵਿੱਚ ਵੀ ਭਾਰਤ ਦੇ ਕਈ ਘਰਾਂ ਅਤੇ ਪਿੰਡਾਂ ਵਿੱਚ ਇੱਕ ਪੁਰਾਣੀ ਧਾਰਨਾ ਜ਼ਿੰਦਾ ਹੈ, ਔਰਤ ਦੀ ਅਸਲੀ ਥਾਂ ਘਰ ਹੈ। ਇਹ ਸਿਰਫ ਨਿੱਜੀ ਰਾਇ ਨਹੀਂ, ਇਸ ਦੇ ਪਿੱਛੇ ਪਰੰਪਰਾਗਤ ਲਿੰਗ ਭੂਮਿਕਾਵਾਂ, ਸਮਾਜਿਕ ਦਬਾਅ, ਆਰਥਿਕ ਡਰ ਅਤੇ ਮਰਦਾਨਗੀ ਦੀ ਨਾਜ਼ੁਕ ਸਮਝ ਇਕੱਠੇ ਕੰਮ ਕਰਦੇ ਹਨ।

ਉਧਰ ਕੇਂਦਰ ਸਰਕਾਰ ਔਰਤਾਂ ਦੀ ਸਿੱਖਿਆ, ਸੁਰੱਖਿਆ, ਸਿਹਤ ਅਤੇ ਆਰਥਿਕ ਆਜ਼ਾਦੀ ਲਈ ਕਈ ਯੋਜਨਾਵਾਂ ਚਲਾ ਰਹੀ ਹੈ। ਕੇਂਦਰ ਸਰਕਾਰ 2026 ਵਿੱਚ ਔਰਤ ਵਿਕਾਸ ਦੇ ਪ੍ਰੋਜੈਕਟ ਤੋਂ ਅੱਗੇ ਵਧ ਕੇ ਔਰਤਾਂ ਦੀ ਅਗਵਾਈ ਵਾਲਾ ਵਿਕਾਸ ਦੀ ਗੱਲ ਕਰ ਰਹੀ ਹੈ। ਇਸ ਲਈ ਦੇਸ਼ ਇੱਕ ਸਾਫ਼ ਟਕਰਾਅ ਦੇ ਵਿਚਕਾਰ ਖੜ੍ਹਾ ਹੈ, ਇੱਕ ਪਾਸੇ ਘਰ ਤੱਕ ਸੀਮਿਤ ਔਰਤ, ਦੂਜੇ ਪਾਸੇ ਫ਼ੈਸਲਾ ਲੈਣ ਵਾਲੀ ਨਾਗਰਿਕ ਔਰਤ।

ਕਈ ਪਰਵਾਰਾਂ ਵਿੱਚ ਮੁੰਡਿਆਂ ਅਤੇ ਕੁੜੀਆਂ ਦੀ ਪਰਵਰਿਸ਼ ਅਜੇ ਵੀ ਵੱਖਰੇ ਨਿਯਮਾਂ ਨਾਲ ਹੁੰਦੀ ਹੈ। ਮੁੰਡੇ ਲਈ ਬਾਹਰ ਜਾਣਾ, ਕਮਾਉਣਾ, ਬੈਠਕਾਂ ਵਿੱਚ ਬੋਲਣਾ ਆਮ ਮੰਨਿਆ ਜਾਂਦਾ ਹੈ। ਕੁੜੀ ਲਈ ਸਬਰ, ਘਰੇਲੂ ਕੰਮ ਅਤੇ ਚੁੱਪ ਰਹਿਣਾ ਗੁਣ ਬਣ ਜਾਂਦੇ ਹਨ। ਇਸੇ ਬੁਨਿਆਦ 'ਤੇ ਵੱਡੀ ਹੋਈ ਸੋਚ ਅੱਗੇ ਜਾ ਕੇ ਕਹਿੰਦੀ ਹੈ ਕਿ ਔਰਤ ਘਰ ਸੰਭਾਲੇ, ਮਰਦ ਦੁਨੀਆ।

ਪੇਂਡੂ ਹੀ ਨਹੀਂ, ਬਲਕਿ ਬਹੁਤੇ ਸ਼ਹਿਰੀ ਮਰਦਾਂ ਸਮਾਜ ਵਿੱਚ ਵੀ ਇਹ ਗੱਲ ਹੋਰ ਸਖ਼ਤ ਹੋ ਜਾਂਦੀ ਹੈ, ਕਿਉਂਕਿ ਰਵਾਇਤ, ਜਾਤੀ ਦਬਾਅ, ਧਾਰਮਿਕ ਭਾਸ਼ਣ ਅਤੇ ਪਰਵਾਰ ਦੀ ਸਾਂਝੀ ਇੱਜ਼ਤ ਇਕੱਠੇ ਬੋਲਦੇ ਹਨ। ਨਾਲ ਹੀ ਇੱਕ ਆਰਥਿਕ ਡਰ ਵੀ ਹੁੰਦਾ ਹੈ। ਜਦੋਂ ਔਰਤ ਕਮਾਉਣ ਲੱਗਦੀ ਹੈ, ਤਾਂ ਘਰ ਦੇ ਅੰਦਰ ਤਾਕਤ ਦਾ ਸੰਤੁਲਨ ਬਦਲਦਾ ਹੈ। ਜਿਸ ਵਿਅਕਤੀ ਨੂੰ ਪਹਿਲਾਂ ਆਖ਼ਰੀ ਫ਼ੈਸਲੇ ਦੀ ਆਦਤ ਸੀ, ਉਹਨੂੰ ਸਾਂਝਾ ਫ਼ੈਸਲਾ ਲੈਣਾ ਹੁਣ ਮਨਜ਼ੂਰ ਨਹੀਂ ਹੁੰਦਾ।

ਕਈ ਘਰਾਂ ਵਿੱਚ ਔਰਤ ਦੀ ਚਲਣ-ਫਿਰਣ, ਕਮਾਈ ਅਤੇ ਜਨਤਕ ਮੌਜੂਦਗੀ ਨੂੰ ਸਿੱਧਾ ਪਰਵਾਰ ਦੀ ਇੱਜ਼ਤ ਨਾਲ ਜੋੜ ਦਿੱਤਾ ਜਾਂਦਾ ਹੈ। ਫਿਰ ਮੁੱਦਾ ਔਰਤ ਦੀ ਯੋਗਤਾ ਨਹੀਂ ਰਹਿੰਦਾ, ਨਿਗਰਾਨੀ ਰਹਿੰਦੀ ਹੈ। ਉਹ ਕਿੱਥੇ ਗਈ, ਕਿਸ ਨਾਲ ਗੱਲ ਕੀਤੀ, ਕਿੰਨੀ ਦੇਰ ਬਾਹਰ ਰਹੀ, ਇਹ ਸਭ ਸੰਸਕਾਰ ਦੇ ਨਾਂਅ 'ਤੇ ਤੋਲਿਆ ਜਾਂਦਾ ਹੈ।

ਇਸ ਸੋਚ ਵਿੱਚ ਔਰਤ ਆਪਣੀ ਪਛਾਣ ਵਾਲੀ ਵਿਅਕਤੀ ਘੱਟ ਰਹਿ ਜਾਂਦੀ ਹੈ । ਉਹ ਪਰਵਾਰ ਦੀ ਛਵੀ ਦਾ ਭਾਰ ਢੋਣ ਵਾਲੀ ਦੇਹ ਬਣ ਜਾਂਦੀ ਹੈ। ਮਰਦ ਦੀ ਰੱਖਿਆ ਨਹੀਂ, ਮਰਦ ਦੀ ਨਿਗਰਾਨੀ ਮੁੱਖ ਹੋ ਜਾਂਦੀ ਹੈ।

ਕੁਝ ਮਰਦ ਹੋਰ ਮਰਦਾਂ ਅੱਗੇ ਆਪਣੀ ਹੈਸੀਅਤ ਬਚਾਉਣ ਲਈ ਘਰ ਦੀਆਂ ਔਰਤਾਂ ਉੱਤੇ ਸਖ਼ਤੀ ਦਿਖਾਉਂਦੇ ਹਨ । ਇਸ ਨੂੰ ਆਸਾਨ ਭਾਸ਼ਾ ਵਿੱਚ ਮਰਦ ਪ੍ਰਧਾਨ ਕਿਹਾ ਜਾ ਸਕਦਾ ਹੈ। ਮਤਲਬ ਇਹ ਕਿ ਜੇ ਪਤਨੀ ਜਾਂ ਧੀ ਖੁੱਲ੍ਹ ਕੇ ਬੋਲਦੀ ਹੈ, ਕਮਾਉਂਦੀ ਹੈ ਜਾਂ ਅਗਵਾਈ ਕਰਦੀ ਹੈ, ਤਾਂ ਉਹ ਆਪਣੇ ਆਪ ਨੂੰ ਘੱਟ ਤਾਕਤਵਰ ਮਹਿਸੂਸ ਕਰਦੇ ਹਨ। ਆਪਣੀ ਹੀਣਤਾ-ਬੇਇੱਜ਼ਤੀ ਮਹਿਸੂਸ ਕਰਦੇ ਹਨ।

ਸਰਕਾਰੀ ਯੋਜਨਾਵਾਂ ਹਰ ਪੁਰਾਣੀ ਸੋਚ ਨੂੰ ਖਤਮ ਨਹੀਂ ਕਰਦੀਆਂ, ਪਰ ਉਹ ਦਿਨ-ਚਰਿਆ ਬਦਲਦੀਆਂ ਹਨ। ਜਿੱਥੇ ਆਮਦਨ, ਬਚਤ, ਪੜ੍ਹਾਈ, ਗੈਸ, ਘਰ ਅਤੇ ਸੁਰੱਖਿਆ ਔਰਤ ਦੇ ਨਾਂਅ ਨਾਲ ਜੁੜਦੇ ਹਨ, ਉੱਥੇ ਘਰ ਅੰਦਰ ਉਸ ਦੀ ਆਵਾਜ਼ ਵੀ ਵਧਦੀ ਹੈ। 2026 ਤੱਕ ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ ਮਹਿਲਾਵਾਂ ਦੀ ਵੱਡੀ ਗਿਣਤੀ ਨੇ ਇਸ ਤਬਦੀਲੀ ਨੂੰ ਜ਼ਮੀਨ 'ਤੇ ਦਿਖਾਇਆ ਹੈ।

ਲੱਖਪਤੀ ਦੀਦੀ ਪ੍ਰੋਗਰਾਮ ਨੇ ਮੁੱਢਲਾ ਟੀਚਾ 2 ਕਰੋੜ ਮਹਿਲਾਵਾਂ ਨੂੰ ਸਾਲਾਨਾ 1 ਲੱਖ ਰੁਪਏ ਤੋਂ ਵੱਧ ਕਮਾਈ ਤੱਕ ਲੈ ਜਾਣਾ ਸੀ। ਮਈ 2026 ਤੱਕ ਸਰਕਾਰੀ ਦਾਅਵਿਆਂ ਵਿੱਚ 3 ਕਰੋੜ ਤੋਂ ਵੱਧ ਲਖਪਤੀ ਦੀਦੀਆਂ ਦੀ ਗੱਲ ਕੀਤੀ ਗਈ ਹੈ। ਇਸ ਯੋਜਨਾ ਦਾ ਅਸਰ ਸਿਰਫ ਆਮਦਨ ਨਹੀਂ, ਸਨਮਾਨ 'ਤੇ ਵੀ ਪੈਂਦਾ ਹੈ, ਕਿਉਂਕਿ ਪੈਸਾ ਘਰ ਦੀ ਬੋਲਚਾਲ ਬਦਲਦਾ ਹੈ।

ਇਸ ਦੇ ਨਾਲ ਮੁਦਰਾ ਯੋਜਨਾ ਔਰਤਾਂ ਨੂੰ ਬਿਨਾਂ ਗਿਰਵੀ ਛੋਟੇ ਕਾਰੋਬਾਰ ਲਈ ਕਰਜ਼ਾ ਦਿੰਦੀ ਹੈ ਅਤੇ 2026 ਵਿੱਚ ਇਸ ਵਿੱਚ ਮਹਿਲਾ ਉਦਮੀਆਂ ਉੱਤੇ ਵਧੇਰੇ ਧਿਆਨ ਦੀ ਗੱਲ ਆਈ। ਸਟੈਂਡ ਅੱਪ ਇੰਡੀਆ ਪ੍ਰੋਗਰਾਮ ਤਹਿਤ10 ਲੱਖ ਤੋਂ 1 ਕਰੋੜ ਤੱਕ ਦੇ ਕਰਜ਼ਿਆਂ ਨਾਲ ਔਰਤ ਉਦਯਮਿਤਾ ਨੂੰ ਬੜ੍ਹਾਵਾ ਦਿੰਦੀ ਹੈ। ਮਹਿਲਾਂ ਕੇ ਹਾਟ ਰਾਹੀ ਬਾਜ਼ਾਰ ਤੱਕ ਪਹੁੰਚ ਦਾ ਰਾਹ ਖੋਲ੍ਹਦਾ ਹੈ। ਮਹਿਲਾ ਸਨਮਾਨ ਬੱਚਤ ਸਰਟੀਫਿਕੇਟ ਨੇ ਬਚਤ ਨੂੰ ਔਰਤ ਦੇ ਆਪਣੇ ਨਾਂਅ ਨਾਲ ਜੋੜਨ ਦੀ ਸੋਚ ਮਜ਼ਬੂਤ ਕੀਤੀ।

ਸੁਕੰਨਿਆ ਸਮ੍ਰਿਧੀ ਯੋਜਨਾ ਇਸ ਬਦਲਾਅ ਨੂੰ ਬਚਤ ਨਾਲ ਜੋੜਦੀ ਹੈ। 10 ਸਾਲ ਤੋਂ ਘੱਟ ਉਮਰ ਦੀਆਂ ਬੇਟੀਆਂ ਲਈ ਖਾਤਾ, ਕਰ-ਮੁਕਤ ਵਿਆਜ ਅਤੇ ਭਵਿੱਖ ਲਈ ਰਕਮ, ਇਹ ਸਭ ਮਾਪਿਆਂ ਨੂੰ ਇੱਕ ਵੱਖਰੀ ਦਿਸ਼ਾ ਦਿੰਦੇ ਹਨ। 2026 ਦੀਆਂ ਕੁਝ ਰਾਜਨੀਤਕ ਘੋਸ਼ਣਾਵਾਂ ਵਿੱਚ ਡਿਗਰੀ ਕਰ ਰਹੀਆਂ ਨੌਜਵਾਨ ਔਰਤਾਂ ਲਈ 50,000 ਰੁਪਏ ਤੱਕ ਦੀ ਸਟਾਈਪੈਂਡ ਮਦਦ ਦਾ ਵਾਅਦਾ ਵੀ ਚਰਚਾ ਵਿੱਚ ਰਿਹਾ। ਇਹ ਸੰਕੇਤ ਸਾਫ਼ ਹੈ, ਧੀ ਦੀ ਪੜ੍ਹਾਈ ਹੁਣ ਘਰ ਦਾ ਖਰਚਾ ਨਹੀਂ, ਭਵਿੱਖ ਦੀ ਪੂੰਜੀ ਹੈ।

ਜਦੋਂ ਇੱਕ ਔਰਤ ਸਰਪੰਚ ਬਣਦੀ ਹੈ, ਤਾਂ ਪਿੰਡ ਦੀ ਤਾਕਤ ਸੰਰਚਨਾ ਕਿਵੇਂ ਹਿਲਦੀ ਹੈ।

ਪਿੰਡ ਦੀ ਰਾਜਨੀਤੀ ਵਿੱਚ ਔਰਤ ਦਾ ਉੱਪਰ ਆਉਣਾ ਅਕਸਰ ਮਰਦ-ਕੇਂਦਰਿਤ ਤਾਕਤ ਨੂੰ ਸਿੱਧੀ ਟੱਕਰ ਦਿੰਦਾ ਹੈ। ਇਸੇ ਕਰਕੇ ਵਿਰੋਧ ਸਿਰਫ ਚੋਣੀ ਨਹੀਂ ਹੁੰਦਾ, ਮਨੋਵਿਗਿਆਨਕ ਵੀ ਹੁੰਦਾ ਹੈ। ਕਈ ਥਾਵਾਂ ਤੇ ਪ੍ਰੌਕਸੀ ਰਾਜਨੀਤੀ ਚੱਲਦੀ ਹੈ, ਕਾਗਜ਼ਾਂ 'ਤੇ ਸਰਪੰਚ ਔਰਤ ਹੁੰਦੀ ਹੈ, ਮੀਟਿੰਗ ਵਿੱਚ ਪਤੀ ਜਾਂ ਭਰਾ ਬੋਲਦਾ ਹੈ।

ਅਜਿਹੀਆਂ ਸਥਿਤੀਆਂ ਵਿੱਚ ਤਨਜ਼ ਵੀ ਮਿਲਦਾ ਹੈ, ਸ਼ੱਕ ਵੀ, ਅਤੇ ਅਣਗੌਲ ਵੀ। ਕਈ ਪਿੰਡਾਂ ਵਿੱਚ ਇਸ ਤਰ੍ਹਾਂ ਦੀ ਗੱਲ ਸੁਣੀ ਜਾਂਦੀ ਹੈ:

ਇਸ ਤਰ੍ਹਾਂ ਦੇ ਰਾਜ ਇੱਕ ਸੱਚ ਖੋਲ੍ਹਦੇ ਹਨ। ਨਾਰਾਜ਼ਗੀ ਸਰਪੰਚੀ ਨਾਲ ਘੱਟ ਹੁੰਦੀ ਹੈ, ਔਰਤ ਦੀ ਕਮਾਈ, ਜਨਤਕ ਮੌਜੂਦਗੀ ਅਤੇ ਮਰਦਾਂ ਦੇ ਬਰਾਬਰ ਖੜ੍ਹਨ ਨਾਲ ਵੱਧ ਹੁੰਦੀ ਹੈ। ਕੁਝ ਮਰਦਾਂ ਨੂੰ ਲੱਗਦਾ ਹੈ ਕਿ ਜੇ ਇੱਕ ਔਰਤ ਅੱਗੇ ਆ ਗਈ, ਤਾਂ ਕਿਸੇ ਮਰਦ ਦੀ ਜਗ੍ਹਾ ਘੱਟ ਹੋ ਜਾਵੇਗੀ।

ਫਿਰ ਵੀ ਪੰਚਾਇਤੀ ਰਾਜ ਦਾ ਤਜਰਬਾ ਦਿਖਾ ਚੁੱਕਾ ਹੈ ਕਿ ਜਦੋਂ ਔਰਤ ਨੂੰ ਅਧਿਕਾਰ ਮਿਲਦਾ ਹੈ, ਉਹ ਸਿਰਫ ਹਾਜ਼ਰੀ ਨਹੀਂ ਲਗਾਉਂਦੀ, ਕੰਮ ਵੀ ਕਰਦੀ ਹੈ।

ਫਿਰ ਵੀ ਕੁਝ ਮਰਦਾਂ ਦੀ ਪੁਰਾਣੀ ਸੋਚ ਇੱਕ ਦਿਨ ਵਿੱਚ ਨਹੀਂ ਟੁੱਟਦੀ, ਪਰ ਜਦੋਂ ਔਰਤ ਆਪਣੇ ਨਾਂਅ ਦਾ ਘਰ ਰੱਖਦੀ ਹੈ, ਆਪਣੀ ਕਮਾਈ ਕਰਦੀ ਹੈ, ਧੀ ਨੂੰ ਪੜ੍ਹਾਉਂਦੀ ਹੈ ਅਤੇ ਪੰਚਾਇਤ ਵਿੱਚ ਫ਼ੈਸਲਾ ਲੈਂਦੀ ਹੈ, ਤਾਂ ਉਹ ਸੋਚ ਹੌਲੀ-ਹੌਲੀ ਕਮਜ਼ੋਰ ਪੈਂਦੀ ਹੈ।

2026 ਦਾ ਭਾਰਤ ਦੋ ਤਸਵੀਰਾਂ ਦੇ ਵਿਚਕਾਰ ਖੜ੍ਹਾ ਹੈ। ਇੱਕ ਤਸਵੀਰ ਔਰਤ ਨੂੰ ਚਾਰਦੀਵਾਰੀ ਵਿੱਚ ਰੱਖਦੀ ਹੈ, ਦੂਜੀ ਉਸ ਨੂੰ ਵਿਕਾਸ ਦੀ ਭਾਗੀਦਾਰ ਹੀ ਨਹੀਂ, ਅਗਵਾਈ ਕਰਨ ਵਾਲੀ ਸ਼ਖ਼ਸੀਅਤ ਮੰਨਦੀ ਹੈ। ਸਰਕਾਰੀ ਯੋਜਨਾਵਾਂ ਰਾਹ ਖੋਲ੍ਹਦੀਆਂ ਹਨ, ਪਰ ਸਮਾਜਿਕ ਸਵੀਕਾਰਤਾ ਤੋਂ ਬਿਨਾਂ ਉਹ ਰਾਹ ਪੂਰਾ ਨਹੀਂ ਹੋ ਸਕਦਾ

F Havelock Drive, Brampton, ON
LFW DAE Canada, 647-829-9397

# ਮੁਹਾਲੀ ਰੈਲੀ 'ਚ ਨਰੇਗਾ ਕਾਮੇ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ : ਕਸ਼ਮੀਰ ਗਦਾਈਆ



**ਨਾਭਾ (ਵਰਿੰਦਰ ਵਰਮਾ)**

ਇੱਕ ਮਈ ਕਿਰਤ ਦਿਵਸ 'ਤੇ ਪੰਜਾਬ ਸਰਕਾਰ ਨੇ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾ ਕੇ ਪੰਜਾਬ ਦੇ ਕਿਰਤੀਆਂ ਦੀਆਂ ਅੱਖਾਂ 'ਚ ਘੱਟਾ ਪਾਉਣ ਤੋਂ ਸਿਵਾਏ ਕਿਰਤੀਆਂ ਨੂੰ ਕੁੱਝ ਵੀ ਨਹੀਂ ਦਿੱਤਾ, 14 ਸਾਲਾਂ ਬਾਅਦ ਕਿਰਤੀਆਂ ਦੀਆਂ ਉਜ਼ਰਤਾਂ ਵਿੱਚ ਮਾਮੂਲੀ ਜਿਹਾ ਵਾਧਾ ਕਰਕੇ ਊਠ ਦੇ ਮੂੰਹ ਜ਼ੀਰਾ ਦੇਣ ਵਾਲੀ ਗੱਲ਼ ਕੀਤੀ ਹੈ। ਉਸ ਦਿਨ ਕਿਰਤੀਆਂ ਦੀਆਂ ਉਜ਼ਰਤਾਂ ਵਿੱਚ ਮਾਮੂਲੀ ਜਿਹਾ 1760 ਰੁਪਏ ਦਾ ਵਾਧਾ ਕਰਕੇ ਕਿਰਤੀ ਵਰਗ ਨਾਲ਼ ਮਜ਼ਾਖ਼ ਹੀ ਕੀਤਾ ਹੈ, 1 ਮਈ ਵਾਲੇ ਦਿਨ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਣ ਤੋਂ ਲੱਗਦਾ ਸੀ ਕਿ ਪੰਜਾਬ ਸਰਕਾਰ ਕਿਰਤੀਆਂ ਲਈ ਕੋਈ ਵੱਡੀ ਰਾਹਤ ਦਾ ਐਲਾਨ ਕਰੇਗੀ, ਪਰ ਅਜਿਹਾ ਨਹੀਂ ਹੋਇਆ। ਹੁਣ ਕਿਰਤੀਆਂ ਨੂੰ ਸਿਰਫ਼ 13,486 ਰੁਪਏ ਹੀ ਉਜ਼ਰਤ ਵਜੋਂ ਮਿਲਣਗੇ, ਜਿਸ ਨਾਲ਼ ਏਨੀ ਮਹਿੰਗਾਈ ਦੇ ਸਮੇਂ ਵਿੱਚ 5 ਮੈਂਬਰੀ ਪਰਵਾਰ ਇਸ ਨਾਲ਼ ਗੁਜ਼ਾਰਾ ਨਹੀਂ ਕਰ ਸਕਦਾ ਹੈ। ਦੇਸ਼ ਦੀਆਂ ਟ੍ਰੇਡ ਯੂਨੀਅਨਾਂ ਹਰ ਕਿਰਤੀ ਲਈ ਘੱਟੋ ਘੱਟ 35000 ਰੁਪਏ ਦੀ ਮੰਗ ਕਰ ਰਹੀਆਂ ਹਨ, ਏਨੀ ਉਜ਼ਰਤ ਦੇ ਹੁੰਦਿਆਂ ਹੀ ਕਿਰਤੀ ਪਰਵਾਰ ਮਾਣ ਸਤਿਕਾਰ ਤੇ ਸਾਰੀਆਂ ਲੋੜਾਂ ਪੂਰੀਆਂ ਕਰ ਸਕਦਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ. ਏਟਕ ਦੇ ਸੂਬਾ ਪ੍ਰਧਾਨ ਤੇ ਪੰਜਾਬ ਏਟਕ ਦੇ ਸੂਬਾ ਮੀਤ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ 19 ਮਈ ਦੀ ਮੁਹਾਲੀ ਰੈਲੀ ਸੰਬੰਧੀ ਨਾਭਾ ਤਹਿਸੀਲ ਦੇ ਪਿੰਡ ਬਿਸ਼ਨਗੜ੍ਹ ਤੇ ਘਣੀਵਾਲ ਵਿਖੇ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਪੰਜਾਬ ਦੀ ਮਾਨ ਸਰਕਾਰ ਨੇ ਨਰੇਗਾ ਕਾਮਿਆਂ ਦੀ ਸਾਲਾਨਾ ਉਜ਼ਰਤ ਵਧਾਉਣ ਲਈ ਸਿਫਾਰਸ਼ ਨਹੀਂ ਕੀਤੀ ਤੇ ਨਾ ਹੀ ਕੇਂਦਰ ਦੀ ਮੋਦੀ ਹਕੂਮਤ ਨੇ ਨਰੇਗਾ ਕਾਮਿਆਂ ਦੀ ਦਿਹਾੜੀ ਵਿੱਚ ਵਾਧਾ ਕੀਤਾ ਹੈ, ਇਸ ਲਈ ਦੇਸ਼ ਦੇ ਨਰੇਗਾ ਕਾਮਿਆਂ ਵਿੱਚ ਘੋਰ ਨਿਰਾਸ਼ਾ ਹੈ ਤੇ 1 ਜੁਲਾਈ ਤੋਂ ਕੇਂਦਰ ਸਰਕਾਰ ਨਰੇਗਾ ਦੀ ਥਾਂ ਬਣਾਏ ਨਵੇਂ ਕਾਨੂੰਨ ਵੀ ਬੀ ਗ੍ਰਾਮ ਨੂੰ ਲਾਗੂ ਕਰਨ ਦਾ ਐਲਾਨ ਕਰ ਦਿੱਤਾ ਹੈ। ਇਹ ਕਾਨੂੰਨ ਲਾਗੂ ਨਹੀਂ ਕਰਨਾ ਚਾਹੀਦਾ ਹੈ, ਕਿਉਂਕਿ ਇਸ ਦੇ ਲਾਗੂ ਹੋਣ ਰੁਜ਼ਗਾਰ ਪ੍ਰਾਪਤੀ ਦੀਆਂ ਸੰਭਾਵਨਾਵਾਂ ਘੱਟ ਹਨ, ਇਸ ਦੀ ਥਾਂ ਪਹਿਲਾਂ ਵਾਲਾ ਹੀ ਮਹਾਤਮਾ ਗਾਂਧੀ ਕੌਮੀ ਪੇਂਡੂ ਰੁਜ਼ਗਾਰ ਐਕਟ ਹੀ 200 ਦਿਨਾਂ ਦੀ ਕੰਮ ਗਾਰੰਟੀ 1000 ਰੁਪਏ ਦਿਹਾੜੀ ਨਾਲ਼ ਲਾਗੂ ਰਹਿਣਾ ਚਾਹੀਦਾ ਹੈ। ਕਾਮਰੇਡ ਗਦਾਈਆ ਨੇ ਅੱਗੇ ਕਿਹਾ ਕਿ ਪੰਜਾਬ ਦੇ ਲੱਖਾਂ ਕੱਚੇ ਕਾਮੇ, ਜੋ ਵੱਖ ਵੱਖ ਅਦਾਰਿਆਂ ਵਿੱਚ ਬਹੁਤ ਲੰਮੇ ਸਮੇਂ ਤੋਂ ਕੰਮ ਕਰ ਰਹੇ ਹਨ, ਉਨ੍ਹਾਂ ਨੂੰ ਪੱਕੇ ਕਰਨ ਦੀ ਕੋਈ ਵੀ ਗੱਲ਼ ਨਹੀਂ ਕੀਤੀ ਜਾ ਰਹੀ ਹੈ ਤੇ ਉਨ੍ਹਾਂ ਵਿੱਚ ਬਹੁਤੇ ਕਾਮੇ ਰਿਟਾਇਰ ਹੋਣ ਦੀ ਉਮਰ ਦੇ ਨੇੜੇ ਪਹੁੰਚੇ ਹੋਏ ਹਨ। ਭਗਵੰਤ ਮਾਨ ਦੀ ਸਰਕਾਰ ਨੇ ਸੱਤਾ 'ਚ ਆਉਣ ਤੋਂ ਪਹਿਲਾਂ ਕਿਰਤੀਆਂ ਨਾਲ਼ ਵਾਅਦੇ ਕੀਤੇ ਸਨ ਕਿ ਕੱਚੇ ਕਾਮਿਆਂ ਨੂੰ ਜਲਦੀ ਪੱਕੇ ਕੀਤਾਂ ਜਾਵੇਗਾ, ਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਜਾਵੇਗਾ ਤੇ ਇਹ ਕਿਹਾ ਜਾਂਦਾ ਰਿਹਾ ਕਿ ਪੰਜਾਬ ਵਿੱਚ ਏਨੀਆਂ ਨੌਕਰੀਆਂ ਪੈਦਾ ਕੀਤੀਆਂ ਜਾਣਗੀਆਂ ਕਿ ਅੰਗਰੇਜ਼ ਵੀ ਨੌਕਰੀ ਲੈਣ ਲਈ ਭਾਰਤ ਆਇਆ ਕਰਨਗੇ।ਇਨ੍ਹਾਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਰੋਸ਼ਨ ਸਿੰਘ ਫ਼ੌਜੀ ਬਿਸ਼ਨਗੜ੍ਹ, ਮਨਪ੍ਰੀਤ ਕੌਰ ਬਿਸ਼ਨਗੜ੍ਹ, ਬਲਜੀਤ ਕੌਰ ਗਦਾਈਆ, ਸੁਖਚੈਨ ਸਿੰਘ ਘਣੀਵਾਲ, ਪ੍ਰਕਾਸ਼ ਕੌਰ ਘਣੀਵਾਲ, ਸਤਿਆ ਕੌਰ ਘਣੀਵਾਲ ਨੇ ਨਰੇਗਾ ਕਾਮਿਆਂ ਨੂੰ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਤੇ ਪੰਜਾਬ ਦੀ ਮਾਨ ਸਰਕਾਰ ਵੱਲੋਂ 2025 ਵਿੱਚ ਨਰੇਗਾ ਕਾਮਿਆਂ ਨੂੰ ਲਗਪਗ 10 ਮਹੀਨੇ ਕੰਮ ਨਾ ਦੇ ਕੇ ਉਨ੍ਹਾਂ ਦਾ ਵੱਡਾ ਆਰਥਿਕ ਨੁਕਸਾਨ ਕੀਤਾ ਹੈ, ਜੋ ਬਰਦਾਸ਼ਤ ਤੋਂ ਬਾਹਰ ਹੈ। ਪੰਜਾਬ ਦੇ ਨਰੇਗਾ ਕਾਮੇ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਇਨ੍ਹਾਂ ਦੋਨਾਂ ਪਾਰਟੀਆਂ ਨੂੰ ਮਾਫ਼ ਨਹੀਂ ਕਰਨਗੇ। ਮਜ਼ਦੂਰ ਆਗੂਆਂ ਨੇ ਕਾਮਿਆਂ ਨੂੰ ਅਪੀਲ ਕੀਤੀ ਕਿ 19 ਮਈ ਨੂੰ ਕਿਰਤ ਭਵਨ ਮੁਹਾਲੀ ਵਿਖੇ ਹੁੰਮ ਹੁਮਾ ਕੇ ਪਹੁੰਚੋ।

## ਸਫ਼ਾਈ ਮੁਲਾਜ਼ਮਾਂ ਦੀ ਹੜਤਾਲ 7ਵੇਂ ਦਿਨ ਵੀ ਜਾਰੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨਗਰ ਨਿਗਮ ਪਟਿਆਲਾ ਤੇ ਨਗਰ ਕੌਂਸਲ ਸਨੌਰ ਦੇ ਸਫ਼ਾਈ ਕਰਮਚਾਰੀਆਂ ਵੱਲੋਂ ਮੰਗਾਂ ਦੀ ਪੂਰਤੀ ਲਈ ਕੀਤੀ ਹੜਤਾਲ 7ਵੇਂ ਦਿਨ ਨੂੰ ਵੀ ਜਾਰੀ ਰਹੀ।ਨਗਰ ਨਿਗਮ ਦੇ ਤਕਨੀਕੀ ਕ੍ਰਮਚਾਰੀ ਵੀ ਇਸ ਅੰਦੋਲਨ ਵਿੱਚ ਕੁੱਦ ਜਾਣ ਕਾਰਨ ਸਫ਼ਾਈ ਕ੍ਰਮਚਾਰੀਆਂ ਦੀ ਹੜਤਾਲ ਨੂੰ ਭਾਰੀ ਬਲ ਮਿਲਿਆ।

ਨਿਗਮ ਕ੍ਰਮਚਾਰੀਆਂ ਦੀ ਮੰਗ ਹੈ ਕਿ ਤਕਨੀਕੀ ਸਟਾਫ, ਸਫ਼ਾਈ ਕ੍ਰਮਚਾਰੀਆਂ ਅਤੇ ਸੀਵਰਮੈਨ ਸਮੇਤ ਠੇਕੇ 'ਤੇ ਕੰਮ ਕਰਨ ਵਾਲੇ ਕ੍ਰਮਚਾਰੀਆਂ ਨੂੰ ਨਿਯਮਤ ਕਰਨ ਕਰਨ ਸਮੇਤ ਉਨ੍ਹਾਂ ਦੀਆਂ ਹੋਰ ਮੰਗਾਂ ਦੀ ਪੂਰਤੀ ਵੀ ਯਕੀਨੀ ਬਣਾਈ ਜਾਵੇ। ਦੂਜੇ ਪਾਸੇ ਇਸ ਹੜਤਾਲ ਕਾਰਨ ਸਨੌਰ ਸ਼ਹਿਰ ਤੇ ਪਟਿਆਲ਼ਾ ਸ਼ਹਿਰ ਅੰਦਰ ਕੂੜਾ ਦੇ ਢੇਰ ਲੱਗਣ ਤੇ ਸਟਰੀਟ ਲਾਈਟਾਂ ਦੀ ਮੁਰੰਮਤ ਤੋਂ ਇਲਾਵਾ ਪਾਣੀ ਸਪਲਾਈ ਅਤੇ ਸਫ਼ਾਈ ਨਾਲ ਸਬੰਧਤ ਸੇਵਾਵਾਂ ਦੇ ਕੰਮ ਬੁਰੀ ਤਰ੍ਹਾਂ ਪ੍ਰਭਾਵਤ ਹੋਣ ਕਾਰਨ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਚ ਭਾਰੀ ਵਾਧਾ ਹੋ ਰਿਹਾ ਹੈ। ਹੁਣ ਟੈਕਨੀਕਲ ਕਾਮਿਆਂ ਵਲੋਂ ਵੀ ਹੜਤਾਲ ਦਾ ਹਿੱਸਾ ਬਣਨ ਨਾਲ ਸਰਕਾਰ ਲਈ ਹੋਰ ਵੀ ਮੁਸ਼ਕਲਾਂ ਦਰਪੇਸ਼ ਹੋਣਗੀਆਂ, ਕਿਉਂਕਿ ਇਸ ਦੌਰਾਨ ਬਿਜਲੀ ਤੇ ਜਨਤਕ ਸਿਹਤ ਵਿੰਗਾਂ ਦੇ 200 ਤਕਨੀਕੀ ਕਰਮਚਾਰੀ ਵਿਰੋਧ ਪ੍ਰਦਰਸ਼ਨ ਦੇ ਸਮਰਥਨ ਵਿੱਚ ਡਿਊਟੀ ਤੋਂ ਬਾਹਰ ਹੋ ਗਏ ਹਨ। ਇਕੱਤਰ ਵੇਰਵਿਆਂ ਅਨੁਸਾਰ ਕੁੱਲ 883 ਸਫ਼ਾਈ ਸੇਵਕਾਂ ਵਿੱਚ 453 ਠੇਕੇ 'ਤੇ ਕੰਮ ਕਰਦੇ ਹਨ, ਜਦਕਿ 430 ਨਿਯਮਤ ਕ੍ਰਮਚਾਰੀ ਸ਼ਾਮਲ ਹਨ।ਸੀਵਰੇਜ ਵਿਭਾਗ ਦੇ ਕ੍ਰਮਚਾਰੀਆਂ ਦੀ ਗਿਣਤੀ 200 ਦੇ ਕਰੀਬ ਹੈ, ਜੋ ਹੜਤਾਲ ਦਾ ਹਿੱਸਾ ਬਣੇ ਹੋਏ ਹਨ।ਇਸ ਤਰ੍ਹਾਂ ਇਨ੍ਹਾਂ ਕਾਮਿਆਂ ਦੀ 10 ਦਿਨਾ ਤੋਂ ਜਾਰੀ ਇਸ ਹੜਤਾਲ ਕਾਰਨ ਸ਼ਾਹੀ ਸ਼ਹਿਰ ਅੰਦਰ ਅਨੇਕਾਂ ਥਾਂਵਾਂ 'ਤੇ ਕੂੜੇ ਦੇ ਢੇਰ ਲੱਗ ਗਏ ਹਨ।ਸ਼ਹਿਰ ਵਿਚਲੀਆਂ ਅਨੇਕਾਂ ਗਲੀਆਂ, ਬਜ਼ਾਰਾਂ ਤੇ ਰਿਹਾਇਸ਼ੀ ਕਲੋਨੀਆਂ 'ਚ ਆਸੇ-ਪਾਸੇ ਹਜ਼ਾਰਾਂ ਟਨ ਕੂੜਾ ਚੁੱਕਣ ਖੁਣੋਂ ਰਹਿੰਦਾ ਹੈ, ਜਿਸ ਕਾਰਨ ਇਹ ਹੜਤਾਲ ਸ਼ਹਿਰੀਆਂ ਲਈ ਇਹ ਵੱਡੀ ਸਮੱਸਿਆ ਬਣਦੀ ਜਾ ਰਹੀ ਹੈ! ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਇਸ ਹੜਤਾਲ ਕਾਰਨ ਸੀਵਰੇਜ ਤੇ ਪੀਣ ਵਾਲ਼ੇ ਪਾਣੀ ਦੀ ਸਪਲਾਈ ਦੀ ਸਮੱਸਿਆ ਵੀ ਆ ਰਹੀ ਹੈ।ਨਿਗਮ ਨੂੰ ਇਸ ਦੌਰਾਨ ਕੂੜੇ ਦੇ ਨਿਪਟਾਰੇ ਨਾਲ ਸਬੰਧਤ ਰੋਜ਼ਾਨਾ 200 ਸ਼ਿਕਾਇਤਾਂ ਮਿਲਦੀਆਂ ਹਨ।

# ਸਰਕਾਰ ਸੁਸਾਇਟੀਆਂ ਦੇ ਹੱਦ ਕਰਜ਼ੇ ਵਾਲਾ ਨੋਟੀਫਿਕੇਸ਼ਨ ਬਹਾਲ ਕਰੇ : ਦੌਲਤਪੁਰਾ

### 15 ਨੂੰ ਗਵਰਨਰ ਦੇ ਘਿਰਾਓ 'ਚ ਬੀ ਕੇ ਯੂ ਲੱਖੋਵਾਲ ਕਰੇਗੀ ਸ਼ਮੂਲੀਅਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਜ਼ਿਲ੍ਹਾ ਪੱਧਰੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਹੋਈ।ਮੀਟਿੰਗ ਦੀ ਕਾਰਵਾਈ ਜ਼ਿਲ੍ਹਾ ਜਰਨਲ ਸਕੱਤਰ ਰਵਿੰਦਰ ਸਿੰਘ ਭੋਲਾ ਨੇ ਚਲਾਈ ਗਈ, ਜਿਸ ਦੌਰਾਨ ਸੂਬਾ ਆਗੂ ਮੋਹਨ ਸਿੰਘ ਜੀਂਦੜਾ, ਸੂਰਤ ਸਿੰਘ ਕਾਦਰ ਵਾਲਾ, ਮੰਦਰਜੀਤ ਸਿੰਘ ਮਨਾਵਾਂ, ਹਰਨੇਕ ਸਿੰਘ ਫਤਿਹਗੜ੍ਹ, ਪੰਜ ਮੈਂਬਰੀ ਅਨੁਸ਼ਾਸਨੀ ਕਮੇਟੀ ਮੈਂਬਰ ਹਰਜੀਤ ਸਿੰਘ ਸੋਢੀ ਮਨਾਵਾਂ, ਇਕਬਾਲ ਸਿੰਘ ਸਾਬਕਾ ਸਰਪੰਚ ਗਲੋਟੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ 'ਚ ਵੱਖ ਵੱਖ ਮੁੱਦਿਆਂ 'ਤੇ ਵਿਚਾਰਾਂ ਹੋਈਆਂ, ਜਿਸ ਦੌਰਾਨ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਤੇ ਯੂਨੀਅਨ ਦੇ ਸਮੁੱਚੇ ਆਗੂਆਂ ਨੇ ਮੰਗ ਰੱਖੀ ਕਿ ਪੰਜਾਬ ਸਰਕਾਰ ਨੇ ਜੋ ਕਿ ਪਿਛਲੇ ਦਿਨਾਂ ਵਿੱਚ ਕੋ-ਆਪ੍ਰੇਟਿਵ ਸੋਸਾਇਟੀਆਂ ਵਿੱਚ ਕਿਸਾਨਾਂ ਨੂੰ ਹੱਦ ਕਰਜ਼ੇ ਦੀ ਰਾਸ਼ੀ ਵਧਾ ਕੇ ਨੋਟੀਫਿਕੇਸ਼ਨ ਜਾਰੀ ਕੀਤਾ ਸੀ।ਉਸ ਨੋਟੀਫਿਕੇਸ਼ਨ ਨੂੰ ਪੰਜਾਬ ਸਰਕਾਰ ਨੇ ਰੱਦ ਕਰ ਦਿੱਤਾ ਹੈ ਤੇ ਉਹ ਨੋਟੀਫਿਕੇਸ਼ਨ ਰੱਦ ਹੋਣ ਤੋਂ ਬਾਅਦ ਕੋ-ਆਪ੍ਰੇਟਿਵ ਸੁਸਾਇਟੀਆਂ ਦਾ ਸਮੁੱਚਾ ਸਟਾਫ ਹੜਤਾਲ 'ਤੇ ਚਲਾ ਗਿਆ ਹੈ।ਅਸੀਂ ਉਨ੍ਹਾਂ ਦੀ ਹੜਤਾਲ ਦੀ ਪੂਰਨ ਹਮਾਇਤ ਕਰਦੇ ਹਾਂ ਤੇ ਜੋ ਪੰਜਾਬ ਸਰਕਾਰ ਦੇ ਰਜਿਸਟਰਾਰ ਚੰਡੀਗੜ੍ਹ ਵੱਲੋਂ ਸੰਯੁਕਤ ਕਿਸਾਨ ਮੋਰਚੇ ਨਾਲ ਮੀਟਿੰਗ ਕੀਤੀ ਗਈ ਸੀ, ਉਸ ਵਿੱਚ ਕੋ-ਆਪ੍ਰੇਟਰ ਸੋਸਾਇਟੀਆਂ ਦੇ ਰਜਿਸਟਰਾਰ ਚੰਡੀਗੜ੍ਹ ਨੇ ਵਿਸ਼ਵਾਸ ਦਿਵਾਇਆ ਸੀ ਕਿ 14 ਮਈ ਤੱਕ ਕਿਸਾਨਾਂ ਦੇ ਹੱਦ ਕਰਜ਼ੇ ਵਾਲਾ ਨੋਟੀਫਿਕੇਸ਼ਨ ਮੁੜ ਬਹਾਲ ਕਰ ਦਿੱਤਾ ਜਾਵੇਗਾ।

ਜੇਕਰ ਸਰਕਾਰ ਇਹ ਨੋਟੀਫਿਕੇਸ਼ਨ ਮੁੜ ਬਹਾਲ ਨਹੀਂ ਕਰਦੀ ਤਾਂ ਇਸ ਦੇ ਖਿਲਾਫ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜਿਲਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਚੋਟੀਆਂ, ਨੇ ਮੋਗਾ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੀਆਂ ਡਿਊਟੀਆਂ ਲਾਈਆਂ ਜੋ ਕਿ 15 ਮਈ ਨੂੰ ਚੰਡੀਗੜ੍ਹ ਵਿਖੇ ਸੰਯੁਕਤ ਕਿਸਾਨ ਮੋਰਚਾ ਨੇ ਪੰਜਾਬ ਦੇ ਗਵਰਨਰ ਦਾ ਘਿਰਾਓ ਕਰਨਾ ਹੈ, ਉਸ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜ਼ਿਲ੍ਹਾ ਮੋਗਾ ਦੇ ਕਿਸਾਨਾਂ ਦਾ ਵੱਡਾ ਕਾਫ਼ਲਾ ਸ਼ਮੂਲੀਅਤ ਕਰੇਗਾ।ਇਸ ਮੌਕੇ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਜ਼ਿਲ੍ਹਾ ਮੀਤ ਪ੍ਰਧਾਨਾਂ ਤੇ ਬਲਾਕ ਪ੍ਰਧਾਨਾਂ ਤੋਂ ਵੱਡੀ ਗਿਣਤੀ 'ਚ ਕਿਸਾਨ ਆਗੂ ਹਾਜ਼ਰ ਸਨ।

## ਕਾਤਰਾਂ

### ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਜਿਉਣਪੁਰਾ ਨੇੜੇ ਵਾਪਰੇ ਸੜਕ ਹਾਦਸੇ ਵਿੱਚ ਇੱਕ ਮੋਟਰਸਾਈਕਲ ਸਵਾਰ ਨੌਜਵਾਨ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸਰਵਣ ਸਿੰਘ (30) ਵਾਸੀ ਪਿੰਡ ਪੋਲਾ ਆਪਣੇ ਪਲਟੀਨਾ ਮੋਟਰਸਾਈਕਲ 'ਤੇ ਸਵਾਰ ਹੋ ਕੇ ਬਸੰਤਪੁਰਾ ਤੋਂ ਆਪਣੇ ਪਿੰਡ ਨੂੰ ਜਾ ਰਿਹਾ ਸੀ।ਉਹ ਜਦੋਂ ਪਿੰਡ ਜਿਉਣਪੁਰਾ ਨਜ਼ਦੀਕ ਪੁੱਜਾ ਤਾਂ ਇੱਕ ਤੇਜ਼ ਰਫ਼ਤਾਰ ਕਾਰ ਨੇ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਸੜਕ 'ਤੇ ਡਿੱਗੇ ਸਰਵਣ ਸਿੰਘ ਦੀ ਗੰਭੀਰ ਸੱਟਾਂ ਲੱਗਣ ਕਾਰਨ ਮੌਤ ਹੋ ਗਈ।ਕਾਰ ਦੇ ਨਾਮਾਲੂਮ ਡਰਾਈਵਰ ਵਿਰੁੱਧ ਕੇਸ ਦਰਜ ਕਰਕੇ ਥਾਣਾ ਮੂਲੇਪੁਰ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

### ਨਗਰ ਕੌਂਸਲ ਚੋਣਾਂ 'ਚ ਲੋਕ ਅਕਾਲੀ ਦਲ ਵਾਰਿਸ ਪੰਜਾਬ ਦਾ ਸਾਥ ਦੇਣ : ਘਾਂਗਾ

**ਜਲਾਲਾਬਾਦ (ਬਲਵਿੰਦਰ ਸਿੰਘ)**-ਨਗਰ ਕੌਂਸਲ ਚੋਣਾਂ ਨੂੰ ਲੈ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਜਲਾਲਾਬਾਦ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਘਾਂਗਾ ਵੱਲੋਂ ਜਲਾਲਾਬਾਦ ਦੇ ਸ਼ਹੀਦ ਉਧਮ ਸਿੰਘ ਪਾਰਕ ਵਿਖੇ ਅਹਿਮ ਪ੍ਰੈੱਸ ਕਾਨਫਰੰਸ ਕੀਤੀ ਗਈ, ਜਿਸ ਤਰ੍ਹਾਂ ਕਿ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਘਾਂਗਾ ਨੇ ਦੱਸਿਆ ਕਿ ਉਹ ਜਲਾਲਾਬਾਦ ਦੇ ਨਗਰ ਕੌਂਸਲ ਚੋਣਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਗੇ ਤੇ ਨਾਲ ਉਨ੍ਹਾਂ ਨੇ ਇਹ ਵੀ ਕਿਹਾ ਕਿ ਜਿਹੜੇ ਵਾਰਡ ਵਿੱਚ ਆਜ਼ਾਦ ਉਮੀਦਵਾਰ ਚੋਣਾਂ ਲੜਨਗੇ, ਪਾਰਟੀ ਉਨ੍ਹਾਂ ਕੈਂਡੀਡੇਟਾਂ ਦੀ ਗਰਾਊਂਡ ਲੈਵਲ 'ਤੇ ਸਪੋਰਟ ਕਰੇਗੀ।ਉਨ੍ਹਾਂ ਕਿਹਾ ਕਿ ਪਾਰਟੀ ਹਾਈ ਕਮਾਂਡ ਨੇ ਐਲਾਨ ਕੀਤਾ ਹੈ ਕਿ ਉਹ ਇਹ ਚੋਣਾਂ ਨਸ਼ੇ ਦੇ ਮੁੱਦੇ ਉੱਤੇ ਲੜਨਗੇ।ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਬਿਨਾਂ ਕਿਸੇ ਸੱਤਾ ਤੋਂ ਨੌਜਵਾਨਾਂ ਨੂੰ ਨਸ਼ਾ ਛੁਡਵਾ ਸਕਦੇ ਹਨ ਤਾਂ ਇਹ ਸੋਚੋ ਕਿ ਜੇਕਰ ਉਹ ਸੱਤਾ ਦੇ ਵਿੱਚ ਆ ਗਏ ਤਾਂ ਕੀ ਤੁਹਾਨੂੰ ਨਹੀਂ ਲੱਗਦਾ ਕਿ ਪੰਜਾਬ ਵਿੱਚ ਨਸ਼ਾ ਖਤਮ ਹੋ ਸਕਦਾ ਹੈ। ਉਨ੍ਹਾਂ ਇਹ ਵੀ ਗੱਲ ਕਹੀ ਕਿ ਹਜੇ ਵੀ 70% ਪੁਲਸ ਮੁਲਾਜ਼ਮ ਨਸ਼ਾ ਖਤਮ ਕਰਨਾ ਚਾਹੁੰਦੇ ਹਨ, ਪਰ ਉਨ੍ਹਾਂ ਨੂੰ ਸੀਨੀਅਰ ਲੀਡਰਸ਼ਿਪ ਤੋਂ ਖੁੱਲ੍ਹ ਕੇ ਇਜਾਜ਼ਤ ਨਹੀਂ ਮਿਲ ਰਹੀ।ਅੰਤ ਵਿੱਚ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਘਾਂਗਾ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਇੱਕ ਵਾਰ ਅਕਾਲੀ ਦਲ ਵਾਰਿਸ ਪੰਜਾਬ ਦੀ ਪਾਰਟੀ ਦਾ ਸਾਥ ਜ਼ਰੂਰ ਦੇਣ।

### ਫਿਰੋਜ਼ਪੁਰ ਮੰਡਲ ਨੂੰ ਐੱਸ ਐੱਲ ਆਰ ਲੀਜ਼ਿੰਗ ਤੋਂ ਮਿਲਣਗੇ 7.26 ਕਰੋੜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਰੇਲਵੇ ਮੰਡਲ ਨੇ ਈ-ਟੈਂਡਰਿੰਗ ਰਾਹੀਂ ਦੋ ਪ੍ਰਮੁੱਖ ਰੇਲਗੱਡੀਆਂ ਵਿੱਚ ਐੱਸ.ਐੱਲ.ਆਰ. ਲੀਜ਼ਿੰਗ ਦੇ ਇਕਰਾਰਨਾਮੇ ਅਲਾਟ ਕਰਕੇ ਕਰੋੜਾਂ ਰੁਪਏ ਦਾ ਮਾਲੀਆ ਜੁਟਾਇਆ ਹੈ। ਫਿਰੋਜ਼ਪੁਰ ਰੇਲਵੇ ਮੰਡਲ ਵੱਲੋਂ ਆਮਦਨ ਵਧਾਉਣ ਤੇ ਸੇਵਾਵਾਂ ਵਿੱਚ ਸੁਧਾਰ ਕਰਨ ਦੇ ਉਦੇਸ਼ ਨਾਲ ਇੱਕ ਅਹਿਮ ਪ੍ਰਾਪਤੀ ਕੀਤੀ ਗਈ ਹੈ। ਮੰਡਲ ਨੇ ਈ-ਨਿਵੀਦਾ ਪ੍ਰਕਿਰਿਆ ਰਾਹੀਂ ਰੇਲਗੱਡੀ ਨੰਬਰ 12904 ਅਤੇ 12318 ਵਿੱਚ ਐੱਸ.ਐੱਲ.ਆਰ. ਲੀਜ਼ਿੰਗ ਦੇ ਇਕਰਾਰਨਾਮੇ ਸਫਲਤਾਪੂਰਵਕ ਅਲਾਟ ਕਰ ਦਿੱਤੇ ਹਨ। ਇਸ ਨਵੀਂ ਵਿਵਸਥਾ ਦੇ ਸ਼ੁਰੂ ਹੋਣ ਨਾਲ ਭਾਰਤੀ ਰੇਲਵੇ ਨੂੰ ਲਗਭਗ 7.26 ਕਰੋੜ ਰੁਪਏ ਦਾ ਵਾਧੂ ਮਾਲੀਆ ਪ੍ਰਾਪਤ ਹੋਵੇਗਾ। ਇਸ ਨਾਲ ਨਾ ਸਿਰਫ਼ ਰੇਲਵੇ ਦੀ ਆਮਦਨ ਵਧਦੀ ਹੈ, ਸਗੋਂ ਵਪਾਰੀਆਂ ਨੂੰ ਵੀ ਆਪਣਾ ਸਾਮਾਨ ਤੇਜ਼ੀ ਤੇ ਸੁਰੱਖਿਅਤ ਤਰੀਕੇ ਨਾਲ ਇਕ ਥਾਂ ਤੋਂ ਦੂਜੀ ਥਾਂ ਭੇਜਣ ਦੀ ਵੱਡੀ ਸਹੂਲਤ ਮਿਲਦੀ ਹੈ।

# ਰਾਸ਼ਨ ਡਿੱਪੂਆਂ 'ਤੇ ਫੂਡ ਕਮਿਸ਼ਨ ਦਾ ਹੈਲਪਲਾਈਨ ਨੰਬਰ ਲਿਖਿਆ ਜਾਵੇ : ਜਸਵੀਰ ਸੇਖੋਂ

### ਪੰਜਾਬ ਰਾਜ ਫੂਡ ਕਮਿਸ਼ਨ ਮੈਂਬਰ ਵੱਲੋਂ ਜ਼ਿਲ੍ਹਾ ਬਠਿੰਡਾ ਦਾ ਦੌਰਾ, ਕਾਰਗੁਜ਼ਾਰੀ ਦੀ ਕੀਤੀ ਸਮੀਖਿਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜ਼ਿਲ੍ਹੇ ਦੇ ਆਂਗਣਵਾੜੀ ਕੇਂਦਰਾਂ, ਮਿਡ-ਡੇ ਮੀਲ ਸਥਾਨਾਂ, ਰਾਸ਼ਨ ਡਿੱਪੂਆਂ 'ਤੇ ਸਾਇਨ ਬੋਰਡ ਤੇ ਪੰਜਾਬ ਰਾਜ ਫ਼ੂਡ ਕਮਿਸ਼ਨ ਦਾ ਹੈਲਪਲਾਈਨ ਨੰਬਰ ਲਿਖਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਆਮ ਵਿਅਕਤੀ ਕਿਸੇ ਵੀ ਸਮੱਸਿਆ ਜਾਂ ਸ਼ਿਕਾਇਤ ਦੇ ਸਬੰਧ ਵਿੱਚ ਕਮਿਸ਼ਨ ਤੱਕ ਪਹੁੰਚ ਕਰ ਸਕੇ।ਮੈਂਬਰ ਪੰਜਾਬ ਰਾਜ ਫ਼ੂਡ ਕਮਿਸ਼ਨ ਜਸਵੀਰ ਸਿੰਘ ਸੇਖੋਂ ਨੇ ਜ਼ਿਲ੍ਹਾ ਪ੍ਰੀਸ਼ਦ ਬਠਿੰਡਾ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਨਿਰਦੇਸ਼ ਦਿੱਤੇ।ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਮੈਡਮ ਕੰਚਨ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਰਾਜ ਫ਼ੂਡ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਨੇ ਜ਼ਿਲ੍ਹੇ ਵਿੱਚ ਰਾਸ਼ਨ ਵੰਡ ਪ੍ਰਣਾਲੀ, ਮਿਡ-ਡੇ ਮੀਲ, ਆਂਗਣਵਾੜੀ ਕੇਂਦਰਾਂ ਦੇ ਕੰਮ-ਕਾਜ ਦੀ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ।ਇਸ ਮੌਕੇ ਉਨ੍ਹਾਂ ਖਾਧ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਰਾਸ਼ਨ ਦੀ ਸਮੇਂ-ਸਿਰ ਵੰਡ ਯਕੀਨੀ ਬਣਾਈ ਜਾਵੇ।ਜ਼ਿਲ੍ਹਾ ਬਠਿੰਡਾ 'ਚ 2.13 ਲੱਖ ਰਾਸ਼ਨ ਕਾਰਡ ਧਾਰਕ ਹਨ, ਜਿਨ੍ਹਾਂ ਵਿਚੋਂ 88.8 ਫ਼ੀਸਦੀ ਦੀ ਈ ਕੇ.ਵਾਈ.ਸੀ. ਦਾ ਕੰਮ ਮੁਕੰਮਲ ਹੋ ਚੁੱਕਾ ਹੈ।ਸ੍ਰੀ ਜਸਵੀਰ ਸਿੰਘ ਨੇ ਬਾਕੀ ਰਹਿੰਦੇ ਕਾਰਡਾਂ ਦੀ ਈ ਕੇ.ਵਾਈ.ਸੀ. ਦੇ ਕੰਮ ਨੂੰ ਪਹਿਲ ਦੇ ਆਧਾਰ ਉੱਤੇ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਆਂਗਣਵਾੜੀ ਸੈਂਟਰਾਂ, ਮਿਡ-ਡੇ ਮੀਲ ਸਥਾਨਾਂ, ਰਾਸ਼ਨ ਡਿੱਪੂਆਂ 'ਤੇ ਸਾਇਨ ਬੋਰਡ ਤੇ ਕਮਿਸ਼ਨ ਦਾ ਹੈਲਪ ਲਾਈਨ ਨੰਬਰ 98767-64545 ਲਿਖਣਾ ਯਕੀਨੀ ਬਣਾਇਆ ਜਾਵੇ ਤੇ ਜੇਕਰ ਕੋਈ ਰਾਸ਼ਨ ਡਿੱਪੂ ਅਜਿਹਾ ਨਹੀਂ ਕਰਦਾ ਤਾਂ ਬਣਦੀ ਕਾਰਵਾਈ ਕੀਤੀ ਜਾਵੇ।ਉਨ੍ਹਾਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੂੰ ਆਂਗਣਵਾੜੀ ਕੇਂਦਰਾਂ ਵਿੱਚ ਬੱਚਿਆਂ ਲਈ ਖੇਡਣ ਦਾ ਸਾਮਾਨ, ਸਾਫ ਪੀਣ ਵਾਲਾ ਪਾਣੀ, ਬੱਚਿਆਂ ਨੂੰ ਸਮੇਂ 'ਤੇ ਰਾਸ਼ਨ, ਘਰੇਲੂ ਬਗੀਚੀ ਆਦਿ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਸਕੂਲਾਂ ਤੇ ਆਂਗਣਵਾੜੀ ਕੇਂਦਰਾਂ ਵਿੱਚ ਬੱਚਿਆਂ ਦੇ ਖਾਣਾ ਖਾਣ ਦੀ ਜਗ੍ਹਾ ਸਾਫ਼-ਸੁਥਰੀ ਤੇ ਹਵਾਦਾਰ ਤੋਂ ਇਲਾਵਾ ਸਾਮਾਨ ਰੱਖਣ ਲਈ ਢੁੱਕਵੀਂ ਜਗ੍ਹਾ ਹੋਣੀ ਚਾਹੀਦੀ ਹੈ। ਉਨ੍ਹਾਂ ਮਿਡ-ਡੇ ਮੀਲ ਹੈਲਪਰਾਂ ਤੇ ਕੁੱਕ ਬੀਬੀਆਂ ਦਾ ਸਮੇਂ-ਸਮੇਂ 'ਤੇ ਸਿਹਤ ਚੈੱਕਅਪ ਕਰਨ ਸਬੰਧੀ ਨਿਰਦੇਸ਼ ਦਿੱਤੇ।ਇਸ ਮੌਕੇ ਜ਼ਿਲ੍ਹਾ ਫੂਡ ਤੇ ਸਿਵਿਲ ਸਪਲਾਈ ਕੰਟਰੋਲਰ ਸ. ਦਲਜੀਤ ਸਿੰਘ ਸੰਧੂ, ਫੂਡ ਸਪਲਾਈ ਅਫਸਰ ਹਰਸ਼ਿਤ ਮਹਿਤਾ, ਜ਼ਿਲ੍ਹਾ ਸਿਹਤ ਅਫਸਰ ਡਾ. ਊਸ਼ਾ ਗੋਇਲ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਮਮਤਾ ਖੁਰਾਣਾ ਸੇਠੀ ਤੇ ਹੋਰ ਅਫ਼ਸਰ ਹਾਜ਼ਰ ਸਨ।ਪੰਜਾਬ ਰਾਜ ਫੂਡ ਕਮਿਸ਼ਨ ਦੇ ਮੈਂਬਰ ਸ੍ਰੀ ਜਸਵੀਰ ਸਿੰਘ ਸੇਖੋਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ ਤੇ ਆਂਗਣਵਾੜੀ ਕੇਂਦਰ ਰਾਮਨਗਰ (ਮੌੜ) ਦਾ ਦੌਰਾ ਕੀਤਾ।ਉਨ੍ਹਾਂ ਸਕੂਲ 'ਚ ਵਰਤੇ ਜਾਣ ਵਾਲੇ ਰਾਸ਼ਨ ਦੀ ਚੈਕਿੰਗ ਕੀਤੀ ਤੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।ਆਂਗਣਵਾੜੀ ਕੇਂਦਰ ਵਿਖੇ ਉਨ੍ਹਾਂ ਫੂਡ ਪੈਕਟਾਂ ਦੀ ਚੈਕਿੰਗ ਕੀਤੀ।

# ਪ੍ਰਾਪਰਟੀ ਡੀਲਰ 'ਤੇ ਜਾਨਲੇਵਾ ਹਮਲਾ ਕਰਨ ਵਾਲੇ 5 ਮੁਲਜ਼ਮ ਹਥਿਆਰਾਂ ਸਮੇਤ ਗ੍ਰਿਫ਼ਤਾਰ

### ਪੈਸਿਆਂ ਦੇ ਲੈਣ-ਦੇਣ ਕਾਰਨ ਪਾਰਟਨਰ ਨੇ ਹੀ ਰਚੀ ਸੀ ਕਤਲ ਦੀ ਸਾਜ਼ਿਸ਼



**ਫਿਰੋਜ਼ਪੁਰ (ਗੁਰਬਚਨ ਸਿੰਘ)**

ਫਿਰੋਜ਼ਪੁਰ ਪੁਲਸ ਨੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਲ ਕਰਦਿਆਂ ਪ੍ਰਾਪਰਟੀ ਐਡਵਾਈਜ਼ਰ ਰਣਜੀਤ ਸਿੰਘ 'ਤੇ ਹੋਏ ਜਾਨਲੇਵਾ ਹਮਲੇ ਦੀ ਗੁੱਥੀ ਮਹਿਜ਼ ਤਿੰਨ ਦਿਨਾਂ ਵਿੱਚ ਸੁਲਝਾ ਲਈ ਹੈ।ਪੁਲਸ ਨੇ ਇਸ ਮਾਮਲੇ ਵਿੱਚ ਮੁੱਖ ਸਾਜ਼ਿਸ਼ਕਰਤਾ ਸਮੇਤ 5 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਵਾਰਦਾਤ ਵਿੱਚ ਵਰਤੇ ਗਏ ਮਾਰੂ ਹਥਿਆਰ ਤੇ ਮੋਟਰਸਾਈਕਲ ਬਰਾਮਦ ਕਰ ਲਏ ਹਨ।ਜ਼ਿਲ੍ਹਾ ਪੁਲਸ ਮੁਖੀ ਭੁਪਿੰਦਰ ਸਿੰਘ ਸਿੱਧੂ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਤੇ ਡੀਜੀਪੀ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਅਪਰਾਧਕ ਗਤੀਵਿਧੀਆਂ ਵਿਰੁੱਧ 'ਜ਼ੀਰੋ ਟੌਲਰੈਂਸ' ਨੀਤੀ ਅਪਣਾਈ ਗਈ ਹੈ।ਉਨ੍ਹਾਂ ਦੱਸਿਆ ਕਿ 4 ਮਈ 2026 ਨੂੰ ਪਿੰਡ ਪੀਰ ਅਹਿਮਦ ਖਾਂ ਦੇ ਰਹਿਣ ਵਾਲੇ ਰਣਜੀਤ ਸਿੰਘ 'ਤੇ ਉਸ ਦੇ ਦਫ਼ਤਰ ਵਿੱਚ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਹਮਲਾ ਕੀਤਾ ਗਿਆ ਸੀ।ਇਸ ਸਬੰਧੀ ਥਾਣਾ ਕੁੱਲਗੜ੍ਹੀ ਵਿਖੇ ਮੁਕੱਦਮਾ ਦਰਜ ਕਰਕੇ ਤਫਤੀਸ਼ ਸ਼ੁਰੂ ਕੀਤੀ ਗਈ ਸੀ।ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਐੱਸ ਪੀ (ਇਨਵੈਸਟੀਗੇਸ਼ਨ) ਮਨਜੀਤ ਸਿੰਘ ਤੇ ਡੀਐੱਸਪੀ (ਦਿਹਾਤੀ) ਕਰਨ ਸ਼ਰਮਾ ਦੀ ਨਿਗਰਾਨੀ ਹੇਠ ਇੰਸਪੈਕਟਰ ਜਸਵਿੰਦਰ ਸਿੰਘ, ਮੁੱਖ ਅਫ਼ਸਰ ਥਾਣਾ ਕੁੱਲਗੜ੍ਹੀ ਦੀ ਅਗਵਾਈ ਵਿੱਚ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ।ਪੁਲਸ ਨੇ ਵਿਗਿਆਨਕ ਤੇ ਤਕਨੀਕੀ ਤਰੀਕਿਆਂ ਨਾਲ ਜਾਂਚ ਕਰਦਿਆਂ ਇਸ ਅਣ-ਸੁਲਝੇ ਮਾਮਲੇ ਦੇ ਮੁਲਜ਼ਮਾਂ ਨੂੰ ਟਰੇਸ ਕਰਨ ਵਿੱਚ ਸਫਲਤਾ ਹਾਸਲ ਕੀਤੀ।ਪੁਲਸ ਜਾਂਚ ਵਿੱਚ ਸਾਹਮਣੇ ਆਇਆ ਕਿ ਪੀੜਤ ਰਣਜੀਤ ਸਿੰਘ ਤੇ ਮੁੱਖ ਮੁਲਜ਼ਮ ਅਕਾਸ਼ਦੀਪ ਸਿੰਘ ਉਰਫ ਆਕਾਸ਼ ਆਪਸ ਵਿੱਚ ਭਾਈਵਾਲ (ਪਾਰਟਨਰ) ਸਨ।ਦੋਵਾਂ ਨੇ ਮਿਲ ਕੇ 'ਡਾਇਮੰਡ ਇਨਕਲੇਵ' ਨਾਮ ਦੀ ਕਲੋਨੀ ਕੱਟੀ ਸੀ।ਰਣਜੀਤ ਸਿੰਘ ਦੀ ਕਰੀਬ 2 ਕਿੱਲੇ ਤੇ ਅਕਾਸ਼ਦੀਪ ਦੀ 1 ਕਿੱਲਾ ਜ਼ਮੀਨ ਇਸ ਪ੍ਰੋਜੈਕਟ ਵਿੱਚ ਸ਼ਾਮਲ ਸੀ।ਸੌਦੇ ਮੁਤਾਬਿਕ ਅਕਾਸ਼ਦੀਪ ਨੇ ਰਣਜੀਤ ਸਿੰਘ ਨੂੰ 1 ਕਰੋੜ 45 ਲੱਖ ਰੁਪਏ ਦੇਣੇ ਸਨ। ਅਕਾਸ਼ਦੀਪ ਨੇ ਕੇਵਲ 20 ਲੱਖ ਰੁਪਏ ਦਿੱਤੇ ਸਨ ਤੇ ਬਾਕੀ ਰਕਮ ਦੇਣ ਤੋਂ ਬਚਣ ਲਈ ਉਸ ਨੇ ਰਣਜੀਤ ਸਿੰਘ ਨੂੰ ਰਸਤੇ ਵਿੱਚੋਂ ਹਟਾਉਣ (ਕਤਲ ਕਰਨ) ਦੀ ਯੋਜਨਾ ਬਣਾਈ।ਆਕਾਸ਼ਦੀਪ ਨੇ ਆਪਣੇ ਸੀਰੀ ਸੁਖਚੈਨ ਸਿੰਘ ਉਰਫ ਸ਼ੇਰਾ ਨਾਲ ਮਿਲ ਕੇ ਸਾਜ਼ਿਸ਼ ਘੜੀ।ਉਨ੍ਹਾਂ ਨੇ ਹੋਰ ਸਾਥੀਆਂ ਨੂੰ ਵਾਰਦਾਤ ਦੇ ਬਦਲੇ 5-5 ਮਰਲੇ ਦੇ ਪਲਾਟ ਦੇਣ ਦਾ ਲਾਲਚ ਦੇ ਕੇ ਆਪਣੇ ਨਾਲ ਮਿਲਾਇਆ।4 ਮਈ ਨੂੰ ਦੁਪਹਿਰ ਵੇਲੇ ਜਦੋਂ ਰਣਜੀਤ ਸਿੰਘ ਆਪਣੇ ਦਫ਼ਤਰ ਵਿੱਚ ਮੌਜੂਦ ਸੀ, ਤਾਂ ਇਨ੍ਹਾਂ ਹਮਲਾਵਰਾਂ ਨੇ ਮਾਰੂ ਹਥਿਆਰਾਂ ਨਾਲ ਉਸ 'ਤੇ ਜਾਨਲੇਵਾ ਹਮਲਾ ਕਰ ਦਿੱਤਾ।ਪੁਲਸ ਨੇ ਦੱਸਿਆ ਕਿ ਅਕਾਸ਼ਦੀਪ ਸਿੰਘ ਉਰਫ ਆਕਾਸ਼ ਵਾਸੀ ਬ੍ਰਹਮ ਨਗਰੀ, ਸੁਖਚੈਨ ਸਿੰਘ ਉਰਫ ਸ਼ੇਰਾ ਵਾਸੀ ਸਤੀਏ ਵਾਲਾ, ਚੰਨਾ ਉਰਫ ਬਿੱਲਾ ਉਰਫ ਮੋਟਾ ਵਾਸੀ ਪੀਰਾਂ ਵਾਲਾ, ਆਕਾਸ਼ ਉਰਫ ਬੱਬਾ ਵਾਸੀ ਮਹਿਮਾ, ਜੋਰਾ ਵਾਸੀ ਅਟਾਰੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ 6ਵੇਂ ਮੁਲਜ਼ਮ ਦੀ ਭਾਲ ਜਾਰੀ ਹੈ।ਪੁਲਸ ਨੇ ਦੱਸਿਆ ਕਿ ਮੁਲਜ਼ਮਾਂ ਕੋਲੋਂ ਵਾਰਦਾਤ ਵਿੱਚ ਵਰਤੇ ਗਏ 2 ਮੋਟਰਸਾਈਕਲ, 2 ਕਾਪੇ, 1 ਕਿਰਚ, 1 ਗਰਾਇੰਡਰ (ਹਥਿਆਰ ਤੇਜ਼ ਕਰਨ ਜਾਂ ਵਰਤੋਂ ਲਈ) ਬਰਾਮਦ ਕੀਤੇ ਹਨ।ਐੱਸ ਐੱਸ ਪੀ ਫਿਰੋਜ਼ਪੁਰ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੋ ਹੋਰ ਪੁੱਛਗਿੱਛ ਦੌਰਾਨ ਅਹਿਮ ਖੁਲਾਸੇ ਹੋ ਸਕਣ।ਪੁਲਸ ਵੱਲੋਂ ਇਸ ਮਾਮਲੇ ਵਿੱਚ ਹੋਰ ਸਖ਼ਤ ਧਾਰਾਵਾਂ ਦਾ ਵੀ ਵਾਧਾ ਕੀਤਾ ਗਿਆ ਹੈ।

# ਸਫ਼ਾਈ ਸੇਵਕਾਂ ਦੀ ਹੜਤਾਲ ਕਾਰਨ ਸ਼ਹਿਰ 'ਚ ਥਾਂ-ਥਾਂ ਲੱਗੇ ਕੂੜੇ ਦੇ ਢੇਰ

### ਲੋਕਾਂ 'ਚ ਬਿਮਾਰੀਆਂ ਫੈਲਣ ਦਾ ਬਣਿਆ ਡਰ



**ਮੱਖੂ (ਰਛਪਾਲ ਸਿੰਘ ਸੰਧੂ)**

ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਨਗਰ ਪੰਚਾਇਤ ਮਖੂ ਦੇ ਮੁਲਾਜ਼ਮਾਂ ਤੇ ਸਫਾਈ ਸੇਵਕਾਂ ਵੱਲੋਂ ਅਣਮਿੱਥੇ ਸਮੇਂ ਲਈ ਕੀਤੀ ਹੋਈ ਹੜਤਾਲ ਕਾਰਨ ਸ਼ਹਿਰ ਵਿੱਚ ਥਾਂ ਥਾਂ 'ਤੇ ਗੰਦਗੀ ਦੇ ਢੇਰ ਲੱਗੇ ਹੋਣ ਕਾਰਨ ਗੰਦਗੀ ਦੇ ਢੇਰਾਂ ਵਿੱਚੋਂ ਬਦਬੂ ਫੈਲਣ ਲੱਗ ਪਈ ਹੈ, ਜਿਸ ਕਾਰਨ ਸ਼ਹਿਰ ਵਾਸੀਆਂ ਵਿੱਚ ਕਈ ਤਰ੍ਹਾਂ ਦੀਆਂ ਭਿਆਨਕ ਬੀਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ, ਪਰ ਸਰਕਾਰ ਤੇ ਸਿਵਲ ਪ੍ਰਸ਼ਾਸਨ ਕੁੰਭਕਰਨ ਦੀ ਨੀਂਦ ਸੁੱਤਾ ਪਿਆ ਹੈ।

ਨਗਰ ਪੰਚਾਇਤ ਮਖੂ ਦੇ ਸਫ਼ਾਈ ਸੇਵਕਾਂ ਤੇ ਮੁਲਾਜ਼ਮਾਂ ਵੱਲੋਂ ਸਰਕਾਰ ਤੇ ਸਿਵਲ ਪ੍ਰਸ਼ਾਸਨ ਜੋ ਕਿ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ, ਉਸ ਜਗਾਉਣ ਲਈ ਪਿਛਲੇ ਕਈ ਦਿਨਾਂ ਤੋਂ ਆਪਣੀਆਂ ਹੱਕੀ ਮੰਗਾਂ ਦੇ ਸਬੰਧ ਵਿੱਚ ਅਣਮਿੱਥੇ ਸਮੇਂ ਲਈ ਨਗਰ ਪੰਚਾਇਤ ਮਖੂ ਦੇ ਦਫਤਰ ਅੱਗੇ ਧਰਨਾ ਲਗਾਇਆ ਹੋਇਆ ਹੈ ਅਤੇ ਸ਼ਹਿਰ ਵਿੱਚ ਰੋਸ ਮਾਰਚ ਵੀ ਕੱਢਿਆ ਗਿਆ। ਧਰਨੇ ਦੌਰਾਨ ਯੂਨੀਅਨ ਆਗੂਆਂ ਨੇ ਦੱਸਿਆ ਕਿ ਪੰਜਾਬ ਭਰ ਦੇ ਮਿਊਂਸਪਲ ਕਰਮਚਾਰੀ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਲੰਮੇ ਸਮੇਂ ਤੋਂ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਵੱਲੋਂ ਸਿਰਫ ਭਰੋਸੇ ਹੀ ਦਿੱਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸਾਡੀਆਂ ਮੁੱਖ ਮੰਗਾਂ ਕੱਚੇ ਕਰਮਚਾਰੀਆਂ ਨੂੰ ਪੱਕਾ ਕੀਤਾ ਜਾਵੇ, ਬਰਾਬਰ ਕੰਮ ਲਈ ਬਰਾਬਰ ਤਨਖਾਹ ਲਾਗੂ ਕਰਨਾ, 10 ਸਾਲਾਂ ਪਾਲਸੀ ਰੱਦ ਕਰਕੇ ਤਿੰਨ ਸਾਲਾਂ ਵਿੱਚ ਪੱਕਾ ਕਰਨ ਦੀ ਨੀਤੀ ਲਾਗੂ ਆਦਿ ਤੇ ਇਸੇ ਤਰ੍ਹਾਂ ਦੀਆਂ ਸਾਡੀਆਂ ਹੋਰ ਮੰਗਾਂ ਪੂਰੀਆਂ ਕੀਤੀਆਂ ਜਾਣ।ਉਨ੍ਹਾਂ ਕਿਹਾ ਕਿ ਜਦ ਤੱਕ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਉਸ ਵਕਤ ਤੱਕ ਸੰਘਰਸ਼ ਜਾਰੀ ਰਹੇਗਾ।

ਸਥਾਨਕ ਲੋਕਾਂ ਨੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਨਗਰ ਪੰਚਾਇਤ ਦੇ ਮੁਲਾਜ਼ਮਾਂ ਤੇ ਸਫਾਈ ਸੇਵਕਾਂ ਦੀਆਂ ਮੰਗਾਂ ਦਾ ਹੱਲ ਜਲਦ ਹੱਲ ਕੱਢਣ ਤਾਂ ਜੋ ਸ਼ਹਿਰ ਦੀ ਸਫਾਈ ਵਿਵਸਥਾ ਮੁੜ ਬਹਾਲ ਹੋ ਸਕੇ।

## ਤੇਜ਼ ਹਨੇਰੀ ਨੇ ਭੱਠਾ ਮਜ਼ਦੂਰਾਂ ਦੇ ਘਰਾਂ ਨੂੰ ਕੀਤਾ ਤਹਿਸ-ਨਹਿਸ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਤੇਜ਼ ਹਨੇਰੀ ਤੇ ਮੀਂਹ ਨੇ ਭੱਠਿਆਂ 'ਤੇ ਰਹਿ ਰਹੇ ਮਜ਼ਦੂਰ ਪਰਵਾਰਾਂ ਦੇ ਘਰਾਂ ਨੂੰ ਤਹਿਸ਼-ਨਹਿਸ਼ ਕਰ ਦਿੱਤਾ।ਤੇਜ਼ ਹਵਾਵਾਂ ਕਾਰਨ ਕੱਚੇ ਘਰਾਂ ਤੇ ਝੁੱਗੀਆਂ ਦੇ ਛੱਪਰ ਉੱਡ ਗਏ, ਜਿਸ ਨਾਲ ਕਈ ਪਰਵਾਰਾਂ ਦਾ ਘਰੇਲੂ ਸਮਾਨ ਵੀ ਬਰਬਾਦ ਹੋ ਗਿਆ।ਪੀੜਤ ਮਜ਼ਦੂਰਾਂ ਨੇ ਦੱਸਿਆ ਕਿ ਹਨੇਰੀ ਏਨੀ ਭਿਆਨਕ ਸੀ ਕਿ ਕੁਝ ਹੀ ਸਮੇਂ ਵਿੱਚ ਉਨ੍ਹਾਂ ਦੇ ਰਹਿਣ ਵਾਲੇ ਘਰ ਡਿੱਗ ਗਏ ਅਤੇ ਉਹ ਬੱਚਿਆਂ ਸਮੇਤ ਖੁੱਲ੍ਹੇ ਅਸਮਾਨ ਹੇਠ ਆ ਗਏ।ਮਜ਼ਦੂਰਾਂ ਨੇ ਕਿਹਾ ਕਿ ਉਹ ਪਹਿਲਾਂ ਹੀ ਗਰੀਬੀ ਤੇ ਆਰਥਿਕ ਤੰਗੀ ਨਾਲ ਜੂਝ ਰਹੇ ਹਨ, ਉੱਪਰੋਂ ਇਸ ਕੁਦਰਤੀ ਆਫ਼ਤ ਨੇ ਉਨ੍ਹਾਂ ਨੂੰ ਹੋਰ ਮੁਸੀਬਤ ਵਿੱਚ ਪਾ ਦਿੱਤਾ ਹੈ।ਇਸ ਤੋਂ ਇਲਾਵਾ ਭੱਠੇ ਤੇ ਰਹਿ ਰਹੇ ਔਰਤਾਂ ਤੋ ਇਲਾਵਾ ਵਿਅਕਤੀ ਤੇ ਬੱਚਿਆਂ ਦੇ ਜ਼ਖ਼ਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

## ਮਾਸਟਰ ਦਲਬਾਰਾ ਸਿੰਘ ਬਰ੍ਹੇ ਦੀ ਯਾਦ 'ਚ ਅੱਖਾਂ ਦਾ ਮੁਫ਼ਤ ਕੈਂਪ



**ਮਾਨਸਾ (ਆਤਮਾ ਸਿੰਘ ਪਮਾਰ)**-ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਸਵਰਗੀ ਮਾਸਟਰ ਦਰਬਾਰਾ ਸਿੰਘ ਦੀ ਯਾਦ ਨੂੰ ਸਮਰਪਤ ਸਮੂਹ ਪਰਵਾਰ ਵੱਲੋਂ ਸ਼ੰਕਰਾ ਅੱਖਾਂ ਦਾ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਜ਼ਰੂਰਤਮੰਦ ਲੋਕਾਂ ਦੀ ਭਲਾਈ ਲਈ 10ਵਾਂ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਪਿੰਡ ਬਰ੍ਹੇ ਵਿਖੇ ਪ੍ਰੋਜੈਕਟ ਚੇਅਰਮੈਨ ਡਾ. ਨਰਾਇਣ ਸਿੰਘ ਦੀ ਅਗਵਾਈ ਹੇਠ ਲਗਾਇਆ ਗਿਆ।ਇਸ ਕੈਂਪ 'ਚ 364 ਮਰੀਜ਼ਾਂ ਦਾ ਮੁਆਇਨਾ ਕਰਕੇ 42 ਬਜ਼ੁਰਗਾਂ ਦੀ ਮੁਫ਼ਤ ਲੈਂਜ਼ ਪਾਉਣ ਲਈ ਚੋਣ ਕੀਤੀ ਗਈ ਅਤੇ ਨਾਲ ਹੀ ਟੂੱਥ ਐਂਡ ਟਸਕ ਦੰਦਾਂ ਦੇ ਹਸਪਤਾਲ ਮਾਨਸਾ ਵੱਲੋਂ ਡਾ. ਨਿਤਿਨ ਗਰਗ ਐੱਮ ਡੀ ਐੱਸ ਵੱਲੋਂ 48 ਮਰੀਜ਼ਾਂ ਦਾ ਮੁਆਇਨਾ ਕਰਕੇ ਦਵਾਈ ਦਿੱਤੀ ਗਈ।ਡਾਕਟਰ ਤਰੁਣ ਛਾਬੜਾ ਐੱਮ ਐੱਸ, ਆਰਥੋ ਡੀ ਐੱਨ ਡੀ, ਐੱਫ ਐੱਨ ਬੀ, ਗੰਗਾ ਹਸਪਤਾਲ ਹਿਸਾਰ ਵੱਲੋਂ 82 ਮਰੀਜ਼ ਚੈੱਕ ਕਰਕੇ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ।

# ਸਫਾਈ ਸੇਵਕਾਂ ਦੀ ਹੜਤਾਲ 'ਤੇ ਹਨੀ ਫੱਤਣਵਾਲਾ ਨੇ ਜਤਾਈ ਚਿੰਤਾ

### ਸੂਬਾ ਸਰਕਾਰ ਨੂੰ ਤੁਰੰਤ ਸਫਾਈ ਸੇਵਕਾਂ ਦੀਆਂ ਹੱਕੀ ਮੰਗਾਂ ਮੰਨਣ ਦੀ ਅਪੀਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੂਰੇ ਪੰਜਾਬ ਭਰ ਵਿੱਚ ਚੱਲ ਰਹੀ ਸਫਾਈ ਸੇਵਕਾਂ ਦੀ ਹੜਤਾਲ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਕਿ ਸਫਾਈ ਸੇਵਕਾਂ ਦੀ ਹੜਤਾਲ ਦੇ ਚੱਲਦਿਆਂ ਪਵਿੱਤਰ ਸ਼ਹਿਰ ਸ੍ਰੀ ਮੁਕਤਸਰ ਸਾਹਿਬ 'ਚ ਸਫਾਈ ਪ੍ਰਬੰਧ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ ਅਤੇ ਹਰ ਪਾਸੇ ਕੂੜੇ ਦੇ ਢੇਰ ਲੱਗ ਚੁੱਕੇ ਹਨ, ਪਰ ਇਥੇ ਸਭ ਤੋਂ ਵੱਧ ਸੋਚਣ ਵਾਲੇ ਤੇ ਹੈਰਾਨੀਜਨਕ ਗੱਲ ਇਹ ਹੈ ਕਿ ਸਫਾਈ ਸੇਵਕਾਂ ਦੀ ਹੜਤਾਲ ਲੱਗਭਗ 8ਵੇਂ ਦਿਨ ਵਿੱਚ ਸ਼ਾਮਲ ਹੋ ਗਈ ਹੈ, ਪਰ ਪੰਜਾਬ ਦੇ ਕਿਸੇ ਵੀ ਵਿਧਾਇਕ, ਮੰਤਰੀ ਜਾਂ ਮੁੱਖ ਮੰਤਰੀ ਦਾ ਕੋਈ ਬਿਆਨ ਸਫਾਈ ਸੇਵਕਾਂ ਦੇ ਹੱਕ 'ਚ ਨਹੀਂ ਆਇਆ ਤੇ ਸਰਕਾਰ ਕੁੰਭਕਰਨੀ ਨੀਂਦ ਸੁੱਤੀ ਹੋਈ ਹੈ।ਉਨ੍ਹਾਂ ਕਿਹਾ ਕਿ ਜੇਕਰ ਸੂਬਾ ਸਰਕਾਰ ਨੇ ਸਫਾਈ ਸੇਵਕਾਂ ਦੇ ਹੱਕ ਵਿੱਚ ਕੋਈ ਖਾਸ ਕਦਮ ਨਾ ਚੁੱਕਿਆ ਤੇ ਜੇਕਰ ਇਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਨਾ ਮੰਨਿਆ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਹਾਲਾਤ ਹੋਰ ਵੀ ਗੰਭੀਰ ਹੋ ਸਕਦੇ ਹਨ ਤੇ ਸ਼ਹਿਰ ਦੀਆਂ ਸੜਕਾਂ ਕੂੜੇ ਦੇ ਡੰਪਾਂ ਵਿੱਚ ਤਬਦੀਲ ਹੋ ਜਾਣਗੀਆਂ।ਹਨੀ ਫੱਤਣਵਾਲਾ ਨੇ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਸਫਾਈ ਸੇਵਕਾਂ ਦੀਆਂ ਜਾਇਜ਼ ਮੰਗਾਂ ਨੂੰ ਬਿਨਾਂ ਕਿਸੇ ਦੇਰੀ ਤੋਂ ਮੰਨਿਆ ਜਾਵੇ ਤਾਂ ਜੋ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲ ਸਕੇ।ਉਨ੍ਹਾਂ ਕਿਹਾ ਕਿ ਵੱਧ ਰਹੀ ਗੰਦਗੀ ਕਾਰਨ ਬਿਮਾਰੀਆਂ ਫੈਲਣ ਦਾ ਖਤਰਾ ਵੀ ਬਣਦਾ ਜਾ ਰਿਹਾ ਹੈ, ਜਿਸ ਵੱਲ ਸਰਕਾਰ ਨੂੰ ਤੁਰੰਤ ਧਿਆਨ ਦੇਣ ਦੀ ਲੋੜ ਹੈ।

## ਓ ਐੱਸ ਡੀ ਸੁਖਵੀਰ ਵੱਲੋਂ ਯੂਨੀਵਰਸਿਟੀ ਕਾਲਜ ਦਾ ਦੌਰਾ



**ਧੂਰੀ (ਬਿੰਨੀ ਗਰਗ, ਮਨੋਹਰ ਸਿੰਘ ਸੱਗੂ)**-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਉਚੇਚੇ ਤੌਰ 'ਤੇ ਪਹੁੰਚੇ।ਉਨ੍ਹਾਂ ਕਿਹਾ ਕਿ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸਿੱਖਿਆ ਤੇ ਸਿਹਤ ਦੇ ਖੇਤਰ ਨੂੰ ਹਮੇਸ਼ਾ ਤਰਜੀਹ ਦਿੰਦੀ ਹੈ।ਇਸ ਲਈ ਕਾਲਜ ਵਿਖੇ ਵਿਦਿਆਰਥੀਆਂ ਲਈ ਸਮਾਰਟ ਕਲਾਸ ਕਮਰੇ, ਆਧੁਨਿਕ ਕੰਪਿਊਟਰ ਲੈਬ, ਸੁਰੱਖਿਆ ਲਈ ਕੈਮਰੇ ਲਗਵਾਏ ਤੇ ਆਡੀਟੋਰੀਅਮ ਉਸਾਰੀ ਅਧੀਨ ਹੈ।ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਨੇ ਦੱਸਿਆ ਕਿ ਇਸ ਕਾਲਜ ਦਾ ਉਦੇਸ਼ ਯੂਨੀਵਰਸਿਟੀ ਪੱਧਰ ਦੀ ਮਿਆਰੀ ਸਿੱਖਿਆ ਇਲਾਕੇ ਵਿੱਚ ਮੁਹੱਈਆ ਕਰਵਾਉਣਾ ਹੈ।ਉੱਚ ਯੋਗਤਾ ਤੇ ਤਜਰਬੇਕਾਰ ਅਧਿਆਪਕ ਕਾਲਜ ਵਿਖੇ ਚਲਦੇ ਬੀ.ਏ., ਬੀ.ਕਾਮ., ਬੀ.ਐੱਸ ਸੀ ਮੈਡੀਕਲ ਤੇ ਨਾਨ-ਮੈਡੀਕਲ, ਬੀ.ਸੀ.ਏ., ਐੱਮ.ਏ. ਪੰਜਾਬੀ, ਐੱਮ.ਏ. ਇਤਿਹਾਸ, ਐੱਮ.ਕਾਮ., ਪੀ.ਜੀ.ਡੀ.ਸੀ.ਏ. ਕੋਰਸਾਂ ਨੂੰ ਪੜ੍ਹਾ ਰਹੇ ਹਨ।ਅਧਿਆਪਕਾਂ ਦੀ ਯੋਗਤਾ ਕਰਕੇ ਹੀ ਕਾਲਜ ਨਵੇਂ ਸੈਸ਼ਨ ਤੋਂ ਬੀ.ਬੀ.ਏ. ਦਾ ਨਵਾਂ ਕੋਰਸ ਸ਼ੁਰੂ ਕਰ ਰਿਹਾ ਹੈ।ਕਾਲਜ ਨੂੰ ਇਲਾਕੇ ਦਾ ਮਾਡਲ ਕਾਲਜ ਬਣਾਉਣ ਲਈ ਉਨ੍ਹਾਂ ਸਰਕਾਰ ਦਾ ਧੰਨਵਾਦ ਕੀਤਾ।ਓ.ਐੱਸ.ਡੀ. ਸੁਖਵੀਰ ਸਿੰਘ ਨੇ ਨਵੇਂ ਸੈਸ਼ਨ ਦਾ ਪ੍ਰਾਸਪੈਕਟਸ ਕਾਲਜ ਪ੍ਰਿੰਸੀਪਲ ਤੇ ਸਟਾਫ਼ ਨਾਲ ਮਿਲ ਕੇ ਜਾਰੀ ਕੀਤਾ।ਇਸ ਮੌਕੇ ਪੰਜਾਬੀ ਸਿਨੇਮਾ ਦੇ ਪ੍ਰਸਿੱਧ ਅਦਾਕਾਰ ਬਿੰਨੂ ਢਿੱਲੋਂ ਤੋਂ ਇਲਾਵਾ ਸਮੂਹ ਸਟਾਫ਼ ਹਾਜ਼ਰ ਸੀ।

# ਬਾਘਾ ਪੁਰਾਣਾ ਦੀ ਕਾਇਆ ਕਲਪ ਲਈ ਕਰੋੜਾਂ ਦੀ ਗਰਾਂਟ ਮਨਜ਼ੂਰ, ਜਲਦ ਸ਼ੁਰੂ ਹੋਣਗੇ ਵਿਕਾਸ ਕੰਮ : ਵਿਧਾਇਕ ਸੁਖਾਨੰਦ

### ਪਾਰਕ, ਖੇਡ ਸਟੇਡੀਅਮ, ਸੜਕਾਂ, ਨਿਕਾਸੀ ਤੇ ਸੀਵਰੇਜ ਲਈ ਵੱਡੇ ਪ੍ਰੋਜੈਕਟਾਂ ਦਾ ਐਲਾਨ : ਗੁਪਤਾ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਹਲਕਾ ਵਿਧਾਇਕ ਅੰਮ੍ਰਿਤ ਪਾਲ ਸਿੰਘ ਸੁਖਾਨੰਦ ਵੱਲੋਂ ਨਗਰ ਕੌਂਸਲ ਬਾਘਾ ਪੁਰਾਣਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼ਹਿਰ ਦੇ ਸਰਵਾਂਗੀਣ ਵਿਕਾਸ ਲਈ ਵੱਡੀਆਂ ਘੋਸ਼ਣਾਵਾਂ ਕੀਤੀਆਂ ਗਈਆਂ।ਉਨ੍ਹਾਂ ਦੱਸਿਆ ਕਿ ਬਾਘਾ ਪੁਰਾਣਾ ਸ਼ਹਿਰ ਦੀ ਕਾਇਆ ਕਲਪ ਕਰਨ ਲਈ ਕਰੀਬ 5 ਕਰੋੜ 15 ਲੱਖ ਰੁਪਏ ਦੀ ਗਰਾਂਟ ਸਰਕਾਰ ਵੱਲੋਂ ਮਨਜ਼ੂਰ ਕਰਵਾਈ ਗਈ ਹੈ, ਜਿਸ ਦੇ ਤਹਿਤ ਵੱਖ-ਵੱਖ ਵਿਕਾਸੀ ਕੰਮਾਂ ਨੂੰ ਅਮਲੀ ਜਾਮਾ ਪਹਿਨਾਇਆ ਜਾਵੇਗਾ।ਵਿਧਾਇਕ ਨੇ ਕਿਹਾ ਕਿ ਇਹ ਸਾਰੇ ਕੰਮ ਆਉਣ ਵਾਲੇ 15 ਤੋਂ 20 ਦਿਨਾਂ ਦੇ ਅੰਦਰ ਸ਼ੁਰੂ ਕਰ ਦਿੱਤੇ ਜਾਣਗੇ, ਜਿਸ ਨਾਲ ਸ਼ਹਿਰ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਨਗਰ ਕੌਂਸਲ ਬਾਘਾ ਪੁਰਾਣਾ ਦੇ ਪ੍ਰਧਾਨ ਪਵਨ ਗੁਪਤਾ ਵੀ ਉਨ੍ਹਾਂ ਨਾਲ ਮੌਜੂਦ ਸਨ।ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਦੇ ਅਧੀਨ ਆਉਂਦੇ ਵਾਰਡ ਨੰਬਰ 4 ਤੇ 6 ਵਿੱਚ ਸਥਿਤ ਛੱਪੜ, ਜੋ ਬਾਬਾ ਬੂਟਾ ਸ਼ਾਹ ਦੇ ਨਾਮ ਨਾਲ ਜਾਣਿਆ ਜਾਂਦਾ ਹੈ, ਉਸ ਥਾਂ 'ਤੇ 78 ਲੱਖ ਰੁਪਏ ਦੀ ਲਾਗਤ ਨਾਲ ਇੱਕ ਸੁੰਦਰ ਤੇ ਆਧੁਨਿਕ ਪਾਰਕ ਤਿਆਰ ਕੀਤਾ ਜਾਵੇਗਾ।ਇਹ ਪਾਰਕ ਇਲਾਕਾ ਵਾਸੀਆਂ ਲਈ ਸੈਰ-ਸਪਾਟੇ ਤੇ ਮਨੋਰੰਜਨ ਦਾ ਕੇਂਦਰ ਬਣੇਗਾ।ਇਸ ਤੋਂ ਇਲਾਵਾ ਗਾਂਧਾ ਬਸਤੀ ਵਿੱਚ ਮੌਜੂਦ ਕੂੜੇ ਦੇ ਡੰਪ ਤੇ ਉਸ ਦੇ ਪਿੱਛੇ ਪਈ ਨਗਰ ਕੌਂਸਲ ਦੀ ਜ਼ਮੀਨ ਨੂੰ ਵਿਕਸਤ ਕਰਕੇ ਇੱਕ ਖੇਡ ਸਟੇਡੀਅਮ ਬਣਾਇਆ ਜਾਵੇਗਾ।ਇਸ ਸਟੇਡੀਅਮ ਵਿੱਚ ਬੈਡਮਿੰਟਨ, ਬਾਸਕਟਬਾਲ ਤੇ ਟੇਬਲ ਟੈਨਿਸ ਲਈ ਆਧੁਨਿਕ ਸੁਵਿਧਾਵਾਂ ਹੋਣਗੀਆਂ। ਇਸ ਪ੍ਰੋਜੈਕਟ 'ਤੇ ਲਗਭਗ 49 ਲੱਖ ਰੁਪਏ ਖਰਚ ਕੀਤੇ ਜਾਣਗੇ ਤੇ ਇਸ ਦਾ ਟੈਂਡਰ ਵੀ ਜਾਰੀ ਕੀਤਾ ਜਾ ਚੁੱਕਾ ਹੈ। ਵਿਧਾਇਕ ਸੁਖਾਨੰਦ ਨੇ ਦੱਸਿਆ ਕਿ ਸ਼ਹਿਰ ਦੀਆਂ ਵੱਖ-ਵੱਖ ਗਲੀਆਂ, ਨਾਲੀਆਂ ਤੇ ਹੋਰ ਬੁਨਿਆਦੀ ਸਹੂਲਤਾਂ ਲਈ 42 ਲੱਖ ਰੁਪਏ ਮਨਜ਼ੂਰ ਕੀਤੇ ਗਏ ਹਨ।ਇਸ ਦੇ ਨਾਲ ਹੀ ਮੋਗਾ ਰੋਡ 'ਤੇ ਸਥਿਤ ਜੱਸੋਵਾਲ ਵਾਲੀ ਗਲੀ (ਵਾਰਡ ਨੰਬਰ 14) ਲਈ 49 ਲੱਖ ਰੁਪਏ ਦੀ ਰਕਮ ਪਾਸ ਕੀਤੀ ਗਈ ਹੈ, ਜਿਸ ਦਾ ਕੰਮ ਵੀ ਜਲਦੀ ਸ਼ੁਰੂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸੇਵਾ ਇਨਕਲੇਵ ਇਲਾਕੇ ਦੇ ਵਿਕਾਸ ਲਈ ਵੀ 34 ਲੱਖ ਰੁਪਏ ਮਨਜ਼ੂਰ ਕੀਤੇ ਗਏ ਹਨ।ਇਸ ਤੋਂ ਇਲਾਵਾ ਨਗਰ ਕੌਂਸਲ ਅਧੀਨ ਆਉਣ ਵਾਲੇ ਹੋਰ 17 ਤੋਂ 18 ਵਿਕਾਸੀ ਕੰਮਾਂ ਲਈ ਕਰੀਬ 2 ਕਰੋੜ ਰੁਪਏ ਖਰਚ ਕੀਤੇ ਜਾਣਗੇ, ਜਿਸ ਨਾਲ ਸ਼ਹਿਰ ਦੀਆਂ ਬੁਨਿਆਦੀ ਢਾਂਚਾਗਤ ਸਹੂਲਤਾਂ ਵਿੱਚ ਸੁਧਾਰ ਆਵੇਗਾ।ਵਿਧਾਇਕ ਨੇ ਇਹ ਵੀ ਖੁਲਾਸਾ ਕੀਤਾ ਕਿ 5 ਕਰੋੜ 75 ਲੱਖ ਰੁਪਏ ਦੀ ਹੋਰ ਗਰਾਂਟ ਵੀ ਸਰਕਾਰ ਵੱਲੋਂ ਮਨਜ਼ੂਰ ਕਰਵਾਈ ਗਈ ਹੈ, ਜਿਸ ਨੂੰ ਖਾਸ ਤੌਰ 'ਤੇ ਉਨ੍ਹਾਂ ਇਲਾਕਿਆਂ ਵਿੱਚ ਸੀਵਰੇਜ ਪ੍ਰਣਾਲੀ ਲਗਾਉਣ ਲਈ ਵਰਤਿਆ ਜਾਵੇਗਾ, ਜਿੱਥੇ ਅਜੇ ਤੱਕ ਸੀਵਰੇਜ ਦੀ ਸੁਵਿਧਾ ਉਪਲਬਧ ਨਹੀਂ ਹੈ।ਉਨ੍ਹਾਂ ਕਿਹਾ ਕਿ ਇਹ ਸਾਰੇ ਵਿਕਾਸੀ ਕੰਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੰਭਵ ਹੋਏ ਹਨ।ਉਨ੍ਹਾਂ ਮੁੱਖ ਮੰਤਰੀ ਦਾ ਬਾਘਾ ਪੁਰਾਣਾ ਸ਼ਹਿਰ ਲਈ ਵੱਡੀ ਗਰਾਂਟ ਮਨਜ਼ੂਰ ਕਰਨ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਇਹ ਪ੍ਰੋਜੈਕਟ ਮੁਕੰਮਲ ਹੋਣ ਤੋਂ ਬਾਅਦ ਸ਼ਹਿਰ ਵਾਸੀਆਂ ਨੂੰ ਸਮਰਪਤ ਕੀਤੇ ਜਾਣਗੇ ਤੇ ਸ਼ਹਿਰ ਦੀ ਤਸਵੀਰ ਬਦਲ ਦੇਣਗੇ।ਅਖੀਰ 'ਚ ਵਿਧਾਇਕ ਸੁਖਾਨੰਦ ਤੇ ਪ੍ਰਧਾਨ ਪਵਨ ਗੁਪਤਾ ਨੇ ਭਰੋਸਾ ਦਿੱਤਾ ਕਿ ਸਾਰੇ ਕੰਮ ਸਮੇਂ ਸਿਰ ਤੇ ਮਿਆਰੀ ਢੰਗ ਨਾਲ ਪੂਰੇ ਕਰਵਾਏ ਜਾਣਗੇ, ਤਾਂ ਜੋ ਬਾਘਾ ਪੁਰਾਣਾ ਸ਼ਹਿਰ ਨੂੰ ਇੱਕ ਆਧੁਨਿਕ ਤੇ ਸੁਵਿਧਾਜਨਕ ਸ਼ਹਿਰ ਵਜੋਂ ਵਿਕਸਤ ਕੀਤਾ ਜਾ ਸਕੇ।

# ਭਾਰਤੀਯ ਅੰਬੇਡਕਰ ਮਿਸ਼ਨ ਵੱਲੋਂ ਖੂਨਦਾਨ ਤੇ ਅੱਖਾਂ ਦਾ ਅਪ੍ਰੇਸ਼ਨ ਕੈਂਪ



**ਸੰਗਰੂਰ (ਪ੍ਰਵੀਨ ਸਿੰਘ)**-ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਿਕ ਜਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਸਾਬਕਾ ਐੱਸ ਸੀ ਕਮਿਸ਼ਨ ਪੰਜਾਬ ਦੀ ਅਗਵਾਈ ਹੇਠ ਸਥਾਨਕ ਮੰਦਰ ਮਾਤਾ ਸ਼੍ਰੀ ਮਹਾਂਕਾਲੀ ਦੇਵੀ ਜੀ ਦੇ ਸ਼ਕਤੀ ਭਵਨ ਵਿਖੇ ਉੱਘੇ ਸਮਾਜ ਸੇਵਿਕਾ ਪ੍ਰੀਤੀ ਮਹੰਤ ਤੇ ਮਿੱਤਲ ਹੈਲਥ ਕੇਅਰ ਹਸਪਤਾਲ ਅਤੇ ਬਲੱਡ ਸੈਂਟਰ ਸੰਗਰੂਰ ਦੇ ਸਹਿਯੋਗ ਨਾਲ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਵਿਸ਼ਾਲ ਖੂਨਦਾਨ ਕੈਂਪ ਅਤੇ ਅੱਖਾਂ ਦਾ ਚੈੱਕਅਪ ਤੇ ਅਪ੍ਰੇਸ਼ਨ ਕੈਂਪ ਲਗਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਜਸਵੰਤ ਸਿੰਘ ਖਹਿਰਾ ਸਕੱਤਰ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ (ਸੰਗਰੂਰ) ਨੇ ਸ਼ਿਰਕਤ ਕੀਤੀ, ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਸੁਖਦੇਵ ਸਿੰਘ ਡੀ ਐੱਸ ਪੀ ਸੰਗਰੂਰ, ਉੱਘੇ ਸਮਾਜ ਸੇਵੀ ਤੱਬੂ ਮਹੰਤ ਸ਼ਾਮਲ ਹੋਏ। ਕੈਂਪ ਵਿੱਚ 82 ਨੌਜਵਾਨਾਂ ਨੇ ਖੂਨ ਦਾਨ ਕੀਤਾ ਤੇ ਕੈਂਪ ਵਿੱਚ ਪਹੁੰਚੇ ਗਲੋਬਲ ਹਸਪਤਾਲ ਸੰਗਰੂਰ ਦੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ 240 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 20 ਮਰੀਜ਼ਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਕਰਕੇ ਲੈਂਜ਼ ਪਾਏ ਗਏ। ਇਸ ਤੋਂ ਇਲਾਵਾ ਭਾਰਤੀਯ ਅੰਬੇਡਕਰ ਮਿਸ਼ਨ ਵੱਲੋਂ ਮਰੀਜ਼ਾਂ ਨੂੰ ਦਵਾਈਆਂ ਤੇ ਐਨਕਾਂ ਮੁਫ਼ਤ ਦਿੱਤੀਆਂ ਗਈਆਂ। ਇਸ ਮੌਕੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਸਭਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਚਾਂਦ ਮਦਾਨ ਪ੍ਰਧਾਨ ਮੰਦਿਰ ਮਾਤਾ ਸ਼੍ਰੀ ਮਹਾਂਕਾਲ਼ੀ ਦੇਵੀ ਜੀ, ਰੌਕੀ ਬਾਂਸਲ ਬਲਾਕ ਪ੍ਰਧਾਨ ਕਾਂਗਰਸ, ਮੈਡਮ ਪਰਮਜੀਤ ਕੌਰ ਗੁੰਮਟੀ ਕੌਮੀ ਪ੍ਰਧਾਨ ਮਹਿਲਾ ਵਿੰਗ, ਸ਼੍ਰੀ ਮੁਕੇਸ਼ ਰਤਨਾਕਰ ਸੂਬਾ ਪ੍ਰਧਾਨ, ਰਿਪੂ ਢਿੱਲੋਂ ਸਾਬਕਾ ਪ੍ਰਧਾਨ ਨਗਰ ਕੌਂਸਲ, ਹਰਜਿੰਦਰ ਸਿੰਘ ਠੇਕੇਦਾਰ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਚਮਕੌਰ ਸਿੰਘ ਜੱਸੀ ਜ਼ਿਲ੍ਹਾ ਚੇਅਰਮੈਨ, ਵਿਜੈ ਸਿੰਗਲਾ ਆਦਿ ਹਾਜ਼ਰ ਸਨ।

## ਯੂਰੋ ਕਿਡਜ਼ ਤੇ ਡ੍ਰੀਮ ਬੈਰੀ ਸਕੂਲ 'ਚ ਮਾਂ ਦਿਵਸ ਮਨਾਇਆ

**ਦੋਰਾਹਾ (ਹਰਮਿੰਦਰ ਸੇਠ)**-ਸ਼ਹਿਰ ਦੋਰਾਹਾ ਦੀ ਨਾਮਵਰ ਵਿੱਦਿਅਕ ਸੰਸਥਾ ਯੂਰੋ ਕਿਡਜ਼ 'ਤੇ ਡ੍ਰੀਮ ਬੈਰੀ ਕਾਨਵੈਂਟ ਸਕੂਲ ਵਿਖੇ ਮੈਨੇਜਿੰਗ ਡਾਇਰੈਕਟਰ ਰਜਤ ਸ਼ਰਮਾ ਦੀ ਅਗਵਾਈ ਹੇਠ ਮਾਂ ਦਿਵਸ ਬਹੁਤ ਹੀ ਧੂਮ ਧਾਮ ਨਾਲ ਮਨਾਇਆ ਗਿਆ।ਵਿਦਿਆਰਥੀਆਂ ਨੇ ਗੀਤਾਂ, ਕਵਿਤਾਵਾਂ ਤੇ ਭਾਸ਼ਣਾਂ ਰਾਹੀਂ ਆਪਣੀਆਂ ਮਾਵਾਂ ਲਈ ਪਿਆਰ ਤੇ ਸਤਿਕਾਰ ਪ੍ਰਗਟ ਕੀਤਾ।ਪ੍ਰਿੰਸੀਪਲ ਸੁਰਿੰਦਰਪਾਲ ਕੌਰ ਨੇ ਮਾਵਾਂ ਦੀ ਮਹੱਤਤਾ ਬਾਰੇ ਆਪਣੇ ਸੁੰਦਰ ਵਿਚਾਰ ਪੇਸ਼ ਕੀਤੇ, ਜਦਕਿ ਮਾਵਾਂ ਨੇ ਵੀ ਆਪਣੇ ਅਨੁਭਵ ਸਾਂਝੇ ਕੀਤੇ ਗਏ ਅਤੇ ਸਕੂਲ ਵਿੱਚ ਕਰਵਾਏ ਗਏ ਸਮਾਗਮ ਦੀ ਪ੍ਰਸੰਸਾ ਕੀਤੀ।ਇਸ ਦੌਰਾਨ ਬੱਚਿਆਂ ਦੀ ਮਾਵਾਂ ਕੋਲੋਂ ਮਾਂ ਦਿਵਸ ਮੌਕੇ ਕੇਕ ਕਟਵਾਇਆ ਗਿਆ।ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵਜੋਂ ਮਹਿਮਾਨ ਚੇਅਰਮੈਨ ਜਤਿੰਦਰ ਸ਼ਰਮਾ, ਡਾਇਰੈਕਟਰ ਨੀਰਜ ਸ਼ਮ੍ਹਾਂ, ਸੁਮਨ ਸ਼ਰਮਾ, ਸੋਨੀਆ ਸ਼ਰਮਾ, ਸੁਭਮ ਸ਼ਰਮਾ, ਗੁਨੀਤਾ ਸ਼ਰਮਾ, ਪ੍ਰਿੰਸੀਪਲ ਸੁਰਿੰਦਰਪਾਲ ਕੌਰ ਆਦਿ ਨੇ ਸ਼ਿਰਕਤ ਕੀਤੀ। ਇਸ ਮੌਕੇ ਅਮਨਦੀਪ ਕੌਰ, ਜਸਵਿੰਦਰ ਕੌਰ, ਕੋਮਲ ਸ਼ਰਮਾ, ਨੀਤਿਕਾ, ਪ੍ਰਿਯੰਕਾ ਸ਼ਰਮਾ, ਇੰਦਰਜੀਤ ਸਿੰਘ ਤੇ ਸ਼ਾਮੂ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਕੂਲ ਦੇ ਬੱਚੇ ਤੇ ਮਾਵਾਂ ਸ਼ਾਮਲ ਸਨ।



## ਮਲਟੀਪਰਪਜ਼ ਸਕੂਲ 'ਚ ਛਾਂਦਾਰ ਬੂਟੇ ਲਾਏ



**ਪਟਿਆਲਾ (ਰਾਜਿੰਦਰ ਥਿੰਦ, ਭੁਪਿੰਦਰਜੀਤ ਮੌਲਵੀਵਾਲਾ)**-ਸ਼ਹੀਦ ਕਰਤਾਰ ਸਿੰਘ ਸਰਾਭਾ ਵੈਲਫੇਅਰ ਟਰੱਸਟ ਵੱਲੋਂ ਵਾਤਾਵਰਣ ਦੀ ਸੁਰੱਖਿਆ ਅਤੇ ਹਰਿਆਵਲੀ ਨੂੰ ਪ੍ਰੋਤਸਾਹਿਤ ਕਰਨ ਦੇ ਉਦੇਸ਼ ਨਾਲ ਪੀ.ਐਮ ਸ੍ਰੀ ਸਰਕਾਰੀ ਸ.ਸ. ਸਕੂਲ ਮਲਟੀਪਰਪਜ਼ ਸਕੂਲ ਵਿਖੇ 20 ਦੇ ਲਗਭੱਗ ਛਾਂਦਾਰ ਬੂਟੇ ਲਾਏ ਗਏ।ਟਰੱਸਟ ਮੈਂਬਰਾਂ, ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਨੇ ਵੀ ਭਾਗ ਲਿਆ।ਸਕੂਲ ਕੈਂਪਸ ਵਿੱਚ ਫਾਇਕਸ, ਮੌਲਸਰੀ, ਚਕਰੇਸੀਆ, ਚਾਈਨਾਬੈਰੀ ਅਤੇ ਨਿੰਮ ਦੇ ਬੂਟੇ ਲਾਏ ਗਏ, ਜੋ ਆਉਣ ਵਾਲੇ ਸਮੇਂ ਵਿੱਚ ਛਾਂ ਅਤੇ ਸਾਫ਼ ਵਾਤਾਵਰਣ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।ਟਰੱਸਟ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਨੇ ਕਿਹਾ ਕਿ ਵਧ ਰਹੇ ਪ੍ਰਦੂਸ਼ਣ ਅਤੇ ਘਟ ਰਹੀ ਹਰਿਆਵਲੀ ਨੂੰ ਦੇਖਦੇ ਹੋਏ ਹਰ ਵਿਅਕਤੀ ਨੂੰ ਵੱਧ ਤੋਂ ਵੱਧ ਬੂਟੇ ਲਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬੂਟੇ ਲਗਾਉਣਾ ਮਨੁੱਖਤਾ ਲਈ ਸਭ ਤੋਂ ਵੱਡੀ ਸੇਵਾ ਹੈ ਤੇ ਇਹ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਵਾਤਾਵਰਣ ਯਕੀਨੀ ਬਣਾਉਣ ਵੱਲ ਮਹੱਤਵਪੂਰਨ ਕਦਮ ਹੈ।ਸਕੂਲ ਦੇ ਪ੍ਰਿੰਸੀਪਲ ਮੈਡਮ ਵਿਜੈ ਕਪੂਰ ਨੇ ਟਰੱਸਟ ਦੇ ਇਸ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੀਆਂ ਸਮਾਜਿਕ ਗਤੀਵਿਧੀਆਂ ਨਾਲ ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਹੁੰਦੀ ਹੈ।ਉਨ੍ਹਾਂ ਕਿਹਾ ਕਿ ਹਰ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਬੂਟਾ ਜ਼ਰੂਰ ਲਾਉਣਾ ਅਤੇ ਉਸ ਦੀ ਸੰਭਾਲ ਕਰਨੀ ਚਾਹੀਦੀ ਹੈ।

## ਲੋੜਵੰਦ ਮਰੀਜ਼ਾਂ ਨੂੰ ਦਿੱਤੀ ਵਿੱਤੀ ਸਹਾਇਤਾ



**ਸ਼੍ਰੀ ਮੁਕਤਸਰ ਸਾਹਿਬ (ਸਮਿੰਦਰਪਾਲ/ਪੂਜਾ)**-ਡਾ. ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਸੂਚੀ ਏਨੀ ਲੰਮੀ ਹੈ ਕਿ ਇਸ ਨੂੰ ਵਰਨਣ ਕਰਨਾ ਵੀ ਨਾਮੁਮਕਿਨ ਹੈ।ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 28 ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਖਰੀਦਣ ਲਈ ਵਿੱਤੀ ਸਹਾਇਤਾ ਦਿੱਤੀ ਗਈ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਹ ਮਰੀਜ਼ ਲੰਮੇ ਸਮੇਂ ਤੋਂ ਵੱਖ-ਵੱਖ ਬੀਮਾਰੀਆਂ ਤੋਂ ਪੀੜਤ ਹਨ। ਇਨ੍ਹਾਂ ਹਾਲਤਾਂ ਵਿੱਚ ਡਾ ਓਬਰਾਏ ਨੇ ਇਨ੍ਹਾਂ ਮਰੀਜ਼ਾਂ ਦੀ ਬਾਂਹ ਫੜੀ ਤੇ ਡਾਕਟਰ ਦੀ ਲਿਖੀ ਹੋਈ ਦਵਾਈ ਲੈਣ ਲਈ ਵੱਖ-ਵੱਖ ਮਰੀਜ਼ਾਂ ਨੂੰ ਦਵਾਈਆਂ ਖਰੀਦਣ ਲਈ ਪੈਸੇ ਭੇਜੇ, ਜੋ ਸ਼੍ਰੀ ਮੁਕਤਸਰ ਸਾਹਿਬ ਟੀਮ ਵੱਲੋਂ ਮਰੀਜ਼ਾਂ ਨੂੰ ਦਿੱਤੇ ਗਏ ਹਨ।ਲੋੜਵੰਦ ਮਰੀਜ਼ਾਂ ਵੱਲੋਂ ਡਾ ਓਬਰਾਏ ਦਾ ਧੰਨਵਾਦ ਕੀਤਾ ਗਿਆ ਤੇ ਕਿਹਾ ਕਿ ਡਾ. ਓਬਰਾਏ ਦੇ ਇਸ ਉਪਰਾਲੇ ਨਾਲ ਅਸੀਂ ਵੀ ਨਿਰੋਗ ਜ਼ਿੰਦਗੀ ਜਿਉਣ ਲਈ ਆਸਵੰਦ ਹੋ ਗਏ ਹਾਂ।

## ਦੇਵ ਮਾਨ ਨੇ ਮੇਘ ਕਲਨੀ 'ਚ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਨਾਭਾ (ਵਰਿੰਦਰ ਵਰਮਾ)**-ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਲਗਾਤਾਰ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ, ਜਿਸ ਤਹਿਤ ਹਲਕਾ ਨਾਭਾ ਦੇ ਪਿੰਡ ਮੇਘ ਕਲੋਨੀ ਵਿਖੇ ਪਿਛਲੇ ਦਿਨੀਂ ਪੰਜਾਬ ਸਰਕਾਰ ਵੱਲੋਂ ਗ੍ਰਾਂਟ ਜਾਰੀ ਕੀਤੀ ਗਈ ਸੀ, ਜਿਸ ਨਾਲ ਪਿੰਡ ਵਿੱਚ ਵਿਕਾਸ ਕਾਰਜ ਕਰਾਏ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਵੱਲੋਂ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਮੇਘ ਕਲੋਨੀ ਦੇ ਵਾਰਡ ਨੰਬਰ 7 'ਚ ਤਕਰੀਬਨ 10 ਲੱਖ ਰੁਪਏ ਦੀ ਲਾਗਤ ਕੀਤੇ ਗਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਉਪਰੰਤ ਕੀਤਾ।ਉਨ੍ਹਾਂ ਦੱਸਿਆ ਕਿ ਇਸ ਵਾਰਡ ਵਿੱਚ 3 ਲੱਖ ਰੁਪਏ ਦੀ ਲਾਗਤ ਨਾਲ ਗੰਦੇ ਪਾਣੀ ਦੀ ਨਿਕਾਸੀ ਲਈ ਖੂਹ ਬਣਾਏ ਗਏ ਹਨ ਤੇ ਤਕਰੀਬਨ 7 ਲੱਖ ਰੁਪਏ ਦੀ ਲਾਗਤ ਨਾਲ ਨਵੀਆਂ ਇੰਟਰਲਾਕ ਟਾਇਲਾਂ ਵਾਲੀਆਂ ਗਲੀਆਂ ਬਣਾਈਆਂ ਗਈਆਂ ਹਨ।ਦੇਵ ਮਾਨ ਨੇ ਕਿਹਾ ਕਿ ਕ੍ਰਾਂਤੀਕਾਰੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਅਗਵਾਈ ਹੇਠ ਸ਼ਹਿਰ ਅਤੇ ਪਿੰਡਾਂ ਵਿੱਚ ਵੱਡੇ ਪੱਧਰ ਤੇ ਵਿਕਾਸ ਕਾਰਜ ਕਰਾਏ ਜਾ ਰਹੇ ਹਨ।ਪਿੰਡ ਵਾਸੀਆਂ ਵੱਲੋਂ ਵਿਧਾਇਕ ਦੇਵ ਮਾਨ ਦਾ ਧੰਨਵਾਦ ਕੀਤਾ ਗਿਆ ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਤੇਜਿੰਦਰ ਸਿੰਘ ਖਹਿਰਾ ਵਾਇਸ ਪ੍ਰਧਾਨ ਯੂਥ, ਭੁਪਿੰਦਰ ਸਿੰਘ ਕੱਲਰਮਾਜਰੀ ਵਾਇਸ ਚੇਅਰਮੈਨ ਬਲਾਕ ਸੰਮਤੀ, ਕਰਮਜੀਤ ਸਿੰਘ ਅਲਹੋਰਾਂ ਪ੍ਰਧਾਨ ਆੜਤੀਆਂ ਐਸੋਸੀਏਸ਼ਨ, ਵਰਿੰਦਰ ਕੌਰ ਅਟਵਾਲ ਮੈਂਬਰ ਬਲਾਕ ਸੰਮਤੀ, ਕੁਲਵੰਤ ਸਿੰਘ ਅਟਵਾਲ ਸਰਪੰਚ, ਜਸਵੀਰ ਸਿੰਘ ਵਜੀਦਪੁਰ, ਬਹਾਦਰ ਸਿੰਘ ਸਰਪੰਚ, ਰਣਜੀਤ ਸਿੰਘ ਜੱਜ ਸਰਪੰਚ, ਸਤਨਾਮ ਸਿੰਘ ਢੀਂਡਸਾ, ਗੁਰਮੀਤ ਸਿੰਘ ਸਾਬਕਾ ਸਰਪੰਚ, ਕਮਲਪ੍ਰੀਤ ਕੌਰ ਪੰਚ, ਰਾਮ ਰਤਨ ਸਿੰਘ, ਪਰਮਜੀਤ ਕੌਰ, ਮਨਦੀਪ ਕੌਰ, ਤਾਰਿੰਦਰ ਸਿੰਘ ਪੰਚ, ਬਲਦੇਵ ਸਿੰਘ, ਪਰਮਜੀਤ ਸਿੰਘ ਰਾਜਗੜ, ਬੱਬੂ ਤੇ ਪਿੰਡ ਵਾਸੀ ਮੌਜੂਦ ਸਨ।

## ਗੁਰੂ ਨਾਨਕ ਨੈਸ਼ਨਲ ਕਾਲਜ ਦੇ ਬੀ.ਸੀ.ਏ. ਦੇ ਨਤੀਜੇ ਸ਼ਾਨਦਾਰ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਬੀ.ਸੀ.ਏ ਤੀਜਾ ਸਮੈਸਟਰ ਦੇ ਨਤੀਜੇ ਐਲਾਨੇ ਗਏ, ਜਿਨ੍ਹਾਂ ਵਿੱਚ ਗੁਰੂ ਨਾਨਕ ਨੈਸ਼ਨਲ ਕਾਲਜ ਦੇ ਵਿਦਿਆਰਥੀਆਂ ਨੇ ਖ਼ੂਬ ਮੱਲਾਂ ਮਾਰੀਆਂ।ਨਤੀਜਿਆਂ ਬਾਰੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਬੀ.ਸੀ.ਏ ਤੀਜਾ ਸਮੈਸਟਰ ਵਿੱਚੋਂ ਅਨਮੋਲ ਭਾਟੀਆ ਨੇ 8.75 ਸੀ.ਜੀ.ਪੀ.ਏ ਪ੍ਰਾਪਤ ਕਰਕੇ ਯੂਨਿਵਰਸਿਟੀ ਵਿੱਚੋਂ ਚੌਦਵੀਂ ਪੁਜੀਸ਼ਨ ਤੇ ਗੁਰਪ੍ਰੀਤ ਕੌਰ ਨੇ 8.71 ਸੀ.ਜੀ.ਪੀ.ਏ ਪ੍ਰਾਪਤ ਕਰਕੇ ਯੂਨਿਵਰਸਿਟੀ ਵਿੱਚੋਂ ਪੰਦਰਵੀਂ ਪੁਜੀਸ਼ਨ ਹਾਸਲ ਕੀਤੀ।ਇਨ੍ਹਾਂ ਸ਼ਾਨਦਾਰ ਨਤੀਜਿਆਂ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਵਿਦਿਆਰਥੀਆਂ ਦੇ ਮਾਪਿਆਂ, ਅਧਿਆਪਕਾਂ ਅਤੇ ਵਿਸ਼ੇਸ਼ ਕਰਕੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ, ਜਿਨ੍ਹਾਂ ਦੀ ਸਾਂਝੀ ਮਿਹਨਤ ਸਦਕਾ ਕਾਲਜ ਅਤੇ ਇਲਾਕੇ ਦਾ ਨਾਂਅ ਰੌਸ਼ਨ ਹੋਇਆ।

## ਹਰੀਕੇ ਕਲਾਂ 'ਚ ਟਰੇਡ ਕਮਿਸ਼ਨ ਵੱਲੋਂ ਮੀਟਿੰਗ




**ਗਿੱਦੜਬਾਹਾ/ਮੁਕਤਸਰ/ਮਲੋਟ (ਜਸਵੰਤ ਗਿੱਲ, ਸ਼ਮਿੰਦਰਪਾਲ, ਓਮ ਪ੍ਰਕਾਸ਼)**-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਟਰੇਡ ਕਮਿਸ਼ਨ ਦੀ ਮੀਟਿੰਗ ਹਲਕਾ ਗਿੱਦੜਬਾਹਾ ਦੇ ਪਿੰਡ ਹਰੀਕੇ ਕਲਾਂ ਵਿਖੇ ਟਰੇਡ ਕਮਿਸ਼ਨ ਹਲਕਾ ਗਿੱਦੜਬਾਹਾ ਦੇ ਚੇਅਰਮੈਨ ਅਸ਼ੋਕ ਬੁੱਟਰ ਦੀ ਅਗਵਾਈ ਵਿੱਚ ਕੀਤੀ ਗਈ, ਜਿਸ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਵਪਾਰੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਵਪਾਰੀਆਂ ਵੱਲੋਂ ਉਨ੍ਹਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਬਾਰੇ ਜਾਣੂੰ ਕਰਵਾਇਆ ਗਿਆ ਤੇ ਚੇਅਰਮੈਨ ਅਸ਼ੋਕ ਬੁੱਟਰ ਵੱਲੋਂ ਭਰੋਸਾ ਦਿੱਤਾ ਗਿਆ ਕਿ ਜੋ ਵਪਾਰੀ ਵਰਗ ਦੀ ਮੁਸ਼ਕਲਾਂ ਹਨ, ਉਨ੍ਹਾਂ ਦਾ ਜਲਦ ਹੀ ਹੱਲ ਕੀਤਾ ਜਾਵੇਗਾ ਤੇ ਕੁਝ ਮੁਸ਼ਕਲਾਂ ਨੂੰ ਮੌਕੇ 'ਤੇ ਵੀ ਹੱਲ ਕੀਤਾ ਗਿਆ।ਇਸ ਮੌਕੇ ਵਪਾਰ ਵਿੰਗ ਦੇ ਬਲਾਕ ਪ੍ਰਧਾਨ ਸ਼ਿਵਮ ਗਰਗ, ਹਰਬੰਸ ਸਿੰਘ ਤੇ ਸੁਰਜੀਤ ਸਿੰਘ ਨੇ ਮੀਟਿੰਗ ਦੌਰਾਨ ਹਾਜ਼ਰ ਸਾਰੇ ਵਪਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਟਰੇਡ ਕਮਿਸ਼ਨ ਵਪਾਰੀਆਂ ਦੇ ਹਿੱਤ ਲਈ ਬਣਾਇਆ ਗਿਆ ਹੈ ਤੇ ਹਰ ਸਮੇਂ ਸਰਕਾਰ ਵਪਾਰੀਆਂ ਦੇ ਨਾਲ ਖੜ੍ਹੀ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਕਿਸੇ ਵੀ ਵਪਾਰੀ ਨੂੰ ਨਹੀਂ ਆਉਣ ਦਿੱਤੀ ਜਾਵੇਗੀ।

## ਸਮਾਣਾ ਭੰਡਾਰਾ ਕਮੇਟੀ ਵੱਲੋਂ 'ਨਕਲੀ ਅੰਗ ਲਗਾਓ' ਕੈਂਪ ਦਾ ਸਫਲ ਆਯੋਜਨ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਸਮਾਣਾ ਭੰਡਾਰਾ ਕਮੇਟੀ ਵੱਲੋਂ ਮਾਨਵਤਾ ਦੀ ਸੇਵਾ ਹਿੱਤ ਇੱਕ ਵੱਡਾ ਕਦਮ ਚੁੱਕਦਿਆਂ ਪਹਿਲੇ 'ਨਕਲੀ ਅੰਗ ਲਗਾਓ' ਕੈਂਪ ਦਾ ਸਫਲ ਆਯੋਜਨ ਕੀਤਾ ਗਿਆ।ਇਸ ਵਿਸ਼ੇਸ਼ ਕੈਂਪ ਦੌਰਾਨ 102 ਦਿਵਿਆਂਗ ਵਿਅਕਤੀਆਂ ਨੂੰ ਬਿਲਕੁਲ ਮੁਫ਼ਤ ਨਕਲੀ ਅੰਗ ਲਗਾਏ ਗਏ, ਜਿਸ ਨਾਲ ਉਨ੍ਹਾਂ ਦੀ ਜ਼ਿੰਦਗੀ ਵਿੱਚ ਨਵੀਂ ਉਮੀਦ ਜਾਗੀ ਹੈ।ਕਮੇਟੀ ਦੇ ਪ੍ਰਧਾਨ ਚਾਚਾ ਫਕੀਰ ਚੰਦ ਤੇ ਸਰਪ੍ਰਸਤ ਵਿਨੋਦ ਗਰਗ ਦੀ ਅਗਵਾਈ ਹੇਠ ਲੱਗੇ ਇਸ ਕੈਂਪ ਵਿੱਚ ਨਰਾਇਣ ਸੇਵਾ ਸੰਸਥਾਨ (ਉਦੈਪੁਰ) ਦੀ ਕੈਥਲ ਸ਼ਾਖਾ ਦੇ ਰਾਸ਼ਟਰੀ ਪ੍ਰਮੁੱਖ ਡਾ. ਵਿਵੇਕ ਗਰਗ ਤੇ ਉਨ੍ਹਾਂ ਦੀ ਮਾਹਰ ਟੀਮ ਨੇ ਵਿਸ਼ੇਸ਼ ਤਕਨੀਕੀ ਸਹਿਯੋਗ ਦਿੱਤਾ।ਇਸ ਮੌਕੇ ਡਾ. ਵਿਵੇਕ ਗਰਗ ਨੇ ਸੰਬੋਧਨ ਕਰਦਿਆਂ ਕਿਹਾ ਕਿ ਜਿਵੇਂ ਨਦੀਆਂ ਆਪਣਾ ਪਾਣੀ ਖ਼ੁਦ ਨਹੀਂ ਪੀਂਦੀਆਂ ਤੇ ਰੁੱਖ ਆਪਣੇ ਫ਼ਲ ਖ਼ੁਦ ਨਹੀਂ ਖਾਂਦੇ, ਉਸੇ ਤਰ੍ਹਾਂ ਮਨੁੱਖ ਨੂੰ ਵੀ ਆਪਣੀ ਨੇਕ ਕਮਾਈ ਦਾ ਕੁਝ ਹਿੱਸਾ ਲੋਕ ਭਲਾਈ ਦੇ ਕਾਰਜਾਂ ਵਿੱਚ ਲਗਾਉਣਾ ਚਾਹੀਦਾ ਹੈ।ਵਾਈਸ ਪ੍ਰਧਾਨ ਸ਼ਿਵ ਨਰਾਇਣ ਗਰਗ ਨੇ ਜਾਣਕਾਰੀ ਦਿੱਤੀ ਕਿ ਇਸ ਮੁਹਿੰਮ ਦੀ ਸ਼ੁਰੂਆਤ 22 ਮਾਰਚ ਨੂੰ 'ਮਾਪ ਕੈਂਪ' ਰਾਹੀਂ ਕੀਤੀ ਗਈ ਸੀ, ਜਿਸ ਤੋਂ ਬਾਅਦ ਅੱਜ 102 ਲੋੜਵੰਦਾਂ ਨੂੰ ਅੰਗ ਮੁਹੱਈਆ ਕਰਵਾਏ ਗਏ।ਉਨ੍ਹਾਂ ਅਪੀਲ ਕੀਤੀ ਕਿ ਜੇਕਰ ਕੋਈ ਹੋਰ ਲੋੜਵੰਦ ਵਿਅਕਤੀ ਅੰਗ ਲਗਵਾਉਣ ਤੋਂ ਵਾਂਝਾ ਰਹਿ ਗਿਆ ਹੋਵੇ, ਤਾਂ ਉਹ ਕਮੇਟੀ ਜਾਂ ਨਰਾਇਣ ਸੇਵਾ ਸੰਸਥਾਨ ਦੀ ਕੈਥਲ ਸ਼ਾਖਾ ਨਾਲ ਸਿੱਧਾ ਸੰਪਰਕ ਕਰ ਸਕਦਾ ਹੈ।ਕੈਂਪ ਵਿੱਚ ਸਟੇਜ ਸੰਚਾਲਨ ਦੀ ਭੂਮਿਕਾ ਅਸ਼ੋਕ ਮੌਦਗਿਲ ਨੇ ਬਾਖ਼ੂਬੀ ਨਿਭਾਈ। ਇਸ ਮੌਕੇ ਨਰਾਇਣ ਸੇਵਾ ਸੰਸਥਾਨ ਵੱਲੋਂ ਡਾ. ਮਨੋਜ ਬੰਸਲ (ਖ਼ਜ਼ਾਨਚੀ), ਜੈ ਪ੍ਰਕਾਸ਼ ਗਰਗ, ਗਿਆਨ ਚੰਦ ਭੱਲਾ, ਵਿਨੋਦ ਮਿੱਤਲ, ਪਵਨ ਸ਼ਰਮਾ, ਅਰੁਣ, ਅਵਦੇਸ਼ ਸਿੰਗਲਾ, ਸਾਹਿਲ ਗਰਗ, ਡਾ. ਮੋਹਿਤ, ਸੋਮਨਾਥ ਤੇ ਪੰਕਜ ਸ਼ਰਮਾ ਹਾਜ਼ਰ ਸਨ।

## ਹੋਲੀ ਹਾਰਟ ਸਕੂਲ 'ਚ ਪਹਿਲੀ ਮਿਆਦੀ ਪ੍ਰੀਖਿਆ ਦਾ ਆਗਾਜ਼



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਸਕੂਲ ਹੋਲੀ ਹਾਰਟ ਅਜੀਤਵਾਲ ਵਿੱਚ ਅੱਜ ਤੋਂ ਅਕਾਦਮਿਕ ਵਰ੍ਹੇ ਦੀਆਂ ਪਹਿਲੀਆਂ ਮਿਆਦੀ ਪ੍ਰੀਖਿਆਵਾਂ (Periodic Exam-A) ਬੜੇ ਹੀ ਉਤਸ਼ਾਹ ਤੇ ਅਨੁਸ਼ਾਸਨ ਨਾਲ ਸ਼ੁਰੂ ਹੋ ਗਈਆਂ ਹਨ।ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਵਿਦਿਆਰਥੀਆਂ ਦੀ ਪੜ੍ਹਾਈ ਦੇ ਪੱਧਰ ਨੂੰ ਪਰਖਣ ਲਈ ਇਹ ਪ੍ਰੀਖਿਆਵਾਂ ਬਹੁਤ ਮਹੱਤਵਪੂਰਨ ਮੰਨੀਆਂ ਜਾ ਰਹੀਆਂ ਹਨ।ਇਸ ਮੌਕੇ ਸਕੂਲ ਦੇ ਚੇਅਰਮੈਨ ਸ਼ੁਭਾਸ਼ ਪਲਤਾ ਤੇ ਡਾਇਰੈਕਟਰ ਸ਼੍ਰੇਆ ਪਲਤਾ ਵੱਲੋਂ ਪ੍ਰੀਖਿਆਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੁਖਤਾ ਇੰਤਜ਼ਾਮ ਕੀਤੇ ਗਏ ਹਨ।ਸਕੂਲ ਦੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਦੱਸਿਆ ਕਿ ਪ੍ਰੀਖਿਆਵਾਂ ਲਈ ਵਿਸ਼ੇਸ਼ ਡਿਊਟੀ ਚਾਰਟ ਤਿਆਰ ਕੀਤੇ ਗਏ ਹਨ।ਹਰ ਜਮਾਤ ਵਿੱਚ ਅਧਿਆਪਕਾਂ ਦੀ ਸਖ਼ਤ ਨਿਗਰਾਨੀ ਹੇਠ ਪੇਪਰ ਲਏ ਜਾ ਰਹੇ ਹਨ।ਵਿਦਿਆਰਥੀਆਂ ਦੇ ਬੈਠਣ ਲਈ ਉਚਿਤ ਦੂਰੀ ਤੇ ਸ਼ਾਂਤਮਈ ਮਾਹੌਲ ਯਕੀਨੀ ਬਣਾਇਆ ਗਿਆ ਹੈ।ਵਿਦਿਆਰਥੀਆਂ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਪ੍ਰੀਖਿਆ ਲਈ ਪਿਛਲੇ ਕਈ ਦਿਨਾਂ ਤੋਂ ਸਖ਼ਤ ਮਿਹਨਤ ਕੀਤੀ ਹੈ। ਇਸ ਦੇ ਨਾਲ ਹੀ ਸਕੂਲ ਦੇ ਚੇਅਰਮੈਨ ਤੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਪ੍ਰੀਖਿਆਵਾਂ ਕੇਵਲ ਅੰਕਾਂ ਲਈ ਨਹੀਂ, ਸਗੋਂ ਆਪਣੀਆਂ ਕਮੀਆਂ ਨੂੰ ਸਮਝਣ ਤੇ ਉਨ੍ਹਾਂ ਵਿੱਚ ਸੁਧਾਰ ਕਰਨ ਦਾ ਇੱਕ ਮੌਕਾ ਹਨ।ਉਨ੍ਹਾਂ ਬੱਚਿਆਂ ਨੂੰ ਅਪੀਲ ਕੀਤੀ ਕਿ ਉਹ ਨਕਲ ਰਹਿਤ ਪ੍ਰੀਖਿਆ ਦੇਣ ਤੇ ਆਪਣੀ ਕਾਬਲੀਅਤ 'ਤੇ ਭਰੋਸਾ ਰੱਖਣ।

## ਐੱਲ ਬੀ ਸੀ ਟੀ ਦੇ ਵਫ਼ਦ ਵੱਲੋਂ ਡੀ ਸੀ ਰਾਹੁਲ ਚਾਬਾ ਦਾ ਸਵਾਗਤ

### ਸਮਾਜ ਸੇਵੀ ਸੰਸਥਾਵਾਂ ਪ੍ਰਸ਼ਾਸਨ ਤੇ ਜਨਤਾ ਵਿਚਾਲੇ ਅਹਿਮ ਕੜੀ : ਡੀ ਸੀ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਐੱਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਇੱਕ ਉੱਚ ਪੱਧਰੀ ਵਫ਼ਦ ਨੇ ਇੱਥੇ ਨਵ-ਨਿਯੁਕਤ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨਾਲ ਉਨ੍ਹਾਂ ਦੇ ਦਫ਼ਤਰ ਵਿਖੇ ਪਲੇਠੀ ਮੁਲਾਕਾਤ ਕੀਤੀ।ਟਰੱਸਟ ਦੇ ਸੰਸਥਾਪਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਤੇ ਜ਼ਿਲ੍ਹਾ ਪ੍ਰਧਾਨ ਡੀ.ਪੀ.ਐੱਸ. ਭੋਲਾ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ ਇਸ ਮਿਲਣੀ ਦੌਰਾਨ ਵਫ਼ਦ ਨੇ ਡਿਪਟੀ ਕਮਿਸ਼ਨਰ ਨੂੰ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ ਤੇ ਗੁਲਦਸਤਾ ਭੇਟ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਟਰੱਸਟ ਦੀਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਸਰਕਾਰੀ ਯੋਜਨਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਵਿੱਚ ਸਹਾਈ ਹੁੰਦੀਆਂ ਹਨ।ਬਾਬਾ ਸ਼ੇਖ ਫ਼ਰੀਦ ਜੀ ਦੀ ਚਰਨ ਛੂਹ ਪਵਿੱਤਰ ਧਰਤੀ 'ਤੇ ਸੇਵਾ ਕਰਨ ਦਾ ਮੌਕਾ ਮਿਲਣਾ ਮੇਰੇ ਲਈ ਵਡਭਾਗੀ ਗੱਲ ਹੈ।ਉਨ੍ਹਾ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ, ਸਮਾਜਿਕ ਬੁਰਾਈਆਂ ਤੇ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਨੱਥ ਪਾਉਣ ਲਈ ਪ੍ਰਸ਼ਾਸਨ ਦਾ ਸਹਿਯੋਗ ਦੇਣ।ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਕੋਈ ਵੀ ਵਿਅਕਤੀ ਆਪਣੀਆਂ ਜਾਇਜ਼ ਸ਼ਿਕਾਇਤ ਲਈ ਦਫ਼ਤਰੀ ਸਮੇਂ ਦੌਰਾਨ ਉਨ੍ਹਾਂ ਨੂੰ ਬਿਨਾਂ ਕਿਸੇ ਝਿਜਕ ਦੇ ਮਿਲ ਸਕਦਾ ਹੈ।ਇਸ ਮੌਕੇ ਟਰੱਸਟ ਦੀ ਚੀਫ਼ ਪੈਟਰਨ ਮੈਡਮ ਹੀਰਾਵਤੀ, ਚੇਅਰਮੈਨ ਡਾ. ਹਰਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਇੰਜ: ਰਮੇਸ਼ ਕੁਮਾਰ, ਜਨਰਲ ਸਕੱਤਰ ਪ੍ਰੋ. ਮਲਕੀਤ ਸਿੰਘ ਮੰਮਨ, ਜੁਆਇੰਟ ਸਕੱਤਰ ਸ਼ਿਵ ਨਾਥ ਦਰਦੀ, ਪ੍ਰੈੱਸ ਸਕੱਤਰ ਕੇ.ਪੀ.ਐੱਸ. ਸਰਾਂ, ਮੁੱਖ ਸਲਾਹਕਾਰ ਸ੍ਰੀ ਕ੍ਰਿਸ਼ਨ ਆਰ.ਏ., ਸੀਨੀਅਰ ਮੈਂਬਰ ਗੋਬਿੰਦ ਕੁਮਾਰ ਤੇ ਨਿਰਮਲ ਸਿੰਘ ਸੰਧੂ ਹਾਜ਼ਰ ਸਨ।

## ਡਿਜੀਟਲ ਮੀਟਰ ਲਗਾਉਣ ਦਾ ਕਰਾਂਗੇ ਸਖ਼ਤ ਵਿਰੋਧ-ਬਹੁਜਨ ਮੁਕਤੀ ਪਾਰਟੀ

**ਮਾਨਸਾ (ਆਤਮਾ ਸਿੰਘ ਪਮਾਰ)**-ਬਹੁਜਨ ਮੁਕਤੀ ਪਾਰਟੀ ਦੇ ਸੂਬਾਈ ਵਾਈਸ ਪ੍ਰਧਾਨ ਜਸਵੰਤ ਸਿੰਘ ਮਾਨਸਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਬਹੁਜਨ ਮੁਕਤੀ ਪਾਰਟੀ ਤੇ ਇਸ ਨਾਲ ਸਬੰਧਤ ਸੰਗਠਨਾਂ ਨੇ ਡਿਪਟੀ ਕਮਿਸ਼ਨਰ ਮਾਨਸਾ ਦੇ ਦਫ਼ਤਰ ਮੂਹਰੇ ਧਰਨਾ ਪ੍ਰਦਰਸ਼ਨ ਕਰਕੇ ਇੱਕ ਮੰਗ ਪੱਤਰ ਤਹਿਸੀਲ ਮਾਨਸਾ ਸੌਂਪਿਆ।ਉਨ੍ਹਾਂ ਕਿ ਅੱਜ ਭਾਰਤ ਦੇ 650 ਜ਼ਿਲ੍ਹਿਆਂ 'ਚ ਅਜਿਹੇ ਧਰਨੇ ਤੇ ਪ੍ਰਦਰਸ਼ਨ ਕਰਕੇ ਮੰਗ ਕੀਤੀ ਗਈ ਕਿ ਬਿਜਲੀ ਦਾ ਨਿੱਜੀਕਰਨ ਕਰਕੇ ਅਡਵਾਨੀ ਤੇ ਅੰਬਾਨੀ ਦੀਆਂ ਤਿਜੌਰੀਆਂ ਭਰੀਆਂ ਜਾ ਰਹੀਆਂ ਹਨ।ਇਸ ਤਰ੍ਹਾਂ ਦੀਆਂ ਨੀਤੀਆਂ ਗਰੀਬ ਮਜ਼ਦੂਰ, ਕਿਸਾਨ ਤੇ ਮੁਲਾਜ਼ਮ ਮਾਰੂ ਸਾਬਿਤ ਹੋ ਰਹੀਆਂ ਹਨ।ਉਨ੍ਹਾਂ ਮੰਗ ਕੀਤੀ ਕਿ ਬਿਜਲੀ ਦਾ ਨਿੱਜੀਕਰਨ ਤੁਰੰਤ ਬੰਦ ਕੀਤਾ ਜਾਵੇ। ਇਸ ਤੋਂ ਇਲਾਵਾ ਇਹ ਮੰਗ ਵੀ ਕੀਤੀ ਗਈ ਕਿ ਸਮਾਰਟ ਮੀਟਰ ਲਗਾਉਣੇ ਬੰਦ ਕੀਤੇ ਜਾਣ।ਅਜਿਹਾ ਨਾ ਹੋਣ ਦੀ ਸੂਰਤ 'ਚ ਬਹੁਜਨ ਮੁਕਤੀ ਪਾਰਟੀ ਪੂਰੇ ਭਾਰਤ 'ਚ ਇਸ ਦਾ ਵਿਰੋਧ ਕਰੇਗੀ।ਇਸ ਸਮੇਂ ਦਲਵਿੰਦਰ ਸਿੰਘ ਸੂਬਾਈ ਆਗੂ ਭਾਰਤ ਮੁਕਤੀ ਮੋਰਚਾ ਪੰਜਾਬ, ਬਾਮਸੇਫ ਦੇ ਆਗੂ ਸੁਰਿੰਦਰ ਸਿੰਘ, ਸੈਮਨ ਸਿੱਧੂ, ਬੀਰਬਲ ਸਿੰਘ, ਮਹਿੰਗਾ ਸਿੰਘ, ਰਾਵਲ ਸਿੰਘ, ਬੂਟਾ ਸਿੰਘ, ਤਾਰੀ ਸਿੰਘ ਤੇ ਹਰਦੇਵ ਸਿੰਘ ਬੱਗੜ ਆਦਿ ਹਾਜ਼ਰ ਸਨ।



## ਸ੍ਰੀ ਬਾਲਾ ਜੀ ਵੈੱਲਫੇਅਰ ਸੋਸਾਇਟੀ ਵੱਲੋਂ 11 ਜੋੜਿਆਂ ਦੇ ਸਮੂਹਕ ਵਿਆਹ

### ਸਾਦਗੀ ਤੇ ਭਾਈਚਾਰੇ ਦਾ ਸੁਨੇਹਾ ਦਿੰਦੇ ਹਨ ਸਮੂਹਕ ਵਿਆਹ : ਪੂਜਾ ਲੂਥਰਾ



**ਫਾਜ਼ਿਲਕਾ (ਨਿਸ਼ਾ ਸ਼ਰਮਾ)**

ਸ੍ਰੀ ਬਾਲਾ ਜੀ ਵੈੱਲਫੇਅਰ ਸੋਸਾਇਟੀ ਵੱਲੋਂ ਪਿੰਡ ਹੀਰਾਂ ਵਾਲੀ ਤੇ ਬੇਗਾਂ ਵਾਲੀ ਦੇ ਸਾਂਝੇ ਉਪਰਾਲੇ ਨਾਲ ਸਮਾਜਿਕ ਏਕਤਾ ਤੇ ਭਾਈਚਾਰੇ ਦੀ ਮਿਸਾਲ ਪੇਸ਼ ਕਰਦਿਆਂ 11 ਕੁੜੀਆਂ ਦੇ ਸਮੂਹਕ ਵਿਆਹ ਕਰਵਾਏ ਗਏ।ਇਸ ਸਮਾਗਮ ਵਿੱਚ ਇਲਾਕੇ ਦੀਆਂ ਵੱਖ-ਵੱਖ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ ਅਤੇ ਨਵੇਂ ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦਿੱਤਾ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੀ ਸਮਾਜ ਸੇਵਿਕਾ ਪੂਜਾ ਲੂਥਰਾ ਸਚਦੇਵਾ ਨੇ ਨਵੇਂ ਜੋੜਿਆਂ ਨੂੰ ਆਸ਼ੀਰਵਾਦ ਦਿੰਦਿਆਂ ਉਨ੍ਹਾਂ ਦੀ ਖੁਸ਼ਹਾਲ ਜ਼ਿੰਦਗੀ ਲਈ ਕਾਮਨਾ ਕੀਤੀ।ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਵਿੱਚ ਧੀਆਂ ਦੇ ਵਿਆਹ ਕਰਵਾਉਣਾ ਕਿਸੇ ਪੁੰਨ ਦੇ ਕਾਰਜ ਤੋਂ ਘੱਟ ਨਹੀਂ ਹੈ।ਉਨ੍ਹਾਂ ਕਿਹਾ ਕਿ ਜਦੋਂ ਸਮਾਜ ਵਿੱਚ ਇਸ ਤਰ੍ਹਾਂ ਦੇ ਸਾਂਝੇ ਉਪਰਾਲੇ ਹੁੰਦੇ ਹਨ ਤਾਂ ਧੀਆਂ ਕਦੇ ਵੀ ਸਮਾਜ 'ਤੇ ਬੋਝ ਨਹੀਂ ਲੱਗਦੀਆਂ।ਪੂਜਾ ਲੂਥਰਾ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਿਆਹਾਂ 'ਤੇ ਹੋਣ ਵਾਲਾ ਬੇਹਿਸਾਬ ਖਰਚਾ ਕਈ ਗਰੀਬ ਪਰਵਾਰਾਂ ਲਈ ਚਿੰਤਾ ਦਾ ਕਾਰਨ ਬਣ ਜਾਂਦਾ ਹੈ।ਅਜਿਹੇ ਵਿੱਚ ਸਮੂਹਕ ਵਿਆਹ ਨਾ ਸਿਰਫ ਆਰਥਿਕ ਬੋਝ ਘਟਾਉਂਦੇ ਹਨ, ਬਲਕਿ ਸਮਾਜ ਵਿੱਚ ਸਾਦਗੀ ਤੇ ਭਾਈਚਾਰੇ ਦਾ ਸੁਨੇਹਾ ਵੀ ਦਿੰਦੇ ਹਨ। ਉਨ੍ਹਾਂ ਕਿਹਾ ਕਿ ਸਮਾਜ ਸੇਵਾ ਨਾਲ ਜੁੜੀਆਂ ਸੰਸਥਾਵਾਂ ਨੂੰ ਇਸ ਤਰ੍ਹਾਂ ਦੇ ਕਾਰਜ ਲਗਾਤਾਰ ਕਰਨੇ ਚਾਹੀਦੇ ਹਨ ਤਾਂ ਜੋ ਲੋੜਵੰਦ ਪਰਵਾਰਾਂ ਦੀ ਮਦਦ ਹੋ ਸਕੇ।ਪੂਜਾ ਲੂਥਰਾ ਸਚਦੇਵਾ ਨੇ ਸ੍ਰੀ ਬਾਲਾ ਜੀ ਵੈੱਲਫੇਅਰ ਸੋਸਾਇਟੀ ਤੇ ਪਿੰਡ ਵਾਸੀਆਂ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ। ਸਮਾਗਮ ਦੌਰਾਨ ਧਾਰਮਿਕ ਰਸਮਾਂ ਪੂਰੀ ਸ਼ਰਧਾ ਤੇ ਰਿਵਾਜਾਂ ਨਾਲ ਨਿਭਾਈਆਂ ਗਈਆਂ।ਵਿਆਹ ਸਮਾਗਮ ਵਿੱਚ ਸ਼ਾਮਲ ਹੋਏ ਲੋਕਾਂ ਨੇ ਨਵੇਂ ਜੋੜਿਆਂ ਨੂੰ ਤੋਹਫ਼ੇ ਤੇ ਅਸ਼ੀਰਵਾਦ ਦਿੱਤੇ।ਪਿੰਡ ਵਾਸੀਆਂ ਤੇ ਸੋਸਾਇਟੀ ਮੈਂਬਰਾਂ ਵੱਲੋਂ ਆਏ ਮਹਿਮਾਨਾਂ ਦੀ ਸੇਵਾ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ।ਸਮਾਗਮ ਦੇ ਅੰਤ ਵਿੱਚ ਸੋਸਾਇਟੀ ਵੱਲੋਂ ਮੁੱਖ ਮਹਿਮਾਨ ਪੂਜਾ ਲੂਥਰਾ ਸਚਦੇਵਾ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਆਊਟ ਸੋਰਸ ਇੰਪਲਾਈਜ਼ ਯੂਨੀਅਨ ਦੀ ਚੋਣ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਗੌਰਮਿੰਟ ਡੀ-ਅਡੀਕਸ਼ਨ ਤੇ ਰੀ-ਹੈਬਲੀਟੇਸ਼ਨ ਸੋਸਾਇਟੀ ਆਊਟ ਸੋਰਸ ਇੰਪਲਾਈ ਯੂਨੀਅਨ ਫ਼ਿਰੋਜ਼ਪੁਰ ਦੀ ਇਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਨਵੀਂ ਜ਼ਿਲ੍ਹਾ ਇਕਾਈ ਫ਼ਿਰੋਜ਼ਪੁਰ ਦੀ ਚੋਣ ਕੀਤੀ ਗਈ। ਇਹ ਚੋਣ ਸੂਬਾ ਪ੍ਰਧਾਨ ਯਾਦਵਿੰਦਰ ਸਿੰਘ ਤੇ ਫਰੀਦਕੋਟ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਲਾਡਾ ਦੀ ਅਗਵਾਈ ਹੇਠ ਹੋਈ। ਇਸ ਮੌਕੇ ਸਰਬਸੰਮਤੀ ਨਾਲ ਨਵੀਂ ਕਾਰਜਕਾਰਨੀ ਚੁਣੀ ਗਈ। ਅੱਜ ਚੋਣ ਦੌਰਾਨ ਪਾਰਸ ਮੱਕੜ ਨੂੰ ਜ਼ਿਲ੍ਹਾ ਪ੍ਰਧਾਨ, ਦੀਪਕ ਰਾਵਤ ਜਨਰਲ ਸਕੱਤਰ, ਵਿੱਤ ਸਕੱਤਰ ਮਨਜਿੰਦਰ ਸਿੰਘ, ਵੀਰਮ ਸ਼ਰਮਾ ਵਾਈਸ ਪ੍ਰਧਾਨ, ਧਰਮਪ੍ਰੀਤ ਸਿੰਘ ਸਲਾਹਕਾਰ, ਮੀਡੀਆ ਇੰਚਾਰਜ ਗੁਰਪ੍ਰੀਤ ਸਿੰਘ ਤੇ ਮਨਦੀਪ ਸਿੰਘ ਬਿੱਲਾ ਦੀ ਚੋਣ ਸਕੱਤਰ ਵਜੋਂ ਹੋਈ। ਮੀਟਿੰਗ ਵਿੱਚ ਫਰੀਦਕੋਟ ਤੋਂ ਵਿਸ਼ੇਸ਼ ਤੌਰ 'ਤੇ ਲਵਲੀ ਸਿੰਘ ਸਲਾਹਕਾਰ ਤੇ ਸਨੀ ਦਿਉਲ ਆਰਗੇਨਾਈਜ਼ਰ ਵੀ ਸ਼ਾਮਲ ਹੋਏ। ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਬਾਰੇ ਗੱਲਬਾਤ ਕਰਦਿਆਂ ਮੀਡੀਆ ਇੰਚਾਰਜ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮੁਲਾਜ਼ਮਾਂ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਹੈ। ਉਨ੍ਹਾਂ ਸਰਕਾਰ ਖਿਲਾਫ ਵਾਅਦਾ ਖਿਲਾਫੀ ਦਾ ਦੋਸ਼ ਲਾਉਂਦਿਆ ਕਿਹਾ ਕਿ ਸਰਕਾਰ ਨੇ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦਾ ਵਾਅਦਾ ਕੀਤਾ ਸੀ, ਪਰ ਪਿਛਲੇ ਚਾਰ ਸਾਲਾਂ ਵਿੱਚ ਤਨਖਾਹ ਵਧਾਉਣ ਦੀ ਬਜਾਏ ਮਿਲਦਾ ਬੋਨਸ ਵੀ ਕੱਟ ਲਿਆ ਗਿਆ ਹੈ।

## ਸ਼ੰਕਰ ਦਾਸ ਸਰਕਾਰੀ ਸਕੂਲ ਦਾ ਨਤੀਜਾ ਸ਼ਾਨਦਾਰ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਮੈਟ੍ਰਿਕ ਸ਼੍ਰੇਣੀ ਦੇ ਨਤੀਜਿਆਂ 'ਚ ਸ਼ੰਕਰ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਨਿਰੰਜਨ ਕੁਮਾਰ ਨੇ ਦੱਸਿਆ ਕਿ ਬੋਰਡ ਦੀ ਇਸ ਪ੍ਰੀਖਿਆ ਵਿੱਚ ਸਕੂਲ ਦੇ 80 ਵਿਦਿਆਰਥੀ ਬੈਠੇ ਅਤੇ ਸਾਰੇ ਵਿਦਿਆਰਥੀ ਚੰਗੇ ਨੰਬਰ ਲੈਕੇ ਪਾਸ ਹੋਏ, ਜਿਸ ਨਾਲ ਸਕੂਲ ਦਾ ਨਤੀਜਾ ਸੌ ਫੀਸਦੀ ਰਿਹਾ।ਇਸ ਸਕੂਲ ਦਾ ਵਿਦਿਆਰਥੀ ਸੋਨੂੰ ਨੇ 586/650 (90%) ਅੰਕ ਪ੍ਰਾਪਤ ਕਰਕੇ ਸਕੂਲ 'ਚੋਂ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਇੱਕ ਹੋਰ ਵਿਦਿਆਰਥੀ ਵੰਸ਼ ਨੇ 577 ਅੰਕ ਲੈ ਕੇ ਦੂਜਾ ਤੇ ਕਰਨ ਕੁਮਾਰ ਨੇ 540 ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਇਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਸਵੇਰ ਦੀ ਸਭਾ ਦੌਰਾਨ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਨਿਰੰਜਨ ਕੁਮਾਰ ਨੇ ਸਨਮਾਨਤ ਕਰਦਿਆਂ ਬਾਕੀ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਜ਼ਿੰਦਗੀ ਵਿੱਚ ਹੋਰ ਮਿਹਨਤ ਕਰਕੇ ਬੁਲੰਦੀਆਂ ਛੂਹਣ ਲਈ ਸਿਰੜ ਤੇ ਲਗਨ ਨਾਲ ਅੱਗੇ ਵਧਣ ਦੀ ਗੱਲ ਆਖੀ।

## ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਕਲਾਸ ਦੇ ਨਤੀਜੇ ਵਿੱਚ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਦਾ ਨਤੀਜਾ ਸ਼ਾਨਦਾਰ ਰਿਹਾ, ਜਿਸ ਵਿੱਚ ਨਵਦੀਪ ਕੌਰ ਪੁੱਤਰੀ ਨਿਸ਼ਾਨ ਸਿੰਘ ਨੇ 612 (94.1%) ਅਤੇ ਅਰਸ਼ਦੀਪ ਸਿੰਘ ਪੁੱਤਰ ਗੁਰਤੇਜ ਸਿੰਘ ਨੇ 612(94.1%) ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ।ਦੀਪਾਸ਼ੂ ਸਿੰਗਲਾ ਪੁੱਤਰ ਨਵੀਨ ਸਿੰਗਲਾ ਨੇ 610 (93.8%) ਅੰਕ ਲੈ ਕੇ ਦੂਜਾ ਸਥਾਨ ਹਾਸਲ ਕੀਤਾ।ਗੁਰਨੀਤ ਸਿੰਘ ਪੁੱਤਰ ਜਸਮੇਲ ਸਿੰਘ ਨੇ 601 (92.4%) ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਦਸਵੀਂ ਕਲਾਸ ਦੇ ਸੱਤ ਵਿਦਿਆਰਥੀਆਂ ਨੇ 90% ਤੋਂ ਉੱਪਰ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਬਲਜੀਤ ਸਿੰਘ ਤੇ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਸੁਰਿੰਦਰ ਕੌਰ ਨੇ ਸਾਰੇ ਸਟਾਫ , ਮਾਪਿਆਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਇਹ ਉਨ੍ਹਾਂ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ।

## ਰਣਜੋਧ ਹਡਾਣਾ ਦੀ ਅਗਵਾਈ ਹੇਠ ਨਗਰ ਕੌਂਸਲ ਸਨੌਰ ਨੂੰ ਮਿਲੇ ਨਵੇਂ ਅਹੁਦੇਦਾਰ

### ਯੁਵਰਾਜ ਸਿੰਘ ਸੀਨੀਅਰ ਮੀਤ ਪ੍ਰਧਾਨ ਤੇ ਪਿੰਕੀ ਰਾਣੀ ਮੀਤ ਪ੍ਰਧਾਨ ਬਣੇ ■ ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਮਿਲੇਗੀ ਨਵੀਂ ਰਫ਼ਤਾਰ : ਰਣਜੋਧ ਹਡਾਣਾ

**ਸਨੌਰ (ਰਾਜਿੰਦਰ ਸਿੰਘ ਥਿੰਦ)**-ਅੱਜ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਨਗਰ ਕੌਂਸਲ ਸਨੌਰ ਵਿਖੇ ਯੁਵਰਾਜ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ ਤੇ ਪਿੰਕੀ ਰਾਣੀ ਨੂੰ ਮੀਤ ਪ੍ਰਧਾਨ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ।ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਪਾਰਟੀ ਆਗੂਆਂ, ਕੌਂਸਲਰਾਂ ਤੇ ਵਰਕਰਾਂ ਨੇ ਨਵੇਂ ਅਹੁਦੇਦਾਰਾਂ ਦਾ ਫੁੱਲਾਂ ਦੇ ਗੁਲਦਸਤਿਆਂ ਨਾਲ ਸਵਾਗਤ ਕੀਤਾ ਤੇ ਲੱਡੂ ਵੰਡ ਕੇ ਆਪਣੀ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਪ੍ਰਦੀਪ ਜੋਸਨ ਪ੍ਰਧਾਨ ਨਗਰ ਕੌਂਸਲ ਸਨੌਰ ਵਿਸ਼ੇਸ਼ ਰੂਪ ਵਿੱਚ ਮੌਜੂਦ ਸਨ।

ਨਵੇਂ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਸ੍ਰ. ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਮਿਹਨਤੀ ਤੇ ਲੋਕ ਸੇਵਾ ਦੀ ਭਾਵਨਾ ਰੱਖਣ ਵਾਲੇ ਵਰਕਰਾਂ ਦਾ ਸਨਮਾਨ ਕਰਦੀ ਹੈ।ਉਨ੍ਹਾਂ ਕਿਹਾ ਕਿ ਯੁਵਰਾਜ ਸਿੰਘ ਤੇ ਪਿੰਕੀ ਰਾਣੀ ਲੰਬੇ ਸਮੇਂ ਤੋਂ ਪਾਰਟੀ ਦੀ ਚੜ੍ਹਦੀ ਕਲਾ ਲਈ ਕੰਮ ਕਰ ਰਹੇ ਹਨ।ਇਨ੍ਹਾਂ ਦੀ ਨਿਯੁਕਤੀ ਨਾਲ ਨਗਰ ਕੌਂਸਲ ਦੇ ਕੰਮਕਾਜ ਵਿੱਚ ਪਾਰਦਰਸ਼ਤਾ ਆਵੇਗੀ ਤੇ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਹੋਵੇਗਾ।ਨਵੇਂ ਚੁਣੇ ਗਏ ਸੀਨੀਅਰ ਮੀਤ ਪ੍ਰਧਾਨ ਯੁਵਰਾਜ ਸਿੰਘ ਤੇ ਮੀਤ ਪ੍ਰਧਾਨ ਪਿੰਕੀ ਰਾਣੀ ਨੇ ਪਾਰਟੀ ਹਾਈਕਮਾਨ ਤੇ ਰਣਜੋਧ ਸਿੰਘ ਹਡਾਣਾ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਚੇਅਰਮੈਨ ਹੈਪੀ ਪਹਾੜੀਪੁਰ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁਮਾਣ, ਸਿਮਰਜੀਤ ਸਿੰਘ ਸੋਹਲ ਵਾਈਸ ਚੇਅਰਮੈਨ, ਬਲਿਹਾਰ ਚੀਮਾ ਤੋਂ ਇਲਾਵਾ ਐੱਮ ਸੀਜ਼ ਤੇ ਹੋਰ ਪਤਵੰਤੇ ਸੱਜਣ ਵੱਡੀ ਗਿਣਤੀ 'ਚ ਹਾਜ਼ਰ ਸਨ।



## 50 ਗ੍ਰਾਮ ਹੈਰੋਇਨ ਤੇ 1.80 ਲੱਖ ਦੀ ਡਰੱਗ ਮਨੀ ਸਮੇਤ ਤਿੰਨ ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਵੱਖ ਵੱਖ ਥਾਵਾਂ ਤੋਂ ਤਿੰਨ ਵਿਅਕਤੀਆਂ ਨੂੰ 50 ਗ੍ਰਾਮ ਹੈਰੋਇਨ, 1 ਲੱਖ 80 ਹਜ਼ਾਰ ਰੁਪਏ ਦੀ ਡਰੱਗ ਮਨੀ ਤੇ ਇਕ ਬੁਲਟ ਮੋਟਰਸਾਈਕਲ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲੇ ਦਰਜ ਕੀਤੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਕੈਂਟ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਜਸਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਚੁੰਗੀ ਨੰਬਰ 7 ਕੋਲ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਜੱਗੀ ਪੁੱਤਰ ਜਸਬੀਰ ਸਿੰਘ ਵਾਸੀ ਵਾਰਡ ਨੰਬਰ 1, ਮਕਾਨ ਨੰਬਰ 42, ਖਟੀਕ ਮੰਡੀ ਫਿਰੋਜ਼ਪੁਰ ਕੈਂਟ ਜੋ ਹੈਰੋਇਨ ਵੇਚਣ ਦਾ ਆਦੀ ਹੈ ਤੇ ਇਸ ਵਕਤ ਸ਼ਮਸ਼ਾਨਘਾਟ ਰੋਡ 'ਤੇ ਝਾੜੀਆਂ ਪਾਸ ਹੈਰੋਇਨ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਜੇਕਰ ਉਸ 'ਤੇ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਹੈਰੋਇਨ ਸਮੇਤ ਕਾਬੂ ਆ ਸਕਦਾ ਹੈ। ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਦੋਸ਼ੀ ਜੱਗੀ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਉਸ ਕੋਲੋਂ 30 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸੇ ਹੀ ਥਾਣੇ ਦੇ ਸਹਾਇਕ ਥਾਣੇਦਾਰ ਗੁਰਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਸ਼ਮਸ਼ਾਨਘਾਟ ਨੂੰ ਜਾ ਰਹੀ ਸੀ ਤਾਂ ਖੱਬੇ ਹੱਥ ਰੋਡ ਹੇਠਾਂ ਦੋ ਮੋਨੇ ਨੌਜਵਾਨ ਨਿਰਮਲ ਸਿੰਘ ਉਰਫ ਨਿੰਮਾ ਉਰਫ ਗਾਂਧੀ ਪੁੱਤਰ ਜਸਵੰਤ ਸਿੰਘ ਤੇ ਜਸਬੀਰ ਸਿੰਘ ਉਰਫ ਹਰਜਿੰਦਰ ਉਰਫ ਜਿੰਦੂ ਪੁੱਤਰ ਜਸਵੰਤ ਸਿੰਘ ਵਾਸੀਅਨ ਪਿੰਡ ਕਾਮਲ ਵਾਲਾ ਬੁਲਟ ਮੋਟਰਸਾਈਕਲ ਬਿਨਾਂ ਨੰਬਰ ਕੋਲ ਖੜ੍ਹੇ ਆਪਸ ਵਿੱਚ ਗੱਲਬਾਤ ਕਰਦੇ ਹੋਏ ਵਿਖਾਈ ਦਿੱਤੇ, ਜੋ ਪੁਲਸ ਪਾਰਟੀ ਨੂੰ ਵੇਖ ਕੇ ਆਪਣਾ ਬੁਲਟ ਮੋਟਰਸਾਈਕਲ ਛੱਡ ਕੇ ਭੱਜਣ ਲੱਗੇ ਤਾਂ ਉਨ੍ਹਾਂ ਨੂੰ ਪੁਲਸ ਕਰਮਚਾਰੀਆਂ ਦੀ ਮੱਦਦ ਨਾਲ ਕਾਬੂ ਕੀਤਾ ਗਿਆ ਤੇ ਉਨ੍ਹਾਂ ਦੀ ਤਲਾਸ਼ੀ ਲੈਣ ਤੇ ਉਨ੍ਹਾਂ ਕੋਲੋਂ 20 ਗ੍ਰਾਮ ਹੈਰੋਇਨ, 1 ਲੱਖ 80 ਹਜ਼ਾਰ ਰੁਪਏ ਦੀ ਡਰੱਗ ਮਨੀ ਤੇ ਇਕ ਬੁਲਟ ਮੋਟਰਸਾਈਕਲ ਬਰਾਮਦ ਕੀਤਾ ਗਿਆ। ਪੁਲਸ ਨੇ ਦੱਸਿਆ ਕਿ ਉਕਤ ਦੋਵਾਂ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਸਫ਼ਾਈ ਸੇਵਕਾਂ ਦੀ ਹੜਤਾਲ ਦੀ ਕੀਤੀ ਜਾਵੇਗੀ ਡਟਵੀਂ ਹਮਾਇਤ : ਚਾਹਲ, ਖੋਸਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਟਰੇਡ ਯੂਨੀਅਨ ਕੌਂਸਲ ਮੋਗਾ ਦੇ ਪ੍ਰਧਾਨ ਜਗਦੀਸ਼ ਸਿੰਘ ਚਾਹਲ ਤੇ ਸਕੱਤਰ ਜਗਸੀਰ ਖੋਸਾ ਨੇ ਪੂਰੇ ਪੰਜਾਬ ਵਿੱਚ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਸਫ਼ਾਈ ਸੇਵਕਾਂ ਦੀ ਹੜਤਾਲ ਦੀ ਪੂਰੀ ਹਮਾਇਤ ਕਰਨ ਦਾ ਐਲਾਨ ਕੀਤਾ ਹੈ।ਉਨ੍ਹਾਂ ਕਿਹਾ ਕਿ ਸਾਲਾਂ ਤੋਂ ਨਿਗਮਾਂ, ਕੌਂਸਲਾਂ ਤੇ ਪਿੰਡਾਂ ਵਿੱਚ ਕੰਮ ਕਰ ਰਹੇ ਕੱਚੇ ਸਫ਼ਾਈ ਮੁਲਾਜ਼ਮਾਂ ਨੂੰ ਪੱਕਾ ਕਰਨ, ਠੇਕਾ ਪ੍ਰਥਾ ਖਤਮ ਕਰਨ, ਘੱਟੋ-ਘੱਟ ਤਨਖ਼ਾਹ ਦੇ ਕਾਨੂੰਨ ਨੂੰ ਲਾਗੂ ਕਰਨ ਤੇ ਸਫ਼ਾਈ ਕਾਮਿਆਂ ਨੂੰ ਸਮਾਜਿਕ ਸੁਰੱਖਿਆ ਦੇਣ ਦੀਆਂ ਮੰਗਾਂ ਬਿਲਕੁਲ ਜਾਇਜ਼ ਹਨ।ਆਗੂਆਂ ਨੇ ਕਿਹਾ ਕਿ ਸਫ਼ਾਈ ਸੇਵਕ ਹਰ ਮੌਸਮ ਵਿੱਚ ਲੋਕਾਂ ਦੀ ਸਿਹਤ ਤੇ ਸਫ਼ਾਈ ਲਈ ਆਪਣੀ ਜਾਨ ਜੋਖਮ ਵਿੱਚ ਪਾ ਕੇ ਕੰਮ ਕਰਦੇ ਹਨ, ਪਰ ਸਰਕਾਰਾਂ ਵੱਲੋਂ ਉਨ੍ਹਾਂ ਨਾਲ ਲਗਾਤਾਰ ਵਿਤਕਰਾ ਕੀਤਾ ਜਾ ਰਿਹਾ ਹੈ।ਘੱਟ ਤਨਖ਼ਾਹਾਂ, ਨੌਕਰੀ ਦੀ ਅਸੁਰੱਖਿਆ ਤੇ ਲੰਮੇ ਸਮੇਂ ਤੋਂ ਪੱਕੇ ਨਾ ਕਰਨ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ।ਜਗਦੀਸ਼ ਸਿੰਘ ਚਾਹਲ ਤੇ ਜਗਸੀਰ ਖੋਸਾ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਸਫ਼ਾਈ ਸੇਵਕਾਂ ਦੀਆਂ ਮੰਗਾਂ ਨੂੰ ਜਲਦੀ ਮੰਨ ਕੇ ਹੜਤਾਲ ਦਾ ਹੱਲ ਕੀਤਾ ਜਾਵੇ ਤਾਂ ਜੋ ਹੜਤਾਲ ਕਰਕੇ ਥਾਂ ਥਾਂ ਲੱਗੇ ਕੂੜੇ ਦੇ ਢੇਰਾਂ ਤੋਂ ਸ਼ਹਿਰ ਨਿਵਾਸੀਆਂ ਨੂੰ ਛੁਟਕਾਰਾ ਮਿਲ ਸਕੇ।ਜੇਕਰ ਇਨ੍ਹਾਂ ਦੇ ਮਸਲਿਆਂ ਦਾ ਜਲਦੀ ਹੱਲ ਨਾ ਕੀਤਾ ਤਾਂ ਸ਼ਹਿਰ ਵਿੱਚ ਲੱਗੇ ਕੂੜੇ ਦੇ ਢੇਰ ਲੋਕਾਂ ਲਈ ਬਿਮਾਰੀਆਂ ਤੇ ਹੋਰ ਮੁਸੀਬਤਾਂ ਦਾ ਕਾਰਨ ਬਣ ਸਕਦੇ ਹਨ।ਉਨ੍ਹਾਂ ਸਮੂਹ ਮਜ਼ਦੂਰਾਂ, ਮੁਲਾਜ਼ਮਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਸਫ਼ਾਈ ਸੇਵਕਾਂ ਦੇ ਇਸ ਜਾਇਜ਼ ਸੰਘਰਸ਼ ਦੀ ਹਮਾਇਤ ਲਈ ਅੱਗੇ ਆਉਣ ਤੇ ਸਰਕਾਰ 'ਤੇ ਮੰਗਾਂ ਮੰਨਣ ਲਈ ਦਬਾਅ ਬਣਾਇਆ ਜਾਵੇ।

## ਬਾਰ ਐਸੋਸੀਏਸ਼ਨ ਨੂੰ ਮਿਲੀ 4 ਲੱਖ ਦੀ ਗਰਾਂਟ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਬਾਰ ਐਸੋਸੀਏਸ਼ਨ ਧੂਰੀ ਲਈ 4 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਜਾਰੀ ਕੀਤੀ ਗਈ ਹੈ।

ਇਸ ਗਰਾਂਟ ਦੇ ਮਿਲਣ ਨਾਲ ਵਕੀਲ ਭਾਈਚਾਰੇ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਬਾਰ ਐਸੋਸੀਏਸ਼ਨ ਧੂਰੀ ਦੇ ਮੈਂਬਰਾਂ ਨੇ ਇਸ ਫੈਸਲੇ ਨੂੰ ਵਕੀਲਾਂ ਦੀ ਭਲਾਈ ਲਈ ਇਕ ਮਹੱਤਵਪੂਰਨ ਕਦਮ ਕਰਾਰ ਦਿੱਤਾ ਹੈ।ਇਸ ਮੌਕੇ ਗੁਰਵਿੰਦਰ ਸਿੰਘ ਸਰਾਓ ਪ੍ਰਧਾਨ ਆਮ ਆਦਮੀ ਪਾਰਟੀ ਲੀਗਲ ਵਿੰਗ ਧੂਰੀ ਤੇ ਅਮਨਦੀਪ ਸਿੰਘ ਚਹਿਲ ਪ੍ਰਧਾਨ ਬਾਰ ਐਸੋ. ਧੂਰੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸੁਖਵੀਰ ਸਿੰਘ ਓ.ਐੱਸ.ਡੀ. ਮੁੱਖ ਮੰਤਰੀ ਪੰਜਾਬ ਦਾ ਵਿਸ਼ੇਸ਼ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਵਕੀਲ ਭਾਈਚਾਰੇ ਦੀਆਂ ਜਾਇਜ਼ ਮੰਗਾਂ ਪ੍ਰਤੀ ਸੰਵੇਦਨਸ਼ੀਲ ਰਹੀ ਹੈ।ਉਨ੍ਹਾਂ ਦੱਸਿਆ ਕਿ ਇਹ ਗਰਾਂਟ ਬਾਰ ਐਸੋਸੀਏਸ਼ਨ ਧੂਰੀ ਦੇ ਵਿਕਾਸ ਕਾਰਜਾਂ ਤੇ ਮੈਂਬਰਾਂ ਦੀਆਂ ਸਹੂਲਤਾਂ ਵਿੱਚ ਵਾਧਾ ਕਰਨ ਲਈ ਵਰਤੀ ਜਾਵੇਗੀ।ਇਸ ਨਾਲ ਬਾਰ ਰੂਮ ਤੇ ਹੋਰ ਜ਼ਰੂਰੀ ਸਹੂਲਤਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇਗਾ।ਗੁਰਵਿੰਦਰ ਸਿੰਘ ਸਰਾਓ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹਮੇਸ਼ਾ ਹਰ ਵਰਗ ਦੀ ਭਲਾਈ ਲਈ ਯਤਨਸ਼ੀਲ ਹਨ। ਅਮਨਦੀਪ ਸਿੰਘ ਚਹਿਲ ਨੇ ਕਿਹਾ ਕਿ ਬਾਰ ਐਸੋਸੀਏਸ਼ਨ ਧੂਰੀ ਮੁੱਖ ਮੰਤਰੀ ਵੱਲੋਂ ਦਿੱਤੀ ਗਈ ਇਸ ਗਰਾਂਟ ਲਈ ਹਮੇਸ਼ਾ ਆਭਾਰੀ ਰਹੇਗੀ।ਇਸ ਮੌਕੇ ਬਾਰ ਐਸੋਸੀਏਸ਼ਨ ਦੇ ਮੈਂਬਰਾਂ ਗੁਰਪ੍ਰੀਤ ਸਿੰਘ ਗਿੱਲ ਸੈਕਟਰੀ, ਸਰਫਰਾਜ਼ ਅਲੀ ਜੁਆਇੰਟ ਸੈਕਟਰੀ, ਸਤਿੰਦਰ ਸਿੰਘ ਖਜ਼ਾਨਚੀ, ਕੇਵਲ ਸਿੰਘ ਚਹਿਲ ਸਾਬਕਾ ਪ੍ਰਧਾਨ, ਬੀ. ਐੱਸ. ਹਰੀਕਾ ਮੀਤ ਪ੍ਰਧਾਨ ਲੀਗਲ ਵਿੰਗ ਆਮ ਆਦਮੀ ਪਾਰਟੀ, ਅਮਿਤ ਗਰਗ ਮੀਤ ਪ੍ਰਧਾਨ ਆਮ ਆਦਮੀ ਪਾਰਟੀ ਲੀਗਲ ਵਿੰਗ, ਕੁਲਦੀਪ ਸਿੰਘ ਸੰਧੂ ਜੁਆਇੰਟ ਸੈਕਟਰੀ ਆਮ ਆਦਮੀ ਪਾਰਟੀ ਲੀਗਲ ਸੈੱਲ ਆਦਿ ਨੇ ਵੀ ਪੰਜਾਬ ਸਰਕਾਰ ਦੇ ਇਸ ਫੈਸਲੇ ਦੀ ਸਰਾਹਨਾ ਕੀਤੀ ਤੇ ਮੁੱਖ ਮੰਤਰੀ ਦਾ ਧੰਨਵਾਦ ਪ੍ਰਗਟਾਇਆ।

## ਸਫ਼ਾਈ ਸੇਵਕਾਂ ਦੀ ਹੜਤਾਲ ਜਾਰੀ, ਕੰਮ ਠੱਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪੰਜਾਬ 'ਚ ਪਿਛਲੇ 6 ਦਿਨਾਂ ਤੋਂ ਸਫਾਈ ਸੇਵਕਾਂ ਦੀ ਲਗਾਤਾਰ ਹੜਤਾਲ ਚੱਲ ਰਹੀ ਹੈ, ਜਿਸ ਕਾਰਨ ਸ਼ਹਿਰਾਂ 'ਚ ਸਫਾਈ ਦਾ ਕੰਮ ਠੱਪ ਹੋ ਗਿਆ ਹੈ। ਨਗਰ ਕੌਂਸਲ ਵਿਖੇ ਸਫਾਈ ਕ੍ਰਮਚਾਰੀ ਪਿਛਲੇ ਕਈ ਦਿਨਾਂ ਤੋਂ ਹੜਤਾਲ 'ਤੇ ਬੈਠੇ ਹੋਏ ਹਨ। ਉਨ੍ਹਾਂ ਨਗਰ ਕੌਂਸਲ ਵਿਖੇ ਲਾਏ ਧਰਨੇ 'ਚ ਕਾਂਗਰਸ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਤੇ ਹਲਕਾ ਰਾਮਪੁਰਾ ਫੂਲ ਦੇ ਮੁੱਖ ਸੇਵਾਦਾਰ ਐਡਵੋਕੇਟ ਜਸਵਿੰਦਰ ਸਿੰਘ ਜੱਸ ਬੱਜੋਆਣਾ ਪਹੁੰਚੇ ਤੇ ਉਨ੍ਹਾਂ ਨੇ ਆਪਣੇ ਵੱਲੋਂ ਸਫ਼ਾਈ ਸੇਵਕਾਂ ਨੂੰ ਹਮਾਇਤ ਦੇਣ ਦਾ ਐਲਾਨ ਕੀਤਾ ਤੇ ਹਰ ਸੰਭਵ ਮੱਦਦ ਦਾ ਭਰੋਸਾ ਵੀ ਦਿਵਾਇਆ। ਐਡਵੋਕੇਟ ਜੱਸ ਬੱਜੋਆਣਾ ਨੇ ਦੱਸਿਆ ਕਿ ਪੰਜਾਬ ਸਰਕਾਰ ਸਫਾਈ ਸੇਵਕਾਂ ਦੀਆਂ ਮੰਗਾਂ ਨੂੰ ਜਲਦੀ ਪੂਰਾ ਕਰੇ ਤਾਂ ਜੁ ਉਹ ਆਪਣੇ ਕੰਮ 'ਤੇ ਵਾਪਸ ਆ ਸਕਣ ਤੇ ਸ਼ਹਿਰ 'ਚੋਂ ਸਫਾਈ ਕਰ ਸਕਣ, ਕਿਉਂਕਿ ਇਸ ਸਮੇਂ ਸ਼ਹਿਰ ਵਿੱਚ ਸਫ਼ਾਈ ਨਾ ਹੋਣ ਕਰਕੇ ਕੂੜੇ ਦੇ ਢੇਰ ਲੱਗੇ ਹੋਏ ਹਨ ਤੇ ਲੋਕਾਂ ਪ੍ਰੇਸ਼ਾਨ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਜਲਦੀ ਇਨ੍ਹਾਂ ਮੰਗਾਂ ਦਾ ਕੋਈ ਹੱਲ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ 'ਚ ਸਾਰੇ ਸਫਾਈ ਕ੍ਰਮਚਾਰੀਆਂ ਨੂੰ ਨਾਲ ਲੈ ਕੇ ਸ਼ਹਿਰ ਵਿੱਚ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

## ਆਰੀਅਨਜ਼ ਇੰਸਟੀਚਿਊਟ ਵਿਖੇ ਅੰਤਰਰਾਸ਼ਟਰੀ ਨਰਸਿੰਗ ਦਿਵਸ ਮਨਾਇਆ




**ਰਾਜਪੁਰਾ (ਰਮੇਸ਼ ਕਟਾਰੀਆ)**

ਆਰੀਅਨਜ਼ ਇੰਸਟੀਚਿਊਟ ਆਫ਼ ਨਰਸਿੰਗ, ਰਾਜਪੁਰਾ ਨੇ ਕੈਂਪਸ ਵਿੱਚ ਇੱਕ ਸਹੁੰ ਚੁੱਕ ਸਮਾਗਮ, ਪ੍ਰੇਰਨਾਦਾਇਕ ਸੈਸ਼ਨਾਂ ਤੇ ਰੰਗੀਨ ਸੱਭਿਆਚਾਰਕ ਗਤੀਵਿਧੀਆਂ ਦਾ ਆਯੋਜਨ ਕਰਕੇ ਅੰਤਰਰਾਸ਼ਟਰੀ ਨਰਸਿੰਗ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ।ਬੀ.ਐੱਸ.ਸੀ. ਨਰਸਿੰਗ, ਪੋਸਟ ਬੇਸਿਕ ਨਰਸਿੰਗ, ਜੀ.ਐੱਨ.ਐੱਮ. ਤੇ ਏ.ਐੱਨ.ਐੱਮ. ਦੇ ਵਿਦਿਆਰਥੀਆਂ ਨੇ ਜਸ਼ਨ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਤੇ ਮਰੀਜ਼ਾਂ ਦੀ ਦੇਖਭਾਲ, ਪੇਸ਼ੇਵਰ ਨੈਤਿਕਤਾ, ਹਮਦਰਦੀ ਤੇ ਮਨੁੱਖਤਾ ਪ੍ਰਤੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ ਨਰਸਾਂ ਦੀ ਸਹੁੰ ਚੁੱਕੀ।

ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਦੇ ਚੇਅਰਮੈਨ ਡਾ. ਅੰਸ਼ੂ ਕਟਾਰੀਆ ਨੇ ਸਮਾਜ ਪ੍ਰਤੀ ਨਰਸਾਂ ਦੇ ਯਤਨਾਂ ਤੇ ਸਮਰਪਣ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਨਰਸਾਂ ਸਿਹਤ ਸੰਭਾਲ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹਨ।ਉਨ੍ਹਾਂ ਕਿਹਾ ਕਿ ਵਿਸ਼ਵ ਪੱਧਰ 'ਤੇ ਸਿਹਤ ਸੰਭਾਲ ਸੇਵਾਵਾਂ ਦੇ ਤੇਜ਼ੀ ਨਾਲ ਵਿਸਥਾਰ ਦੇ ਨਾਲ, ਸਿਖਲਾਈ ਪ੍ਰਾਪਤ ਨਰਸਾਂ ਤੇ ਸਿਹਤ ਸੰਭਾਲ ਕਰਮਚਾਰੀਆਂ ਦੀ ਮੰਗ ਬਹੁਤ ਵੱਧ ਰਹੀ ਹੈ, ਜਿਸ ਨਾਲ ਨਰਸਿੰਗ ਵਿਦਿਆਰਥੀਆਂ ਲਈ ਵਿਆਪਕ ਕਰੀਅਰ ਦੇ ਮੌਕੇ ਖੁੱਲ੍ਹ ਰਹੇ ਹਨ।ਉਨ੍ਹਾਂ ਕਿਹਾ ਕਿ ਆਰੀਅਨਜ਼ ਗਰੁੱਪ ਦੇਸ਼ ਲਈ ਯੋਗ ਤੇ ਜ਼ਿੰਮੇਵਾਰ ਸਿਹਤ ਸੰਭਾਲ ਪੇਸ਼ੇਵਰ ਤਿਆਰ ਕਰਨ ਲਈ ਗੁਣਵੱਤਾ ਵਾਲੀ ਸਿਹਤ ਸੰਭਾਲ ਸਿੱਖਿਆ ਤੇ ਵਿਹਾਰਕ ਸੰਪਰਕ ਪ੍ਰਦਾਨ ਕਰਨ ਲਈ ਵਚਨਬੱਧ ਹੈ।

ਇਸ ਪ੍ਰੋਗਰਾਮ ਵਿੱਚ ਪ੍ਰਸਿੱਧ ਸਿਹਤ ਸੰਭਾਲ ਮਾਹਰਾਂ ਤੇ ਪਤਵੰਤਿਆਂ ਦੀ ਸ਼ਮੂਲੀਅਤ ਸੀ, ਜਿਨ੍ਹਾਂ ਵਿੱਚ ਡਾ. ਦੀਪਕ ਪੁਰੀ, ਚੇਅਰਮੈਨ ਕਾਰਡੀਓਵੈਸਕੂਲਰ ਥੋਰੈਕਿਕ ਸਰਜਰੀ ਇੰਡੀਆ ਤੇ ਗਲੋਬਲ ਚੇਅਰਮੈਨ ਕਾਰਡੀਓਮਰਸ਼ਨ ਸ਼ਾਮਲ ਸਨ, ਜਿਨ੍ਹਾਂ ਨੇ ਪਾਰਸ ਹੈਲਥ ਦੀ ਨਰਸਿੰਗ ਟੀਮ ਦੇ ਨਾਲ 'ਲਾਈਫਸਟਾਈਲ ਫਿਟਨੈਸ ਐਂਡ ਸਟ੍ਰੈੱਸ ਮੈਨੇਜਮੈਂਟ ਫਾਰ ਹੈਲਥਕੇਅਰ ਪ੍ਰੋਫੈਸ਼ਨਲਜ਼' 'ਤੇ ਇੱਕ ਇੰਟਰਐਕਟਿਵ ਵਰਕਸ਼ਾਪ ਦਾ ਆਯੋਜਨ ਕੀਤਾ।ਮਨਪ੍ਰੀਤ ਕੌਰ ਸਿੱਧੂ, ਨਰਸਿੰਗ ਸੁਪਰਡੈਂਟ, ਕਲੀਅਰ ਮੈਡੀ ਬਾਹਰਾ ਮਲਟੀਸਪੈਸ਼ਲਿਟੀ ਅਤੇ ਡਾ. ਰਜਿੰਦਰ ਕੌਰ, ਡਾਇਰੈਕਟਰ ਪ੍ਰਿੰਸੀਪਲ, ਕਾਲਜ ਆਫ਼ ਨਰਸਿੰਗ, ਲੈਮਰੀਨ ਟੈਕ ਸਕਿੱਲ ਯੂਨੀਵਰਸਿਟੀ ਵੀ ਵਿਸ਼ੇਸ਼ ਮਹਿਮਾਨ ਸਨ।

ਇਸ ਮੌਕੇ ਮੈਂਬਰਾਂ ਤੇ ਵਿਦਿਆਰਥੀਆਂ ਨੇ ਪੂਰੇ ਪ੍ਰੋਗਰਾਮ 'ਚ ਉਤਸ਼ਾਹ ਨਾਲ ਹਿੱਸਾ ਲਿਆ, ਜਿਸ ਨਾਲ ਇਹ ਜਸ਼ਨ ਯਾਦਗਾਰੀ ਤੇ ਸਾਰੇ ਹਾਜ਼ਰੀਨ ਲਈ ਪ੍ਰੇਰਨਾਦਾਇਕ ਬਣ ਗਿਆ।ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਵੱਲੋਂ ਸਿਹਤ ਸੰਭਾਲ ਤੇ ਸਮਾਜਿਕ ਜਾਗਰੂਕਤਾ ਨੂੰ ਉਜਾਗਰ ਕਰਨ ਵਾਲੇ ਸਕਿੱਟ, ਡਾਂਸ ਪ੍ਰਦਰਸ਼ਨ ਤੇ ਇੱਕ ਵਿਸ਼ੇਸ਼ ਰੰਗੋਲੀ ਥੀਮ ਵਾਲੀ ਜਾਗਰੂਕਤਾ ਪੇਸ਼ਕਾਰੀ ਵੀ ਪੇਸ਼ ਕੀਤੀ ਗਈ।

## ਵਧਦੀ ਗਰਮੀ ਦੇ ਮੱਦੇਨਜ਼ਰ ਪਾਵਰਕਾਮ ਨੇ ਸੌਰ ਊਰਜਾ ਦੀ ਖਰੀਦ ਲਈ ਟੈਂਡਰ ਕੀਤੇ ਜਾਰੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿੱਚ ਗਰਮੀ ਦੇ ਵਧਦੇ ਕਹਿਰ ਤੇ ਝੋਨੇ ਦੀ ਲਵਾਈ ਦੇ ਆਉਣ ਵਾਲੇ ਸੀਜ਼ਨ ਦੌਰਾਨ ਬਿਜਲੀ ਦੀ ਭਾਰੀ ਮੰਗ ਨੂੰ ਮੁੱਖ ਰੱਖਦਿਆਂ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ: (ਪੀ.ਐਸ.ਪੀ.ਸੀ.ਐਲ.) ਨੇ ਸੂਬੇ ਵਿੱਚ ਗਰਿੱਡ-ਕਨੈਕਟਡ ਸੋਲਰ ਫੋਟੋਵੋਲਟੇਇਕ (ਪੀ ਵੀ) ਪ੍ਰੋਜੈਕਟਾਂ ਤੋਂ 250 ਮੈਗਾਵਾਟ ਸੌਰ ਊਰਜਾ ਦੀ ਖਰੀਦ ਲਈ ਟੈਂਡਰ ਜਾਰੀ ਕੀਤੇ ਹਨ।ਪਾਵਰਕਾਮ ਦਾ ਇਹ ਕਦਮ ਖੇਤੀਬਾੜੀ ਸੈਕਟਰ ਨੂੰ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਤੇ ਰਵਾਇਤੀ ਬਿਜਲੀ ਸਰੋਤਾਂ 'ਤੇ ਬੋਝ ਘਟਾਉਣ ਦੀ ਰਣਨੀਤੀ ਦਾ ਹਿੱਸਾ ਮੰਨਿਆ ਜਾ ਰਿਹਾ ਹੈ।ਜਾਰੀ ਕੀਤੇ ਗਏ ਟੈਂਡਰ ਅਨੁਸਾਰ, ਸਿਰਫ਼ ਉਹ ਪ੍ਰੋਜੈਕਟ ਹੀ ਯੋਗ ਹੋਣਗੇ, ਜਿਨ੍ਹਾਂ ਦੀ ਘੱਟੋ-ਘੱਟ ਸਮਰੱਥਾ 50 ਮੈਗਾਵਾਟ ਹੋਵੇਗੀ।ਬੋਲੀਕਾਰਾਂ ਨੂੰ ਸੂਬੇ ਵਿੱਚ ਵੱਖ-ਵੱਖ ਥਾਵਾਂ 'ਤੇ ਪ੍ਰੋਜੈਕਟ ਲਾਉਣ ਦੀ ਖੁੱਲ੍ਹ ਦਿੱਤੀ ਗਈ ਹੈ, ਪਰ ਇੱਕ ਸਿੰਗਲ ਬੋਲੀਕਾਰ ਵੱਲੋਂ ਪੇਸ਼ ਕੀਤੀ ਗਈ ਕੁੱਲ ਸਮਰੱਥਾ 125 ਮੈਗਾਵਾਟ ਤੋਂ ਵੱਧ ਨਹੀਂ ਹੋਣੀ ਚਾਹੀਦੀ। ਅਹਿਮ ਗੱਲ ਇਹ ਹੈ ਕਿ ਸਿਰਫ਼ ਉਹ ਅੰਤਰਰਾਜੀ ਪ੍ਰੋਜੈਕਟ ਹੀ ਇਸ ਪ੍ਰਕਿਰਿਆ ਦਾ ਹਿੱਸਾ ਬਣ ਸਕਣਗੇ, ਜੋ ਸਿੱਧੇ ਤੌਰ 'ਤੇ ਪੀ ਐਸ ਪੀ ਸੀ ਐਲ ਅਤੇ ਪੀ ਸੀ ਟੀ ਸੀ ਐਲ ਨਾਲ ਜੁੜੇ ਹੋਣਗੇ। ਪਾਵਰਕਾਮ ਨੇ 28 ਮਈ ਤੱਕ ਬੋਲੀਆਂ ਮੰਗੀਆਂ ਹਨ, ਜਦੋਂਕਿ ਤਕਨੀਕੀ ਵਪਾਰਿਕ ਬੋਲੀਆਂ 1 ਜੂਨ ਨੂੰ ਖੋਲ੍ਹੀਆਂ ਜਾਣਗੀਆਂ।

## ਹਰਜੀਤ ਸਰਾਂ ਹਲਕਾ ਮੋਗਾ ਦਾ ਸੋਸ਼ਲ ਮੀਡੀਆ ਇੰਚਾਰਜ ਨਿਯੁਕਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਵ ਨਿਯੁਕਤ ਸੋਸ਼ਲ ਮੀਡੀਆ ਹਲਕਾ ਇੰਚਾਰਜ ਮੋਗਾ ਹਰਜੀਤ ਸਿੰਘ ਸਰਾਂ ਕਾਲੀਏ ਵਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਨੇ ਉਨ੍ਹਾਂ ਦੀ ਪਾਰਟੀ ਪ੍ਰਤੀ ਵਫਾਦਾਰੀ ਨੂੰ ਮੁੱਖ ਰੱਖਦੀਆਂ ਉਨ੍ਹਾਂ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਹੈ ਜਿਸ ਨੂੰ ਉਹ ਬਾਖੂਬੀ ਨਿਭਾਉਣਗੇ।ਉਨ੍ਹਾਂ ਕਿਹਾ ਕਿ ਜਿੱਥੇ ਉਹ ਕਾਂਗਰਸ ਹਾਈ ਕਮਾਂਡ ਦਾ ਧੰਨਵਾਦ ਕਰਦੇ ਹਨ ਉੱਥੇ ਉਹ ਕਾਂਗਰਸ ਕਮੇਟੀ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸੋਸ਼ਲ ਮੀਡੀਆ ਜ਼ਿਲ੍ਹਾ ਪ੍ਰਧਾਨ ਰਾਜਕਰਨ ਸਿੰਘ ਸਨੀ ਗਿੱਲ, ਮੋਗਾ ਦੇ ਜ਼ਿਲਾ ਕਾਂਗਰਸ ਕਮੇਟੀ ਪ੍ਰਧਾਨ ਹਰੀ ਸਿੰਘ ਖਾਈ ਅਤੇ ਹਲਕਾ ਮੋਗਾ ਇੰਚਾਰਜ ਮਾਲਵਿਕਾ ਸੂਦ ਤੇ ਸਮੂਹ ਕਾਂਗਰਸ ਪਾਰਟੀ ਦੇ ਬੇਹੱਦ ਰਿਣੀ ਹਨ, ਜਿਨ੍ਹਾਂ ਨੇ ਉਨ੍ਹਾਂ ਦੀ ਮਿਹਨਤ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਇੱਕ ਅਜਿਹੀ ਪਾਰਟੀ ਹੈ ਜੋ ਹਰ ਵਰਗ ਨੂੰ ਧਿਆਨ ਵਿੱਚ ਰੱਖਦੇ ਹੋਏ ਸਮੇਂ ਸਮੇਂ ਵਰਕਰਾਂ ਦੇ ਸਨਮਾਨ ਕਰਦੀ ਹੈ ਤੇ ਵਰਕਰਾਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਦਿੱਤੀਆਂ ਜ਼ਿੰਮੇਵਾਰੀਆਂ ਨੂੰ ਲੈ ਕੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ, ਜਿਸ ਨੂੰ ਲੈ ਕੇ ਕਾਂਗਰਸ ਪਾਰਟੀ ਵੱਡੀ ਲੀਡ ਨਾਲ ਜਿੱਤ ਕੇ ਪੰਜਾਬ ਵਿੱਚ ਸੱਤਾ ਕਾਇਮ ਕਰੇਗੀ।ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਵਰਕਰ ਹਾਜ਼ਰ ਸਨ।

# ਨੌਜਵਾਨ ਦਾ ਤੇਜ਼ਧਾਰ ਹਥਿਆਰ ਨਾਲ ਕਤਲ

**ਕਪੂਰਥਲਾ (ਮਨਜੀਤ ਮਾਨ)**- ਬੇਗੋਵਾਲ ਬਾਜਾਰ 'ਚ ਉਸ ਵੇਲੇ ਦਹਿਸ਼ਤ ਦਾ ਮਾਹੌਲ ਨਜ਼ਰ ਆਇਆ ਜਦੋਂ ਮੀਖੋਵਾਲ ਪਾਰਕ ਦੇ ਬਾਹਰ ਮੇਨ ਬਾਜਾਰ 'ਚ ਦੋ ਨੌਜਵਾਨਾਂ ਚ ਆਪਸੀ ਤਕਰਾਰ ਵੱਧਣ ਕਰਕੇ ਝੜਪ ਖੂਨੀ ਰੂਪ ਧਾਰਨ ਕਰ ਗਈ ਤੇ ਇਕ ਨੌਜਵਾਨ ਨੇ ਇਕ ਤੇਜ਼ਧਾਰ ਹਥਿਆਰ ਨਾਲ ਦੂਸਰੇ ਨੌਜਵਾਨ ਤੇ ਵਾਰ ਕਰ ਦਿਤਾ ਜੋ ਬੁਰੀ ਤਰਾਂ ਨਾਲ ਜ਼ਖਮੀ ਹੋ ਗਿਆ। ਮਿਲੀ ਜਾਣਕਾਰੀ ਅਨੁਸਾਰ ਨੌਜਵਾਨ ਦੀ ਪਛਾਣ ਹਰਪ੍ਰੀਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਬਾਲਾਪੀਰ ਬੇਗੋਵਾਲ ਵਜੋਂ ਹੋਈ ਹੈ ਜਿਸ ਨੂੰ ਇਲਾਜ ਲਈ ਬੇਗੋਵਾਲ ਦੇ ਇਕ ਨਿੱਜੀ ਹਸਪਤਾਲ 'ਚ ਲਿਜਾਇਆ ਗਿਆ ਜਿਥੇ ਡਾਕਟਰਾਂ ਨੇ ਹਾਲਤ ਗੰਭੀਰ ਹੋਣ ਕਾਰਨ ਜਲੰਧਰ ਰੈਫਰ ਕਰ ਦਿੱਤਾ ਗਿਆ ਜਿਸ ਦੀ ਰਸਤੇ 'ਚ ਮੌਤ ਹੋ ਜਾਣ ਦਾ ਸਮਾਚਾਰ ਮਿਲਿਆ ਹੈ। ਇਸ ਮੌਕੇ ਡੀ ਐੱਸ ਪੀ ਗਗਨਦੀਪ ਸਿੰਘ ਘੁੰਮਣ ਨੇ ਦੱਸਿਆ ਕਿ ਲਾਸ਼ ਦਾ ਪੋਸਟਮਾਰਟਮ ਕਰਨ ਤੋਂ ਬਾਅਦ ਅਗਲੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ। ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੇ ਲਈ ਪੁਲਿਸ ਵੱਲੋਂ ਟੀਮਾਂ ਤਿਆਰ ਕਰਕੇ ਭਾਲ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਨੂੰ ਜਲਦ ਸਲਾਖਾ ਪਿੱਛੇ ਭੇਜਿਆ ਜਾਵੇਗਾ। ਬੇਗੋਵਾਲ ਪੁਲਿਸ ਨੇ ਮ੍ਰਿਤਕ ਦੇ ਪਰਵਾਰਾਂ ਦੇ ਬਿਆਨਾਂ ਦੇ ਅਧਾਰ ਤੇ ਮਾਮਲਾ ਦਰਜ ਕਰਕੇ ਉਕਤ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਸ਼ੁਰੂ ਕਰ ਦਿੱਤੀ।



ਮ੍ਰਿਤਕ ਦੇ ਪਰਿਵਾਰ ਨੇ ਥਾਣੇ ਦੇ ਬਾਹਰ ਬਹਿ ਕੇ ਇਨਸਾਫ ਦੀ ਮੰਗ ਕੀਤੀ ਅਤੇ ਉਕਤ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਕਰਨ ਲਈ ਕਿਹਾ ਗਿਆ। ਉਹਨਾਂ ਕਿਹਾ ਕਿ ਕਤਲ ਦੇ ਮਗਰੋਂ ਦੋਸ਼ੀ ਸ਼ਰੇਆਮ ਘੁੰਮ ਰਹੇ ਹਨ ਅਤੇ ਉਹਨਾਂ ਨੂੰ ਗ੍ਰਿਫਤਾਰ ਕਰਨ ਵਿੱਚ ਪੁਲਿਸ ਨਾਕਾਮ ਸਾਬਤ ਹੋ ਰਹੀ ਹੈ।

# ਕੌਮਾਂਤਰੀ ਨਰਸਿੰਗ ਦਿਵਸ ਮਨਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਪਬਲਿਕ ਖਾਲਸਾ ਕਾਲਜ ਪ੍ਰਬੰਧਕ ਕਮੇਟੀ ਕੰਧਾਲਾ ਜੱਟਾਂ ਅਧੀਨ ਚੱਲਦੇ ਖਾਲਸਾ ਕਾਲਜ ਆਫ ਨਰਸਿੰਗ, ਅੱਡਾ ਸਰਾਂ ਵਿਖੇ ਕੌਮਾਂਤਰੀ ਨਰਸਿੰਗ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੀ ਅਗਵਾਈ ਪ੍ਰਿੰਸੀਪਲ ਲਵਦੀਪ ਕੌਰ ਵੜੈਚ ਅਤੇ ਵਾਈਸ ਪ੍ਰਿੰਸੀਪਲ ਲਵਦੀਪ ਕੌਰ ਤਲਵਾੜ ਵੱਲੋਂ ਕੀਤੀ ਗਈ, ਜਦਕਿ ਇਸ ਦਾ ਉਦਘਾਟਨ ਜਥੇਦਾਰ ਅਵਤਾਰ ਸਿੰਘ ਕੰਧਾਲਾ ਜੱਟਾਂ ਨੇ ਕੀਤਾ।ਸਮਾਗਮ ਦੌਰਾਨ ਕਾਲਜ ਦੇ ਵਿਦਿਆਰਥੀਆਂ ਵੱਲੋਂ ਕੌਮਾਂਤਰੀ ਨਰਸਿੰਗ ਦਿਵਸ ਨੂੰ ਸਮਰਪਿਤ ਵੱਖ-ਵੱਖ ਰਚਨਾਤਮਕ ਅਤੇ ਗਿਆਨਵਰਧਕ ਗਤੀਵਿਧੀਆਂ ਵਿੱਚ ਭਾਗ ਲਿਆ ਗਿਆ। ਇਸ ਮੌਕੇ ਰੰਗੋਲੀ ਬਣਾਉਣ ਦੇ ਮੁਕਾਬਲੇ, ਪੋਸਟਰ ਮੇਕਿੰਗ, ਕੁਇਜ਼ ਮੁਕਾਬਲੇ ਅਤੇ ਨਰਸਿੰਗ ਵਿਸ਼ੇ 'ਤੇ ਡਿਬੇਟ ਕਰਵਾਈ ਗਈ, ਜਿਸ ਵਿੱਚ ਵਿਦਿਆਰਥਣਾਂ ਨੇ ਨਰਸਿੰਗ ਪੇਸ਼ੇ ਦੀ ਮਹੱਤਤਾ, ਸੇਵਾ ਭਾਵਨਾ ਅਤੇ ਸਮਾਜ ਪ੍ਰਤੀ ਇਸ ਦੇ ਯੋਗਦਾਨ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਵਿਦਿਆਰਥਣਾਂ ਦੀਆਂ ਪੇਸ਼ਕਾਰੀਆਂ ਨੇ ਸਮਾਗਮ ਨੂੰ ਰੰਗਤ ਬਖ਼ਸ਼ੀ ਅਤੇ ਸਾਰੇ ਹਾਜ਼ਰੀਨ ਵੱਲੋਂ ਖੂਬ ਸਰਾਹਿਆ ਗਿਆ।ਇਸ ਮੌਕੇ ਕਮੇਟੀ ਦੇ ਪ੍ਰਧਾਨ ਪਰਮਿੰਦਰ ਸਿੰਘ, ਸਕੱਤਰ ਬਿਕਰਮਜੀਤ ਸਿੰਘ ਲਾਲੀ ਅਤੇ ਜਥੇਦਾਰ ਅਵਤਾਰ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਨਰਸਿੰਗ ਸਿਰਫ਼ ਇਕ ਪੇਸ਼ਾ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਦਾ ਸਭ ਤੋਂ ਉੱਚਾ ਰੂਪ ਹੈ। ਪ੍ਰਿੰਸੀਪਲ ਲਵਦੀਪ ਕੌਰ ਵੜੈਚ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਰਸਿੰਗ ਪੇਸ਼ਾ ਦਇਆ, ਸਹਿਣਸ਼ੀਲਤਾ ਅਤੇ ਸਮਰਪਣ ਦੀ ਮਿਸਾਲ ਹੈ ਅਤੇ ਸਮਾਜ ਵਿੱਚ ਇਸ ਦੀ ਮਹੱਤਤਾ ਬੇਹੱਦ ਵੱਡੀ ਹੈ। ਅੰਤ ਵਿਚ ਜੇਤੂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਗਿਆ ਅਤੇ ਸਮੂਹ ਸਟਾਫ ਮੈਂਬਰਾਂ ਨੇ ਕੌਮਾਂਤਰੀ ਨਰਸਿੰਗ ਦਿਵਸ ਦੀ ਮਹੱਤਤਾ ਨੂੰ ਮਨਾਉਂਦਿਆਂ ਨਰਸਿੰਗ ਪੇਸ਼ੇ ਨਾਲ ਜੁੜੇ ਹਰ ਵਿਅਕਤੀ ਦੇ ਯੋਗਦਾਨ ਨੂੰ ਨਮਨ ਕੀਤਾ। ਇਸ ਮੌਕੇ ਕੈਸ਼ੀਅਰ ਹਰਭਜਨ ਸਿੰਘ ਢਿੱਲੋਂ, ਸਤਨਾਮ ਸਿੰਘ ਢਿੱਲੋਂ, ਗੁਰਵੀਰ ਸਿੰਘ ਚੌਟਾਲਾ, ਗੁਰਵਿੰਦਰ ਸਿੰਘ, ਪ੍ਰਿੰਸੀਪਲ ਵਿਸ਼ਾਲ ਵਰਮਾ, ਸਤਿੰਦਰ ਕੌਰ ਢਿੱਲੋਂ, ਰਮਨਦੀਪ ਕੌਰ, ਮਨਪ੍ਰੀਤ ਕੌਰ, ਹਰਪ੍ਰੀਤ ਕੌਰ, ਮਨਪ੍ਰੀਤ, ਨਵਿਤਾ, ਮਨਦੀਪ ਕੌਰ, ਹਰਸ਼ਾ, ਜਸਪ੍ਰੀਤ ਕੌਰ, ਕੋਮਲਪ੍ਰੀਤ ਕੌਰ, ਅਰੁਣਾ ਸ਼ਰਮਾ, ਧਨਵੰਤ ਕੌਰ, ਨਵਦੀਪ ਕੌਰ, ਹਰਸਿਮਰਨ ਕੌਰ, ਗੀਤਿਕਾ, ਹਰਮਨਪ੍ਰੀਤ ਕੌਰ, ਸੁਨੀਤਾ ਚੌਹਾਨ, ਰਾਜਵਿੰਦਰ ਕੌਰ, ਕ੍ਰਿਸ਼ਨਾ ਦੇਵੀ, ਮਨਜੀਤ ਸਿੰਘ, ਜਤਿੰਦਰਜੀਤ ਕੌਰ, ਹਰਜੀਤ, ਅਮਨਦੀਪ ਕੌਰ ਆਦਿ ਮੌਜੂਦ ਸਨ।




# ਸੱਭਰਵਾਲ ਗੋਤ ਦੇ ਜਠੇਰਿਆਂ ਦਾ ਜੋੜ ਮੇਲਾ 21 ਨੂੰ

**ਅੱਡਾ ਸਰਾਂ (ਜਸਵੀਰ ਕਾਜਲ)**- ਅੱਡਾ ਸਰਾਂ ਨਜਦੀਕ ਪਿੰਡ ਬਸੀ ਜਲਾਲ ਵਿਖੇ ਸਭਰਵਾਲ ਗੋਤ ਦੇ ਜਠੇਰਿਆਂ ਦਾ ਜੋੜ ਮੇਲਾ ਸਲਾਨਾ ਦੀ ਤਰ੍ਹਾਂ 21ਮਈ ਨੂੰ ਪ੍ਰਬੰਧਕ ਕਮੇਟੀ ਵਲੋ ਸੱਭਰਵਾਲ ਗੋਤ ਦੇ ਪਰਵਾਰਾਂ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਰਧਾ ਸਤਿਕਾਰ ਨਾਲ ਕਰਵਾਇਆ ਜਾਵੇਗਾ। ਇਸ ਸਬੰਧੀ ਕਰਮ ਸਿੰਘ ਅਤੇ ਏ ਐੱਸ ਆਈ ਜੋਗਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਕੇ ਸੱਭਰਵਾਲ ਜਠੇਰਿਆਂ ਦੇ ਦਰਬਾਰ ਤੇ ਚਾਦਰ, ਚੌਰਾਗ ਰੋਸ਼ਨ ਅਤੇ ਝੰਡੇ ਦੀ ਰਸਮ ਅਦਾ ਕਰਨ ਉਪਰੰਤ ਕਵਾਲ ਪਾਰਟੀ ਵਲੋਂ ਕਵਾਲ ਪੇਸ ਕਰਨਗੇ ਜਿਸ ਵਿੱਚ ਰਾਜੂ ਮਸਤਾਨਾ, ਰਹਿਮਤ ਕਵਾਲ ਪਾਰਟੀ ਬੈਚਾਂ, ਹੈਰੀ ਬਾਦਸ਼ਾਹ ਤੋਂ ਇਲਾਵਾ ਸਾਬਰ ਅਤੇ ਦਵਿੰਦਰ ਨਕਾਲ ਪਾਰਟੀ ਆਪਣੇ ਫਨ ਦਾ ਮੁਜਾਹਰਾ ਕਰਨਗੇ ।ਗੀਤਕਾਰ ਸੁਖਜੀਤ ਝਾਸਾਂ ਵਾਲੇ ਤੋਂ ਹੋਰ ਵਿਸੇਸ਼ ਸਨਮਾਨ ਕੀਤੇ ਜਾਣਗੇ ।ਠੰਡੇ ਮਿਠੇ ਜਲ ਦੀ ਛਬੀਲ ਅਤੇ ਅਟੁੱਟ ਲਗਰ ਵਰਤਾਇਆ ਜਾਵੇਗਾ।

## ਸ਼ਹੀਦ ਕਾਮਰੇਡ ਹਰਬੰਸ ਸਿੰਘ ਬੀਕਾ ਦੀ ਬਰਸੀ ਅੱਜ



**ਬੰਗਾ (ਅਵਤਾਰ ਕਲੇਰ)**- ਸ਼ਹੀਦ ਕਾਮਰੇਡ ਹਰਬੰਸ ਸਿੰਘ ਬੀਕਾ ਸਾਬਕਾ ਵਿਧਾਇਕ ਦੀ 39 ਵੀਂ ਬਰਸੀ 13 ਮਈ ਨੂੰ ਪਿੰਡ ਬੀਕਾ ਵਿਖੇ ਮਨਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਮਰੇਡ ਹਰਪਾਲ ਸਿੰਘ ਜਗਤਪੁਰ,ਅਜੀਤ ਸਿੰਘ ਬੀਕਾ ਸਰਪੰਚ, ਡਾ. ਬਲਦੇਵ ਸਿੰਘ ਬੀਕਾ ਨੇ ਦੱਸਿਆ ਕਿ ਕਾਮਰੇਡ ਹਰਬੰਸ ਸਿੰਘ ਬੀਕਾ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਸ਼ਹੀਦ ਹੋਏ। ਉਹਨਾਂ ਦੱਸਿਆ ਕਿ ਸ਼ਹੀਦ ਕਾਮਰੇਡ ਹਰਬੰਸ ਸਿੰਘ ਬੀਕਾ ਦੀ ਬਰਸੀ 13 ਮਈ ਨੂੰ ਸਵੇਰੇ 11 ਵਜੇ ਪਿੰਡ ਬੀਕਾ ਤਹਿਸੀਲ ਬੰਗਾ ਵਿਖੇ ਸ਼ਹੀਦੀ ਕਾਨਫਰੰਸ ਕਰਕੇ ਮਨਾਈ ਜਾ ਰਹੀ ਹੈ। ਇਸ ਸ਼ਹੀਦੀ ਕਾਨਫਰੰਸ ਨੂੰ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਤੋਂ ਇਲਾਵਾ ਹੋਰ ਵੀ ਆਗੂ ਸੰਬੋਧਨ ਕਰਨਗੇ।

## ਲਵਲੀ ਪਬਲਿਕ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਜਮਾਤ ਦੇ ਐਲਾਨੇ ਨਤੀਜੇ ਵਿੱਚੋਂ ਲਵਲੀ ਪਬਲਿਕ ਸਕੂਲ ਪਠਲਾਵਾ ਦਾ ਦਸਵੀਂ ਦਾ ਨਤੀਜਾ ਬਹੁਤ ਵਧੀਆ ਰਿਹਾ ।ਜਿਸ ਵਿੱਚ ਸਾਰੇ ਬੱਚੇ ਪਹਿਲੇ ਦਰਜ ਵਿੱਚ ਪਾਸ ਹੋਏ ਪਹਿਲਾ ਸਥਾਨ ਦੀਪਿਕਾ ਪੁੱਤਰੀ ਅਮਰੀਕ ਸਿੰਘ 576 /650=89% ਦੂਸਰਾ ਸਥਾਨ ਤਾਨਪ੍ਰੀਤ ਪੁੱਤਰੀ ਜਸਵੰਤ ਸਿੰਘ 537/650 =83% ਤੀਸਰਾ ਸਥਾਨ ਅਮਨਪ੍ਰੀਤ ਕੌਰ ਪੁੱਤਰੀ ਗੁਰਮੀਤ ਸਿੰਘ 530/ 650=82% ਨੰਬਰ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ। ਇਸ ਸ਼ਾਨਦਾਰ ਨਤੀਜੇ ਲਈ ਸਕੂਲ ਸਟਾਫ ਅਤੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਮਾ ਦਿੰਦਿਆਂ ਹੋਇਆਂ ਸਕੂਲ ਦੇ ਪ੍ਰਿੰਸੀਪਲ ਸ਼ਾਹ ਮੁਹੰਮਦ ਨੇ ਕਿਹਾ ਕਿ ਬੱਚਿਆਂ ਵੱਲੋਂ ਕੀਤੀ ਗਈ ਮਿਹਨਤ ਰੰਗ ਲਾਈ ਹੈ। ਇਸ ਮੌਕੇ ਵਾਈਸ ਪ੍ਰਿੰਸੀਪਲ ਮਜੀਦਾ ਬੀਬੀ ,ਸੁਖਜਿੰਦਰ ਕੌਰ, ਸੰਦੀਪ ਕੁਮਾਰੀ, ਮਨਪ੍ਰੀਤ ਕੌਰ ਕਮਲਪ੍ਰੀਤ ਕੌਰ, ਜੋਤੀ, ਮੋਨਿਕਾ, ਅਰਸ਼ਪ੍ਰੀਤ ਕੌਰ,ਦਿਵਿਆ, ਮਮਤਾ ਆਦਿ ਹਾਜ਼ਰ ਸਨ।



# ਸੱਭਿਆਚਾਰਕ ਮੇਲਾ 21 ਨੂੰ

**ਅੱਡਾ ਸਰਾਂ (ਜਸਵੀਰ ਕਾਜਲ)**- ਅੱਡਾ ਸਰਾਂ ਨਜਦੀਕ ਪਿੰਡ ਨੈਣੋਵਾਲ ਵੈਦ ਵਿਖੇ ਪੀਰ ਬਾਬਾ ਗੁੱਗਾ ਜਾਹਰਾ ਪੀਰ ਦੇ ਦਰਵਾਰ ਤੇ ਸਾਲਾਨਾ ਦੀ ਤਰ੍ਹਾਂ 21 ਮਈ ਨੂੰ ਪ੍ਰਬੰਧਕ ਕਮੇਟੀ ਵਲੋਂ ਨਗਰ ਨਿਵਾਸੀਆਂ ਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸਭਿਆਚਾਰਕ ਮੇਲਾ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਪ੍ਰਬੰਧਕ ਕਮੇਟੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਕੇ ਪੀਰ ਬਾਬਾ ਗੁੱਗਾ ਜਾਹਰਾ ਪੀਰ ਦੀ ਮੁਕੱਦਸ ਦਰਗਾਹ ਤੇ ਚਾਦਰ, ਚੋਰਾਗ ਰੋਸ਼ਨ ਅਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕਰਨ ਉਪਰੰਤ ਮਹਿਫਲ ਕਵਾਲ ਹੋਵੇਗੀ ਜਿਸ ਵਿੱਚ ਅਮਾਨ ਅਲੀ ਖਾਨ ਕਵਾਲ ਪਾਰਟੀ ਕਵਾਲ ਪੇਸ਼ ਕਰਨਗੇ ਅਤੇ ਇਸ ਮੌਕੇ ਸਭਿਆਚਾਰਕ ਮੇਲਾ ਕਰਵਾਇਆ ਜਾਵੇਗਾ ਜਿਸ ਵਿਚ ਨਕਲ ਪਾਰਟੀ ਤੋ ਇਲਾਵਾ ਪ੍ਰਵੀਨ ਰੰਗੀਲਾ ਅਤੇ ਹਰਬੰਸ ਸਿੰਘ ਤੇਜੀ ਪਾਰਟੀ ਆਦਿ ਸੰਗਤਾਂ ਦਾ ਮਨੋਰੰਜਨ ਕਰਨਗੀਆਂ। ਇਸ ਮੌਕੇ ਵਿਸ਼ੇਸ਼ ਸਨਮਾਨ ਵੀ ਕੀਤੇ ਜਾਣਗੇ ਤੇ ਸਟੇਜ ਦੀ ਭੂਮਿਕਾ ਰਾਜ ਆਹੀਆਪੁਰੀ ਬਾਖੂਬੀ ਨਭਾਉਣਗੇ। ਠੰਡੇ ਮਿਠੇ ਜਲ ਦੀ ਛਬੀਲ ਅਤੇ ਅਟੁੱਟ ਲੰਗਰ ਵਰਤਾਇਆ ਜਾਵੇਗਾ।

# ਕੰਪਾਊਂਡਿੰਗ ਫੀਸ ਨਾ ਭਰਨ 'ਤੇ 152 ਵਾਹਨ ਬਲੈਕਲਿਸਟਡ

**ਨਵਾਂਸ਼ਹਿਰ (ਮਨੋਜ ਲਾਡੀ)**- ਸੀ ਡਬਲਿਊ ਪੀ -ਪੀ ਆਈ ਐੱਲ. ਨੰਬਰ 291 ਆਫ 2025 ਰਵਿੰਦਰ ਕਟਾਰੀਆ ਬਨਾਮ ਪੰਜਾਬ ਰਾਜ ਤੋਂ ਪੈਦਾ ਹੋਏ ਸੀ ਓ ਸੀ ਪੀ ਨੰਬਰ 640 ਆਫ 2025 ਵਿੱਚ ਦਿੱਤੇ ਗਏ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ, ਖੇਤਰੀ ਆਵਾਜਾਈ ਅਥਾਰਟੀ (ਆਰ ਟੀ ਏ), ਐੱਸ ਬੀ ਐੱਸ. ਨਗਰ ਨੇ 152 ਵਾਹਨਾਂ ਨੂੰ ਬਲੈਕਲਿਸਟਡ ਕਰ ਦਿੱਤਾ ਹੈ, ਜਿਨ੍ਹਾਂ ਦੇ ਮਾਲਕਾਂ ਨੇ ਚਲਾਨ ਜਾਰੀ ਹੋਣ ਦੇ ਬਾਵਜੂਦ ਕੰਪਾਊਂਡਿੰਗ ਫੀਸ ਜਮ੍ਹਾ ਨਹੀਂ ਕਰਵਾਈ।ਜਾਣਕਾਰੀ ਸਾਂਝੀ ਕਰਦਿਆਂ ਖੇਤਰੀ ਆਵਾਜਾਈ ਅਥਾਰਟੀ ਇੰਦਰਪਾਲ ਸਿੰਘ ਨੇ ਦੱਸਿਆ ਕਿ ਟ੍ਰੈਫਿਕ ਅਤੇ ਆਵਾਜਾਈ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਚੱਲ ਰਹੀ ਇਨਫੋਰਸਮੈਂਟ ਪ੍ਰਕਿਰਿਆ ਦੇ ਹਿੱਸੇ ਵਜੋਂ ਬਕਾਇਆ ਵਸੂਲੀ ਦੇ ਮਾਮਲਿਆਂ ਤਹਿਤ ਇਨ੍ਹਾਂ ਵਾਹਨਾਂ ਨੂੰ ਬਲੈਕਲਿਸਟਡ ਐਲਾਨ ਕੀਤਾ ਗਿਆ ਹੈ।ਉਨ੍ਹਾਂ ਅੱਗੇ ਦੱਸਿਆ ਕਿ ਆਰ ਟੀ ਏ ਦਫ਼ਤਰ ਨੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐੱਸ ਐੱਸ ਪੀ) ਨੂੰ ਬਲੈਕਲਿਸਟੇਡ ਵਾਹਨਾਂ ਦੀ ਪੂਰੀ ਸੂਚੀ ਸਮੇਤ ਪੱਤਰ ਲਿਖ ਕੇ ਮੋਟਰ ਵਹੀਕਲਜ਼ ਐਕਟ ਤੇ ਕੇਂਦਰੀ ਮੋਟਰ ਵਹੀਕਲਜ਼ ਨਿਯਮਾਂ (ਸੀ ਐੱਮ ਵੀ ਆਰ) ਦੇ ਪ੍ਰਬੰਧਾਂ ਤਹਿਤ ਇਨ੍ਹਾਂ ਵਾਹਨਾਂ ਨੂੰ ਜ਼ਬਤ ਕਰਨ ਲਈ ਵਿਸ਼ੇਸ਼ ਇਨਫੋਰਸਮੈਂਟ ਮੁਹਿੰਮ ਚਲਾਉਣ ਦੀ ਬੇਨਤੀ ਕੀਤੀ ਹੈ।ਆਰ ਟੀ ਏ ਨੇ ਕਿਹਾ ਕਿ ਬਲੈਕਲਿਸਟੇਡ ਵਾਹਨਾਂ ਤੇ ਬਕਾਇਆ ਵਸੂਲੀ ਡਿਫਾਲਟਰਾਂ ਦਾ ਵੇਰਵਾ ਵਾਲੇ ਜਨਤਕ ਨੋਟਿਸ ਆਰ ਟੀ ਓ ਦਫ਼ਤਰ, ਬੱਸ ਸਟੈਂਡ, ਐਸ.ਡੀ.ਐਮ. ਦਫ਼ਤਰ, ਤਹਿਸੀਲ ਕੰਪਲੈਕਸ ਅਤੇ ਹੋਰ ਪ੍ਰਮੁੱਖ ਸਥਾਨਾਂ 'ਤੇ ਲਗਾ ਦਿੱਤੇ ਗਏ ਹਨ ਤਾਂ ਜੋ ਵਾਹਨ ਮਾਲਕਾਂ ਵਿੱਚ ਜਾਗਰੂਕਤਾ ਪੈਦਾ ਕੀਤੀ ਜਾ ਸਕੇ।

# ਖਮਾਣੋਂ ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ ਯੂਨੀਅਨ ਦੇ ਪ੍ਰਧਾਨ ਬਣੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੀ ਡਬਲਿਊ ਡੀ, ਜਲ ਸਪਲਾਈ ਅਤੇ ਸੈਨੀਟੇਸ਼ਨ, ਭਵਨ ਤੇ ਮਾਰਗ, ਸਿੰਚਾਈ ਤੇ ਸੀਵਰੇਜ ਬੋਰਡ ਦੇ ਫੀਲਡ ਮੁਲਾਜ਼ਮਾਂ ਦੀ ਪ੍ਰਮੁੱਖ ਜਥੇਬੰਦੀ ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ ਯੂਨੀਅਨ (ਰਜਿ 36) ਪੰਜਾਬ ਦਾ ਜਰਨਲ ਚੋਣ ਅਜਲਾਸ ਹੋਇਆ ਜਿਸ ਦੀ ਪ੍ਰਧਾਨਗੀ ਬਲਜੀਤ ਸਿੰਘ ਬਡਰੁੱਖਾਂ, ਹਰਜੀਤ ਬਾਲੀਆ, ਮਹਿਮਾ ਸਿੰਘ ਧਨੋਲਾ, ਜਗਦੇਵ ਘੁਰਕਣੀ, ਅਸ਼ੋਕ ਬਠਿੰਡਾ ਅਤੇ ਰਾਮਜੀ ਭਲਾਈਆਂਣਾ ਨੇ ਕੀਤੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮਹਿਮਾ ਸਿੰਘ ਧਨੋਲਾ ਨੇ ਦੱਸਿਆ ਕਿ ਇਸ ਵਿੱਚ ਵੱਖ ਵੱਖ ਬਰਾਂਚਾਂ ਦੇ ਆਗੂ ਤੇ ਸਰਗਰਮ ਵਰਕਰਾਂ ਨੇ ਸ਼ਮੂਲੀਅਤ ਕੀਤੀ। ਵਿਛੜੇ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਰੱਖ ਸ਼ਰਧਾਂਜਲੀ ਭੇਟ ਕਰਦਿਆਂ ਵੱਖ-ਵੱਖ ਆਗੂਆਂ ਨੇ ਕੌਮਾਂਤਰੀ ਤੇ ਸੂਬਾਈ ਪੱਧਰ ਦੇ ਹਾਲਾਤਾ, ਸੰਸਾਰੀਕਰਨ, ਉਦਾਰੀਕਰਨ, ਨਿੱਜੀਕਰਨ, ਪੰਚਾਇਤੀਕਰਨ ਦੀਆਂ ਲੋਕ ਤੇ ਮੁਲਾਜ਼ਮ ਵਿਰੋਧੀ ਨੀਤੀਆਂ ਦੇ ਸਨਮੁੱਖ ਮੁਲਾਜ਼ਮਾਂ ਦੇ ਸੰਘਰਸ਼, ਸਰਕਾਰ ਦੀ ਮੁਲਾਜ਼ਮ ਵਿਰੋਧੀ ਨੀਤੀ ਅਤੇ ਨੀਤ ਬਾਰੇ ਵਿਸਤਾਰ ਪੂਰਕ ਵਿਚਾਰ ਚਰਚਾ ਕੀਤੀ ਗਈ । ਇਜਲਾਸ ਦੌਰਾਨ ਸ਼ਾਮਲ ਆਗੂਆਂ ਵੱਲੋਂ ਵਿਭਾਗੀ ਜਥੇਬੰਦੀਆਂ ਦੀ ਏਕਤਾ ਅਤੇ ਸਾਂਝੇ ਸੰਘਰਸ਼ਾਂ ਨੂੰ ਮਜਬੂਤ ਕਰਨ ਦਾ ਅਹਿਦ ਕੀਤਾ । ਇਜ਼ਲਾਸ ਦੌਰਾਨ ਸੂਬਾ ਕਮੇਟੀ ਦੇ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ। ਜਿਸ ਵਿੱਚ ਮਲਾਗਰ ਸਿੰਘ ਖਮਾਣੋ ਨੂੰ ਪ੍ਰਧਾਨ ਚੁਣਿਆ ਗਿਆ। ਇਸੇ ਤਰ੍ਹਾਂ ਜਨਰਲ ਸਕੱਤਰ ਜਸਵਿੰਦਰ ਸਿੰਘ ਕਾਲਝਰਾਣੀ, ਵਿੱਤ ਸਕੱਤਰ ਭੂਸ਼ਨ ਕੁਮਾਰ ਗੋਇਲ, ਮੁੱਖ ਸਲਾਹਕਾਰ ਉਮੇਦ ਸਿੰਘ ਬਿਸ਼ਟ, ਚੇਅਰਮੈਨ ਉਜਾਗਰ ਸਿੰਘ ਜੱਗਾ, ਜ/ ਸਕੱਤਰ ਅਵਤਾਰ ਸਿੰਘ ਨਾਗਰਾ, ਸੀਨੀਅਰ ਮੀਤ ਪ੍ਰਧਾਨ ਓਮਕਾਰ ਯਾਦਵ, ਬਲਵਿੰਦਰ ਸੁਨਾਮ, ਮੀਤ ਪ੍ਰਧਾਨ ਲਖਵੀਰ ਸਿੰਘ ਮਲੇਰਕੋਟਲਾ, ਆਡੀਟਰ ਸੁਖਵਿੰਦਰ ਸਿੰਘ ਗੰਗਾ, ਪ੍ਰੈਸ ਸਕੱਤਰ ਅਸ਼ੋਕ ਕੁਮਾਰ ਬਠਿੰਡਾ, ਪ੍ਰਚਾਰ ਸਕੱਤਰ ਮਨਦੀਪ ਸਿੰਘ ਮੋਹਾਲੀ, ਕੁਲਵਿੰਦਰ ਮਲੋਟ, ਜਥੇਬੰਦ ਸਕੱਤਰ ਬਿਕਰਮਜੀਤ ਸਿੰਘ ਬਠਿੰਡਾ, ਮੁੱਖ ਜਥੇਬੰਦਕ ਸਕੱਤਰ ਸੁਖਦੇਵ ਸਿੰਘ ਗਿੱਦੜਬਾਹਾ ਨੂੰ ਸਰਬ ਸੰਮਤੀ ਨਾਲ ਚੁਣਿਆ ਗਿਆ।




# ਫਿਨਲੈਂਡ ਤੋਂ ਟ੍ਰੇਨਿੰਗ ਪ੍ਰਾਪਤ ਕਰਕੇ ਪਰਤੇ ਅਧਿਆਪਕਾਂ ਨੇ ਸਾਂਝੇ ਕੀਤੇ ਤਜਰਬੇ



**ਜਲੰਧਰ (ਸੁਰਿੰਦਰ ਕੁਮਾਰ)**- ਬੱਚਿਆ ਦੀ ਪੜ੍ਹਾਈ ਲਈ ਵਿਸ਼ੇਸ਼ ਉਪਰਾਲੇ ਤਹਿਤ ਪੰਜਾਬ ਸਰਕਾਰ ਦੇ ਉਪਰਾਲੇ ਤਹਿਤ ਫਿਨਲੈਂਡ ਤੋਂ ਟ੍ਰੇਨਿੰਗ ਪ੍ਰਾਪਤ ਕਰਕੇ ਪਰਤੇ ਅਧਿਆਪਕਾਂ ਵੱਲੋਂ ਹਾਸਲ ਕੀਤੇ ਤਜਰਬੇ ਸਾਂਝੇ ਕਰਨ ਅਤੇ ਹੋਰਨਾਂ ਅਧਿਆਪਕਾਂ ਨੂੰ ਨਵੀਆਂ ਸਿੱਖਣ ਤਕਨੀਕਾਂ ਤੋਂ ਜਾਣੂ ਕਰਾਉਣ ਲਈ ਫਿਨਲੈਂਡ ਪੰਜਾਬ ਐਜੂਕੇਸ਼ਨ ਐਕਸੀਲੈਂਸ ਪ੍ਰੋਗਰਾਮ ਤਹਿਤ ਜ਼ਿਲ੍ਹਾ ਪੱਧਰੀ ਵਰਕਸ਼ਾਪ ਕਰਵਾਈ ਗਈ।ਜ਼ਿਲ੍ਹਾ ਸਿਖਿਆ ਅਫ਼ਸਰ (ਐ.ਸਿ.) ਜਲੰਧਰ ਹਰਜਿੰਦਰ ਕੌਰ ਤੇ ਉੱਪਜ਼ਲ੍ਹਾ ਸਿੱਖਿਆ ਅਫ਼ਸਰ (ਐ.ਸਿ.) ਮਨੀਸ਼ ਸ਼ਰਮਾ ਦੀ ਅਗਵਾਈ ਹੇਠ ਸਿੱਖਿਆ ਕ੍ਰਾਂਤੀ ਤਹਿਤ ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਮਕਸੂਦਾਂ ਕੈਂਪਸ ਵਿਖੇ ਕਰਵਾਈ ਗਈ ਵਰਕਸ਼ਾਪ ਵਿੱਚ ਜ਼ਿਲ੍ਹੇ ਦੇ ਸਮੂਹ ਬੀ.ਪੀ.ਈ.ਓਜ਼ ਅਤੇ ਸੈਂਟਰ ਹੈਡ ਟੀਚਰਾਂ ਨੇ ਭਾਗ ਲਿਆ।ਜ਼ਿਲ੍ਹਾ ਸਿੱਖਿਆ ਅਫ਼ਸਰ ਹਰਜਿੰਦਰ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਵਿਸ਼ੇਸ਼ ਉਦਮ ਸਦਕਾ ਹੁਣ ਤਕ ਜ਼ਿਲ੍ਹੇ ਦੇ 9 ਅਧਿਆਪਕਾਂ ਅਮਨਦੀਪ, ਪੰਕਜ ਸ਼ਰਮਾ, ਕਮਲਜੀਤ ਸਿੰਘ ਧਾਮੀ, ਸੰਜੀਵ ਜੋਸ਼ੀ, ਗੁਰਵਿੰਦਰ ਕੌਰ, ਗੁਰਪ੍ਰੀਤ ਕੌਰ, ਸੁਨੀਤਾ ਵਰਮਾ, ਮਨਜਿੰਦਰ ਕੌਰ, ਮਨਜੀਤ ਕੌਰ ਨੇ ਫਿਨਲੈਂਡ ਤੋਂ ਟ੍ਰੇਨਿੰਗ ਪ੍ਰਾਪਤ ਕੀਤੀ ਹੈ, ਜਿਨ੍ਹਾਂ ਵੱਲੋਂ ਅੱਜ ਆਪਣੇ ਤਜਰਬੇ ਵਿਸਥਾਰ ਨਾਲ ਅਧਿਆਪਕਾਂ ਦੇ ਨਾਲ ਸਾਂਝੇ ਕੀਤੇ ਗਏ ਹਨ।

## ਬੁਨਿਆਦ ਵੈੱਲਫੇਅਰ ਵੱਲੋਂ ਅੱਖਾਂ ਦਾ ਮੁਫ਼ਤ ਜਾਂਚ ਕੈਂਪ

**ਆਦਮਪੁਰ (ਪਰਮਜੀਤ ਸਿੰਘ)**- ਸਮਾਜ ਸੇਵੀ ਕੰਮਾਂ ਵਿੱਚ ਮੋਹਰੀ ਰਹਿਣ ਵਾਲੀ ਸੰਸਥਾ ਬੁਨਿਆਦ ਵੈਲਫੇਅਰ ਸੋਸਾਇਟੀ (ਰਜਿ.) ਵੱਲੋਂ ਪਿੰਡ ਚੂਹੜਵਾਲੀ ਵਿਖੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਇਹ ਕੈਂਪ ਨੈਸ਼ਨਲ ਆਈ ਕੇਅਰ ਹਸਪਤਾਲ ਦੇ ਵਿਸ਼ੇਸ਼ ਸਹਿਯੋਗ ਨਾਲ ਨੇਪਰੇ ਚੜ੍ਹਿਆ।ਕੈਂਪ ਦੌਰਾਨ ਇਲਾਕੇ ਦੇ ਤਕਰੀਬਨ 200 ਤੋਂ ਵੱਧ ਵਿਅਕਤੀਆਂ ਨੇ ਆਪਣੀਆਂ ਅੱਖਾਂ ਦਾ ਚੈੱਕਅਪ ਕਰਵਾਇਆ।ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ ਅਤੇ ਲੋੜਵੰਦ ਮਰੀਜ਼ਾਂ ਨੂੰ ਸੋਸਾਇਟੀ ਵੱਲੋਂ ਮੁਫ਼ਤ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ।ਡਾਕਟਰਾਂ ਨੇ ਲੋਕਾਂ ਨੂੰ ਅੱਖਾਂ ਦੀ ਸੰਭਾਲ ਅਤੇ ਮੋਤੀਆਬਿੰਦ ਵਰਗੀਆਂ ਬਿਮਾਰੀਆਂ ਦੇ ਬਚਾਅ ਬਾਰੇ ਵੀ ਮਹੱਤਵਪੂਰਨ ਜਾਣਕਾਰੀ ਦਿੱਤੀ।ਸਮਾਗਮ ਦੇ ਅਖੀਰ ਵਿੱਚ ਬੁਨਿਆਦ ਵੈਲਫੇਅਰ ਸੋਸਾਇਟੀ ਦੇ ਅਹੁਦੇਦਾਰਾਂ ਵੱਲੋਂ ਨੈਸ਼ਨਲ ਆਈ ਕੇਅਰ ਹਸਪਤਾਲ ਤੋਂ ਪਹੁੰਚੀ ਡਾਕਟਰਾਂ ਅਤੇ ਪੈਰਾ-ਮੈਡੀਕਲ ਸਟਾਫ ਦੀ ਪੂਰੀ ਟੀਮ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਪਿੰਡ ਦੇ ਪਤਵੰਤੇ ਸੱਜਣ ਅਤੇ ਸੋਸਾਇਟੀ ਦੇ ਮੈਂਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।




## ਬੈਂਸ ਨੇ ਸਥਾਨਕ ਸਰਕਾਰਾਂ ਵਿਭਾਗ ਦੀ ਕਮਾਨ ਸੰਭਾਲੀ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੈਬਿਨਟ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਇੱਕ ਹੋਰ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ ਹੈ। ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੀ ਕਾਮਯਾਬ ਸੰਭਾਲ ਤੋਂ ਬਾਅਦ ਹੁਣ ਉਨ੍ਹਾਂ ਨੂੰ ਸਥਾਨਕ ਸਰਕਾਰਾਂ ਵਿਭਾਗ ਦੀ ਜ਼ਿੰਮੇਵਾਰੀ ਵੀ ਦਿੱਤੀ ਗਈ ਹੈ। ਇਸ ਨਵੀਂ ਜ਼ਿੰਮੇਵਾਰੀ ਨਾਲ ਬੈਂਸ ਦੇ ਹੱਥ ਹੋਰ ਮਜ਼ਬੂਤ ਹੋਣ ਦੀ ਉਮੀਦ ਜਤਾਈ ਜਾ ਰਹੀ ਹੈ, ਜਿਸ ਨਾਲ ਸੂਬੇ ਦੇ ਸ਼ਹਿਰੀ ਵਿਕਾਸ ਅਤੇ ਨਗਰ ਨਿਗਮਾਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਆ ਸਕਦਾ ਹੈ।ਨਵੀਂ ਜ਼ਿਵਾਰੀ ਮਿਲਣ ਤੋਂ ਬਾਅਦ ਹਰਜੋਤ ਸਿੰਘ ਬੈਂਸ ਗੁਰਦੁਆਰਾ ਘਾਟ ਸਾਹਿਬ ਤੇ ਸ੍ਰੀ ਲਕਸ਼ਮੀ ਨਰਾਇਣ ਮੰਦਿਰ ਨੰਗਲ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਗੁਰੂ ਸਾਹਿਬ ਅੱਗੇ ਸਿਰ ਨਿਵਾ ਕੇ ਆਪਣੇ ਨਵੇ ਵਿਭਾਗ ਲਈ ਅਰਦਾਸ ਕੀਤੀ ਅਤੇ ਸ਼ੁਕਰਾਨਾ ਅਦਾ ਕੀਤਾ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਉਹ ਆਪਣੇ ਉੱਤੇ ਆਈ ਹਰ ਜ਼ਿੰਮੇਵਾਰੀ ਨੂੰ ਇਮਾਨਦਾਰੀ ਅਤੇ ਪੂਰੀ ਲਗਨ ਨਾਲ ਨਿਭਾਉਣਗੇ। ਗੁਰਦੁਆਰਾ ਸਾਹਿਬ ਵਿਖੇ ਦਰਸ਼ਨ ਕਰਕੇ ਉਨ੍ਹਾਂ ਨੇ ਆਪਣੇ ਮਨ ਵਿੱਚ ਸੇਵਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਥਾਨਕ ਸਰਕਾਰਾਂ ਵਿਭਾਗ ਦੀ ਜ਼ਿੰਮੇਵਾਰੀ ਸੰਭਾਲਦੇ ਹੋਏ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਦੀ ਪੂਰੀ ਕੋਸ਼ਿਸ਼ ਕਰਨਗੇ। ਉਨ੍ਹਾਂ ਨੇ ਦੱਸਿਆ ਕਿ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਉਨ੍ਹਾਂ ਦੀ ਪ੍ਰਾਥਮਿਕਤਾ ਰਹੇਗੀ।



# ਸੁਰਜੀਤ ਪਾਤਰ ਦੀ ਦੂਜੀ ਬਰਸੀ 'ਤੇ ਸਮਾਗਮ ਕਰਵਾਇਆ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਕਲਾ ਪਰਿਸ਼ਦ ਚੰਡੀਗੜ੍ਹ ਵੱਲੋਂ ਯੁੱਗ ਸ਼ਾਇਰ ਪਦਮਸ਼੍ਰੀ ਡਾ. ਸੁਰਜੀਤ ਪਾਤਰ ਦੀ ਦੂਸਰੀ ਬਰਸੀ ਮੌਕੇ ਉਹਨਾਂ ਨੂੰ ਯਾਦ ਕਰਦੇ ਹੋਏ ਇਕ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸਾਬਕਾ ਡੀਨ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਡਾ. ਯੋਜਨਾ ਰਾਵਤ ਵੱਲੋਂ ਇਕ ਭਾਸ਼ਣ ਦਿੱਤਾ ਗਿਆ। ਉਹਨਾਂ ਨੇ ਸੁਰਜੀਤ ਪਾਤਰ ਦੀ ਕਵਿਤਾ ਦਾ ਹਿੰਦੀ ਅਨੁਵਾਦ ਕੀਤਾ ਹੈ, ਜਿਸ ਨੂੰ ਹਿੰਦੀ ਦੇ ਵੱਡੇ ਪ੍ਰਕਾਸ਼ਨ ਰਾਜ ਕਮਲ ਵੱਲੋਂ ਪ੍ਰਕਾਸ਼ਿਤ ਕੀਤਾ ਗਿਆ ਹੈ। ਕਲਾ ਪਰਿਸ਼ਦ ਦੇ ਚੇਅਰਮੈਨ ਸਵਰਨਜੀਤ ਸਵੀ ਹੋਰਾਂ ਕਿਹਾ ਕਿ ਨਿੱਜੀ ਤੌਰ ਤੇ ਪਾਤਰ ਸਾਹਬ ਨਾਲ ਮੇਰੀ ਸਾਂਝ 42 ਸਾਲ ਪੁਰਾਣੀ ਹੈ ਤੇ ਉਹ ਮੇਰੇ ਪਿਤਾ ਸਮਾਨ ਸਨ, ਮੈਂ ਉਹਨਾਂ ਤੋਂ ਬਹੁਤ ਕੁਝ ਸਿੱਖਿਆ। ਉਹਨਾਂ ਕਿਹਾ ਕਿ ਪਾਤਰ ਸਾਹਬ ਸਮੇਂ ਦੀ ਨਬਜ਼ ਪਛਾਣਦੇ ਸਨ ਤੇ ਉਨ੍ਹਾਂ ਹਰ ਸਮੇਂ ਨੂੰ ਲਿਖਿਆ। ਉਹਨਾਂ ਪਾਤਰ ਸਾਹਬ ਬਾਰੇ ਇਕ ਕਾਵਿ-ਚਿਤਰ ਵੀ ਪੜ੍ਹਿਆ।ਇਸ ਉਪਰੰਤ ਪ੍ਰੋ. ਯੋਜਨਾ ਰਾਵਤ ਨੇ ਆਪਣੇ ਭਾਸ਼ਨ ਦੌਰਾਨ ਕਿਹਾ ਕਿ ਅਸੀਂ ਕਾਲਜ ਸਮੇਂ ਤੋਂ ਹੀ ਪਾਤਰ ਸਾਹਬ ਨੂੰ ਪੜ੍ਹਦੇ ਆਏ ਹਾਂ। ਉਹਨਾਂ ਨੇ ਪਹਿਲੀ ਵਾਰ ਫਰੈਂਕਫਰਟ ਵਿਸ਼ਵ ਪੁਸਤਕ ਮੇਲੇ ਵਿਚ ਮਿਲਣ ਬਾਰੇ, ਉਹਨਾਂ ਦੇ ਸੁਭਾਅ ਬਾਰੇ ਵਿਸਥਾਰ ਨਾਲ ਦੱਸਿਆ। ਇਸ ਸਮਾਗਮ ਵਿਚ ਨਿਰਮਲ ਜੌੜਾ, ਰਾਜਵਿੰਦਰ ਸਮਰਾਲਾ, ਵਰਿੰਦਰ ਸਿੰਘ, ਭੁਪਿੰਦਰ ਮਲਿਕ, ਪ੍ਰੀਤਮ ਰੁਪਾਲ, ਜਸ਼ਨਪ੍ਰੀਤ, ਸਰਦਾਰਾ ਸਿੰਘ ਚੀਮਾ, ਮਨਮੋਹਨ ਸਿੰਘ ਦਾਊਂ, ਹਰਜਾਪ ਸਿੰਘ ਔਜਲਾ, ਅਵਤਾਰ ਸਿੰਘ ਪਤੰਗ, ਪਾਲ ਅਜਨਬੀ, ਸੁਰਿੰਦਰ ਸ਼ਰਮਾ, ਜਗਦੀਪ ਸਿੱਧੂ, ਚਰਨਜੀਤ ਬਾਠ ਆਦਿ ਨੇ ਸ਼ਮੂਲੀਅਤ ਕੀਤੀ।



# ਨਗਰ ਨਿਗਮ ਤੇ ਨਗਰ ਕੌਂਸਲ ਚੋਣਾਂ ਲਈ ਨਾਮਜ਼ਦਗੀਆਂ ਅੱਜ ਤੋਂ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਦੀਆਂ ਚੋਣਾਂ ਸਬੰਧੀ ਕੀਤੇ ਐਲਾਨ ਅਨੁਸਾਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਅੰਦਰ ਪੈਂਦੀ ਨਗਰ ਨਿਗਮ ਮੋਹਾਲੀ, ਨਗਰ ਕੌਂਸਲ ਖਰੜ, ਕੁਰਾਲੀ, ਨਵਾਂ ਗਾਉਂ, ਜ਼ੀਰਕਪੁਰ, ਡੇਰਾਬੱਸੀ, ਲਾਲੜੂ ਅਤੇ ਬਨੂੜ ਦੇ ਵਾਰਡਾਂ ਵਿੱਚ ਚੋਣਾਂ ਕਰਵਾਈਆਂ ਜਾਣਗੀਆਂ, ਜਿਸ ਤਹਿਤ ਅੱਜ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਕੋਮਲ ਮਿੱਤਲ ਵੱਲੋਂ ਰਿਟਰਨਿੰਗ ਅਫ਼ਸਰਾਂ, ਸਹਾਇਕ ਰਿਟਰਨਿੰਗ ਅਫ਼ਸਰਾਂ, ਪੁਲਿਸ ਅਧਿਕਾਰੀਆਂ ਅਤੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਕਮ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੋਨਮ ਚੌਧਰੀ ਨਾਲ ਵਿਸਤ੍ਰਿਤ ਮੀਟਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਇਨ੍ਹਾਂ ਸਥਾਨਕ ਸਰਕਾਰ ਚੋਣਾਂ ਲਈ 13 ਮਈ ਤੋਂ 16 ਮਈ ਤੱਕ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਨਾਮਜ਼ਦਗੀਆਂ ਦਾਖ਼ਲ ਕਰਵਾਈਆਂ ਜਾ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀਆਂ ਦੀ ਪੜਤਾਲ 18 ਮਈ ਨੂੰ ਹੋਵੇਗੀ ਅਤੇ 19 ਮਈ ਤੱਕ ਉਮੀਦਵਾਰ ਆਪਣੀਆਂ ਨਾਮਜ਼ਦਗੀਆਂ ਵਾਪਸ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਵੋਟਾਂ ਬੈਲਟ ਪੇਪਰ ਰਾਹੀਂ ਪਾਈਆਂ ਜਾਣਗੀਆਂ ਅਤੇ ਮਿਤੀ 29 ਮਈ ਨੂੰ ਗਿਣਤੀ ਉਪਰੰਤ ਨਤੀਜੇ ਐਲਾਨੇ ਜਾਣਗੇ।ਜ਼ਿਲ੍ਹਾ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਨਗਰ ਨਿਗਮ ਮੋਹਾਲੀ ਦੇ ਵਾਰਡ ਨੰਬਰ 1 ਤੋਂ 25 ਨਾਮਜ਼ਦਗੀ ਪੱਤਰ ਰਿਟਰਨਿੰਗ ਅਫ਼ਸਰ, ਅਮਰਿੰਦਰ ਸਿੰਘ ਮੱਲ੍ਹੀ, ਵਧੀਕ ਮੁੱਖ ਪ੍ਰਸ਼ਾਸਕ ਗਮਾਡਾ ਦੇ ਦਫ਼ਤਰ ਵਿਖੇ ਤੇ ਵਾਰਡ ਨੰਬਰ 26 ਤੋਂ 50 ਲਈ ਰਿਟਰਨਿੰਗ ਅਫ਼ਸਰ, ਦਮਨਦੀਪ ਕੌਰ, ਐਸ ਡੀ ਐਮ ਮੋਹਾਲੀ ਦੇ ਦਫ਼ਤਰ ਵਿਖੇ ਜਮ੍ਹਾਂ ਕਰਵਾਏ ਜਾ ਸਕਦੇ ਹਨ।ਨਗਰ ਕੌਂਸਲ ਖਰੜ ਦੇ (27 ਵਾਰਡ) ਵਾਸਤੇ ਨਾਮਜ਼ਦਗੀ ਪੱਤਰ ਰਿਟਰਨਿੰਗ ਅਫ਼ਸਰ, ਗੁਰਮੀਤ ਸਿੰਘ, ਐਸ ਡੀ ਐਮ ਖਰੜ ਦੀ ਕੋਰਟ ਵਿਖੇ ਲਏ ਜਾਣਗੇ।ਨਗਰ ਕੌਂਸਲ ਡੇਰਾਬੱਸੀ (19 ਵਾਰਡ) ਵਾਸਤੇ ਨਾਮਜ਼ਦਗੀ ਪੱਤਰ ਰਿਟਰਨਿੰਗ ਅਫ਼ਸਰ, ਅਮਿਤ ਗੁਪਤਾ, ਐਸ ਡੀ ਐਮ ਡੇਰਾਬੱਸੀ ਦੀ ਕੋਰਟ ਵਿਖੇ ਲਏ ਜਾਣਗੇ।ਨਗਰ ਕੌਂਸਲ ਬਨੂੜ (13 ਵਾਰਡ) ਵਾਸਤੇ ਨਾਮਜ਼ਦਗੀ ਪੱਤਰ ਤਹਿਸੀਲ ਦਫ਼ਤਰ ਬਨੂੜ ਵਿਖੇ ਰਿਟਰਨਿੰਗ ਅਫ਼ਸਰ, ਐਸ ਡੀ ਐਮ ਡਾ. ਅੰਕਿਤਾ ਕਾਂਸਲ ਕੋਲ ਜਮ੍ਹਾਂ ਕਰਵਾਏ ਜਾ ਸਕਦੇ ਹਨ।ਨਗਰ ਕੌਂਸਲ ਕੁਰਾਲੀ (17 ਵਾਰਡ) ਵਾਸਤੇ ਨਾਮਜ਼ਦਗੀ ਪੱਤਰ ਨਗਰ ਕੌਂਸਲ ਦਫਤਰ, ਕੁਰਾਲੀ ਵਿਖੇ ਰਿਟਰਨਿੰਗ ਅਫ਼ਸਰ ਸੁਖਵਿੰਦਰ ਸਿੰਘ, ਕਾਰਜਕਾਰੀ ਇੰਜੀਨੀਅਰ ਮੰਡੀ ਬੋਰਡ, ਕੋਲ ਭਰੇ ਜਾ ਸਕਦੇ ਹਨ।ਨਗਰ ਕੌਂਸਲ ਨਵਾਂਗਾਉਂ (21 ਵਾਰਡ) ਵਾਸਤੇ ਨਾਮਜ਼ਦਗੀ ਪੱਤਰ ਨਗਰ ਕੌਂਸਲ ਦਫਤਰ, ਨਵਾਂਗਾਉਂ ਵਿਖੇ ਰਿਟਰਨਿੰਗ ਅਫ਼ਸਰ ਮਹਿਕਮੀਤ ਸਿੰਘ, ਬੀ ਡੀ ਪੀ ਓ ਖਰੜ, ਕੋਲ ਭਰੇ ਜਾ ਸਕਦੇ ਹਨ।ਨਗਰ ਕੌਂਸਲ ਜ਼ੀਰਕਪੁਰ (31 ਵਾਰਡ) ਵਾਸਤੇ ਨਾਮਜ਼ਦਗੀ ਪੱਤਰ ਨਗਰ ਕੌਂਸਲ ਦਫਤਰ, ਜ਼ੀਰਕਪੁਰ ਵਿਖੇ ਰਿਟਰਨਿੰਗ ਅਫ਼ਸਰ ਬਲਜੀਤ ਸਿੰਘ ਸੋਹੀ, ਬੀ ਡੀ ਪੀ ਓ ਡੇਰਾਬੱਸੀ, ਕੋਲ ਭਰੇ ਜਾ ਸਕਦੇ ਹਨ।ਨਗਰ ਕੌਂਸਲ ਲਾਲੜੂ (17 ਵਾਰਡ) ਵਾਸਤੇ ਨਾਮਜ਼ਦਗੀ ਪੱਤਰ ਨਗਰ ਕੌਂਸਲ ਦਫਤਰ, ਲਾਲੜੂ ਵਿਖੇ ਰਿਟਰਨਿੰਗ ਅਫ਼ਸਰ ਬੀਰਕਰਨ ਸਿੰਘ, ਤਹਿਸੀਲਦਾਰ, ਡੇਰਾਬੱਸੀ ਕੋਲ ਭਰੇ ਜਾ ਸਕਦੇ ਹਨ।

## ਪੀ ਐਮ ਸ੍ਰੀ ਹਾਈ ਸਕੂਲ ਕੰਨਿਆ ਦਾ ਦਸਵੀ ਦਾ ਨਤੀਜਾ ਰਿਹਾ 100 ਫੀਸਦੀ




**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੀ ਐਮ ਸ੍ਰੀ ਸਰਕਾਰੀ ਕੰਨਿਆ ਹਾਈ ਸਕੂਲ ਤਲਵਣ ਦਾ ਰਿਜ਼ਲਟ ਰਿਹਾ 100 ਫੀਸਦੀ।

ਸਕੂਲ ਅਧਿਆਪਕਾਂ ਮੇਹਨਤ ਸਦਕਾ ਹੀ ਸਕੂਲ ਦਾ ਰਿਜਲਟ 100 ਫੀਸਦੀ ਆਇਆ ਤੇ 2 ਲੜਕੀਆਂ ਨੇ ਜ਼ਿਲ੍ਹੇ ਵਿੱਚੋ ਤੀਸਰਾ ਸਥਾਨ ਪ੍ਰਾਪਤ ਕੀਤਾ। ਪ੍ਰਭਨੂਰ ਭੱਲੇ ਨੇ 639/650, ਨਵਨੂਰ ਭੱਲੇ ਨੇ 633/650 ਨੰਬਰ ਲੈ ਕਿ ਸਕੂਲ ਤੇ ਪਿੰਡ ਦਾ ਨਾਂਅ ਰੌਸ਼ਨ ਕੀਤਾ।

## ਕਲਸੀ ਜਠੇਰਿਆਂ ਦਾ ਮੇਲਾ 17 ਨੂੰ

**ਬੰਗਾ (ਅਵਤਾਰ ਕਲੇਰ)**- ਪਿੰਡ ਤਲਵੰਡੀ ਜੱਟਾਂ ਵਿਖੇ ਕਲਸੀ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 17 ਮਈ ਨੂੰ ਮਨਾਇਆ ਜਾਵੇਗਾ ।ਇਸ ਸੰਬੰਧੀ ਪ੍ਰਬੰਧਕਾਂ ਦੀ ਮੀਟਿੰਗ ਹੋਈ।ਕਮੇਟੀ ਪ੍ਰਧਾਨ ਅਮਰਜੀਤ ਕਲਸੀ ਤਲਵੰਡੀ ਜੱਟਾਂ ਨੇ ਦੱਸਿਆ ਕਿ 16 ਮਈ ਦਿਨ ਸ਼ਨੀਵਾਰ ਨੂੰ ਚਿਰਾਗ ਰੋਸ਼ਨ ਕੀਤੇ ਜਾਣਗੇ। 17 ਮਈ ਦਿਨ ਐਤਵਾਰ ਨੂੰ ਨਿਸ਼ਾਨ ਸਾਹਿਬ ਚੜਾਉਣ ਉਪਰੰਤ ਧਾਰਮਿਕ ਸਟੇਜ ਸਜਾਈ ਜਾਵੇਗੀ ।ਉਨ੍ਹਾ ਹੋਰ ਦੱਸਿਆ ਕਿ ਉਕਤ ਮੇਲੇ ਤੇ ਸੇਵਾ ਸੁਸਾਇਟੀ ਬੰਗਾ ਦੇ ਸੰਸਥਾਪਕ ਸਮਾਜ ਸੇਵਿਕਾ ਬੀਬੀ ਬਲਦੀਸ਼ ਕੌਰ ਬੰਗਾ ਵਲੋਂ ਲਿਬਾਸਾ ਹਸਪਤਾਲ ਨਵਾਂਸ਼ਹਿਰ ਦੇ ਸਹਿਯੋਗ ਨਾਲ ਫਰੀ ਮੈਡੀਕਲ ਕੈਂਪ ਵੀ ਲਗਾਇਆ ਜਾਵੇਗਾ ਜਿਸ ਦੌਰਾਨ ਮਰੀਜਾਂ ਦਾ ਫਰੀ ਚੈੱਕਅੱਪ ਕਰਨ ਤੋਂ ਇਲਾਵਾ ਫਰੀ ਦਵਾਈਆਂ ਵੀ ਦਿੱਤੀਆ ਜਾਣਗੀਆਂ। ਮੇਲੇ ਦੌਰਾਨ ਨਾਮਵਰ ਕਲਾਕਾਰ ਪਾਰਟੀਆਂ ਤੋਂ ਇਲਾਵਾ ਕਲਸੀ ਬ੍ਰਦਰਜ ਪਾਰਟੀ ਆਪਣਾ ਪ੍ਰੋਗਰਾਮ ਪੇਸ਼ ਕਰੇਗੀ।ਇਸ ਮੌਕੇ ਕਮੇਟੀ ਪ੍ਰਧਾਨ ਅਮਰਜੀਤ ਕਲਸੀ, ਲੈਕ ਰਾਮ ਲੁਭਾਇਆ ਕਲਸੀ, ਚੰਦਰ ਲਾਲ ਭੱਟੀਆਂ, ਪਰਮਜੀਤ ਖਹਿਰਾ, ਪਰਮਜੀਤ ਕਲਸੀ, ਹਰਦੀਪ ਕੁਮਾਰ ਪੰਚ, ਜਸਵੀਰ ਰਾਮ, ਹਰਵਿੰਦਰ ਕੁਮਾਰ, ਰੂਪ ਲਾਲ, ਗੁਰਪ੍ਰੀਤ ਕਲਸੀ, ਗੁਰਜੀਤ ਕਲਸੀ, ਮਦਨ ਲਾਲ, ਜਸਵਿੰਦਰ ਰਾਮ, ਸੌਰਵ ਕਲਸੀ ਕੈਨੇਡਾ, ਬਲਬੀਰ ਰਾਮ, ਰਮਨ ਕੁਮਾਰ, ਰਣਜੀਤ ਰਾਣਾ ਆਦਿ ਹਾਜ਼ਰ ਸਨ ।



## ਚੰਨ ਗੁਰਾਇਆ ਵਾਲੇ ਦੇ ਨਾਂਅ 'ਤੇ ਮਿਊਜ਼ੀਅਮ ਉਸਾਰਨ ਦੀ ਮੰਗ

**ਫਿਲੌਰ (ਹਰਜਿੰਦਰ ਕੌਰ ਚਾਹਲ)**— ਬੀਤੇ ਦਿਨੀਂ ਰਾਜ ਗੀਤਕਾਰ ਚੰਨ ਗੁਰਾਇਆ ਵਾਲਾ ਆਪਣੇ ਲੱਖਾ ਪ੍ਰਸ਼ੰਸਕਾਂ ਨੂੰ ਵਿਛੋੜਾ ਦਿੰਦੇ ਹੋਏ ਇਸ ਫਾਨੀ ਦੁਨੀਆ ਨੂੰ ਅਲਵਿਦਾ ਕਹਿ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ। ਉਨ੍ਹਾਂ ਦੀ ਅੰਤਿਮ ਯਾਤਰਾ ਮੌਕੇ ਵੱਖ-ਵੱਖ ਸਿਆਸੀ ਪਾਰਟੀ ਦੇ ਆਗੂਆਂ, ਵੱਖ-ਵੱਖ ਧਾਰਮਿਕ ਸੰਪ੍ਰਦਾਵਾਂ ਦੀਆਂ ਜਥੇਬੰਦੀਆਂ ਦੇ ਸੰਤ ਮਹਾਪੁਰਸ਼ਾਂ, ਨਾਮਵਰ ਗੀਤਕਾਰਾਂ, ਕਲਾਕਾਰਾਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਵੱਲੋਂ ਅੰਤਿਮ ਵਿਦਾਇਗੀ ਦਿੱਤੀ ਗਈ । ਇਸੇ ਸੰਦਰਭ 'ਚ ਬੀਤੇ ਦਿਨੀ ਪ੍ਰੈਸ ਕਲੱਬ ਫਿਲੌਰ ਵੱਲੋਂ ਮੀਟਿੰਗ ਕਰਕੇ ਪ੍ਰਧਾਨ ਸੁਰਜੀਤ ਸਿੰਘ ਬਰਨਾਲਾ, ਜਨਰਲ ਸਕੱਤਰ ਸਰਬਜੀਤ ਸਿੰਘ ਗਿੱਲ, ਸਤਿੰਦਰ ਸ਼ਰਮਾ, ਖਜਾਨਚੀ ਅਮਰਜੀਤ ਸਿੰਘ ਮੋਨੂੰ, ਲੀਗਲ ਅਡਵਾਈਜ਼ਰ ਸ਼ੁਭਮ ਸ਼ਰਮਾ, ਹਰਜਿੰਦਰ ਕੌਰ ਚਾਹਲ, ਨਰੇਸ਼ ਸ਼ਰਮਾ, ਬੰਟੀ ਕਲੇਰ, ਪ੍ਰਭਪਾਲ, ਸੁਰਿੰਦਰ ਸਿੰਘ, ਆਦਿ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਰਾਜ ਗੀਤਕਾਰ ਚੰਨ ਗੁਰਾਇਆ ਵਾਲਿਆਂ ਦੀ ਯਾਦ ਵਿੱਚ ਮਿਊਜ਼ੀਅਮ ਬਣਾਇਆ ਜਾਵੇ ਤਾਂ ਜੋ ਰਹਿੰਦੀ ਦੁਨੀਆ ਤੱਕ ਲੋਕ ਉਨ੍ਹਾਂ ਨੂੰ ਯਾਦ ਰੱਖਣਗੇ ।



# ਬੀ ਕੇ ਯੂ ਨੇ ਕੋਆਪ੍ਰੇਟਿਵ ਬੈਂਕ ਦੇ ਉੱਚ ਅਧਿਕਾਰੀਆਂ ਨੂੰ ਦਿੱਤਾ ਮੰਗ ਪੱਤਰ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜ਼ਿਲ੍ਹਾ ਜਲੰਧਰ ਦੇ ਜਿਲ੍ਹਾ ਪ੍ਰਧਾਨ ਅਮਰੀਕ ਸਿੰਘ ਭਾਗਸਿੰਗਪੁਰ ਦੀ ਅਗਵਾਈ ਵਿਚ ਕੋਆਪ੍ਰਟਿਵ ਬੈਂਕ ਦੇ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਦਿੱਤਾ ਗਿਆ ਜਿਸ ਵਿਚ ਹੇਠ ਲਿਖੇ ਮੁੱਦੇ ਸ਼ਾਮਿਲ ਸਨ ।ਆਪ ਜੀ ਵੱਲੋਂ ਪਿਛਲੇ ਮਹੀਨੇ ਅੱਜ ਦੇ ਹਾਲਾਤ ਅਨੁਸਾਰ ਮਹਿੰਗਾਈ ਨੂੰ ਧਿਆਨ ਵਿੱਚ ਰੱਖਦਿਆਂ ਕੋਆਪਰੇਟਿਵ ਸੁਸਾਇਟੀਆਂ ਨਾਲ ਜੁੜੇ ਕਿਸਾਨਾਂ ਲਈ ਪ੍ਰਤੀ ਏਕੜ ਜੋ ਹੱਦ ਕਰਜ਼ੇ ਦੀ ਰਾਸ਼ੀ ਵਿੱਚ ਜੋ ਵਾਧਾ ਕੀਤਾ ਗਿਆ ਸੀ ਉਹ ਇੱਕ ਸ਼ਲਾਘਾਯੋਗ ਉਪਰਾਲਾ ਸੀ ਲੇਕਿਨ ਕੁੱਝ ਸਮੇਂ ਬਾਅਦ ਹੀ ਇਸ ਵਾਧੇ ਨੂੰ ਵਾਪਸ ਲੈਣਾ ਕਿਸਾਨਾਂ ਲਈ ਇੱਕ ਮੰਦਭਾਗਾ ਵਰਤਾਰਾ ਹੋ ਨਿਬੜਿਆ।ਇਸ ਲਈ ਜਥੇਬੰਦੀ ਮੰਗ ਕਰਦੀ ਹੈ ਕਿ ਆਪ ਜੀ ਵੱਲੋਂ ਇਸ ਵਾਧੇ ਨੂੰ ਦੁਵਾਰਾ ਲਾਗੂ ਕਰਕੇ ਕਿਸਾਨਾਂ ਦਾ ਕੋਆਪਰੇਟਿਵ ਸੁਸਾਇਟੀਆਂ ਅਤੇ ਕੋਆਪਰੇਟਿਵ ਬੈਂਕਾਂ ਨਾਲ ਲੈਣ ਦੇਣ ਤੁਰੰਤ ਚਾਲੂ ਕਰਵਾਇਆ ਜਾਵੇ। ਇਸ ਮੌਕੇ 'ਤੇ ਕਮਲਜੀਤ ਸਿੰਘ ਜਿਲ੍ਹਾ ਜਰਨਲ ਸਕੱਤਰ, ਬਾਬਾ ਪਲਵਿੰਦਰ ਸਿੰਘ ਜਰਨਲ ਸਕੱਤਰ ਬਲਾਕ ਮਹਿਤਪੁਰ, ਸਰਦੂਲ ਸਿੰਘ ਮਹਿਤਪੁਰ ਮੀਤ ਪ੍ਰਧਾਨ , ਬੂਟਾ ਸਿੰਘ ਅਟਵਾਲ ਬਲਾਕ ਪ੍ਰਧਾਨ ਨੂਰਮਹਿਲ, ਬਲਵਿੰਦਰਪਾਲ ਮੀਤ ਪ੍ਰਧਾਨ ਬਲਾਕ ਨੂਰਮਹਿਲ, ਬਾਬਾ ਸਾਹਿਬ ਸਿੰਘ ਮੁੱਖ ਬੁਲਾਰਾ ਬਲਾਕ ਨੂਰਮਹਿਲ, ਰਣਜੀਤ ਸਿੰਘ ਰੰਧਾਵਾ, ਦਵਿੰਦਰ ਸਿੰਘ,ਜਸਬੀਰ ਸਿੰਘ, ਧਨਜੀਤ ਸਿੰਘ ਵਾਈਸ ਪ੍ਰਧਾਨ ਬਲਾਕ ਭੋਗਪੁਰ, ਸਤਬੀਰ ਸਿੰਘ, ਕੁਲਵਿੰਦਰ ਸਿੰਘ, ਸਤਨਾਮ ਸਿੰਘ ਆਦਿ ਸ਼ਾਮਿਲ ਸਨ।

# ਪੰਜਾਬੀ ਰੰਗਮੰਚ ਦੇ ਖੇਤਰ 'ਚ ਸਰਘੀ ਕਲਾ ਕੇਂਦਰ 36ਵੇਂ ਸਾਲ 'ਚ ਹੋਇਆ ਦਾਖਲ : ਰੰਜੀਵਨ ਸਿੰਘ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬੀ ਰੰਗਮੰਚ ਦੇ ਖੇਤਰ ਵਿਚ ਨਾਟਕਕਾਰ ਤੇ ਨਾਟ-ਨਿਰਦੇਸ਼ਕ ਸੰਜੀਵਨ ਸਿੰਘ ਦੀ ਰਹਿਨੁਮਾਈ ਹੇਠ ਕਾਰਜਸ਼ੀਲ ਸਰਘੀ ਕਲਾ ਕੇਂਦਰ ਨੇ ਆਪਣੇ ਸਫਰ ਦੇ 35 ਸਾਲ ਮੁਕੰਮਲ ਕਰਕੇ 36ਵੇਂ ਸਾਲ ਵਿਚ ਪ੍ਰਵੇਸ਼ ਕਰ ਲਿਆ ਹੈ। ਕੇਂਦਰ ਦੇ ਮੁੱਢਲੇ ਸਰਪ੍ਰਸਤ ਪੰਜਾਬੀ ਲੇਖਕ ਸੰਤੋਖ ਸਿੰਘ ਧੀਰ, ਇਪਟਾ ਪੰਜਾਬ ਦੇ ਬਾਨੀ ਨਾਟਕਰਮੀ ਤੇਰਾ ਸਿੰਘ ਚੰਨ ਤੇ ਗੁਰਸ਼ਰਨ ਭਾਅ ਜੀ (ਸਾਰੇ ਸਵਰਗੀ) ਸਨ ਤੇ ਹੁਣ ਸੀਨੀਅਰ ਐਡਵੋਕੇਟ ਰਾਜਿੰਦਰ ਸਿੰਘ ਚੀਮਾ, ਅਸ਼ੋਕ ਸਿੰਗਲਾ ਤੇ ਹਰਨੇਕ ਸਿੰਘ ਘੜੂੰਆਂ ਸਰਪ੍ਰਸਤ ਹਨ। ਇਹ ਜਾਣਕਾਰੀ ਸਰਘੀ ਕਲਾ ਕੇਂਦਰ ਦੇ ਜਨਰਲ ਸਕੱਤਰ ਕੁੱਕੂ ਦੀਵਾਨ ਅਤੇ ਪ੍ਰਚਾਰ ਸਕੱਤਰ ਰੰਜੀਵਨ ਸਿੰਘ ਨੇ ਦਿੰਦੇ ਦੱਸਿਆ ਕਿ ਸਰਘੀ ਕਲਾ ਕੇਂਦਰ ਪਿਛਲੇ 35 ਸਾਲਾਂ ਵਿੱਚ ਸ੍ਰ. ਗੁਰਬਖ਼ਸ਼ ਸਿੰਘ ਪ੍ਰੀਤਲੜੀ, ਸੰਤੋਖ ਸਿੰਘ ਧੀਰ, ਡਾ. ਹਰਚਰਨ ਸਿੰਘ, ਮੁਨਸ਼ੀ ਪ੍ਰੇਮ ਚੰਦ, ਗਰੀਕ ਲੇਖਕ ਨਿਕੋਸ ਕਜ਼ਾਨਜ਼ਾਕਿਸ ਦੀਆਂ ਲਿਖਤਾਂ ਤੋਂ ਪ੍ਰਭਾਵਿਤ ਲੋਕ-ਮਸਲਿਆਂ ਤੇ ਸਮਾਜਿਕ ਸਰੋਕਾਰਾਂ ਦਾ ਜ਼ਿਕਰ ਤੇ ਫ਼ਿਕਰ ਕਰਦੇ ਸੰਜੀਵਨ ਸਿੰਘ ਦੇ ਲਿਖੇ ਤੇ ਨਿਰਦੇਸ਼ਤ ਦੋ ਦਰਜਨ ਦੇ ਕਰੀਬ ਨਾਟਕਾਂ ਦਾ ਦੇਸ਼-ਵਿਦੇਸ਼ ਵਿਚ ਅਨੇਕਾਂ ਮੰਚਣ ਕਰਨ ਤੋਂ ਇਲਾਵਾ ਪੰਜਾਬੀ ਟੈਲੀ-ਫਿਲਮ 'ਦਫਤਰ' ਦਾ ਨਿਰਮਾਣ ਵੀ ਕਰ ਚੁੱਕਾ ਹੈ। ਜ਼ਿਕਰਯੋਗ ਹੈ ਕਿ ਕੇਂਦਰ ਨਾਲ ਹੁਣ ਤੱਕ ਅੰਗਰੇਜ਼ ਫਿਲਮ ਸਮੇਤ ਕਈ ਮਸ਼ਹੂਰ ਫਿਲਮਾਂ ਦੇ ਸੰਗੀਤਕਾਰ ਜਤਿੰਦਰ ਸ਼ਾਹ ਤੋਂ ਇਲਾਵਾ ਰੰਗਮੰਚ ਤੇ ਨਾਮਵਰ ਫਿਲਮੀ ਅਦਾਕਾਰ ਨਰਿੰਦਰਪਾਲ ਸਿੰਘ ਨੀਨਾ, ਰੰਜੀਵਨ ਸਿੰਘ, ਕੁੱਕੂ ਦੀਵਾਨ, ਡਾ. ਸਾਹਿਬ ਸਿੰਘ, ਹਰਜੀਤ ਕੈਂਥ, ਰਮਨਦੀਪ ਢਿੱਲੋਂ, ਏਕਤਾ ਬੀ.ਪੀ ਸਿੰਘ, ਸੈਵੀ ਸਤਿੰਦਰ ਕੌਰ, ਡਾ. ਅਮਨ ਭੋਗਲ, ਅਨੀਤਾ ਸਬਦੀਸ਼, ਰਾਜਿੰਦਰ ਰੋਜ਼ੀ, ਜੈ ਸਿੰਘ ਛਿੱਬਰ, ਜਸਬੀਰ ਢਿੱਲੋਂ, ਸ਼ਿਖਾ ਭਾਟੀਆ (ਅਸਟਰੇਲੀਆ) ਸਮੇਤ 300 ਦੇ ਕਰੀਬ ਰੰਗਕਰਮੀ ਸਮੇਂ ਸਮੇਂ ਮੰਚ ਉੱਤੇ ਅਤੇ ਮੰਚ ਪਿੱਛੇ ਆਪਣਾ ਮੱਹਤਵਪੂਰਣ ਯੋਗਦਾਨ ਪਾ ਚੁੱਕੇ ਹਨ।



## ਸਰਹਿੰਦ ਫਤਹਿ ਦਿਵਸ ਦੀ ਖੁਸ਼ੀ 'ਚ ਗੁਰਮਤਿ ਸਮਾਗਮ ਕਰਵਾਇਆ

**ਮੁਹਾਲੀ (ਗੁਰਜੀਤ ਬਿੱਲਾ)** ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ 316 ਵੇਂ ਸਰਹਿੰਦ ਫਤਹਿ ਦਿਵਸ ਦੀ ਖੁਸ਼ੀ ਵਿੱਚ ਵਿਸ਼ੇਸ਼ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਗੁਰਮਤਿ ਸਮਾਗਮ ਕਰਵਾਇਆ ਗਿਆ । ਇਸ ਗੁਰਮਤਿ ਸਮਾਗਮ ਵਿੱਚ ਭਾਈ ਪ੍ਰੇਮ ਸਿੰਘ ਦੇ ਇੰਟਰਨੇਸ਼ਨਲ ਢਾਡੀ ਜੱਥੇ ਨੇ ਬਾਬਾ ਬੰਦਾ ਸਿੰਘ ਬਹਾਦਰ ਦੁਆਰਾ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਦਾ ਬਦਲਾ ਲੈਂਦੇ ਹੋਏ ਸੰਨ 1710 ਈ: ਵਿੱਚ ਵਜੀਰ ਖਾਨ ਨੂੰ ਮਾਰ ਕੇ, ਸਰਹੰਦ ਦੀ ਇੱਟ ਨਾਲ ਇੱਟ ਖੜਕਾ ਕੇ ਫਤਹਿ ਕਰਨ ਦਾ ਪੂਰਾ ਪ੍ਰਸੰਗ ਸੰਗਤਾਂ ਨੂੰ ਵਿਸਥਾਰ ਨਾਲ ਸੁਣਾਇਆ। ਬੀਬੀ ਉੱਤਮਜੀਤ ਕੌਰ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਸੁਖਵਿੰਦਰ ਸਿੰਘ ਦਮਦਮੀ ਟਕਸਾਲ ਸਾਹਿਬ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਬਾਬਾ ਬੰਦਾ ਸਿੰਘ ਬਹਾਦਰ ਵਲੋਂ ਸਿੱਖ ਰਾਜ ਦੀ ਸਥਾਪਨਾ ਕਰਨ ਅਤੇ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਦੇ ਨਾਂਅ ਤੇ ਸ਼ਹਿਰ ਦਾ ਨਾਮ ਸ੍ਰੀ ਫਤਿਹਗੜ੍ਹ ਸਾਹਿਬ ਰਖੱਣ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ।ਇਸ ਤੋਂ ਇਲਾਵਾ ਬੀਬੀ ਗਗਨਦੀਪ ਕੌਰ, ਬੀਬੀ ਪਲਵਿੰਦਰ ਕੌਰ, ਮਾਤਾ ਸੁੰਦਰ ਕੌਰ ਸਰਬ ਸਾਂਝੀ ਸੇਵਾ ਸੋਸਾਇਟੀ ਦੀਆਂ ਬੀਬੀਆਂ, ਭਾਈ ਕਰਨਵੀਰ ਸਿੰਘ ਜੀ, ਭਾਈ ਸਰੂਪ ਸਿੰਘ ਜੀ, ਹਰਜੱਸ ਕੀਰਤਨੀ ਜੱਥਾ, ਭਾਈ ਕੁਲਦੀਪ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਨੇ ਕਥਾ-ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਦਿਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ ।ਇਸ ਸਾਰੇ ਸਮਾਗਮ ਦਾ ਯੂਟਿਊਬ ਤੇ ਫੈਸਬੁੱਕ ਤੇ ਸਿੱਧਾ ਪ੍ਰਸਾਰਣ ਕੀਤਾ ਗਿਆ।ਗੁਰੂ ਕਾ ਲੰਗਰ ਸੰਗਤਾਂ ਨੂੰ ਸਾਰਾ ਦਿਨ ਅਟੁੱਟ ਵਰਤਾਇਆ ਗਿਆ ।



# 'ਸੀ ਟੀ ਸਪਾਰਕਟੈਂਕ 2026' ਰਾਹੀਂ ਖੇਤਰੀ ਨਵੀਂ ਸੋਚ ਨੂੰ ਮਿਲੀ ਪ੍ਰੇਰਨਾ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਪਬਲਿਕ ਸਕੂਲ ਨੇ ਖੇਤਰੀ ਸਿੱਖਿਆ ਖੇਤਰ ਵਿੱਚ ਇੱਕ ਮਹੱਤਵਪੂਰਨ ਉਪਲਬਧੀ ਹਾਸਲ ਕਰਦਿਆਂ ਸੀ ਟੀ ਸਪਾਰਕਟੈਂਕ 2026 ਵਿਚਾਰ ਤੋਂ ਉਦਯਮ ਤੱਕ ਅੰਤਰ-ਸਕੂਲੀ ਨਵਚੇਤਨਾ ਤੇ ਉੱਦਮਤਾ ਮੁਕਾਬਲੇ ਦਾ ਸਫਲ ਆਯੋਜਨ ਕੀਤਾ। ਇਸ ਪ੍ਰਸਿੱਧ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਵਿਗਿਆਨਕ ਸੋਚ ਤੇ ਨੇਤ੍ਰਿਤਵ ਗੁਣਾਂ ਦਾ ਵਿਕਾਸ ਕਰਨਾ ਸੀ। ਇਸ ਮੰਚ ਨੇ ਵਿਦਿਆਰਥੀਆਂ ਨੂੰ ਆਪਣੇ ਉਦਯੋਗਿਕ ਵਿਚਾਰ ਪੇਸ਼ ਕਰਨ ਦਾ ਮੌਕਾ ਦਿੱਤਾ, ਜਿਸ ਨਾਲ ਸਿਧਾਂਤਕ ਸਿੱਖਿਆ ਅਤੇ ਅਸਲੀ ਜੀਵਨ ਦੇ ਤਜਰਬੇ ਵਿਚਕਾਰ ਦੀ ਖਾਈ ਘੱਟ ਹੋਈ।ਪ੍ਰੋਗਰਾਮ ਦੀ ਸ਼ੁਰੂਆਤ ਰਵਾਇਤੀ ਦੀਪ ਪ੍ਰਜਵਲਨ ਅਤੇ ਗਣੇਸ਼ ਵੰਦਨਾ ਨਾਲ ਹੋਈ, ਜਿਸ ਨਾਲ ਮਾਹੌਲ ਪ੍ਰੇਰਨਾਦਾਇਕ ਬਣ ਗਿਆ। ਇਸ ਮੌਕੇ ਮੁੱਖ ਮਹਿਮਾਨ ਅਸ਼ੋਕ ਸੇਠੀ ਅਤੇ ਸੁਸ਼੍ਰੀ ਦਿਵਿਆ ਦੀ ਵਿਸ਼ੇਸ਼ ਹਾਜ਼ਰੀ ਰਹੀ। ਵਿਸ਼ੇਸ਼ ਮਹਿਮਾਨਾਂ ਵਿੱਚ ਡਾ. ਮ੍ਰਿਗੇਂਦਰ ਸਿੰਘ ਬੇਦੀ, ਡਾ. ਆਸ਼ੀਸ਼ ਅਰੋੜਾ, ਡਾ. ਸਕੱਤਰ ਸਿੰਘ ਅਤੇ ਅਭਿਯੰਤਾ ਸਿਧਾਂਤ ਰਾਕੇਸ਼ ਸ਼ਾਮਲ ਸਨ। ਡਾ. ਬੇਦੀ ਅਤੇ ਡਾ. ਅਰੋੜਾ ਦੇ ਪ੍ਰੇਰਕ ਸੰਬੋਧਨਾਂ ਨੇ ਵਿਸ਼ਵ ਪੱਧਰੀ ਨਵੇਂ ਉੱਦਮ ਮੌਕਿਆਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਡਾ. ਅਨੁਰਾਗ ਸ਼ਰਮਾ ਅਤੇ ਡਾ. ਅਨੂ ਅਰੋੜਾ ਦੀ ਹਾਜ਼ਰੀ ਨੇ ਸਮਾਗਮ ਦੀ ਸ਼ੋਭਾ ਹੋਰ ਵਧਾ ਦਿੱਤੀ। ਸਕੂਲ ਦੀ ਮੁੱਖ ਅਧਿਆਪਿਕਾ ਮਨਿਸ਼ਾ ਬਸਨੇਤ ਨੇ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਧੁਨਿਕ ਯੁੱਗ ਵਿੱਚ ਨਵਚੇਤਨਾ ਅਧਾਰਿਤ ਸਿੱਖਿਆ ਬਹੁਤ ਜ਼ਰੂਰੀ ਹੈ। ਕਿੰਡਰਗਾਰਟਨ ਸਮਨਵਯਕ ਸੁਮਨ ਭੱਲਾ ਨੇ ਆਯੋਜਕ ਟੀਮ ਅਤੇ ਭਾਗ ਲੈਣ ਵਾਲੇ ਸਕੂਲਾਂ ਦੀ ਪ੍ਰਸ਼ੰਸਾ ਕੀਤੀ। ਪ੍ਰੋਗਰਾਮ ਦਾ ਮੁੱਖ ਆਕਰਸ਼ਣ ਵਿਚਾਰ ਪ੍ਰਸਤੁਤੀ ਮੁਕਾਬਲਾ ਅਤੇ ਪ੍ਰਦਰਸ਼ਨੀ ਰਿਹਾ, ਜਿੱਥੇ ਵਿਦਿਆਰਥੀਆਂ ਨੇ ਆਪਣੇ ਵਪਾਰਕ ਮਾਡਲ ਅਤੇ ਵਿਗਿਆਨਕ ਨਮੂਨੇ ਨਿਰਣਾਇਕ ਮੰਡਲ ਅੱਗੇ ਪੇਸ਼ ਕੀਤੇ। ਇਸ ਤੋਂ ਇਲਾਵਾ ਰੁਚਿਕਰ ਖੇਡ ਗਤੀਵਿਧੀਆਂ ਅਤੇ ਯਾਂਤਰਿਕ ਨ੍ਰਿਤ ਪ੍ਰਸਤੁਤੀ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਸਨਮਾਨ ਹਾਸਲ ਕੀਤੇ।



# 650ਵੀਂ ਜਨਮ ਸ਼ਤਾਬਦੀ ਮਨਾਉਣ ਤੋਂ ਪਹਿਲਾਂ ਸਰਕਾਰ ਖੁਰਾਲਗੜ੍ਹ ਸਾਹਿਬ ਦੀਆਂ ਸੜਕਾਂ ਬਣਾਵੇ : ਸੰਤ ਸਰਵਣ ਦਾਸ, ਸੰਤ ਸਤਵਿੰਦਰ ਹੀਰਾ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਇਤਿਹਾਸਕ ਅਸਥਾਨ ਸ੍ਰੀ ਚਰਨਛੋਹ ਗੰਗਾ ਅਤੇ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਦਰਸ਼ਨਾਂ ਲਈ ਹਰ ਸਾਲ ਲੱਖਾਂ ਸ਼ਰਧਾਲੂ ਆਉਂਦੇ ਹਨ, ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਜਥੇਬੰਦੀਆਂ ਵੱਲੋਂ ਜਿਥੇ ਸ੍ਰੀ ਖੁਰਾਲਗੜ੍ਹ ਸਾਹਿਬ ਨੂੰ ਸ਼ਰਾਬ ਦੇ ਠੇਕੇ ਬੰਦ ਕਰਕੇ ਨਸ਼ਿਆਂ ਤੋਂ ਰਹਿਤ ਕਰਕੇ ਪਵਿੱਤਰ ਅਸਥਾਨ ਐਲਾਨ ਕਰਨ ਦੀ ਮੰਗ ਪਿਛਲੇ ਸਮੇਂ ਤੋਂ ਉੱਠਦੀ ਆ ਰਹੀ ਹੈ ਓਥੇ ਹੀ ਇਥੋਂ ਦੀਆਂ ਸੜਕਾਂ ਜੋ ਰੋਜ਼ਾਨਾ ਆਉਣ ਵਾਲੀਆਂ ਸੰਗਤਾਂ ਲਈ ਵੱਡੀ ਪ੍ਰੇਸ਼ਾਨੀ ਪੈਦਾ ਕਰ ਰਹੀਆਂ ਹਨ ਬਲਕਿ ਆਏ ਦਿਨ ਦੁਰਘਟਨਾਵਾਂ ਨੂੰ ਜਨਮ ਦੇ ਕੇ ਅਜਾਈਂ ਮੌਤਾਂ ਦਾ ਕਾਰਨ ਵੀ ਬਣ ਰਹੀਆਂ ਹਨ। ਪੰਜਾਬ ਸਰਕਾਰ ਦਾ ਧਿਆਨ ਇਸ ਪਾਸੇ ਕੇਂਦਰਤ ਕਰਨ ਲਈ ਆਦਿ ਧਰਮ ਸਾਧੂ ਸਮਾਜ ਦੇ ਰਾਸ਼ਟਰੀ ਪ੍ਰਧਾਨ ਸੰਤ ਸਰਵਣ ਦਾਸ ਲੁਧਿਆਣਾ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਰਜਿ.ਭਾਰਤ, ਮੁੱਖ ਸੇਵਾਦਾਰ ਸ੍ਰੀ ਚਰਨਛੋਹ ਗੰਗਾ ਸੱਚਖੰਡ ਬੇਗਮਪੁਰਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਡਿਪਟੀ ਸਪੀਕਰ ਜੈ ਕਿਸ਼ਨ ਰੌੜੀ ਅਤੇ ਸੈਰ ਸਪਾਟਾ ਅਤੇ ਸਭਿਆਚਾਰ ਮਾਮਲਿਆਂ ਦੇ ਸਲਾਹਕਾਰ ਕੈਬਨਿਟ ਮੰਤਰੀ ਦੀਪਕ ਬਾਲੀ ਨੂੰ ਵਿਸ਼ੇਸ਼ ਤੌਰ ਤੇ ਬੇਨਤੀ ਕੀਤੀ ਹੈ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੀਂ ਜਨਮ ਸ਼ਤਾਬਦੀ ਮਨਾਉਣ ਤੋਂ ਪਹਿਲਾਂ ਸਰਕਾਰ ਸ੍ਰੀ ਖੁਰਾਲਗੜ੍ਹ ਸਾਹਿਬ ਦੀਆਂ ਸੜਕਾਂ ਬਣਾਵੇ। ਇਨਾਂ ਸੰਤਾਂ ਮਹਾਂਪੁਰਸ਼ਾਂ ਨੇ ਕਿਹਾ ਕਿ ਸ੍ਰੀ ਬੇਗਮਪੁਰਾ ਚੌਂਕ ਤੋਂ ਖੁਰਾਲੀ ਤੱਕ ਸੜਕ ਨੂੰ ਚਾਰ ਮਾਰਗੀ ਕਰਕੇ ਘਟੋ ਘਟ 100 ਫੁੱਟ ਚੌੜਾ ਕੀਤਾ ਜਾਵੇ ਤੇ ਉਤਰਾਈ ਉਤਰਦੇ ਖੱਡ ਵਾਲੇ ਪਾਸੇ 20 ਫੁੱਟ ਉੱਚੇ ਗਾਡਰ ਲਗਾਏ ਜਾਣ। ਉਨਾਂ ਕਿਹਾ ਇਸ ਸੜਕ ਤੇ ਹੁਣ ਤੱਕ ਦੁਘਟਨਾਵਾਂ ਵਿੱਚ ਕਈ ਸ਼ਰਧਾਲੂਆਂ ਦੀਆਂ ਕੀਮਤੀ ਜਾਨਾਂ ਅਜਾਈਂ ਜਾ ਚੁੱਕੀਆਂ ਹਨ,ਇਨਾਂ ਨੂੰ ਰੋਕਣ ਲਈ ਇਸ ਉੱਚੀ ਚੜਾਈ ਨੂੰ ਘੱਟ ਕਰਕੇ ਸਹੀ ਲੈਬਲ ਤੇ ਕੀਤਾ ਜਾਵੇ। ਉਨਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਖਤਰਨਾਕ ਰੋਡ ਨੂੰ ਵੱਡੀਆਂ ਗੱਡੀਆਂ ਲਈ ਬੰਦ ਕੀਤਾ ਜਾਵੇ ਅਤੇ ਟਰੈਫਿਕ ਪੁਲਿਸ ਦੀ ਨਿਗਰਾਨੀ ਲਈ ਪੱਕੀ ਡਿਊਟੀ ਲਗਾਈ ਜਾਵੇ ਤਾਂ ਦੁਰਘਟਨਾਵਾਂ ਤੋਂ ਬਚਾਅ ਹੋ ਸਕੇ।



## ਪ ਸ ਸ ਫ ਵੱਲੋਂ ਸਫਾਈ ਸੇਵਕਾਂ ਦੀ ਹੜਤਾਲ ਦਾ ਸਮਰਥਨ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਬਿਆਨ ਰਾਹੀਂ ਮਿਊਂਸੀਪਲ ਕਮੇਟੀ ਦੇ ਮੁਲਾਜ਼ਮਾਂ ਵਲੋਂ ਸੂਬੇ ਭਰ ਵਿੱਚ ਆਪਣੀਆਂ ਮੰਗਾਂ ਸਬੰਧੀ ਕੀਤੀ ਗਈ ਹੜਤਾਲ ਦਾ ਸਮਰਥਨ ਕਰਦਿਆਂ ਕਿਹਾ ਹੈ ਕਿ ਪ ਸ ਸ ਫ ਵਲੋਂ ਇਹਨਾਂ ਕਾਮਿਆਂ ਦੀ ਹੜਤਾਲ ਪੂਰੀ ਤਰ੍ਹਾਂ ਜਾਇਜ਼ ਹੈ। ਜੱਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਕਰਮਜੀਤ ਸਿੰਘ ਬੀਹਲਾ, ਮੱਖਣ ਸਿੰਘ ਵਾਹਿਦਪੁਰੀ, ਸੁਖਵਿੰਦਰ ਸਿੰਘ ਚਾਹਲ, ਹਰਮਨਪ੍ਰੀਤ ਕੌਰ ਗਿੱਲ ਨੇ ਕਿਹਾ ਹੈ ਕਿ ਜ਼ਿਲ੍ਹੇ ਦੇ ਸਮੂਹ ਮੁਲਾਜ਼ਮ ਵਰਗ ਨੂੰ ਇਹਨਾਂ ਕਾਮਿਆਂ ਦੀ ਹੜਤਾਲ ਦਾ ਭਰਪੂਰ ਸਮਰਥਨ ਕਰਨ ਲਈ ਸਫਾਈ ਸੇਵਕਾਂ ਦੀਆਂ ਜੱਥੇਬੰਦੀਆਂ ਵਲੋਂ ਸੂਬੇ ਦੇ ਵੱਖ ਵੱਖ ਸਥਾਨਾ ਤੇ ਕੀਤੇ ਜਾ ਰਹੇ ਐਕਸ਼ਨਾਂ ਵਿੱਚ ਭਰਵੀਂ ਸ਼ਮੂਲੀਅਤ ਦੀ ਅਪੀਲ ਕੀਤੀ ਹੈ।ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਗੁਰਬਿੰਦਰ ਸਿੰਘ, ਕੁਲਦੀਪ ਦੌੜਕਾ, ਕਿਸ਼ੋਰ ਚੰਦ ਗਾਜ, ਅਮਿਲ ਕੁਮਾਰ, ਰਜੇਸ਼ ਕੁਮਾਰ ਅਮਲੋਹ, ਮਾਲਵਿੰਦਰ ਸਿੰਘ, ਗੁਰਦੇਵ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਮਕੀਮਪੁਰ, ਬੋਬਿੰਦਰ ਸਿੰਘ, ਜਸਵਿੰਦਰ ਸਿੰਘ, ਗੁਰਪ੍ਰੀਤ ਰੰਗੀਲਪੁਰ, ਬਲਵਿੰਦਰ ਭੁੱਟੋ, ਸਿਮਰਜੀਤ ਬਰਾੜ, ਮਨੋਹਰ ਲਾਲ ਸ਼ਰਮਾ, ਸੁਭਾਸ਼ ਚੰਦਰ, ਪ੍ਰੇਮ ਚੰਦ ਆਜ਼ਾਦ, ਸਰਬਜੀਤ ਸਿੰਘ ਪੱਟੀ, ਕੁਲਦੀਪ ਵਾਲੀਆ, ਚਮਕੌਰ ਸਿੰਘ ਨਾਭਾ, ਇੰਦਰਜੀਤ ਵਿਰਦੀ, ਮੋਹਣ ਸਿੰਘ ਪੂਨੀਆ, ਜਸਵੀਰ ਸਿੰਘ ਸ਼ੀਰਾ, ਲਖਵਿੰਦਰ ਸਿੰਘ ਖਾਨਪੁਰ, ਰਜਿੰਦਰ ਸਿੰਘ ਰਿਆੜ, ਜਤਿੰਦਰ ਕੁਮਾਰ, ਹਰਨੇਕ ਸਿੰਘ ਗਹਿਰੀ, ਦਰਸ਼ਣ ਚੀਮਾ, ਜਗਦੀਪ ਸਿੰਘ ਮਾਂਗਟ, ਫੁੰਮਣ ਸਿੰਘ ਕਾਠਗੜ੍ਹ, ਬਲਜਿੰਦਰ ਸਿੰਘ ਆਦਿ ਆਗੂ ਵੀ ਹਾਜ਼ਰ ਸਨ।



# ਮਹਿੰਗਾਈ, ਰਸੋਈ ਗੈਸ ਦੀਆਂ ਕੀਮਤਾਂ 'ਚ ਵਾਧੇ ਵਿਰੁੱਧ ਰੋਸ ਪ੍ਰਦਰਸ਼ਨ 18 ਨੂੰ : ਪਾਸਲਾ, ਜਾਮਾਰਾਏ

**ਜਲੰਧਰ (ਰਾਜੇਸ਼ ਥਾਪਾ)**-"ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਆਪਣੀਆਂ ਨਾਕਾਮੀਆਂ ਤੇ ਲੋਕ ਵਿਰੋਧੀ ਨੀਤੀਆਂ 'ਤੇ ਪਰਦਾ ਪਾਉਣ ਲਈ ਜ਼ਰੂਰੀ ਵਸਤਾਂ ਦੀ ਮਹਿੰਗਾਈ ਤੇ ਕਾਲਾਬਾਜ਼ਾਰੀ ਨੂੰ ਰੋਕਣ ਪੱਖੋਂ ਆਪਣੀ ਸਿਰੇ ਦੀ ਨਾਕਾਮੀ 'ਤੇ ਪਰਦਾ ਪਾਉਣ ਲਈ ਦੇਸ਼ ਵਾਸੀਆਂ ਨੂੰ ਭੁੱਖੇ ਰਹਿ ਕੇ ਗੁਜ਼ਾਰਾ ਕਰਨ ਦੇ ਘਟੀਆ ਮਸ਼ਵਰੇ ਦੇਣਾ ਬਹੁਤ ਹੀ ਹਾਸੋਹੀਣਾ ਤੇ ਨਿੰਦਾਜਨਕ ਹੈ।" ਇਹ ਸ਼ਬਦ ਇੱਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਅਤੇ ਪੰਜਾਬ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਕਹੇ ਹਨ।ਪਾਸਲਾ ਅਤੇ ਜਾਮਾਰਾਏ ਨੇ ਦੱਸਿਆ ਹੈ ਕਿ ਪਾਰਟੀ ਵਲੋਂ ਆਉਂਦੀ 18 ਮਈ ਨੂੰ ਮੋਦੀ ਸਰਕਾਰ ਦੀ ਨੀਤੀ-ਪਹੁੰਚ ਸਦਕਾ ਛਾਲਾਂ ਮਾਰ ਕੇ ਵਧ ਰਹੀ ਲੱਕ-ਤੋੜ ਮਹਿੰਗਾਈ, ਰਸੋਈ ਗੈਸ ਦੀਆਂ ਕੀਮਤਾਂ 'ਚ ਕੀਤੇ ਗਏ ਅਸਹਿ ਵਾਧੇ ਅਤੇ ਕਿਰਤੀ-ਕਿਸਾਨਾਂ, ਸ਼ਹਿਰੀ ਗਰੀਬਾਂ, ਮੱਧ ਵਰਗ ਤੇ ਨਿਮਨ ਮੱਧ ਵਰਗ ਅਤੇ ਹੋਰ ਮਿਹਨਤੀ ਵਰਗਾਂ ਦੀ ਰੋਜ਼ੀ-ਰੋਟੀ 'ਤੇ ਕੀਤੇ ਜਾ ਰਹੇ ਮਾਰੂ ਹੱਲਿਆਂ ਖਿਲਾਫ਼ ਸ਼ਹਿਰਾਂ-ਕਸਬਿਆਂ 'ਚ ਲੋਕਾਂ ਦੀ ਵਿਸ਼ਾਲ ਭਾਗੀਦਾਰੀ ਵਾਲੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਨਾਲ ਹੀ 19 ਤੋਂ 28 ਮਈ ਤੱਕ 'ਚੱਲੋ ਲੋਕਾਂ ਕੋਲ' ਮੁਹਿੰਮ ਛੇੜੀ ਜਾਵੇਗੀ, ਜਿਸ ਤਹਿਤ ਪਿੰਡਾਂ-ਸ਼ਹਿਰਾਂ 'ਚ ਭਰਵੇਂ ਜਨਤਕ ਇਕੱਠ ਕਰਕੇ ਆਮ ਲੋਕਾਂ ਨੂੰ ਮੋਦੀ ਸਰਕਾਰ ਦੀਆਂ ਲੋਕ-ਮਾਰੂ ਨੀਤੀਆਂ ਦੇ ਦੂਰ ਪ੍ਰਭਾਵਾਂ ਅਤੇ ਖਾੜੀ ਜੰਗ ਦੌਰਾਨ ਸਰਕਾਰ ਵਲੋਂ ਅਪਣਾਈ ਦੇਸ਼-ਵਿਰੋਧੀ, ਸਾਮਰਾਜ-ਪੱਖੀ ਪਹੁੰਚ ਸਦਕਾ ਭਾਰਤੀ ਵਸੋਂ ਦੀ ਹੋ ਰਹੀ ਦੁਰਗਤ ਅਤੇ ਦੇਸ਼ ਦੇ ਅਰਥਚਾਰੇ ਦੇ ਹੋ ਰਹੇ ਭਾਰੀ ਨੁਕਸਾਨ ਤੋਂ ਜਾਣੂੰ ਕਰਵਾਇਆ ਜਾਵੇਗਾ।ਦੋਹਾਂ ਆਗੂਆਂ ਨੇ ਦੋਸ਼ ਲਾਇਆ ਹੈ ਕਿ ਦੇਸ਼ ਦੇ ਮੁੱਖ ਚੋਣ ਕਮਿਸ਼ਨਰ, ਨਿਆਂ ਪਾਲਿਕਾ, ਪੁਲਸ ਤੇ ਨੀਮ ਫੌਜੀ ਬਲਾਂ ਨੇ ਪੱਛਮੀ ਬੰਗਾਲ ਤੇ ਆਸਾਮ ਦੀਆਂ ਵਿਧਾਨ ਸਭਾਈ ਚੋਣਾਂ 'ਚ ਸੰਘ-ਭਾਜਪਾ ਤੇ ਮੋਦੀ ਸਰਕਾਰ ਦੇ ਇਸ਼ਾਰੇ 'ਤੇ ਕੰਮ ਕਰਦਿਆਂ ਜਿਵੇਂ ਲੋਕਤੰਤਰੀ ਤੇ ਸੰਵਿਧਾਨਕ ਕਦਰਾਂ-ਕੀਮਤਾਂ ਦਾ ਘਾਣ ਕੀਤਾ ਹੈ, ਉਹ ਦੇਸ਼ ਦੇ ਭਵਿੱਖ ਲਈ ਗੰਭੀਰ ਖਤਰਿਆਂ ਦਾ ਸੂਚਕ ਹੈ।

# ਸਿਟੀ ਬੋਰਡ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਸਿਟੀ ਬੋਰਡ ਪੈਨਸ਼ਨਰਜ਼ ਐਸੋਸੀਏਸ਼ਨ, ਪੀ ਐੱਸ ਪੀ ਸੀ ਐੱਲ ਹੁਸ਼ਿਆਰਪੁਰ ਦੀ ਮਾਸਿਕ ਮੀਟਿੰਗ ਖੁਸ਼ੀ ਰਾਮ ਧੀਮਾਨ ਪ੍ਰਧਾਨ ਸਿਟੀ ਬੋਰਡ ਹੁਸ਼ਿਆਰਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਧੀਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਕਰਮਚਾਰੀ ਯੂਨੀਅਨਾਂ ਤੇ ਪੈਨਸ਼ਨਰਜ਼ ਐਸੋਸੀਏਸ਼ਨਾਂ ਨੂੰ ਮੀਟਿੰਗਾਂ ਦੀ ਇਜਾਜ਼ਤ ਨਹੀਂ ਦੇ ਰਹੀ ਹੈ। ਜੇਕਰ ਮੀਟਿੰਗਾਂ ਦੀ ਇਜਾਜ਼ਤ ਦਿੱਤੀ ਜਾਂਦੀ ਹੈ, ਤਾਂ ਉਹ ਅਕਸਰ ਮੁਲਤਵੀ ਕਰ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਨੇ ਸਰਕਾਰ ਦੀ ਇਸ ਟਾਲ-ਮਟੋਲ ਚਾਲ ਦੀ ਸਖ਼ਤ ਨਿੰਦਾ ਕੀਤੀ। ਧੀਮਾਨ ਨੇ ਕਿਹਾ ਕਿ ਜੇਕਰ ਕਰਮਚਾਰੀ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨਾਂ ਦੇ ਆਗੂਆਂ ਨਾਲ ਗੱਲਬਾਤ ਕਰਕੇ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਹੈ, ਤਾਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਨਤੀਜੇ ਭੁਗਤਣੇ ਪੈਣਗੇ। ਇਸ ਮੌਕੇ ਸਤਪਾਲ ਸਿੰਘ, ਮਹਿੰਦਰ ਸਿੰਘ, ਨਿਰਮਲ ਸਿੰਘ, ਰਾਮ ਗੋਪਾਲ ਸ਼ਰਮਾ, ਅਸ਼ਵਨੀ ਸ਼ਰਮਾ, ਬਲਵੰਤ ਸਿੰਘ, ਗੀਤ ਪਾਲ ਸਿੰਘ, ਜੈ ਦੇਵ, ਸੰਤੋਸ਼ ਕੁਮਾਰ, ਮੰਗਲ ਸਿੰਘ, ਮੰਦਰ ਸਿੰਘ, ਦੀਦਾਰ ਸਿੰਘ, ਠਾਕੁਰ ਅਵਤਾਰ ਸਿੰਘ, ਰੋਸ਼ਨ ਲਾਲ ਨੇ ਕਿਹਾ ਕਿ ਜੇਕਰ ਬਿਜਲੀ ਵਿਭਾਗ ਦੀ ਮੈਨੇਜਮੈਂਟ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਸਵੀਕਾਰ ਨਹੀਂ ਕਰਦੀ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਲਈ ਮੈਨੇਜਮੈਂਟ ਜ਼ਿੰਮੇਵਾਰ ਹੋਵੇਗੀ। ਉਹਨਾਂ ਮੰਗ ਕੀਤੀ ਕਿ 1/1/2016 ਤੋਂ ਪਹਿਲਾਂ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਉਨ੍ਹਾਂ ਦੇ ਬਕਾਏ ਇੱਕਮੁਸ਼ਤ ਦਿੱਤੇ ਜਾਣ, ਮਹਿੰਗਾਈ ਭੱਤਾ ਕੇਂਦਰ ਸਰਕਾਰ ਦੇ ਕਰਮਚਾਰੀਆਂ ਦੇ ਬਰਾਬਰ ਕੀਤਾ ਜਾਵੇ, ਮੈਡੀਕਲ ਭੱਤਾ ਵਧਾ ਕੇ 2000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ, ਮੈਡੀਕਲ ਕੈਸ਼ਲੈੱਸ ਲਾਗੂ ਕੀਤੀ ਜਾਵੇ, 1/1/2016 ਤੋਂ ਬਾਅਦ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਲੀਵ ਕੈਸਮੈਂਟ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ। ਇਸ ਤੋਂ ਇਲਾਵਾ, ਮੰਨੀਆਂ ਗਈਆਂ ਜਾਇਜ਼ ਮੰਗਾਂ ਲਾਗੂ ਕੀਤੀਆਂ ਜਾਣ।

# ਰਾਸ਼ਟਰੀ ਕ੍ਰਾਂਤੀ ਪਾਰਟੀ (ਅੰਬੇਡਕਰ) ਵੱਲੋਂ ਸ਼੍ਰੋਮਣੀ ਅਕਾਲੀ ਦਲ ਨੂੰ ਬਿਨਾਂ ਸ਼ਰਤ ਸਮਰਥਨ ਦਾ ਐਲਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਰਾਸ਼ਟਰੀ ਕ੍ਰਾਂਤੀ ਪਾਰਟੀ (ਅੰਬੇਡਕਰ) ਨੇ ਆਉਣ ਵਾਲੀਆਂ ਨਗਰ ਨਿਗਮ ਅਤੇ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਸੰਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਪਾਰਟੀ ਦੇ ਰਾਸ਼ਟਰੀ ਪ੍ਰਧਾਨ ਸਰਦਾਰ ਸ਼ਿੰਗਾਰਾ ਸਿੰਘ ਕਲਿਆਣ ਨੇ ਆਪਣੀ ਕੋਰ ਕਮੇਟੀ ਸਮੇਤ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨਾਲ ਮੁਲਾਕਾਤ ਕੀਤੀ ਅਤੇ ਪਾਰਟੀ ਨੂੰ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ। ਇਸ ਸਿਆਸੀ ਤਾਲਮੇਲ ਨੂੰ ਨੇਪਰੇ ਚਾੜ੍ਹਨ ਵਿੱਚ ਹਲਕਾ ਇੰਚਾਰਜ ਹੁਸ਼ਿਆਰਪੁਰ ਸੰਜੀਵ ਤਲਵਾੜ ਨੇ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਸ਼ਿੰਗਾਰਾ ਸਿੰਘ ਕਲਿਆਣ ਨੇ ਕਿਹਾ ਕਿ ਸਵਰਗੀ ਪ੍ਰਕਾਸ਼ ਸਿੰਘ ਬਾਦਲ ਨੇ ਅਨੁਸੂਚਿਤ ਜਾਤੀਆਂ, ਖ਼ਾਸ ਕਰਕੇ ਵਾਲਮੀਕ ਸਮਾਜ ਦੀ ਭਲਾਈ ਲਈ ਜੋ ਇਤਿਹਾਸਕ ਕਾਰਜ ਕੀਤੇ ਹਨ, ਉਹਨਾਂ ਦਾ ਦੇਣ ਵਾਲਮੀਕ ਸਮਾਜ ਕਦੇ ਨਹੀਂ ਮੋੜ ਸਕਦਾ। ਉਨ੍ਹਾਂ ਕਿਹਾ, 'ਅਸੀਂ ਸ਼੍ਰੋਮਣੀ ਅਕਾਲੀ ਦਲ ਨੂੰ ਸਮਰਥਨ ਦੇ ਕੇ ਸ੍ਰ. ਬਾਦਲ ਦੀਆਂ ਸੇਵਾਵਾਂ ਨੂੰ ਸਿਆਸੀ ਸ਼ਰਧਾਂਜਲੀ ਭੇਟ ਕਰ ਰਹੇ ਹਾਂ।' ਉਨ੍ਹਾਂ ਨੇ ਸੁਖਬੀਰ ਸਿੰਘ ਬਾਦਲ ਅੱਗੇ ਮੰਗ ਰੱਖੀ ਕਿ ਆਉਣ ਵਾਲੀ ਅਕਾਲੀ ਸਰਕਾਰ ਦੌਰਾਨ ਮਜ਼ਬੀ ਸਿੰਘਾਂ ਦੇ ਸਮਾਜਿਕ ਅਤੇ ਰਾਜਨੀਤਿਕ ਉਥਾਨ ਲਈ ਵਿਸ਼ੇਸ਼ ਯਤਨ ਕੀਤੇ ਜਾਣ ਤਾਂ ਜੋ ਇਹ ਪਛੜਿਆ ਸਮਾਜ ਵੀ ਮਾਣਮੱਤਾ ਸਥਾਨ ਪ੍ਰਾਪਤ ਕਰ ਸਕੇ। ਸਰਦਾਰ ਸੁਖਬੀਰ ਸਿੰਘ ਬਾਦਲ ਨੇ ਇਸ ਸਮਰਥਨ ਦਾ



ਸਵਾਗਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਸਾਰੇ ਧਰਮਾਂ ਅਤੇ ਵਰਗਾਂ ਦਾ ਸਤਿਕਾਰ ਕਰਦਾ ਆਇਆ ਹੈ। ਇਸ ਮੌਕੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ, ਰਾਜਿੰਦਰ ਅਟਵਾਲ (ਰਾਸ਼ਟਰੀ ਵਾਈਸ ਪ੍ਰਧਾਨ), ਦੀਪਕ ਘਈ (ਰਾਸ਼ਟਰੀ ਜਨਰਲ ਸਕੱਤਰ), ਵਿਕਾਸ ਹੰਸ (ਪੰਜਾਬ ਪ੍ਰਧਾਨ) ਤੇ ਰਾਸ਼ਟਰੀ ਕ੍ਰਾਂਤੀ ਪਾਰਟੀ (ਅ) ਦੀ ਕੋਰ ਕਮੇਟੀ ਦੇ ਮੈਂਬਰ ਪੰਜਾਬ ਦੇ ਦੋਆਬਾ, ਮਾਝਾ ਅਤੇ ਮਾਲਵਾ ਜ਼ੋਨਾਂ ਦੇ ਅਨੇਕਾਂ ਪ੍ਰਮੁੱਖ ਆਗੂ ਅਤੇ ਵਰਕਰ ਵੀ ਸ਼ਾਮਿਲ ਹੋਏ।

# ਨੈਸ਼ਨਲ ਟੈਕਨਾਲੋਜੀ-ਡੇ 'ਤੇ ਸੈਮੀਨਾਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਭਾਰਤ ਸਰਕਾਰ ਦੇ ਅਦਾਰੇ ਮਾਈ ਭਾਰਤ ਹੁਸ਼ਿਆਰਪੁਰ ਦੇ ਜ਼ਿਲ੍ਹਾ ਯੁਵਾ ਅਧਿਕਾਰੀ ਦੇ ਦਿਸ਼ਾ ਨਿਰਦੇਸ਼ ਉਪਰ 'ਨੈਸ਼ਨਲ ਟੈਕਨਾਲੋਜੀ ਡੇ' ਦੇ ਮੌਕੇ ਤੇ ਸਥਾਨਕ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਰੇਲਵੇ ਮੰਡੀ, ਹੁਸ਼ਿਆਰਪੁਰ ਵਿਖੇ ਇਕ ਸੈਮੀਨਾਰ ਕਰਵਾਇਆ ਗਿਆ। ਜਿਸ ਦੇ ਮੁੱਖ ਮਹਿਮਾਨ ਪ੍ਰਿੰਸੀਪਲ ਰਾਜਨ ਅਰੋੜਾ, ਵਿਸ਼ੇਸ਼ ਮਹਿਮਾਨ ਅਸ਼ੋਕ ਪੁਰੀ ਅਤੇ ਪ੍ਰੋਗਰਾਮ ਸੰਚਾਲਕ ਰਮੇਸ਼ ਕੁਮਾਰ ਸਨ। ਇਸ ਮੌਕੇ ਤੇ ਰੰਗ-ਕਰਮੀ ਅਸ਼ੋਕ ਪੁਰੀ ਨੇ ਕਿਹਾ ਕਿ "ਨੈਸ਼ਨਲ ਟੈਕਨਾਲੋਜੀ ਡੇ" ਦੀ ਮਹੱਤਤਾ ਅੱਜ ਦੇ ਯੁੱਗ ਵਿੱਚ ਹੋਰ ਵੀ ਜ਼ਿਆਦਾ ਹੋ ਗਈ ਹੈ ਜਦੋਂ ਭਾਰਤ ਦੇ ਸਵੈ-ਅਭਿਮਾਨ 1998 ਵਿੱਚ ਸਫਲਤਾ ਪੂਰਵਕ ਪੁਖਰਾਨ ਨਿਊਕਲੀਅਰ ਟੈਸਟ ਕੀਤਾ ਗਿਆ ਸੀ। ਭਾਰਤੀ ਟੈਕਨਾਲੋਜੀ ਲਈ ਹੰਸਾ-3 ਏਅਰ ਕ੍ਰਾਫਟ ਦੀ ਪਹਿਲੀ ਫਲਾਈਟ ਵੀ ਸਵੈ-ਅਭਿਮਾਨ ਦਾ ਪ੍ਰਤੀਕ ਹੈ। 2026 ਦੀਆਂ ਸੈਲੀਬ੍ਰੇਸ਼ਨਸ ਦਾ ਮੁੱਖ ਕੇਂਦਰ ਵਿਕਸਤ ਭਾਰਤ ਹੈ। ਵਿਦਿਆਰਥੀਆਂ ਵਿੱਚ ਟੈਕਨਾਲੋਜੀ ਵਿਸ਼ੇ ਨੂੰ ਸੁਚਾਰੂ ਰੂਪ ਵਿੱਚ ਵਿਚਾਰ ਚਰਚਾ ਮੈਡਮ ਸ਼ੈਲੀ ਸਿੰਗਲਾ, ਅਮਰਜੀਤ ਕੌਰ ਅਤੇ ਰੂਬਲ ਸੰਗੜ ਨੇ ਸਫਲਤਾ ਪੂਰਵਕ ਕਰਵਾਈ। ਇਸ ਮੌਕੇ ਤੇ ਵਿਦਿਆਰਥਣ ਨਿਮਰਤ, ਨਵਨੀਤ ਕੌਰ ਅਤੇ ਦਿਸ਼ਾ ਕੁਮਾਰੀ ਨੇ ਵਿਚਾਰ ਚਰਚਾ ਵਿੱਚ ਭਾਗ ਲੈਣ ਲਈ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਮੁੱਖ ਮਹਿਮਾਨ ਰਾਜਨ ਅਰੋੜਾ ਨੇ ਦੱਸਿਆ ਕਿ ਭਾਵੇਂ ਕਿ ਕੋਰੋਨਾ ਕਾਲ ਵਿੱਚ ਅਸੀਂ ਵਿਦਿਆਰਥੀਆਂ ਨੂੰ ਮੋਬਾਇਲ ਫੋਨ ਨਾਲ ਸਿੱਖਿਆ ਨਾਲ ਜੋੜੀ ਰੱਖਿਆ ਪਰ ਅੱਜ ਦੇ ਵਿਦਿਆਰਥੀਆਂ ਨੂੰ ਮੋਬਾਇਲ ਦੀ ਵਰਤੋਂ ਬਰੈਕਟਾਂ ਵਿੱਚ ਕਰਨੀ ਚਾਹੀਦੀ ਹੈ। ਉਨ੍ਹਾਂ ਆਖਿਆ ਕਿ ਜਿੱਥੇ ਇੰਟਰਨੈੱਟ ਦੁਨੀਆਂ ਦੇ ਗਿਆਨ ਨੂੰ ਸਾਡੇ ਤੱਕ ਉਪਲੱਬਧ ਕਰਵਾਉਂਦਾ ਹੈ, ਉਸ ਦੇ ਮਾੜੇ ਪ੍ਰਭਾਵਾਂ ਤੋਂ ਵੀ ਬਚਿਆ ਨਹੀ ਜਾ ਸਕਦਾ। ਇਸ ਮੌਕੇ ਤੇ ਬਹੁਰੰਗ ਕਲਾਮੰਚ ਹੁਸ਼ਿਆਰਪੁਰ ਵਲੋਂ ਮੁੱਖ ਮਹਿਮਾਨ ਰਾਜਨ ਅਰੋੜਾ ਦੇ ਨਾਲ ਮੈਡਮ ਸ਼ੈਲੀ ਸਿੰਗਲਾ, ਅਮਰਜੀਤ ਕੌਰ, ਰੂਬਲ ਸੰਗੜ ਅਤੇ ਰਮੇਸ਼ ਕੁਮਾਰ ਨੂੰ ਸਨਮਾਨਿਤ ਕੀਤਾ ਗਿਆ।ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਰਮਨ ਕੁਮਾਰ ਅਤੇ ਪਰਮਿੰਦਰ ਸਿੰਘ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ।

# ਸਿਹਤ ਕੇਂਦਰਾਂ ਤੇ ਅਧਿਕਾਰੀਆਂ ਦਾ ਸਨਮਾਨ



**ਮੁਹਾਲੀ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਦੀ ਪ੍ਰਧਾਨਗੀ ਹੇਠ ਪ੍ਰਾਇਮਰੀ ਹੈਲਥ ਸੈਂਟਰ ਘੜੂੰਆਂ ਵਿਖੇ ਇੱਕ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਹ ਪ੍ਰੋਗਰਾਮ ਬਲਾਕ ਘੜੂੰਆਂ ਦੇ ਉਨ੍ਹਾਂ ਸਿਹਤ ਕੇਂਦਰਾਂ ਦੇ ਸਟਾਫ਼ ਨੂੰ ਸਨਮਾਨਿਤ ਕਰਨ ਲਈ ਰੱਖਿਆ ਗਿਆ ਸੀ, ਜਿਨ੍ਹਾਂ ਨੇ ਕੌਮੀ ਪੱਧਰ 'ਤੇ ਨੈਸ਼ਨਲ ਕੁਆਲਿਟੀ ਐਸ਼ੋਰੈਂਸ ਸਟੈਂਡਰਡ ਪ੍ਰਮਾਣੀਕਰਨ ਹਾਸਲ ਕਰਕੇ ਮਿਆਰੀ ਸਿਹਤ ਸੇਵਾਵਾਂ ਵਿੱਚ ਮਿਸਾਲ ਕਾਇਮ ਕੀਤੀ ਹੈ।ਇਸ ਮੌਕੇ ਸਿਵਲ ਸਰਜਨ ਡਾ. ਸੰਗੀਤਾ ਜੈਨ ਨੂੰ ਉਨ੍ਹਾਂ ਦੇ ਨਿਰੰਤਰ ਸਹਿਯੋਗ ਲਈ ਯਾਦਗਾਰੀ ਚਿੰਨ੍ਹ (ਮੋਮੈਂਟੋ) ਭੇਟ ਕੀਤਾ ਗਿਆ। ਇਸ ਦੌਰਾਨ ਬਲਾਕ ਦੇ ਸਨਮਾਨਿਤ ਕੀਤੇ ਗਏ ਕੇਂਦਰਾਂ ਵਿੱਚ ਆਯੂਸ਼ਮਾਨ ਅਰੋਗਿਆ ਕੇਂਦਰ ਬੱਤਾ, ਦੇਵੀਨਗਰ,ਚੰਦੋਂ, ਨਵਾਂ ਸ਼ਹਿਰ ਬਡਾਲੀ, ਕੁਰੜੀ, ਗੜਾਂਗਾ ਸ਼ਾਮਲ ਸਨ।ਜ਼ਿਲ੍ਹਾ ਜ਼ਿਲ੍ਹਾ ਨੋਡਲ ਅਫ਼ਸਰ ਡਾ. ਰਿਤੂ, ਜ਼ਿਲ੍ਹਾ ਟੀਮ ਤੋਂ ਰੁਪਿੰਦਰ ਕੌਰ ਅਤੇ ਬਲਾਕ ਨੋਡਲ ਅਫ਼ਸਰ ਡਾ. ਹਰਦੀਪ ਕੌਰ ਨੂੰ ਵੀ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਯੋਗਦਾਨ ਲਈ ਟਰਾਫੀਆਂ ਅਤੇ ਪ੍ਰਸ਼ੰਸਾ ਪੱਤਰਾਂ ਨਾਲ ਨਿਵਾਜਿਆ ਗਿਆ। ਪ੍ਰੋਗਰਾਮ ਦੀ ਪ੍ਰਧਾਨਗੀ ਕਰਦਿਆਂ ਐੱਸ ਐੱਮ ਓ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਨੇ ਸਮੂਹ ਸਟਾਫ਼ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਯੁਸ਼ਮਾਨ ਅਰੋਗਿਆ ਕੇਂਦਰਾਂ ਦੁਆਰਾ ਇਹ ਪ੍ਰਾਪਤੀ ਸਾਂਝੇ ਯਤਨਾਂ ਦਾ ਸਿੱਟਾ ਹੈ। ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਵਿਜ਼ਨ ਤਹਿਤ ਹਰ ਪੇਂਡੂ ਖੇਤਰ ਵਿੱਚ ਇਨ੍ਹਾਂ ਕੇਂਦਰਾਂ ਰਾਹੀਂ ਵਿਸ਼ਵ-ਪੱਧਰੀ ਸਿਹਤ ਸਹੂਲਤਾਂ ਪਹੁੰਚਾਈਆਂ ਜਾ ਰਹੀਆਂ ਹਨ।ਇਸ ਸਮਾਰੋਹ ਵਿੱਚ ਮੈਡੀਕਲ ਅਫ਼ਸਰ ਡਾ. ਪਰਮਿੰਦਰ ਸਿੰਘ, ਡਾ. ਸਰੋਜ, ਡਾ. ਰਮਨ, ਬੀ.ਈ.ਈ. ਬਲਜਿੰਦਰ ਸਿੰਘ, ਸਾਹਿਲ ਸੁਖੇਰਾ, ਸਟਾਫ਼ ਨਰਸ ਅਮਨਿੰਦਰ ਕੌਰ, ਰਿਸ਼ਮਜੀਤ ਕੌਰ ਅਤੇ ਬਲਾਕ ਦੇ ਹੋਰ ਸਮੂਹ ਮੈਡੀਕਲ ਤੇ ਪੈਰਾ-ਮੈਡੀਕਲ ਸਟਾਫ਼ ਮੈਂਬਰ ਉਚੇਚੇ ਤੌਰ 'ਤੇ ਹਾਜ਼ਰ ਸਨ।

# ਵਿਧਾਇਕ ਨੇ ਵਾਰਡ ਨੰਬਰ 8 'ਚ ਸੜਕ ਦੇ ਨਿਰਮਾਣ ਕਾਰਜ ਦੀ ਕਰਵਾਈ ਸ਼ੁਰੂਆਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**

ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 8 ਵਿਚ ਕਰੀਬ 58 ਲੱਖ ਰੁਪਏ ਦੀ ਲਾਗਤ ਨਾਲ ਸਵਾ ਦੋ ਕਿਲੋਮੀਟਰ ਲੰਬੀ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਨਗਰ ਨਿਗਮ ਵਲੋਂ ਸ਼ਹਿਰ ਦੇ ਸਾਰੇ ਵਾਰਡਾਂ ਵਿਚ ਬਿਨਾ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਨੂੰ ਬੇਹਤਰ ਬੁਨਿਆਦੀ ਸੁਵਿਧਾਵਾਂ ਉਪਲਬੱਧ ਕਰਵਾਉਣਾ ਉਨ੍ਹਾਂ ਦੀ ਤਰਜੀਹ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਵਾਰਡ ਨੰਬਰ 8 ਦੇ ਵਿਕਾਸ ਲਈ ਲਗਾਤਾਰ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਦੇ ਮੌਜੂਦਾ ਕਾਰਜਕਾਲ ਦੌਰਾਨ ਇਸ ਵਾਰਡ ਵਿਚ ਹੁਣ ਤੱਕ ਲਗਭਗ ਢਾਈ ਕਰੋੜ ਰੁਪਏ ਦੀ ਰਾਸ਼ੀ ਵੱਖ-ਵੱਖ ਵਿਕਾਸ ਕੰਮਾਂ 'ਤੇ ਖਰਚ ਕੀਤੀ ਜਾ ਚੁੱਕੀ ਹੈ। ਇਸ ਵਿਚ ਸੜਕ ਨਿਰਮਾਣ, ਗਲੀਆਂ ਦੀ ਮੁਰੰਮਤ, ਸੀਵਰੇਜ ਵਿਵਸਥਾ ਅਤੇ ਹੋਰ ਲੋਕ ਹਿੱਤ ਦੇ ਕੰਮ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਵੀ ਵਾਰਡ ਦੇ ਵਿਕਾਸ ਨੂੰ ਗਤੀ ਦਿੱਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਕਿਸੇ ਪ੍ਰਕਾਰ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸ਼ਹਿਰਾਂ ਦੇ ਸਰਵਪੱਖੀ ਵਿਕਾਸ ਲਈ



ਵਚਨਬੱਧ ਹੈ ਅਤੇ ਲੋਕਾਂ ਦੀਆਂ ਸੁਵਿਧਾਵਾਂ ਨੂੰ ਧਿਆਨ ਵਿਚ ਰੱਖਦੇ ਹੋਏ ਵਿਕਾਸ ਪ੍ਰੋਜੈਕਟਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਸਥਾਨਕ ਨਿਵਾਸੀਆਂ ਨੇ ਵੀ ਸੜਕ ਨਿਰਮਾਣ ਕੰਮ ਸ਼ੁਰੂ ਹੋਣ 'ਤੇ ਵਿਧਾਇਕ ਜਿੰਪਾ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਨਾਲ ਹਲਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਕੌਂਸਲਰ ਮੁਖੀ ਰਾਮ ਸਮੇਤ ਹੋਰ ਪਤਵੰਤੇ ਵਿਅਕਤੀ ਮੌਜੂਦ ਸਨ।

# ਪੁਰਾਣੇ ਸਕੇਲ, ਪੁਰਾਣੀ ਪੈਨਸ਼ਨ ਤੇ ਭੱਤੇ ਬਹਾਲੀ ਮੋਰਚਾ 17 ਨੂੰ ਮੁੱਖ ਮੰਤਰੀ ਨਿਵਾਸ ਵੱਲ ਕਰੇਗਾ ਰੋਸ ਮਾਰਚ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਹੱਲ ਕਰਨ ਤੋਂ ਇਨਕਾਰੀ ਪੰਜਾਬ ਸਰਕਾਰ ਖ਼ਿਲਾਫ਼ ਸੰਘਰਸ਼ ਨੂੰ ਹੋਰ ਮਘਾਉਣ ਲਈ ਪੁਰਾਣੇ ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚੇ ਦੀ ਮੀਟਿੰਗ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ, ਜਨਰਲ ਸਕੱਤਰ ਬਲਜੀਤ ਸਿੰਘ ਮਹਿਮੋਵਾਲ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਡਾਨਸੀਵਾਲ, ਸੰਯੁਕਤ ਸਕੱਤਰ ਪ੍ਰਵੀਨ ਸ਼ੇਰਪੁਰ, 4161 ਮਾਸਟਰ ਕੇਡਰ ਯੂਨੀਅਨ ਦੇ ਆਗੂ ਬਲਕਾਰ ਸਿੰਘ, 5994 ਅਧਿਆਪਕ ਯੂਨੀਅਨ ਦੇ ਆਗੂ ਆਕਾਸ਼ਦੀਪ ਸਿੰਘ ਅਤੇ ਵੈਟਨਰੀ ਇੰਸਪੈਕਟਰ ਐਸੋਸ਼ੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਧੁੱਗਾ ਦੀ ਪ੍ਰਧਾਨਗੀ ਹੇਠ ਕਾਮਰੇਡ ਚੰਨਣ ਸਿੰਘ ਧੂਤ ਭਵਨ ਹੁਸ਼ਿਆਰਪੁਰ ਵਿਖੇ ਹੋਈ। ਇਸ ਸਬੰਧੀ ਮੋਰਚੇ ਦੇ ਸੂਬਾ ਆਗੂ ਮੁਕੇਸ਼ ਗੁਜਰਾਤੀ, ਇੰਦਰ ਸੁਖਦੀਪ ਸਿੰਘ ਓਢਰਾ, ਸੰਦੀਪ ਗਿੱਲ ਅਤੇ ਹਰਜੋਧ ਸਿੰਘ ਸੈਣੀ ਨੇ ਦੱਸਿਆ ਕਿ ਪੰਜਾਬ ਦੀ ਆਪ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਪ੍ਰਤੀ ਅਪਣਾਈ ਬੇਰੁਖੀ ਦਾ ਬਣਦਾ ਜਵਾਬ ਵੱਡੇ ਸੰਘਰਸ਼ਾਂ ਰਾਹੀਂ ਦਿੱਤਾ ਜਾਵੇਗਾ। ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਵਿਧਾਨ ਸਭਾ ਵਿੱਚ ਪੁਰਾਣੀ ਪੈਨਸ਼ਨ ਬਹਾਲ ਕਰਨ 'ਚ ਕਾਹਲੀ ਨਾ ਦਿਖਾਉਣ ਦੇ ਦਿੱਤੇ ਬਿਆਨ ਰਾਹੀਂ 4 ਸਾਲ ਪਹਿਲਾਂ ਆਪਣੀ ਹੀ ਸਰਕਾਰ ਦੇ ਕਾਗਜ਼ੀ ਨੋਟੀਫਿਕੇਸ਼ਨ ਨੂੰ ਲਾਗੂ ਕਰਨ ਤੋਂ ਨੰਗੇ ਚਿੱਟੇ ਰੂਪ ਵਿੱਚ ਮੁਨਕਰ ਹੋਣ ਦੀ ਵੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਪੰਜਾਬ ਸਰਕਾਰ ਨੂੰ ਮੁਲਾਜ਼ਮ ਸੰਘਰਸ਼ਾਂ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ ਦੀ ਚੇਤਾਵਨੀ ਦਿੱਤੀ ਗਈ। ਆਗੂਆਂ ਨੇ ਦੱਸਿਆ ਕਿ ਨਵੇਂ ਕੇਂਦਰੀ ਸਕੇਲਾਂ ਅਧਾਰਿਤ 17-7-2020 ਦਾ ਨੋਟੀਫਿਕੇਸ਼ਨ ਮੁੱਢੋਂ ਰੱਦ ਕਰਵਾ ਕੇ ਛੇਵੇਂ ਪੰਜਾਬ ਤਨਖਾਹ ਕਮਿਸ਼ਨ ਸਮੇਤ 15% ਵਾਧੇ ਅਨੁਸਾਰ ਤਨਖਾਹਾਂ ਫਿਕਸ ਕਰਵਾਉਣ, ਡਾ. ਸੌਰਵ ਸ਼ਰਮਾ ਤੇ ਬਾਕੀ ਸਮਾਨ ਅਦਾਲਤੀ ਕੇਸਾਂ ਵਿੱਚ ਸੇਵਾ ਨਿਯਮਾਂ ਅਨੁਸਾਰ ਸਹੀ ਅਰਥਾਂ 'ਚ ਪੰਜਾਬ ਤਨਖਾਹ ਸਕੇਲ ਲਾਗੂ ਕਰਵਾਉਣ, ਸਮੱਗਰ ਸਿੱਖਿਆ ਅਭਿਆਨ ਤੋਂ ਸਿੱਖਿਆ ਵਿਭਾਗ ਵਿੱਚ ਤਨਖਾਹ ਕਟੌਤੀ ਕਰਦੇ ਹੋਏ ਨਵੇਂ ਸਕੇਲਾਂ ਵਿੱਚ ਰੈਗੂਲਰ ਕੀਤੇ ਨਾਨ ਟੀਚਿੰਗ ਕਰਮਚਾਰੀਆਂ ਨੂੰ ਸਾਲ 2018 ਤੋਂ ਬਣਦੀ ਰੈਗੂਲਰਾਈਜੇਸ਼ਨ ਅਨੁਸਾਰ ਪੰਜਾਬ ਤਨਖਾਹ ਸਕੇਲਾਂ ਦੇ ਸਾਰੇ ਲਾਭ ਬਹਾਲ ਕਰਨ, 1-1-2004 ਤੋਂ ਬਾਅਦ ਭਰਤੀ ਮੁਲਾਜ਼ਮਾ ਉੱਪਰ ਲਾਗੂ ਕਾਰਪੋਰੇਟ ਪੱਖੀ ਨਵੀਂ ਪੈਨਸ਼ਨ ਪ੍ਰਣਾਲੀ ਰੱਦ ਕਰਕੇ ਪੁਰਾਣੀ ਪੈਨਸ਼ਨ ਪ੍ਰਣਾਲੀ ਬਹਾਲ ਕਰਵਾਉਣ ਅਤੇ ਮੁਲਾਜ਼ਮਾਂ ਦੇ ਕੱਟੇ ਹੋਏ 37 ਕਿਸਮ ਦੇ ਭੱਤੇ ਸਮੇਤ ਪੇਂਡੂ ਇਲਾਕਾ ਭੱਤਾ, ਬਾਰਡਰ ਏਰੀਆ ਭੱਤਾ, ਏ.ਸੀ.ਪੀ. ਦਾ ਲਾਭ ਅਤੇ ਪੈਂਡਿੰਗ 16% ਮਹਿੰਗਾਈ ਭੱਤਾ ਲਾਗੂ ਕਰਵਾਉਣ ਦੀ ਮੰਗ ਨੂੰ ਲੈ ਕੇ ਸੰਘਰਸ਼ਾਂ ਨੂੰ ਜਰਬਾਂ ਦੇਣ ਫੈਸਲੇ ਕੀਤੇ ਗਏ ਅਨੁਸਾਰ 17 ਮਈ ਨੂੰ ਮੋਹਾਲੀ ਵਿਖੇ ਹਜ਼ਾਰਾਂ ਮੁਲਾਜ਼ਮਾਂ ਦੀ ਸ਼ਮੂਲੀਅਤ ਕਰਵਾਉਂਦੇ ਹੋਏ ਵਿਸ਼ਾਲ ਸੂਬਾਈ ਰੈਲੀ ਕੀਤੀ ਜਾਵੇਗੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਚੰਡੀਗੜ੍ਹ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ। ਆਗੂਆਂ ਨੇ ਇਹ ਵੀ ਦੱਸਿਆ ਕਿ ਪੰਜਾਬ ਭਰ ਦੇ ਵੱਖ-ਵੱਖ ਵਿਭਾਗਾਂ ਤੇ ਅਦਾਰਿਆਂ ਦੇ ਦਫਤਰਾਂ-ਸਕੂਲਾਂ ਤੱਕ ਵਿਆਪਕ ਮੁਹਿੰਮ ਬਣਾ ਕੇ 17 ਮਈ ਦੀ ਸੂਬਾਈ ਰੈਲੀ ਅਤੇ ਮੁੱਖ ਮੰਤਰੀ ਨਿਵਾਸ ਚੰਡੀਗੜ੍ਹ ਵੱਲੋਂ ਮਾਰਚ ਲਈ ਵੱਡੀ ਲਾਮਬੰਦੀ ਕੀਤੀ ਜਾਵੇਗੀ। ਇਸ ਮੌਕੇ ਨੰਦ ਰਾਮ, ਅਸ਼ਣੀ ਕੁਮਾਰ, ਸੰਦੀਪ ਸਿੰਘ, ਡਾ. ਸੰਜੀਵ ਕਲਸੀ, ਪਰਮਜੀਤ ਭੁੰਗਾ, ਵਰਿੰਦਰ ਸੈਣੀ, ਰਜਿੰਦਰ ਹੇਜਮਾਂ, ਬਲਬੀਰ ਸਿੰਘ ਧਾਮੀ, ਰੇਸ਼ਮ ਸਿੰਘ ਧੁੱਗਾ, ਮਨਜੀਤ ਸਿੰਘ ਬਾਬਾ, ਰਮੇਸ਼ ਬੱਗਾ, ਜਰਨੈਲ ਡਘਾਮ, ਪ੍ਰਦੀਪ ਸ਼ਰਮਾ ਟਾਂਡਾ, ਰਾਜਵਿੰਦਰ ਸਿੰਘ ਬੁੱਢੀ ਪਿੰਡ ਆਦਿ ਵੀ ਹਾਜ਼ਰ ਸਨ।



# ਜ਼ਿਲ੍ਹੇ 'ਚ ਸੜਕਾਂ ਤੇ ਚੌਕਾਂ 'ਚ ਜਾਮ ਲਾਉਣ 'ਤੇ ਮੁਕੰਮਲ ਪਾਬੰਦੀ

**ਨਵਾਂਸ਼ਹਿਰ (ਮਨੋਜ ਲਾਡੀ, ਜਸਵਿੰਦਰ ਬੈਂਸ)**

ਜ਼ਿਲ੍ਹਾ ਮੈਜਿਸਟ੍ਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੀ ਹਦੂਦ ਅੰਦਰ ਕਿਸੇ ਵੀ ਯੂਨੀਅਨ/ਜਥੇਬੰਦੀ ਵੱਲੋਂ ਸੜਕਾਂ/ਚੌਕਾਂ ਵਿਚ ਟਰੈਫਿਕ ਜਾਮ ਲਗਾਉਣ 'ਤੇ ਮੁਕੰਮਲ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮਾਂ ਅਨੁਸਾਰ ਜ਼ਿਲ੍ਹੇ ਵਿੱਚ ਵੱਖ-ਵੱਖ ਜਥੇਬੰਦੀਆਂ ਅਤੇ ਯੂਨੀਅਨਾਂ ਵੱਲੋਂ ਆਪਣੀਆਂ ਮੰਗਾਂ ਦੇ ਸਬੰਧ ਵਿਚ ਰੋਸ ਪ੍ਰਦਰਸ਼ਨ/ਮੁਜ਼ਾਹਰੇ ਦੌਰਾਨ ਮੁੱਖ ਮਾਰਗ 'ਤੇ ਰਸਤਾ ਰੋਕ ਕੇ ਧਰਨੇ ਆਦਿ ਲਾਉਣ ਕਾਰਨ ਚੰਡੀਗੜ੍ਹ-ਜਲੰਧਰ-ਅੰਮ੍ਰਿਤਸਰ ਜਾਣ ਵਾਲੇ ਲੋਕਾਂ ਨੂੰ ਡਾਢੀ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ। ਅਜਿਹੀ ਸਥਿਤੀ ਵਿਚ ਮਰੀਜ਼ਾਂ ਨੂੰ ਹੰਗਾਮੀ ਹਾਲਤ ਵਿਚ ਲੈ ਕੇ ਜਾਣ ਵਾਲੀਆਂ ਐਂਬੂਲੈਂਸਾਂ ਨੂੰ ਰਸਤਾ ਨਾ ਮਿਲਣ ਕਾਰਨ, ਮਰੀਜ਼ਾਂ ਅਤੇ ਉਨ੍ਹਾਂ ਦੇ ਵਾਰਸਾਂ ਨੂੰ ਹੁੰਦੀ ਪ੍ਰੇਸ਼ਾਨੀ ਦੇ ਮੱਦੇਨਜ਼ਰ ਪਾਬੰਦੀ ਦੇ ਹੁਕਮ ਜਾਰੀ ਕੀਤੇ ਗਏ ਹਨ।ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਰੋਸ ਧਰਨਿਆਂ ਵਾਸਤੇ ਜ਼ਿਲ੍ਹੇ ਦੀਆਂ ਤਿੰਨਾਂ ਸਬ ਡਵੀਜ਼ਨਾਂ ਵਿਚ ਸਥਾਨ ਨਿਰਧਾਰਤ ਕੀਤੇ ਗਏ ਹਨ ਅਤੇ ਕੋਈ ਵੀ ਜਥੇਬੰਦੀ/ਯੂਨੀਅਨ ਇਨ੍ਹਾਂ ਸਥਾਨਾਂ 'ਤੇ ਸਥਾਨਕ ਪ੍ਰਸ਼ਾਸਨ ਦੀ ਅਗਾਊਂ ਮਨਜ਼ੂਰੀ ਤੋਂ ਬਿਨਾਂ ਰੋਸ ਪ੍ਰਦਰਸ਼ਨ ਨਹੀਂ ਕਰ ਸਕੇਗੀ। ਇਨ੍ਹਾਂ ਥਾਵਾਂ ਵਿਚ ਸਬ ਡਵੀਜ਼ਨ ਨਵਾਂਸ਼ਹਿਰ ਵਿਚ ਦੁਸਹਿਰਾ ਗਰਾਊਂਡ ਨਵਾਂਸ਼ਹਿਰ ਅਤੇ ਨਗਰ ਕੌਂਸਲ ਨਵਾਂਸ਼ਹਿਰ ਦੇ ਅਧਿਕਾਰ ਖੇਤਰ ਅਧੀਨ ਆਉਂਦਾ ਪਿੰਡ ਗੁਜਰਪੁਰ ਕਲਾਂ ਦਾ ਲਗਭਗ 40 ਕਨਾਲ ਰਕਬਾ ਨੇੜੇ ਰੇਲਵੇ ਫਾਟਕ ਬੰਗਾ ਰੋਡ ਨਵਾਂਸ਼ਹਿਰ, ਸਬ ਡਵੀਜ਼ਨ ਬੰਗਾ ਵਿਚ ਪੰਚਾਇਤੀ ਰਕਬਾ, ਗ੍ਰਾਮ ਪੰਚਾਇਤ ਪਿੰਡ ਪੂਨੀਆ ਅਤੇ ਸਬ ਡਵੀਜ਼ਨ ਬਲਾਚੌਰ ਵਿਖੇ ਮਿਊਂਸਪਲ ਖੇਡ ਮੈਦਾਨ (ਨਜ਼ਦੀਕ ਸਿਵਲ ਹਸਪਤਾਲ) ਜਗਤਪੁਰ ਰੋਡ ਸਿਆਣਾ ਨਿਰਧਾਰਤ ਕੀਤੀਆਂ ਗਈਆਂ ਹਨ। ਨਿਰਧਾਰਤ ਥਾਵਾਂ 'ਤੇ ਮਨਜ਼ੂਰੀ ਲੈਣ ਉਪਰੰਤ ਲਾਊਡ ਸਪੀਕਰ ਦੀ ਮਨਜ਼ੂਰੀ ਸਬੰਧਤ ਐਸ.ਡੀ. ਐਮ. ਪਾਸੋਂ ਲੈਣੀ ਜ਼ਰੂਰੀ ਹੋਵੇਗੀ।ਹੁਕਮਾਂ ਅਨੁਸਾਰ ਨਵਾਂਸ਼ਹਿਰ ਵਿਖੇ ਚੰਡੀਗੜ੍ਹ ਚੌਕ, ਬੱਸ ਅੱਡਾ ਚੌਕ ਅਤੇ ਨਹਿਰੂ ਗੇਟ ਵਿਖੇ ਕਿਸੇ ਵੀ ਤਰ੍ਹਾਂ ਦਾ ਧਰਨਾ/ਆਵਾਜਾਈ ਵਿਚ ਵਿਘਨ ਪਾਉਣ ਦੀ ਵੀ ਮਨਾਹੀ ਹੈ। ਇਸ ਦੇ ਨਾਲ ਹੀ ਜ਼ਿਲ੍ਹੇ ਦੇ ਤਹਿਸੀਲ ਕੰਪਲੈਕਸਾਂ, ਐਸ.ਡੀ.ਐਮ ਕੰਪਲੈਕਸਾਂ ਅਤੇ ਡੀ. ਏ. ਸੀ. ਕੰਪਲੈਕਸ ਵਿਚ ਵੀ ਅਜਿਹੀ ਕਿਸੇ ਕਿਸੇ ਵੀ ਤਰ੍ਹਾਂ ਦੀ ਗਤੀਵਿਧੀ, ਧਰਨੇ ਲਾਉਣ ਜਾਂ ਲਾਊਡ ਸਪੀਕਰ ਵਜਾਉਣ 'ਤੇ ਵੀ ਮੁਕੰਮਲ ਪਾਬੰਦੀ ਲਾਈ ਗਈ ਹੈ। ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਉਕਤ ਨਿਰਧਾਰਤ ਸਥਾਨਾਂ ਤੋਂ ਇਲਾਵਾ ਹੋਰ ਕਿਸੇ ਵੀ ਥਾਂ/ਸੜਕ 'ਤੇ ਰੋਸ ਧਰਨਾ/ਪ੍ਰਦਰਸ਼ਨ ਕਰਨ 'ਤੇ ਪਾਬੰਦੀ ਹੋਵੇਗੀ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਹ ਹੁਕਮ 4 ਜੁਲਾਈ ਤੱਕ ਲਾਗੂ ਰਹਿਣਗੇ।

# ਬੁਖ਼ਾਰ ਹੋਣ 'ਤੇ ਸੈਲਫ ਮੈਡੀਕੇਸ਼ਨ ਤੋਂ ਕਰੋ ਗੁਰੇਜ਼ : ਡਾ. ਪ੍ਰੇਮ ਕੁਮਾਰ

**ਕਪੂਰਥਲਾ (ਮਨਜੀਤ ਮਾਨ)**-ਸਿਵਲ ਸਰਜਨ ਕਪੂਰਥਲਾ ਡਾ. ਸੰਜੀਵ ਭਗਤ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਤੇ ਮੁੱਢਲਾ ਸਿਹਤ ਕੇਂਦਰ ਢਿੱਲਵਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਦੀ ਯੋਗ ਅਗਵਾਈ ਹੇਠ ਬਲਾਕ ਢਿੱਲਵਾਂ ਅਧੀਨ ਸਿਹਤ ਵਿਭਾਗ ਦੀ ਟੀਮ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਤਹਿਤ ਡੇਂਗੂ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਸੰਬਧੀ ਜਾਣਕਾਰੀ ਦਿੰਦਿਆਂ ਐੱਸ ਐੱਮ ਓ ਡਾ. ਪ੍ਰੇਮ ਕੁਮਾਰ ਨੇ ਦੱਸਿਆ ਕਿ ਟੀਮ ਵਿੱਚ ਬਲਾਕ ਢਿੱਲਵਾਂ ਦੇ ਸਮੂਹ ਸਿਹਤ ਸੁਪਰਵਾਈਜ਼ਰ, ਸਮੂਹ ਐੱਮ ਪੀ ਐੱਚ.ਡਬਲਯੂ ਅਤੇ ਏ ਐੱਨ ਐਮਾਂ ਹਾਜ਼ਰ ਸਨ। ਸਿਹਤ ਵਿਭਾਗ ਦੀ ਟੀਮ ਵੱਲੋਂ ਬਲਾਕ ਢਿੱਲਵਾਂ ਦੇ ਵੱਖ-ਵੱਖ ਪਿੰਡਾਂ ਵਿੱਚ ਡੇਂਗੂ ਸਬੰਧੀ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਗਈਆਂ ਅਤੇ ਆਮ ਲੋਕਾਂ ਨੂੰ ਡੇਂਗੂ ਦੇ ਲੱਛਣਾਂ ਅਤੇ ਰੋਕਥਾਮ ਸਬੰਧੀ ਜਾਗਰੂਕ ਕੀਤਾ ਗਿਆ। ਢਿੱਲਵਾਂ, ਸੁਭਾਨਪੁਰ, ਨਡਾਲਾ ਤੇ ਭੁੱਲਥ ਸੈਕਟਰ ਦੇ ਵੱਖ-ਵੱਖ ਪਿੰਡਾਂ ਵਿੱਚ ਆਮ ਲੋਕਾਂ ਨੂੰ ਡੇਂਗੂ ਸਬੰਧੀ ਵਿਸਥਾਰ ਨਾਲ ਜਾਗਰੂਕ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਐੱਸ ਐੱਮ ਓ ਡਾ. ਪ੍ਰੇਮ ਕੁਮਾਰ ਨੇ ਕਿਹਾ ਕਿ ਸਾਫ-ਸਫਾਈ ਦੇ ਨਾਲ-ਨਾਲ ਅਤੇ ਸਾਰਿਆਂ ਦੇ ਸਹਿਯੋਗ ਨਾਲ ਹੀ ਡੇਂਗੂ ਨੂੰ ਠੱਲ੍ਹ ਪਾਈ ਜਾ ਸਕਦੀ ਹੈ। ਇਸ ਦੌਰਾਨ ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਲੋਕਾਂ ਨੂੰ ਸੈਲਫ ਮੈਡੀਕੇਸ਼ਨ ਤੋਂ ਵੀ ਗੁਰੇਜ਼ ਕਰਨਾ ਚਾਹੀਦਾ ਹੈ, ਉਨ੍ਹਾਂ ਕਿਹਾ ਕਿ ਡੇਂਗੂ ਬੁਖ਼ਾਰ ਦੇ ਲੱਛਣ ਦਿਸਣ 'ਤੇ ਤੁਰੰਤ ਸਰਕਾਰੀ ਹਸਪਤਾਲ ਵਿੱਚ ਜਾ ਕਿ ਡਾਕਟਰੀ ਜਾਂਚ ਕਰਵਾਉਣੀ ਚਾਹੀਦੀ ਹੈ ਤਾਂ ਜੋ ਸਮੇਂ ਸਿਰ ਯੋਗ ਇਲਾਜ ਕੀਤਾ ਜਾ ਸਕੇ। ਡੇਂਗੂ ਰੋਕਥਾਮ ਟੀਮ ਵਿੱਚ ਐੱਮ ਪੀ ਐੱਚ ਡਬਲਯੂ ਸੁਖਦੇਵ ਸਿੰਘ, ਸਤਨਾਮ ਸਿੰਘ, ਅਰੁਣ ਕੁਮਾਰ, ਯਾਦਵਿੰਦਰ ਸਿੰਘ, ਦਲਜੀਤ ਸਿੰਘ, ਪਰਮਜੀਤ ਸਿੰਘ, ਸੰਜੀਵ ਕੁਮਾਰ, ਬਲਜਿੰਦਰ ਸਿੰਘ, ਗੁਰਿੰਦਰਬੀਰ ਸਿੰਘ, ਪ੍ਰਭਜੋਤ ਸਿੰਘ, ਨਰਿੰਦਰ ਸਿੰਘ, ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।



# ਪੁਲਸ ਕਮਿਸ਼ਨਰ ਵੱਲੋਂ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਪੁਲਸ ਕਮਿਸ਼ਨਰ ਜਲੰਧਰ ਧਨਪ੍ਰੀਤ ਕੌਰ ਵਲੋਂ ਪੁਲਿਸ ਕਮਿਸ਼ਨਰੇਟ ਜਲੰਧਰ ਦੇ ਅਧਿਕਾਰ ਖੇਤਰ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਨੂੰ ਬਣਾਈ ਰੱਖਣ ਲਈ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸਮੂਹ ਰੈਸਟੋਰੈਂਟ, ਕਲੱਬ ਅਤੇ ਹੋਰ ਅਜਿਹੀਆਂ ਲਾਇਸੰਸਸ਼ੁਦਾ ਖਾਣ-ਪੀਣ ਵਾਲੀਆਂ ਥਾਵਾਂ ਅੱਧੀ ਰਾਤ 12 ਵਜੇ ਤੱਕ ਮੁਕੰਮਲ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ।ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪੁਲਿਸ ਕਮਿਸ਼ਨਰੇਟ ਦੀ ਹੱਦ ਅੰਦਰ ਆਉਂਦੇ ਕਿਸੇ ਵੀ ਰੈਸਟੋਰੈਂਟ, ਕਲੱਬ ਜਾਂ ਹੋਰ ਖਾਣ-ਪੀਣ ਵਾਲੀਆਂ ਥਾਵਾਂ ਵਿੱਚ ਰਾਤ 11:30 ਵਜੇ ਤੋਂ ਬਾਅਦ ਭੋਜਨ, ਪੀਣ ਵਾਲੇ ਪਦਾਰਥ ਆਦਿ ਦਾ ਕੋਈ ਆਰਡਰ ਨਹੀਂ ਲਿਆ ਜਾਵੇਗਾ ਅਤੇ ਨਾ ਹੀ ਕਿਸੇ ਵੀ ਨਵੇਂ ਗਾਹਕ ਨੂੰ ਰਾਤ 11:30 ਤੋਂ ਬਾਅਦ ਰੈਸਟੋਰੈਂਟਾਂ, ਕਲੱਬਾਂ ਜਾਂ ਹੋਰ ਖਾਣ-ਪੀਣ ਵਾਲੀ ਥਾਵਾਂ ਵਿੱਚ ਦਾਖ਼ਲ ਹੋਣ ਦੀ ਇਜਾਜ਼ਤ ਹੋਵੇਗੀ। ਸ਼ਰਾਬ ਦੀਆਂ ਦੁਕਾਨਾਂ ਦੇ ਨਾਲ ਲੱਗਦੇ ਅਹਾਤੇ ਰਾਤ 12 ਵਜੇ ਜਾਂ ਲਾਇਸੈਂਸ ਦੀਆਂ ਸ਼ਰਤਾਂ ਅਨੁਸਾਰ ਮੁਕੰਮਲ ਬੰਦ ਹੋ ਜਾਣੇ ਚਾਹੀਦੇ ਹਨ। ਹੁਕਮਾਂ ਵਿੱਚ ਸਾਰੀਆਂ ਸੰਸਥਾਵਾਂ ਨੂੰ ਆਵਾਜ਼ ਦਾ ਪੱਧਰ 10 ਡੀ.ਬੀ. (ਏ) ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਡੀ ਜੇ, ਲਾਈਵ ਆਰਕੈਸਟਰਾ/ਸਿੰਗਰ ਸਮੇਤ ਆਵਾਜ਼ ਪੈਦਾ ਕਰਨ ਵਾਲੇ ਸਾਰੇ ਸਰੋਤ ਰਾਤ 10 ਵਜੇ ਬੰਦ ਹੋਣੇ ਚਾਹੀਦੇ ਹਨ ਜਾਂ ਉਨ੍ਹਾਂ ਦੀ ਆਵਾਜ਼ ਘੱਟ ਹੋਣੀ ਚਾਹੀਦੀ ਹੈ। ਰਾਤ 10 ਵਜੇ ਤੋਂ ਬਾਅਦ ਕਿਸੇ ਵੀ ਇਮਾਰਤ ਜਾਂ ਕੈਂਪਸ ਦੇ ਅੰਦਰ ਪੈਦਾ ਹੋਣ ਵਾਲੀ ਆਵਾਜ਼ ਉਸਦੀ ਚਾਰਦਿਵਾਰੀ ਤੋਂ ਬਾਹਰ ਸੁਣਾਈ ਨਹੀਂ ਦੇਣੀ ਚਾਹੀਦੀ। ਮਿਊਜ਼ਿਕ ਸਿਸਟਮ ਵਾਲੇ ਵਾਹਨਾਂ ਦੇ ਮਾਮਲੇ ਵਿੱਚ, ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਮਿਊਜ਼ਿਕ ਸਿਸਟਮ ਰਾਹੀਂ ਪੈਦਾ ਹੋਣ ਵਾਲੀ ਆਵਾਜ਼ ਦਿਨ ਦੇ ਕਿਸੇ ਵੀ ਸਮੇਂ ਵਾਹਨ ਦੇ ਬਾਹਰ ਸੁਣਾਈ ਨਾ ਦੇਵੇ। ਪੁਲਿਸ ਕਮਿਸ਼ਨਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ, 2023 ਦੀ ਧਾਰਾ 163 ਅਤੇ ਆਰਮਜ਼ ਰੂਲਜ਼ 2016 ਦੇ ਰੂਲ ਨੰਬਰ 32 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੁਲਿਸ ਕਮਿਸ਼ਨਰੇਟ ਦੇ ਇਲਾਕੇ ਵਿੱਚ ਕਿਸੇ ਵੀ ਵਿਅਕਤੀ ਵਲੋਂ ਜਨਤਕ ਅਤੇ ਧਾਰਮਿਕ ਥਾਵਾਂ, ਵਿਆਹਾਂ-ਸ਼ਾਦੀਆਂ/ਪਾਰਟੀਆਂ ਦੇ ਮੌਕੇ 'ਤੇ ਮੈਰਿਜ ਪੈਲਸਾਂ/ਹੋਟਲਾਂ/ਹਾਲਾਂ ਆਦਿ ਵਿੱਚ ਅਤੇ ਹੋਰ ਇਕੱਠ ਵਾਲੀਆਂ ਥਾਵਾਂ ਵਿੱਚ ਹਥਿਆਰ ਲੈ ਕੇ ਜਾਣ ਅਤੇ ਹਥਿਆਰਾਂ ਦਾ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ। ਪੁਲਿਸ ਕਮਿਸ਼ਨਰ ਵੱਲੋਂ ਜਾਰੀ ਇਕ ਹੋਰ ਹੁਕਮ ਅਨੁਸਾਰ ਪੁਲਿਸ ਕਮਿਸ਼ਨਰੇਟ ਜਲੰਧਰ ਦੀ ਹੱਦ ਅੰਦਰ ਪੈਂਦੀਆਂ ਵਾਹਨ ਖੜ੍ਹੇ ਕਰਨ ਦੀਆਂ ਥਾਵਾਂ ਜਿਵੇਂ ਰੇਲਵੇ ਸਟੇਸ਼ਨ, ਬੱਸ ਸਟੈਂਡ, ਧਾਰਮਿਕ ਥਾਵਾਂ, ਹਸਪਤਾਲ, ਭੀੜ ਵਾਲੇ ਬਾਜ਼ਾਰਾਂ ਅਤੇ ਹੋਰ ਵਾਹਨ ਪਾਰਕ ਕਰਨ ਲਈ ਬਣੀਆਂ ਥਾਵਾਂ ਆਦਿ ਦੇ ਮਾਲਕ/ਪ੍ਰਬੰਧਕ (ਕੰਪਲੈਕਸ ਦੇ ਅੰਦਰ ਜਾਂ ਬਾਹਰ) ਸੀ ਸੀ ਟੀ ਵੀ ਕੈਮਰੇ ਲਗਾਏ ਬਿਨ੍ਹਾਂ ਵਾਹਨ ਪਾਰਕਿੰਗ ਨਹੀਂ ਚਲਾਉਣਗੇ।ਉਪਰੋਕਤ ਸਾਰੇ ਹੁਕਮ 7 ਜੁਲਾਈ 2026 ਤੱਕ ਲਾਗੂ ਰਹਿਣਗੇ।

# ਆਰ ਬੀ ਯੂ ਵੱਲੋਂ ਪੰਜ ਦਿਨਾ ਪਲੇਸਮੈਂਟ ਤਿਆਰੀ ਵਰਕਸ਼ਾਪ

**ਮੋਹਾਲੀ (ਗੁਰਜੀਤ ਬਿੱਲਾ)**

ਰਿਆਤ ਬਾਹਰਾ ਯੂਨੀਵਰਸਿਟੀ ਸਕੂਲ ਆਫ਼ ਐਜੂਕੇਸ਼ਨ ਐਂਡ ਸੋਸ਼ਲ ਸਾਇੰਸਿਜ਼ ਨੇ ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਦੇ ਸਹਿਯੋਗ ਨਾਲ 'ਏ ਰੋਡਮੈਪ ਟੂ ਪਲੇਸਮੈਂਟ



ਜਰਨੀ' ਸਿਰਲੇਖ ਵਾਲੀ ਪੰਜ ਦਿਨਾ ਵਰਕਸ਼ਾਪ ਦਾ ਆਯੋਜਨ ਕੀਤਾ। ਇਹ ਵਰਕਸ਼ਾਪ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਦੇ ਵਿਜ਼ਨ ਹੇਠ ਆਯੋਜਿਤ ਕੀਤੀ ਗਈ ਸੀ ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਅੱਜ ਦੇ ਮੁਕਾਬਲੇ ਵਾਲੇ ਵਿਸ਼ਵਵਿਆਪੀ ਵਾਤਾਵਰਣ ਵਿੱਚ ਲੋੜੀਂਦੇ ਆਧੁਨਿਕ ਰੁਜ਼ਗਾਰ ਯੋਗਤਾ ਹੁਨਰਾਂ ਨਾਲ ਲੈਸ ਕਰਕੇ ਅਕਾਦਮਿਕ ਸਿੱਖਿਆ ਅਤੇ ਪੇਸ਼ੇਵਰ ਅਭਿਆਸ ਵਿਚਕਾਰ ਪਾੜੇ ਨੂੰ ਪੂਰਾ ਕਰਨਾ ਸੀ। ਇਸ ਪ੍ਰੋਗਰਾਮ ਵਿੱਚ ਸਰਕਾਰ, ਸਿੱਖਿਆ ਅਤੇ ਉਦਯੋਗ ਦੇ ਮਾਹਰਾਂ ਦੁਆਰਾ ਇੰਟਰਐਕਟਿਵ ਸੈਸ਼ਨ ਪੇਸ਼ ਕੀਤੇ ਗਏ। ਪ੍ਰਮੁੱਖ ਮਾਹਰਾਂ ਵਿੱਚ ਸੁਖਮਨ ਮਾਨ (ਪੀ ਸੀ ਐਸ) ਰੁਜ਼ਗਾਰ ਅਧਿਕਾਰੀ, ਸੁਖਮਨ ਬਾਠ ਡਿਪਟੀ ਸੀ ਈ ਓ ਡੀ ਬੀ ਈ ਈ ਅਤੇ ਵਿਸ਼ਾਲ ਕੇਡੀਆ ਸੰਯੁਕਤ ਸਕੱਤਰ ਟੀ ਆਈ ਈ ਸ਼ਾਮਲ ਸਨ।ਉਨ੍ਹਾਂ ਨੇ ਵਿਦਿਆਰਥੀਆਂ ਦੇ ਨਾਲ ਆਰਟੀਫੀਸ਼ੀਅਲ ਇੰਟੈਲੀਜੈਂਸ, ਡਿਜੀਟਲ ਵਿਜ਼ੀਬਿਲਿਟੀ, ਬਾਇਓਡਾਟਾ (ਰੈਜ਼ਿਊਮੇ) ਲਿਖਣ, ਸ਼ਖ਼ਸੀਅਤ ਵਿਕਾਸ, ਸੰਚਾਰ ਹੁਨਰ, ਉੱਦਮਤਾ, ਸਰਕਾਰੀ ਨੌਕਰੀ ਦੇ ਮੌਕੇ ਅਤੇ ਇੰਟਰਵਿਊ ਦੀ ਤਿਆਰੀ ਬਾਰੇ ਕੀਮਤੀ ਸੂਝਾਂ ਸਾਂਝੀਆਂ ਕੀਤੀਆਂ। ਇਸ ਮੌਕੇ ਯੂਨੀਵਰਸਿਟੀ ਸਕੂਲ ਆਫ਼ ਐਜੂਕੇਸ਼ਨ ਐਂਡ ਸੋਸ਼ਲ ਸਾਇੰਸਿਜ਼ ਦੀ ਡੀਨ ਇੰਦਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਕਰੀਅਰ ਦੇ ਦ੍ਰਿਸ਼ਾਂ ਨੂੰ ਵਿਕਸਤ ਕਰਨ ਵਿੱਚ ਸਫਲ ਹੋਣ ਲਈ ਪੇਸ਼ੇਵਰ ਯੋਗਤਾਵਾਂ ਅਤੇ ਵਿਸ਼ਵਾਸ ਵਿਕਸਤ ਕਰਨ ਲਈ ਉਤਸ਼ਾਹਤ ਕੀਤਾ।ਇਸ ਦੌਰਾਨ ਵਿਦਿਆਰਥੀਆਂ ਨੇ ਇੰਟਰਵਿਊ ਦੇ ਅਨੁਭਵ ਅਤੇ ਵਿਹਾਰਕ ਕਰੀਅਰ ਮਾਰਗਦਰਸ਼ਨ ਲਈ ਰੁਜ਼ਗਾਰ ਦਫ਼ਤਰ ਦਾ ਦੌਰਾ ਕੀਤਾ, ਭਰਤੀ ਪ੍ਰਕਿਰਿਆਵਾਂ ਅਤੇ ਰੁਜ਼ਗਾਰ ਦੇ ਮੌਕਿਆਂ ਦਾ ਸਿੱਧਾ ਅਨੁਭਵ ਪ੍ਰਾਪਤ ਕੀਤਾ।

# ਸਰਕਾਰ ਪੈਨਸ਼ਨ ਪਾਉਣ ਲਈ ਬੈਂਕਾਂ ਨੂੰ ਸਮੇਂ ਸਿਰ ਫੰਡ ਜਾਰੀ ਕਰੇ : ਪੈਨਸ਼ਨਰ ਆਗੂ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫਗਵਾੜਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੀ ਕਾਰਵਾਈ ਨੂੰ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਤੇ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ (ਰਜਿ) ਦੇ ਸੂਬਾ ਸਹਾਇਕ ਪ੍ਰੈੱਸ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਚਲਾਉਂਦੇ ਹੋਏ ਦੱਸਿਆ ਕਿ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਪੰਜਾਬ ਵੱਲੋਂ 8 ਮਈ ਨੂੰ ਡਿਪਟੀ ਡਾਇਰੈਕਟਰ ਪੈਨਸ਼ਨ ਵੰਡ ਅਤੇ ਲੇਖਾ, ਵਿੱਤ ਅਤੇ ਯੋਜਨਾ ਵਿਭਾਗ ਨਾਲ ਹੋਈ ਸੂਬਾਈ ਮੀਟਿੰਗ ਦੇ ਵੇਰਵੇ ਸਾਂਝੇ ਕਰਦੇ ਹੋਏ ਕਿਹਾ ਕਿ ਜਿਹਨਾਂ ਪੈਨਸ਼ਨਰਾਂ ਨੇ ਅਜੇ ਤੱਕ ਡਿਜ਼ੀਟਲ ਲਾਈਵ ਸਰਟੀਫਿਕੇਟ ਅੱਪਡੇਟ ਨਹੀਂ ਕਰਵਾਇਆ,ਉਹ ਆਪਣਾ ਸਰਟੀਫਿਕੇਟ ਜਲਦੀ ਤੋਂ ਜਲਦੀ ਅੱਪਡੇਟ ਕਰਵਾ ਲੈਣ ਤਾਂ ਜੋ ਭਵਿੱਖ ਵਿੱਚ ਪੈਨਸ਼ਨ ਖਾਤਿਆਂ ਵਿੱਚ ਪੈਣ ਸੰਬੰਧੀ ਕੋਈ ਸਮੱਸਿਆ ਪੈਦਾ ਨਾ ਹੋਵੇ। ਉਹਨਾਂ ਨੇ ਇਹ ਵੀ ਦੱਸਿਆ ਕਿ ਜਿਹਨਾਂ ਮੈਂਬਰਾਂ ਦਾ ਐੱਲ ਟੀ ਸੀ ਡਿਊ ਹੈ,ਉਹ ਆਪਣਾ ਐੱਲ ਟੀ ਸੀ ਲੈਣ ਲਈ ਪੈਨਸ਼ਨ ਪੋਰਟਲ ਤੇ ਅਪਡੇਟ ਕਰਨ ਤਾਂ ਜੋ ਉਹਨਾਂ ਨੂੰ ਐੱਲ ਟੀ ਸੀ ਮਿਲ ਸਕੇ।ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਸਾਂਝੇ ਤੌਰ 'ਤੇ ਅਪ੍ਰੈਲ ਮਹੀਨੇ ਦੀਆਂ ਪੈਨਸ਼ਨਾਂ ਪੈਨਸ਼ਨਰਾਂ ਦੇ ਖਾਤਿਆਂ ਵਿੱਚ ਲੇਟ ਪਾਉਣ ਅਤੇ ਪੈਨਸ਼ਨਰਾਂ ਨੂੰ ਖੱਜਲ ਖੁਆਰ ਕਰਨ ਦੀ ਤਿੱਖੀ ਨਿਖੇਧੀ ਕਰਦੇ ਹੋਏ ਮੰਗ ਕੀਤੀ ਕਿ ਭਵਿੱਖ ਵਿੱਚ ਖਾਤਿਆਂ ਵਿੱਚ ਪੈਨਸ਼ਨਾਂ ਸਮੇਂ ਸਿਰ ਪਾਉਣ ਲਈ ਪੰਜਾਬ ਸਰਕਾਰ ਸੰਬੰਧਿਤ ਬੈਂਕ ਨੂੰ ਲੋੜੀਂਦਾ ਫੰਡ ਸਮੇਂ ਸਿਰ ਭੇਜੇ ਤਾਂ ਜ਼ੋ ਪੈਨਸ਼ਨਰਾਂ ਦੀ ਖੱਜਲ ਖੁਆਰੀ ਨਾ ਹੋਵੇ। ਸਰਬ ਸੰਮਤੀ ਨਾਲ ਮਤਾ ਪਾਸ ਕਰਕੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ 17 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾਈ ਕਨਵੈਨਸ਼ਨ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮੋਹਣ ਸਿੰਘ ਭੱਟੀ, ਪ੍ਰਮੋਦ ਕੁਮਾਰ ਜੋਸ਼ੀ, ਕ੍ਰਿਸ਼ਨ ਗੋਪਾਲ ਚੋਪੜਾ,ਗੁਰਨਾਮ ਸਿੰਘ ਸੈਣੀ, ਸਤਪਾਲ ਸਿੰਘ ਖੱਟਕੜ, ਸੀਤਲ ਰਾਮ ਬੰਗਾ ਕੇ ਕੇ ਪਾਂਡੇ,ਜਗਦੀਸ਼ ਕਲੇਰ,ਪਿਆਰਾ ਰਾਮ ਜੱਸੀ, ਹਰਭਜਨ ਲਾਲ ਕੌਲ, ਜੋਗਿੰਦਰ ਸਿੰਘ, ਰਤਨ ਸਿੰਘ ਗੁਰਾਇਆ, ਕੁਲਦੀਪ ਸਿੰਘ ਕੌੜਾਆਦਿ ਪੈਨਸ਼ਨਰ ਸਾਥੀ ਸ਼ਾਮਲ ਹੋਏ।



# ਭਗਵਤੀ ਜਾਗਰਣ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਭੁੰਗਰਨੀ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐੱਨ ਆਰ ਆਈ, ਗੁਰਦੁਆਰਾ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਪ੍ਰਬੰਧਕ ਕਮੇਟੀ ਭੁੰਗਰਨੀ ਹੁਸ਼ਿਆਰਪੁਰ, ਭੁੰਗਰਨੀ ਧਾਰਮਿਕ ਕਮੇਟੀ, ਸ੍ਰੀ ਗੁਰੂ ਹਰਿ ਰਾਇ ਨੌਜਵਾਨ ਸਭਾ ਭੁੰਗਰਨੀ ਤੇ ਇਲਾਕੇ ਦੇ ਸਹਿਯੋਗ ਨਾਲ ਸਰਬੱਤ ਦੇ ਭੱਲੇ ਸਲਾਨਾ 23 ਵਾਂ ਵਿਸ਼ਾਲ ਭਗਵਤੀ ਜਾਗਰਣ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਾਲਾਨਾ 23ਵੇਂ ਵਿਸ਼ਾਲ ਭਗਵਤੀ ਜਾਗਰਣ ਦੌਰਾਨ ਪੰਜਾਬ ਦੇ ਨਾਮਵਰ ਕਲਾਕਾਰ ਬਲਰਾਜ ਬਿਲਗਾ ਇੰਟਰਨੈਸ਼ਨਲ ਕਲਾਕਾਰ, ਮਾਨਵ ਹੀਰਾ, ਮਹੰਤ ਅਸ਼ਵਨੀ ਕੁਮਾਰ ਸ਼ਾਸਤਰੀ ਆਦਿ ਕਲਾਕਾਰ ਸਾਰੀ ਰਾਤ ਮਹਾਮਾਈ ਦੇ ਗੁਣਗਾਨ ਕੀਤੇ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ, ਪ੍ਰਮੁੱਖ ਸਖ਼ਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕਮੇਟੀ ਪ੍ਰਧਾਨ ਰਾਜ ਕੁਮਾਰ ਭੁੰਗਰਨੀ, ਡਾਕਟਰ ਪਵਨ ਕੁਮਾਰ ਸ਼ਰਮਾ, ਮਾਸਟਰ ਪ੍ਰਦੀਪ ਕੁਮਾਰ ਸੈਕਟਰੀ, ਮਾਸਟਰ ਹਰਪ੍ਰੀਤ ਸਿੰਘ ਸੈਕਟਰੀ, ਸੁਰਜੀਤ ਸਿੰਘ ਮਸੂਤਾ, ਪੱਤਰਕਾਰ ਜਗਤਾਰ ਸਿੰਘ ਭੁੰਗਰਨੀ, ਸਤਵੰਤ ਸਿੰਘ ਸਾਬਕਾ ਪੰਚ, ਹਰਬੰਸ ਸਿੰਘ, ਰਿੰਕੂ ਕਨੇਡਾ, ਸੁਰਜੀਤ ਕੁਮਾਰ ਹੈਪੀ ਸਾਬਕਾ ਪੰਚ, ਲਖਵਿੰਦਰ ਸਿੰਘ ਪੰਚ, ਕਸ਼ਮੀਰ ਕੌਰ ਸਾਬਕਾ ਸਰਪੰਚ, ਸੰਦੀਪ ਕੁਮਾਰ ਦੀਪੂ, ਬਲਵੀਰ ਸਿੰਘ, ਅਮਰੀਕ ਸਿੰਘ ਮੀਕਾ, ਤਜਿੰਦਰ ਸਿੰਘ, ਦੀਪਾ ਬਾਬਾ, ਜਗਤਾਰ ਸਿੰਘ ਤਾਰੀ, ਅਮਰੀਕ ਸਿੰਘ, ਦਿਲਬਾਗ ਸਿੰਘ ਲੱਕੀ, ਨੰਬਰਦਾਰ ਰਾਜ ਕੁਮਾਰ, ਧਰਮਿੰਦਰ ਸਿੰਘ, ਦਰਸ਼ਨ ਸਿੰਘ ਬਿੱਟੂ, ਪਲਵਿੰਦਰ ਸਿੰਘ ਹਲਵਾਈ, ਗੁਰਬਚਨ ਸਿੰਘ ਕਾਕਾ, ਮਨਜੀਤ ਸਿੰਘ ਬਨਵੈਤ ਆਦਿ ਹਾਜ਼ਰ ਸਨ। ਇਸ ਮੌਕੇ ਕਮੇਟੀ ਪ੍ਰਧਾਨ ਰਾਜ ਕੁਮਾਰ ਭੁੰਗਰਨੀ ਨੇ ਸਲਾਨਾ ਵਿਸ਼ਾਲ ਭਗਵਤੀ ਜਾਗਰਣ ਵਿੱਚ ਸਹਿਯੋਗ ਦੇਣ ਤੇ ਧੰਨਵਾਦ ਕੀਤਾ।ਇਸ ਮੌਕੇ ਸਾਲਾਨਾ ਵਿਸ਼ਾਲ ਭਗਵਤੀ ਜਾਗਰਣ ਮੌਕੇ ਮਹਾਮਾਈ ਦੇ ਲੰਗਰ ਭੰਡਾਰਾ ਅਤੁੱਟ ਵਰਤਿਆ ਗਿਆ।



# ਛਾਉਣੀ ਨਿਹੰਗ ਸਿੰਘਾਂ ਵਿਖੇ ਨਵੇਂ ਮੈਂਬਰਾਂ ਦੀ ਨਿਯੁਕਤੀ

**ਨਕੋਦਰ (ਮਨਜੀਤ ਮਾਨ)**

ਸ਼ਹੀਦ ਬਾਬਾ ਦੀਪ ਸਿੰਘ ਜੀ ਗੁਰਮਤਿ ਪ੍ਰਚਾਰ ਵਿਦਿਆਲਿਆ ਵੈੱਲਫੇਅਰ ਸੁਸਾਇਟੀ (ਰਜਿ.) ਪਿੰਡ ਕਲਿਆਣਪੁਰ ਵੱਲੋਂ ਅੱਜ ਇੱਕ



ਵਿਸ਼ੇਸ਼ ਸਮਾਗਮ ਦੌਰਾਨ ਸੁਸਾਇਟੀ ਦੇ ਕਾਰਜਾਂ ਨੂੰ ਗਤੀਸ਼ੀਲ ਕਰਨ ਲਈ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ। ਇਹ ਨਿਯੁਕਤੀ ਪੱਤਰ ਜਥੇਦਾਰ ਮਹਾਕਾਲ ਬਾਬਾ ਹਰੀ ਸਿੰਘ ਕਲਿਆਣ ਪੁਰ ਅਤੇ ਸੁਸਾਇਟੀ ਦੇ ਸਕੱਤਰ ਕੁਲਬੀਰ ਪਾਲ ਵੱਲੋਂ ਛਾਉਣੀ ਨਿਹੰਗ ਸਿੰਘਾਂ, ਪਿੰਡ ਕਲਿਆਣਪੁਰ ਵਿਖੇ ਸੌਂਪੇ ਗਏ।ਸੁਸਾਇਟੀ ਦੀ ਪ੍ਰਬੰਧਕ ਕਮੇਟੀ ਦੀ ਮੀਟਿੰਗ ਵਿੱਚ ਲਏ ਗਏ ਫੈਸਲੇ ਅਨੁਸਾਰ ਸੁਸਾਇਟੀ ਦੇ ਮੈਂਬਰ ਵਜੋਂ ਜ਼ਿੰਮੇਵਾਰੀ ਸੌਂਪੀ ਗਈ ਹੈ। ਨਿਯੁਕਤ ਕੀਤੇ ਗਏ ਮੈਂਬਰਾਂ ਵਿੱਚ ਅਮਰਜੀਤ ਕਲੇਰ, ਪਰਗਟ ਸਿੰਘ, ਅਜੇ ਪਾਲ ਅਤੇ ਜਤਿੰਦਰ ਸਿੰਘ ਦੇ ਨਾਮ ਸ਼ਾਮਲ ਹਨ।ਇਸ ਮੌਕੇ ਜਥੇਦਾਰ ਬਾਬਾ ਹਰੀ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੁਸਾਇਟੀ ਦਾ ਮੁੱਖ ਮਕਸਦ ਗੁਰਮਤਿ ਦਾ ਪ੍ਰਚਾਰ ਕਰਨਾ ਅਤੇ ਸਮਾਜ ਸੇਵੀ ਕਾਰਜਾਂ ਵਿੱਚ ਹਿੱਸਾ ਪਾਉਣਾ ਹੈ। ਉਨ੍ਹਾਂ ਉਮੀਦ ਜਤਾਈ ਕਿ ਨਵੇਂ ਮੈਂਬਰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਆਪਣੀ ਸੇਵਾ ਨਿਭਾਉਣਗੇ।ਨਵੇਂ ਨਿਯੁਕਤ ਮੈਂਬਰਾਂ ਨੇ ਜਥੇਦਾਰ ਸਾਹਿਬ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸੁਸਾਇਟੀ ਦੇ ਸੰਵਿਧਾਨ ਦੀਆਂ ਸ਼ਰਤਾਂ 'ਤੇ ਪਹਿਰਾ ਦੇਣਗੇ ਅਤੇ ਪੰਥਕ ਕਾਰਜਾਂ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣਗੇ।

# ਵਿਧਾਇਕ ਨੇ ਧਰਨੇ 'ਤੇ ਬੈਠੇ ਨਗਰ ਨਿਗਮ ਕਰਮਚਾਰੀਆਂ ਨਾਲ ਕੀਤਾ ਇਕਜੁਟਤਾ ਦਾ ਪ੍ਰਗਟਾਵਾ



**ਫਗਵਾੜਾ (ਡਾ. ਰਮਨ)**- ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਫਗਵਾੜਾ ਹਲਕੇ ਤੋਂ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ (ਰਿਟਾ. ਆਈ.ਏ.ਐਸ.) ਨੇ ਨਗਰ ਨਿਗਮ ਦੇ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਦੇ ਸਮਰਥਨ ਵਿੱਚ ਲੱਗੇ ਰੋਸ ਧਰਨੇ ਵਿੱਚ ਸ਼ਾਮਲ ਹੋ ਕੇ ਕਰਮਚਾਰੀਆਂ ਨਾਲ ਇਕਜੁਟਤਾ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਗਰ ਨਿਗਮ ਕਰਮਚਾਰੀ ਲੰਬੇ ਸਮੇਂ ਤੋਂ ਤਨਖਾਹ ਕਮਿਸ਼ਨ ਰਿਪੋਰਟ 2016 ਦੇ ਬਕਾਏ ਜਾਰੀ ਕਰਨ, ਡੀ ਏ ਦੀ ਕਿਸ਼ਤ ਦੀ ਅਦਾਇਗੀ ਅਤੇ ਆਰਜ਼ੀ ਕਰਮਚਾਰੀਆਂ ਨੂੰ ਰੈਗੂਲਰ ਕਰਨ ਵਰਗੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਕਰਮਚਾਰੀਆਂ ਨਾਲ ਇਨਸਾਫ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ ਅਤੇ ਇਹ ਮੰਗਾਂ ਜਲਦੀ ਪੂਰੀਆਂ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਗੁਰਜੀਤ ਪਾਲ ਵਾਲੀਆ, ਵਿਨੋਦ ਵਰਮਾਨੀ, ਮੁਨੀਸ਼ ਪ੍ਰਭਾਕਰ ਕੌਂਸਲਰ, ਬੰਟੀ ਵਾਲੀਆ ਕੌਂਸਲਰ, ਜਗਜੀਤ ਬਿੱਟੂ, ਸੰਜੀਵ ਟਿੱਟੂ, ਜਤਿੰਦਰ ਵਰਮਾਨੀ ਕੌਂਸਲਰ, ਸੌਰਵ ਜੋਸ਼ੀ ਕੌਂਸਲਰ, ਬਲਵੰਤ ਰਾਏ, ਅਗਮ ਪ੍ਰਸ਼ਾਰ, ਮੁਕੇਸ਼ ਭਾਟੀਆ ਅਤੇ ਡਾ. ਰਮਨ ਸ਼ਰਮਾ ਆਦਿ ਵੀ ਮੌਜੂਦ ਸਨ।

# ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਵੱਲੋਂ ਲੰਬਿਤ ਸ਼ਿਕਾਇਤਾਂ ਦਾ ਜਾਇਜ਼ਾ ਲੈਣ ਲਈ ਮੀਟਿੰਗ

**ਮੁਹਾਲੀ (ਗੁਰਜੀਤ ਬਿੱਲਾ)**

ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਵੱਲੋਂ 7 ਅਤੇ 8 ਮਈ ਨੂੰ ਡੇਰਾਬੱਸੀ ਤੇ ਮੋਹਾਲੀ ਵਿਖੇ ਹੋਈਆਂ ਮੀਟਿੰਗਾਂ ਦੌਰਾਨ ਵਪਾਰੀਆਂ ਅਤੇ ਦੁਕਾਨਦਾਰਾਂ ਵੱਲੋਂ ਉਠਾਈਆਂ ਗਈਆਂ ਲੰਬਿਤ ਸਮੱਸਿਆਵਾਂ ਦੀ ਸਮੀਖਿਆ ਲਈ ਮੀਟਿੰਗ ਕੀਤੀ ਗਈ। ਚੇਅਰਮੈਨ ਰਣਜੀਤਪਾਲ ਸਿੰਘ ਨੇ ਵਾਈਸ ਚੇਅਰਮੈਨ ਤਰਲੋਚਨ ਸਿੰਘ ਬੈਦਵਾਨ ਅਤੇ ਸਹਾਇਕ ਕਮਿਸ਼ਨਰ (ਜਨਰਲ) ਡਾ. ਅੰਕਿਤਾ ਕਾਂਸਲ ਦੀ ਮੌਜੂਦਗੀ ਵਿੱਚ ਸਬੰਧਤ ਵਿਭਾਗਾਂ ਨੂੰ ਲੰਬਿਤ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਉਣ ਲਈ ਕਿਹਾ।ਉਨ੍ਹਾਂ ਦੱਸਿਆ ਕਿ ਦੋਵਾਂ ਮੀਟਿੰਗਾਂ ਦੌਰਾਨ ਕਰੀਬ 100 ਸ਼ਿਕਾਇਤਾਂ ਪ੍ਰਾਪਤ ਹੋਈਆਂ ਸਨ ਅਤੇ ਸ਼ਿਕਾਇਤਕਰਤਾਵਾਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਕਰਨ ਦਾ ਭਰੋਸਾ ਦਿੱਤਾ ਗਿਆ ਸੀ।ਉਨ੍ਹਾਂ ਕਿਹਾ ਕਿ ਉਠਾਏ ਗਏ ਬਹੁਤੇ ਮਸਲੇ ਸਥਾਨਕ ਪੱਧਰ ਨਾਲ ਸਬੰਧਤ ਹਨ, ਇਸ ਲਈ ਇਨ੍ਹਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਕਮਿਸ਼ਨ ਸਥਾਨਕ ਪੱਧਰ ਦੀਆਂ ਸਮੱਸਿਆਵਾਂ ਦਾ ਹੱਲ ਕਰਕੇ ਕਾਰੋਬਾਰ ਕਰਨ ਲਈ ਸੁਖਦ ਮਾਹੌਲ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਦੁਕਾਨਦਾਰਾਂ ਤੇ ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਸਰਗਰਮ ਰਹੇਗਾ।ਇਸ ਮੌਕੇ ਖਰੜ ਤੋਂ ਹਲਕਾ ਚੇਅਰਮੈਨ ਯਸ਼ਪਾਲ ਬਾਂਸਲ, ਮੋਹਾਲੀ ਤੋਂ ਅਕਵਿੰਦਰ ਸਿੰਘ ਗੋਸਲ ਅਤੇ ਵੱਖ-ਵੱਖ ਵਿਭਾਗਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।



## ਰਹਿਰਾਸ ਸਾਹਿਬ ਦਾ ਪਾਠ ਕਰਦੀ ਨੇ ਸਰ ਕੀਤੀ ਦੁਨੀਆ ਦੀ ਸਭ ਤੋਂ ਔਖੀ ਚੋਟੀ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਦੀਆਂ ਧੀਆਂ ਅੱਜ ਹਰ ਖੇਤਰ ਵਿੱਚ ਆਪਣੇ ਹੌਸਲੇ, ਮਿਹਨਤ ਤੇ ਕਾਬਲੀਅਤ ਦਾ ਪਰਚਮ ਲਹਿਰਾ ਰਹੀਆਂ ਹਨ।ਅਜਿਹੀ ਹੀ ਇੱਕ ਹੋਣਹਾਰ ਧੀ ਹੈ ਪਟਿਆਲਾ ਜ਼ਿਲ੍ਹੇ ਦੇ ਪਿੰਡ ਚਹਿਲ ਦੀ ਜੰਮਪਲ ਸੁਖਵੀਰ ਕੌਰ ਉਰਫ਼ 'ਸੁੱਖੀ ਬੱਲ', ਜਿਸ ਨੇ ਦੁਨੀਆ ਦੀਆਂ ਸਭ ਤੋਂ ਔਖੀਆਂ ਅਤੇ ਤਕਨੀਕੀ ਪਰਬਤੀ ਚੋਟੀਆਂ ਵਿੱਚ ਸ਼ੁਮਾਰ ਮਾਊਂਟ ਅਮਾ ਡਬਲਾਮ (6812 ਮੀਟਰ/22350 ਫੁੱਟ) ਨੂੰ ਸਰ ਕਰਕੇ ਇਤਿਹਾਸ ਰਚ ਦਿੱਤਾ ਹੈ।ਸਿਡਨੀ ਰਹਿ ਰਹੀ ਸੁੱਖੀ ਬੱਲ ਇਹ ਮਾਣ ਹਾਸਲ ਕਰਨ ਵਾਲੀ ਪਹਿਲੀ ਪੰਜਾਬਣ ਅਤੇ ਭਾਰਤ ਦੀ ਛੇਵੀਂ ਮਹਿਲਾ ਬਣੀ ਹੈ।ਉੱਘੀ ਅਥਲੀਟ, ਰੰਗਮੰਚ ਤੇ ਪੰਜਾਬੀ ਸਿਨੇਮਾ ਜਗਤ ਨਾਲ ਜੁੜੀ ਅਦਾਕਾਰਾ ਸੁੱਖੀ ਬੱਲ ਨੇ ਇਹ ਕਾਰਨਾਮਾ 15 ਅਪ੍ਰੈਲ 2026 ਨੂੰ ਪੂਰਬੀ ਨੇਪਾਲ ਦੀ ਹਿਮਾਲਿਆ ਪਰਬਤ ਲੜੀ ਵਿੱਚ ਸਥਿਤ ਅਮਾ ਡਬਲਾਮ ਚੋਟੀ 'ਤੇ ਪਹੁੰਚ ਕੇ ਕਰ ਦਿਖਾਇਆ।ਇਸ ਮੁਹਿੰਮ ਨੂੰ ਪੂਰਾ ਕਰਨ ਲਈ ਉਸ ਨੂੰ ਕਰੀਬ 21 ਦਿਨ ਲੱਗੇ।ਇਸ ਦੌਰਾਨ ਪ੍ਰਸਿੱਧ ਗਾਈਡ ਸਾਂਗੇ ਸ਼ੇਰਪਾ ਤੇ ਉਸ ਦੀ ਟੀਮ ਨੇ ਉਸ ਦੀ ਮਦਦ ਕੀਤੀ।ਮਾਊਂਟ ਅਮਾ ਡਬਲਾਮ ਨੂੰ ਮਾਊਂਟ ਐਵਰੈਸਟ ਨਾਲੋਂ ਵੀ ਵੱਧ ਤਕਨੀਕੀ ਤੇ ਖ਼ਤਰਨਾਕ ਚੋਟੀਆਂ ਵਿੱਚ ਗਿਣਿਆ ਜਾਂਦਾ ਹੈ।ਬਰਫ਼ੀਲੀਆਂ ਖੜੀਆਂ ਢਲਾਣਾਂ, ਪੱਥਰੀਲੇ ਰਸਤੇ, ਆਕਸੀਜਨ ਦੀ ਘਾਟ ਤੇ ਮਾਇਨਸ ਤਾਪਮਾਨ ਵਿੱਚ ਇਹ ਚੋਟੀ ਸਰ ਕਰਨਾ ਬਹੁਤ ਵੱਡੀ ਚੁਣੌਤੀ ਮੰਨੀ ਜਾਂਦੀ ਹੈ।ਸੁੱਖੀ ਬੱਲ ਨੇ ਪੂਰੀ ਚੜ੍ਹਾਈ ਦੌਰਾਨ ਰਹਿਰਾਸ ਸਾਹਿਬ ਦਾ ਪਾਠ ਕਰਦਿਆਂ ਆਪਣੇ ਆਪ ਨੂੰ ਰੂਹਾਨੀ ਤੌਰ 'ਤੇ ਮਜ਼ਬੂਤ ਰੱਖਿਆ।ਚੋਟੀ 'ਤੇ ਪਹੁੰਚ ਕੇ ਉਸ ਨੇ ਚਿੱਟੀ ਚੁੰਨੀ ਲਹਿਰਾਈ ਤੇ ਕਿਹਾ, ਇਹ ਚੁੰਨੀ ਮੇਰੇ ਪੰਜਾਬ ਦੀ ਨਿਸ਼ਾਨੀ ਹੈ।ਮੇਰੇ ਪੰਜਾਬ, ਮੇਰੀ ਪੰਜਾਬੀਅਤ ਅਤੇ ਦੁਨੀਆ ਦੀਆਂ ਸਾਰੀਆਂ ਔਰਤਾਂ ਲਈ ਮੈਂ ਇਹ ਚੋਟੀ ਸਰ ਕੀਤੀ ਹੈ।ਮੈਂ ਜਿੱਥੇ ਮਰਜ਼ੀ ਵੱਸਾਂ, ਮੇਰਾ ਦਿਲ ਹਮੇਸ਼ਾ ਪੰਜਾਬ ਵਿੱਚ ਹੀ ਰਹੇਗਾ। ਚਿੱਟੀ ਬਰਫ਼ ਵਿੱਚ ਲਹਿਰਾਈ ਇਹ ਚਿੱਟੀ ਚੁੰਨੀ ਸਾਰੀ ਦੁਨੀਆ ਲਈ ਸ਼ਾਂਤੀ ਦਾ ਪ੍ਰਤੀਕ ਹੈ।

## ਆਰ ਓ ਸਿਸਟਮ ਦਾ ਉਦਘਾਟਨ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਮੰਡੀ ਪੰਜੇ ਕੇ ਉਤਾੜ ਵਿਖੇ ਗ੍ਰਾਮ ਪੰਚਾਇਤ ਵੱਲੋਂ ਲਾਏ ਗਏ ਚਾਰ ਆਰ ਓ ਸਿਸਟਮ ਦਾ ਉਦਘਾਟਨ ਪਿੰਡ ਦੇ ਸਰਪੰਚ ਰਮੇਸ਼ ਕੰਬੋਜ ਵੱਲੋਂ ਕੀਤਾ ਗਿਆ।ਸਰਪੰਚ ਰਮੇਸ਼ ਕੰਬੋਜ ਨੇ ਕਿਹਾ ਕਿ ਜ਼ਮੀਨ ਹੇਠਲਾ ਪਾਣੀ ਖਰਾਬ ਹੋ ਜਾਣ ਕਾਰਨ ਸਮੂਹ ਨਗਰ ਤੇ ਇਲਾਕੇ ਦੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਗ੍ਰਾਮ ਪੰਚਾਇਤ ਵੱਲੋਂ 15ਵੇਂ ਵਿੱਤ ਕਮਿਸ਼ਨ ਦੀ ਆਈ ਗ੍ਰਾਂਟ ਨਾਲ ਇਹ ਚਾਰ ਆਰ ਓ ਸਿਸਟਮ ਲਾਏ ਗਏ ਹਨ ਅਤੇ ਆਰ ਓ ਬਹੁਤ ਹਾਈ ਤਕਨੀਕ ਨਾਲ ਤਿਆਰ ਕਰਾਏ ਗਏ ਹਨ, ਜਿਨ੍ਹਾਂ ਦੇ ਚੰਗੇ ਪਾਣੀ ਦੀ ਸੁਵਿਧਾ ਇਲਾਕੇ ਦੇ ਲੋਕਾਂ ਨੂੰ ਮਿਲੇਗੀ, ਜਿਸ ਨਾਲ ਉਹਨਾਂ ਦੀ ਸਿਹਤ ਵੀ ਠੀਕ ਰਹੇਗੀ ਤੇ ਇਸ ਤਰ੍ਹਾਂ ਦੇ ਚਾਰ ਆਰੋ ਹੋਰ ਪਿੰਡ ਦੇ ਖੇਤਰ ਵਿੱਚ ਲਾਏ ਜਾਣਗੇ।

## ਪੰਜਾਬੀ 'ਵਰਸਿਟੀ 'ਚ ਡਾ. ਆਹੂਜਾ ਦੇ ਮਹਾਂਕਾਵਿ 'ਤੇ ਵਿਚਾਰ ਗੋਸ਼ਟੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਡੀਨ ਭਾਸ਼ਾਵਾਂ ਦਫ਼ਤਰ ਵੱਲੋਂ ਕਵੀ ਡਾ. ਜਗਦੀਪ ਕੌਰ ਆਹੂਜਾ ਦੇ ਮਹਾਂਕਾਵਿ 'ਕਲਿਜੁਗਿ ਪ੍ਰਮਾਣੁ ਨਾਨਕ ਗੁਰੁ' ਦਾ ਲੋਕ ਅਰਪਣ ਕਰਦਿਆਂ ਵਿਚਾਰ ਗੋਸ਼ਟੀ ਸਮਾਗਮ ਕਰਾਇਆ ਗਿਆ।ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਸਾਹਿਬ ਪੂਰੀ ਦੁਨੀਆਂ ਲਈ ਹਮੇਸ਼ਾ ਰਾਹ-ਦਸੇਰਾ ਬਣ ਕੇ ਚੱਲੇ।ਅਸੀਂ ਨਿੱਤ ਉਹਨਾਂ ਦੀ ਬਾਣੀ ਤੋਂ ਊਰਜਾ ਲੈ ਕੇ ਜੀਵਨ ਦੀਆਂ ਗਤੀਵਿਧੀਆਂ ਕਰਦੇ ਹਾਂ। ਉਨ੍ਹਾਂ ਕਿਹਾ ਕਿ ਡਾ. ਅਹੂਜਾ ਵਧਾਈ ਦੀ ਪਾਤਰ ਹੈ ਕਿ ਉਸ ਨੇ ਗੁਰੂ ਸਾਹਿਬ ਦੇ ਹਵਾਲੇ ਨਾਲ ਇਸ ਮਹਾਂਕਾਵਿ ਦਾ ਕਾਰਜ ਸੰਪੰਨ ਕੀਤਾ ਹੈ।ਉਨ੍ਹਾਂ ਕਿਹਾ ਕਿ ਹਰ ਲੇਖਕ ਦੀ ਆਪਣੀ ਸਿਰਜਣ ਸ਼ਕਤੀ ਹੁੰਦੀ ਹੈ, ਜਿਸ ਜ਼ਰੀਏ ਉਹ ਸੰਕਲਪਾਂ ਨੂੰ ਨਵੀਂ ਪ੍ਰਿਭਾਸ਼ਾ ਦਿੰਦਾ ਹੈ।ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਮਹਾਂਕਾਵਿ ਗੁਰੂ ਨਾਨਕ ਸਾਹਿਬ ਦੇ ਸੰਕਲਪਾਂ ਨੂੰ ਲੋਕਾਈ ਤੱਕ ਪਹੁੰਚਾਏਗਾ।ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਪਹੁੰਚੇ ਸਤਬੀਰ ਸਿੰਘ, ਪ੍ਰਧਾਨ, ਵਿਸ਼ਵ ਪੰਜਾਬੀ ਸਾਹਿਤ ਸਭਾ, ਕਨੇਡਾ ਨੇ ਕਿਹਾ ਕਿ ਇਸ ਮਹਾਂਕਾਵਿ ਦੀ ਭਾਸ਼ਾ ਬਹੁਤ ਸਰਲ ਅਤੇ ਸਪੱਸ਼ਟ ਹੈ।ਡੀਨ, ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਪੰਜਾਬੀ ਸਾਹਿਤ ਅਤੇ ਸੱਭਿਆਚਾਰ ਦੇ ਪ੍ਰਸਾਰ ਲਈ ਕਾਰਜ ਕਰਦੀ ਹੈ।ਇਸ ਖੇਤਰ ਨਾਲ ਜੁੜੇ ਵਿਅਕਤੀਆਂ ਨੂੰ ਪਲੇਟਫ਼ਾਰਮ ਪ੍ਰਦਾਨ ਕਰਨਾ ਸਾਡਾ ਮੁੱਢਲਾ ਕਾਰਜ ਹੈ।ਰਜਿਸਟਰਾਰ ਡਾ. ਦਵਿੰਦਰਪਾਲ ਸਿੰਘ ਸਿੱਧੂ ਵੱਲੋਂ ਧੰਨਵਾਦੀ ਭਾਸ਼ਣ ਦਿੱਤਾ ਗਿਆ ਤੇ ਡਾ. ਬਲਵਿੰਦਰ ਕੌਰ ਸਿੱਧੂ, ਡੀਨ, ਭਾਸ਼ਾਵਾਂ ਨੇ ਸੁਆਗਤੀ ਸ਼ਬਦ ਸਾਂਝੇ ਕੀਤੇ।

## ਦਸਵੀਂ ਦੀਆਂ ਤਿੰਨ ਵਿਦਿਆਰਥਣਾਂ ਦਾ ਨਾਂਅ ਮੈਰਿਟ ਸੂਚੀ 'ਚ ਦਰਜ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਜੋ ਸਵ. ਪ੍ਰਿੰਸੀਪਲ ਗੁਰਦੇਵ ਸਿੰਘ ਦੇ ਅਸ਼ੀਰਵਾਦ ਤੇ ਪ੍ਰਿੰਸੀਪਲ ਅਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਦੀਆਂ ਅਣਥੱਕ ਕੋਸ਼ਿਸ਼ਾਂ ਦੁਆਰਾ ਨਿੱਤ ਨਵੀਆਂ ਮੰਜ਼ਲਾਂ ਪ੍ਰਾਪਤ ਕਰ ਰਹੀ ਹੈ, ਦਾ ਦਸਵੀਂ ਦਾ ਨਤੀਜਾ ਹਰ ਵਾਰ ਦੀ ਤਰ੍ਹਾਂ ਬਹੁਤ ਸ਼ਾਨਦਾਰ ਰਿਹਾ।ਇਸ ਵਾਰ ਵੀ ਦਸਵੀਂ ਸ਼੍ਰੇਣੀ ਦੀਆਂ ਤਿੰਨ ਵਿਦਿਆਰਥਣਾਂ ਨੇ ਮੋਗਾ ਜ਼ਿਲ੍ਹੇ ਵਿੱਚੋਂ ਦੂਜਾ, ਪੰਜਵਾਂ ਤੇ ਛੇਵਾਂ ਸਥਾਨ ਪ੍ਰਾਪਤ ਕਰਕੇ ਆਪਣਾ ਅਤੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਜ਼ਿਕਰਯੋਗ ਹੈ ਕਿ ਵਿਦਿਆਰਥਣ ਯੰਸ਼ਿਕਾ ਸੇਠੀ ਪੁੱਤਰੀ ਸ਼੍ਰੀ ਆਕਾਸ਼ ਸੇਠੀ ਨੇ 97.7% ਫ਼ੀਸਦੀ ਦੀ ਅੰਕ ਪ੍ਰਾਪਤ ਕਰਕੇ ਮੋਗਾ ਜ਼ਿਲ੍ਹੇ ਵਿੱਚੋਂ ਦੂਜਾ ਤੇ ਪੰਜਾਬ ਵਿੱਚੋਂ ਦਸਵਾਂ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਵਿਦਿਆਰਥਣ ਏਕਮਨੂਰ ਕੌਰ ਪੁੱਤਰੀ ਬਲਜਿੰਦਰ ਸਿੰਘ ਨੇ 96.5% ਫੀਸਦੀ ਅੰਕ ਪ੍ਰਾਪਤ ਕਰਕੇ ਮੋਗਾ ਜ਼ਿਲ੍ਹਾ 'ਚੋਂ ਪੰਜਵਾਂ ਅਤੇ ਪੰਜਾਬ ਵਿੱਚੋਂ 18ਵਾਂ ਸਥਾਨ ਹਾਸਲ ਕੀਤਾ, ਮਹਿਵਿਸ਼ ਪੁੱਤਰੀ ਰਾਜ ਕੁਮਾਰ ਨੇ 96.2% ਫ਼ੀਸਦੀ ਅੰਕ ਪ੍ਰਾਪਤ ਕਰਕੇ ਮੋਗਾ ਜ਼ਿਲ੍ਹੇ ਵਿੱਚੋਂ ਛੇਵਾਂ ਤੇ ਪੰਜਾਬ ਵਿੱਚੋਂ 20ਵਾਂ ਸਥਾਨ ਪ੍ਰਾਪਤ ਕਰਕੇ ਆਪਣਾ ਤੇ ਆਪਣੇ ਸਕੂਲ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ।ਇਸ ਤੋਂ ਇਲਾਵਾ ਦਸਵੀਂ ਸ਼੍ਰੇਣੀ ਦੇ 40 ਵਿਦਿਆਰਥੀਆਂ ਨੇ 80% ਫੀਸਦੀ ਤੋਂ ਵੱਧ ਅਤੇ 10 ਵਿਦਿਆਰਥੀਆਂ ਨੇ 90% ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ।ਸਮੁੱਚੀ ਸ਼੍ਰੇਣੀ ਦਾ ਨਤੀਜਾ 100 ਫੀਸਦੀ ਰਿਹਾ।ਪ੍ਰਿੰਸੀਪਲ ਸ਼੍ਰੀ ਸੰਦੀਪ ਮਹਿਤਾ ਨੇ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਕਾਮਯਾਬੀ ਦਾ ਸਿਹਰਾ ਵਿਦਿਆਰਥੀਆਂ ਦੀ ਅਣਥੱਕ ਮਿਹਨਤ ਅਤੇ ਅਧਿਆਪਕਾਂ ਦੀ ਯੋਗ ਅਗਵਾਈ ਦੇ ਸਿਰ ਬੱਝਦਾ ਹੈ।

## 10ਵੀਂ ਦੇ ਨਤੀਜਿਆਂ 'ਚ ਸਕੂਲ ਆਫ਼ ਐਮੀਨੈਂਸ ਅਮਲੋਹ ਦੀਆਂ ਵਿਦਿਆਰਥਣਾਂ ਦਾ ਸ਼ਾਨਦਾਰ ਪ੍ਰਦਰਸ਼ਨ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ 10ਵੀਂ ਜਮਾਤ ਦੇ ਨਤੀਜਿਆਂ 'ਚ ਜ਼ਿਲ੍ਹੇ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ। ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਰਵਿੰਦਰ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਕੁੱਲ 07 ਮੈਰਿਟਾਂ 'ਚੋਂ 03 ਮੈਰਿਟਾਂ ਸਰਕਾਰੀ ਸਕੂਲਾਂ ਤੇ 04 ਮੈਰਿਟਾਂ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੇ ਪ੍ਰਾਪਤ ਕੀਤੀਆਂ ਹਨ, ਜੋ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਖਾਸ ਤੌਰ 'ਤੇ ਸਕੂਲ ਆਫ ਐਮੀਨੈਂਸ ਅਮਲੋਹ ਦੀਆਂ ਹੋਣਹਾਰ ਵਿਦਿਆਰਥਣਾਂ ਦੀ ਪ੍ਰਸ਼ੰਸਾ ਕਰਦਿਆਂ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਸੇਜ਼ਲ ਗੋਸਵਾਮੀ ਨੇ 98.31 ਫੀਸਦੀ ਅੰਕ ਪ੍ਰਾਪਤ ਕਰਕੇ ਸੂਬੇ ਭਰ ਵਿੱਚ 06ਵਾਂ ਸਥਾਨ ਹਾਸਲ ਕੀਤਾ ਹੈ।ਇਸੇ ਤਰ੍ਹਾਂ ਕਲਿਆਣੀ ਕੁਮਾਰੀ ਨੇ 98 ਫ਼ੀਸਦੀ ਅੰਕਾਂ ਨਾਲ 8ਵਾਂ ਸਟੇਟ ਰੈਂਕ ਅਤੇ ਛਵੀ ਚੌਧਰੀ ਨੇ 96.31 ਫੀਸਦੀ ਅੰਕਾਂ ਨਾਲ 19ਵਾਂ ਸਟੇਟ ਰੈਂਕ ਪ੍ਰਾਪਤ ਕਰਕੇ ਸਕੂਲ, ਮਾਪਿਆਂ ਤੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ।ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਕੜੀ ਮਿਹਨਤ, ਅਧਿਆਪਕਾਂ ਦੀ ਸਮਰਪਿਤ ਸੇਵਾ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਸੁਧਾਰਾਂ ਅਤੇ ਸਕੂਲ ਆਫ਼ ਐਮੀਨੈਂਸ ਵਰਗੀਆਂ ਪਹਿਲਕਦਮੀਆਂ ਕਾਰਨ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਲਗਾਤਾਰ ਨਵੀਆਂ ਉਚਾਈਆਂ ਛੂਹ ਰਹੇ ਹਨ।

## ਘਰਾਚੋਂ ਚੌਕੀ ਇੰਚਾਰਜ ਵਰਿੰਦਰ ਸਿੰਘ ਦੀ ਕਾਰਗੁਜ਼ਾਰੀ ਦੀ ਲੋਕਾਂ ਵੱਲੋਂ ਸ਼ਲਾਘਾ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਪੁਲਸ ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਘਰਾਚੋਂ ਪੁਲਸ ਚੌਕੀ ਦੇ ਇੰਚਾਰਜ ਵਰਿੰਦਰ ਸਿੰਘ (ਵਿੱਕੀ) ਵੱਲੋਂ ਇਲਾਕੇ ਵਿੱਚ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਲੋਕਾਂ ਵੱਲੋਂ ਭਰਪੂਰ ਪ੍ਰਸ਼ੰਸਾ ਕੀਤੀ ਜਾ ਰਹੀ ਹੈ।ਚੌਕੀ ਇੰਚਾਰਜ ਵੱਲੋਂ ਨਸ਼ਾ ਤਸਕਰਾਂ, ਚੋਰਾਂ ਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਚਲਾਈ ਗਈ ਸਖ਼ਤ ਮੁਹਿੰਮ ਕਾਰਨ ਇਲਾਕੇ ਦੇ ਲੋਕ ਆਪਣੇ ਆਪ ਨੂੰ ਹੋਰ ਸੁਰੱਖਿਅਤ ਮਹਿਸੂਸ ਕਰ ਰਹੇ ਹਨ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਟਰੱਕ ਯੂਨੀਅਨ ਭਵਾਨੀਗੜ੍ਹ ਦੇ ਪ੍ਰਧਾਨ ਤੇ ਪੰਚਾਇਤ ਸੰਮਤੀ ਮੈਂਬਰ ਮਾਲਵਿੰਦ ਸਿੰਘ ਝਨੇੜੀ, ਸਰਪੰਚ ਗੁਰਮੀਤ ਸਿੰਘ ਮੀਤਾ ਝਨੇੜੀ, ਗੁਰਤੇਜ ਸਿੰਘ ਝਨੇੜੀ ਤੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ ਨੇ ਕਿਹਾ ਕਿ ਜਦੋਂ ਤੋਂ ਵਰਿੰਦਰ ਸਿੰਘ ਨੇ ਘਰਾਚੋਂ ਚੌਕੀ ਦਾ ਚਾਰਜ ਸੰਭਾਲਿਆ ਹੈ, ਉਦੋਂ ਤੋਂ ਇਲਾਕੇ ਵਿੱਚ ਅਮਨ-ਸ਼ਾਂਤੀ ਦਾ ਮਾਹੌਲ ਬਣਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਵਰਿੰਦਰ ਸਿੰਘ ਆਪਣੀ ਡਿਊਟੀ ਪੂਰੀ ਇਮਾਨਦਾਰੀ, ਨਿੱਡਰਤਾ ਤੇ ਤਨਦੇਹੀ ਨਾਲ ਨਿਭਾਅ ਰਹੇ ਹਨ, ਜਿਸ ਕਾਰਨ ਲੋਕਾਂ ਦਾ ਪੁਲਸ ਪ੍ਰਤੀ ਵਿਸ਼ਵਾਸ ਹੋਰ ਮਜ਼ਬੂਤ ਹੋਇਆ ਹੈ।

## ਕੁਲਬੀਰ ਜ਼ੀਰਾ ਵੱਲੋਂ ਬਲਾਕ ਇੰਚਾਰਜਾਂ ਦੀ ਨਿਯੁਕਤੀ

**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਜ਼ਿਲ੍ਹਾ ਕਾਂਗਰਸ ਕਮੇਟੀ ਫ਼ਿਰੋਜ਼ਪੁਰ ਦੇ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ ਵੱਲੋਂ ਪਾਰਟੀ ਸੰਗਠਨ ਨੂੰ ਹੇਠਲੇ ਪੱਧਰ 'ਤੇ ਸਰਗਰਮ ਤੇ ਮਜ਼ਬੂਤ ਕਰਨ ਲਈ ਅਹਿਮ ਕਦਮ ਚੁੱਕਿਆ ਗਿਆ ਹੈ।ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਉਨ੍ਹਾਂ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਲਈ ਸੀਨੀਅਰ ਆਗੂਆਂ ਨੂੰ ਬਤੌਰ ਇੰਚਾਰਜ ਨਿਯੁਕਤ ਕੀਤਾ ਹੈ।ਇਸ ਫੈਸਲੇ ਦਾ ਮੁੱਖ ਮਕਸਦ ਪਾਰਟੀ ਦੀਆਂ ਗਤੀਵਿਧੀਆਂ ਨੂੰ ਬਲਾਕ ਤੇ ਮੰਡਲ ਪੱਧਰ ਤੱਕ ਸੁਚਾਰੂ ਢੰਗ ਨਾਲ ਪਹੁੰਚਾਉਣਾ ਹੈ।ਪ੍ਰਧਾਨ ਕੁਲਬੀਰ ਸਿੰਘ ਜ਼ੀਰਾ ਵੱਲੋਂ ਜਾਰੀ ਦਫ਼ਤਰੀ ਹੁਕਮਾਂ ਅਨੁਸਾਰ ਹਰ ਮਹੀਨੇ ਦੇ ਪਹਿਲੇ ਮੰਗਲਵਾਰ ਨੂੰ ਬਲਾਕ ਪੱਧਰ 'ਤੇ 31 ਮੈਂਬਰੀ ਕਮੇਟੀ, ਬੀਐੱਲਓ 2 ਤੇ ਮੰਡਲ ਪ੍ਰਧਾਨਾਂ ਨਾਲ ਮਹੀਨਾਵਾਰ ਮੀਟਿੰਗ ਕਰਨੀ ਲਾਜ਼ਮੀ ਕੀਤੀ ਗਈ ਹੈ।ਇਨ੍ਹਾਂ ਮੀਟਿੰਗਾਂ ਦੀ ਰਿਪੋਰਟ ਸਿੱਧੀ ਜ਼ਿਲ੍ਹਾ ਦਫ਼ਤਰ ਨੂੰ ਭੇਜੀ ਜਾਵੇਗੀ।ਇਸ ਤੋਂ ਇਲਾਵਾ ਪਾਰਟੀ ਦੇ ਪ੍ਰਚਾਰ ਲਈ ਹੁਣ ਤਕਨੀਕੀ ਤੇ ਡਿਜੀਟਲ ਪਲੇਟਫਾਰਮਾਂ ਦੀ ਵਰਤੋਂ 'ਤੇ ਵੀ ਜ਼ੋਰ ਦਿੱਤਾ ਗਿਆ ਹੈ, ਜਿਸ ਤਹਿਤ ਮੀਟਿੰਗਾਂ ਦੀਆਂ ਤਸਵੀਰਾਂ ਤੇ ਵੀਡੀਓਜ਼ ਸੋਸ਼ਲ ਮੀਡੀਆ 'ਤੇ ਅਪਲੋਡ ਕਰਨ ਤੇ ਪ੍ਰੈੱਸ ਕਵਰੇਜ ਨੂੰ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ।ਜ਼ਿਲ੍ਹਾ ਪ੍ਰਧਾਨ ਨੇ ਤਜਰਬੇਕਾਰ ਆਗੂਆਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਹਨ, ਜਿਨ੍ਹਾਂ ਵਿੱਚ ਬਲਜੀਤ ਕੌਰ ਬੰਗੜ (ਜ਼ੀਰਾ), ਓਮ ਪ੍ਰਕਾਸ਼ (ਮਖੂ), ਜੋਗਿੰਦਰਪਾਲ ਭੱਟਾ (ਘੱਲ ਖੁਰਦ), ਡਾ. ਜੋਤੀ ਵਰਵਾਲ (ਮਮਦੋਟ), ਸਰਵਣ ਮਸੀਹ (ਫ਼ਿਰੋਜ਼ਪੁਰ ਸ਼ਹਿਰ), ਰਸਦੀਪ ਸਿੰਘ (ਫ਼ਿਰੋਜ਼ਪੁਰ ਕੈਂਟ), ਅਨਵਰ ਹੁਸੈਨ (ਗੁਰੂ ਹਰਸਹਾਏ), ਮੁਨੀਸ਼ ਸ਼ਰਮਾ ਬੱਬਲ (ਲੱਖੋ ਕੇ ਬਹਿਰਾਮ) ਤੇ ਹਰਿੰਦਰ ਸਿੰਘ ਖੋਸਾ (ਅਮੀਰ ਖਾਸ) ਦੇ ਨਾਮ ਸ਼ਾਮਲ ਹਨ।ਕੁਲਬੀਰ ਸਿੰਘ ਜ਼ੀਰਾ ਨੇ ਉਮੀਦ ਜਤਾਈ ਕਿ ਸਾਰੇ ਨਿਯੁਕਤ ਅਹੁਦੇਦਾਰ ਆਪਣੀ ਜ਼ਿੰਮੇਵਾਰੀ ਤਨਦੇਹੀ ਤੇ ਵਫ਼ਾਦਾਰੀ ਨਾਲ ਨਿਭਾਉਣਗੇ।

## ਡੀ ਬੀ ਜੀ ਵੱਲੋਂ ਤਰਜੀਤ ਸਿੰਘ ਸੰਧੂ ਨੂੰ ਸਮਰਪਤ ਖ਼ੂਨਦਾਨ ਕੈਂਪ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਡੈਡੀਕੇਟਿਡ ਬ੍ਰਦਰਜ਼ ਗਰੁੱਪ (ਰਜਿ.) ਪੰਜਾਬ ਦੇ ਸੰਸਥਾਪਕ ਪ੍ਰਧਾਨ ਡਾ. ਰਾਕੇਸ਼ ਵਰਮੀ ਦੀ ਪ੍ਰਧਾਨਗੀ ਹੇਠ ਤਰਜੀਤ ਸਿੰਘ ਸੰਧੂ ਦੀ ਯਾਦ ਵਿੱਚ ਖ਼ੂਨਦਾਨ ਕੈਂਪ ਲਾਇਆ ਗਿਆ।ਸਰਕਾਰੀ ਰਜਿੰਦਰਾ ਬਲੱਡ ਬੈਂਕ, ਵਰਧਮਾਨ ਬਲੱਡ ਬੈਂਕ, ਸਿਟੀ ਚੈਰੀਟੇਬਲ ਬਲੱਡ ਬੈਂਕ ਦੀਆਂ ਟੀਮਾਂ ਨੇ 269 ਬਲੱਡ ਯੂਨਿਟ ਇੱਕਠਾ ਕੀਤਾ।ਡਾ. ਮਨਮੋਹਨ ਸਿੰਘ, ਡਾ. ਸੁਧੀਰ ਵਰਮਾ ਦਿਲ ਦੇ ਰੋਗਾਂ ਦੇ ਮਾਹਰ ਡਾਕਟਰਾਂ ਨੇ ਖ਼ੂਨਦਾਨੀਆਂ ਦਾ ਹੌਸਲਾ ਵਧਾਇਆ।ਮੋਹਿਤ ਮਹਿੰਦਰਾ ਪ੍ਰਧਾਨ ਯੂਥ ਕਾਂਗਰਸ ਪੰਜਾਬ ਤੇ ਹਰਪਾਲ ਜੁਨੇਜਾ ਚੇਅਰਮੈਨ ਪੀ ਆਰ ਟੀ ਸੀ, ਬਿੱਟੂ ਸ਼ਰਮਾ ਸਾਬਕਾ ਮੇਅਰ, ਡਾ. ਨੀਰਜ ਗੋਇਲ ਪ੍ਰਿੰਸੀਪਲ ਮੋਦੀ ਕਾਲਜ ਨੇ ਖ਼ੂਨਦਾਨੀਆਂ ਨੂੰ ਗੋਲਡ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ।ਹਰਪ੍ਰੀਤ ਸਿੰਘ ਸੰਧੂ ਜਨਰਲ ਸਕੱਤਰ ਡੀ.ਬੀ.ਜੀ. ਤੇ ਸਕੱਤਰ ਰਜਿੰਦਰਾ ਜਿਮਖਾਨਾ ਕਲੱਬ ਨੇ 91ਵੀਂ ਵਾਰ ਖ਼ੂਨ ਦਾਨ ਕੀਤਾ।ਲਖਵੀਰ ਕੌਰ ਸੰਧੂ, ਯੁਵਰਾਜ ਸਿੰਘ ਸੰਧੂ ਨੇ ਵੀ ਖ਼ੂਨਦਾਨ ਕੀਤਾ।ਡਾ. ਰਾਕੇਸ਼ ਵਰਮੀ ਨੇ ਵੀ 90ਵੀਂ ਵਾਰ ਖ਼ੂਨ ਦਾਨ ਕੀਤਾ।

ਜ਼ਿਮਖਾਨਾ ਕਲੱਬ ਵਿੱਚ ਲਗਾਏ ਗਏ ਖ਼ੂਨਦਾਨ ਕੈਂਪ ਦੀ ਸਫਲਤਾ ਲਈ ਡੈਡੀਕੇਟਿਡ ਬ੍ਰਦਰਜ਼ ਗਰੁੱਪ ਪੰਜਾਬ, ਕਮਿਟੀਡ ਬ੍ਰਿਗੇਡ, ਜ਼ਿਮਖਾਨਾ ਤੇ ਮਹਿੰਦਰਾ ਕਲੱਬ, ਡੀ.ਸੀ.ਬੀ. ਬੈਂਕ, ਮਹਾਰਾਜਾ ਗਰੁੱਪ, ਨਿਊ ਵੂਮੈਨ ਐਮਪਾਵਰਮੈਂਟ ਫਾਊਂਡੇਸ਼ਨ, ਬੀ ਐੱਨ ਆਈ, ਇੰਡੀਅਨ ਮੈਡੀਕਲ ਐਸੋਸੀਏਸ਼ਨ, ਡੈਨਟਿਲ ਡਾ. ਐਸੋਸੀਏਸ਼ਨ, ਗੈਂਗ ਬ੍ਰਦਰਜ਼, ਟੀ.ਤਿੰਨ.ਜੀ. ਦੀਆਂ ਟੀਮਾਂ ਨੇ ਸਹਿਯੋਗ ਦਿੱਤਾ।ਦਿਲਪ੍ਰੀਤ ਸਿੰਘ ਬੈਨੀਪਾਲ ਪ੍ਰਾਜੈਕਟ ਇੰਚਾਰਜ ਡੀ.ਬੀ.ਜੀ. ਖ਼ੂਨਦਾਨ ਨੇ ਦੱਸਿਆ ਖ਼ੂਨਦਾਨੀ ਦੇ ਹੀਮੋਗਲੋਬਿਨ ਦੀ ਮਾਤਰਾ 12 ਗ੍ਰਾਮ ਤੋਂ ਵੱਧ ਤੇ ਸਰੀਰਕ ਵਜ਼ਨ 45 ਕਿੱਲੋ ਤੋਂ ਵੱਧ ਹੋਣਾ ਚਾਹੀਦਾ ਹੈ।ਖ਼ੂਨਦਾਨੀ ਦੀ ਉਮਰ 18 ਸਾਲ ਤੋਂ 65 ਸਾਲ ਹੋਣੀ ਚਾਹੀਦੀ ਹੈ, ਕੋਈ ਵੀ ਤੰਦਰੁਸਤ ਇਸਤਰੀ-ਪੁਰਸ਼ ਖ਼ੂਨ ਦਾਨ ਕਰ ਸਕਦਾ ਹੈ।ਕੈਂਪ ਦੀ ਕਾਮਯਾਬੀ ਲਈ ਸਮੁੱਚੀ ਟੀਮ ਜਿੰਮਖਾਨਾ ਕਲੱਬ ਨੇ ਖ਼ੂਨਦਾਨੀਆਂ ਨੂੰ ਸਨਮਾਨਤ ਕੀਤਾ।

## ਭੁੱਲਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਬੱਸ ਰਵਾਨਾ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਫ਼ਿਰੋਜ਼ਪੁਰ ਸ਼ਹਿਰੀ ਹਲਕੇ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਹ ਬੱਸ ਸ੍ਰੀ ਅੰਮ੍ਰਿਤਸਰ ਸਾਹਿਬ ਤੇ ਨੇੜਲੇ ਪ੍ਰਸਿੱਧ ਧਾਰਮਿਕ ਤੇ ਇਤਿਹਾਸਕ ਸਥਾਨਾਂ ਦੇ ਦਰਸ਼ਨਾਂ ਲਈ ਭੇਜੀ ਗਈ ਹੈ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਇਸ ਯੋਜਨਾ ਦਾ ਮਕਸਦ ਲੋਕਾਂ ਨੂੰ ਸੁਵਿਧਾਜਨਕ ਤੇ ਮੁਫ਼ਤ ਤੀਰਥ ਯਾਤਰਾ ਦੀ ਸਹੂਲਤ ਪ੍ਰਦਾਨ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਸ ਬੱਸ ਰਾਹੀਂ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ ਤੇ ਭਗਵਾਨ ਵਾਲਮੀਕਿ ਤੀਰਥ ਸਥਲ ਦੇ ਦਰਸ਼ਨ ਕਰਨਗੇ। ਇਸ ਦੇ ਨਾਲ-ਨਾਲ ਯਾਤਰੀਆਂ ਨੂੰ ਜਲ੍ਹਿਆਂਵਾਲਾ ਬਾਗ਼, ਪਾਰਟੀਸ਼ਨ ਮਿਊਜ਼ੀਅਮ ਤੇ ਵਾਘਾ ਬਾਰਡਰ ਵਿਖੇ ਰੀਟਰੀਟ ਸਮਾਰੋਹ ਵੀ ਵੇਖਣ ਦਾ ਮੌਕਾ ਮਿਲੇਗਾ। ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਇਹ ਯੋਜਨਾ ਵਿਸ਼ੇਸ਼ ਤੌਰ 'ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਤੇ ਸੀਨੀਅਰ ਨਾਗਰਿਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖ ਕੇ ਸ਼ੁਰੂ ਕੀਤੀ ਗਈ ਹੈ। ਯਾਤਰਾ ਦੌਰਾਨ ਆਵਾਜਾਈ, ਰਹਿਣ-ਸਹਿਣ, ਭੋਜਨ ਤੇ ਹੋਰ ਲੋੜੀਂਦੀਆਂ ਸਹੂਲਤਾਂ ਸਰਕਾਰ ਵੱਲੋਂ ਮੁਫ਼ਤ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਯਾਤਰਾ 'ਤੇ ਜਾਣ ਵਾਲੇ ਸਮੂਹ ਸ਼ਰਧਾਲੂਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਮੌਕੇ ਹਿਮਾਂਸ਼ੂ ਠੱਕਰ, ਰਾਜ ਬਹਾਦੁਰ ਸਿੰਘ ਗਿੱਲ, ਦਿਲਬਾਗ ਸਿੰਘ ਨੰਡਾ ਚੇਅਰਮੈਨ ਬਲਾਕ ਸੰਮਤੀ ਫਿਰੋਜ਼ਪੁਰ, ਸੁਖਚੈਨ ਸਿੰਘ ਖਾਈ, ਗੁਰਭੇਜ ਸਿੰਘ, ਅਮਰੀਕ ਸਿੰਘ ਹੀਰੋ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਡਾ. ਰਾਸ਼ਿਦ ਰਸ਼ੀਦ ਨੇ ਸੰਭਾਲਿਆ ਮਾਤਾ ਗੁਜਰੀ ਕਾਲਜ ਦੇ ਡੀਨ ਸੱਭਿਆਚਾਰਕ ਮਾਮਲੇ ਦਾ ਅਹੁਦਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਮਾਤਾ ਗੁਜਰੀ ਕਾਲਜ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਸ਼ਿਦ ਰਸ਼ੀਦ ਨੇ ਕਾਰਜਕਾਰੀ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਸੰਧੂ ਦੀ ਹਾਜ਼ਰੀ ਵਿੱਚ ਕਾਲਜ ਦੇ ਡੀਨ ਸਭਿਆਚਾਰਕ ਮਾਮਲੇ ਦਾ ਅਹੁਦਾ ਵਿਧੀਵਤ ਤੌਰ 'ਤੇ ਸੰਭਾਲ ਲਿਆ।ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀ, ਸਟਾਫ਼ ਮੈਂਬਰ ਤੇ ਸਾਬਕਾ ਡੀਨ ਸਭਿਆਚਾਰਕ ਮਾਮਲੇ ਡਾ. ਜਗਪਾਲ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਕਾਲਜ ਪ੍ਰਿੰਸੀਪਲ ਡਾ. ਸੰਧੂ ਨੇ ਡਾ. ਰਾਸ਼ਿਦ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਦੂਰਅੰਦੇਸ਼ੀ ਸੋਚ, ਅਕਾਦਮਿਕ ਸਮਰੱਥਾ ਤੇ ਲੰਮੇਰੇ ਤਜਰਬੇ ਸਦਕਾ ਕਾਲਜ ਦੀਆਂ ਸੱਭਿਆਚਾਰਕ ਗਤੀਵਿਧੀਆਂ ਨੂੰ ਨਵੀਂ ਦਿਸ਼ਾ ਅਤੇ ਦਸ਼ਾ ਪ੍ਰਾਪਤ ਹੋਵੇਗੀ।ਉਨ੍ਹਾਂ ਸਾਬਕਾ ਡੀਨ ਡਾ. ਜਗਪਾਲ ਸਿੰਘ ਦੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ।ਅਹੁਦਾ ਸੰਭਾਲਣ ਉਪਰੰਤ ਡਾ. ਰਾਸ਼ਿਦ ਰਸ਼ੀਦ ਨੇ ਕਾਲਜ ਪ੍ਰਿੰਸੀਪਲ ਤੇ ਸਟਾਫ਼ ਸਾਥੀਆਂ ਦਾ ਧੰਨਵਾਦ ਕਰਦਿਆਂ ਇਹ ਭਰੋਸਾ ਦਿਵਾਇਆ ਕਿ ਉਹ ਪੂਰੀ ਸ਼ਿੱਦਤ ਅਤੇ ਸਮਰਪਣ ਨਾਲ ਵਿਦਿਆਰਥੀਆਂ ਦੀ ਸਾਹਿਤਕ ਤੇ ਸਭਿਆਚਾਰਕ ਪ੍ਰਤਿਭਾ ਨੂੰ ਨਿਖਾਰਨ ਲਈ ਯਤਨਸ਼ੀਲ ਰਹਿਣਗੇ।ਉਨ੍ਹਾਂ ਕਿਹਾ ਕਿ ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੀਆਂ ਰਚਨਾਤਮਕ, ਸੱਭਿਆਚਾਰਕ ਅਤੇ ਸਾਹਿਤਕ ਯੋਗਤਾਵਾਂ ਨੂੰ ਵੀ ਪ੍ਰਫੁੱਲਤ ਕਰਨ ਲਈ ਭਰਪੂਰ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ।ਸਾਬਕਾ ਡੀਨ ਡਾ. ਜਗਪਾਲ ਸਿੰਘ ਨੇ ਦੱਸਿਆ ਕਿ ਕਾਲਜ ਦੇ ਸੰਗੀਤ, ਫਾਈਨ ਆਰਟਸ ਤੇ ਭਾਸ਼ਾਵਾਂ ਦੇ ਵਿਭਾਗ ਵਿਸ਼ੇਸ਼ ਤੌਰ 'ਤੇ ਯੁਵਕ ਮੇਲਿਆਂ ਦੀ ਤਿਆਰੀ ਲਈ ਵਿਦਿਆਰਥੀਆਂ ਦੀ ਸੁਯੋਗ ਅਗਵਾਈ ਕਰਦੇ ਹਨ, ਜਿਸ ਦੀ ਬਦੌਲਤ ਕਾਲਜ ਹੁਣ ਤੱਕ ਕਈ ਵਾਰ ਅੰਤਰ ਖੇਤਰੀ, ਖੇਤਰੀ ਯੁਵਕ ਮੇਲਿਆਂ ਤੇ ਲੋਕ ਮੇਲਿਆਂ ਦੀ ਓਵਰਆਲ ਟਰਾਫ਼ੀ ਜਿੱਤ ਚੁੱਕਾ ਹੈ।

## ਦੇਸ਼ ਭਗਤ ਗਲੋਬਲ ਸਕੂਲ ਵਿਖੇ ਮਨਾਇਆ ਮਾਂ ਦਿਵਸ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਗਲੋਬਲ ਸਕੂਲ ਵਿਖੇ ਮਾਂ ਦਿਵਸ ਮਨਾਇਆ ਗਿਆ।ਇਸ ਮੌਕੇ ਸਮਾਰੋਹ ਦੀ ਸ਼ੁਰੂਆਤ ਸਕੂਲ ਪ੍ਰਿੰਸੀਪਲ ਇੰਦੂ ਸ਼ਰਮਾ ਵੱਲੋਂ ਨਿੱਘੇ ਸਵਾਗਤ ਨਾਲ ਹੋਈ, ਜਿਸ ਤੋਂ ਬਾਅਦ ਅਧਿਆਪਕਾਂ ਨੇ ਇੱਕ ਮਨਮੋਹਕ ਰੰਗਾਰੰਗ ਪ੍ਰੋਗਰਾਮ ਦਾ ਪ੍ਰਦਰਸ਼ਨ ਕੀਤਾ।ਇਸ ਪ੍ਰੋਗਰਾਮ ਦੇ ਮੁੱਖ ਆਕਰਸ਼ਣਾਂ ਵਿੱਚੋਂ ਇੱਕ ਰੈਂਪ ਵਾਕ ਰਾਊਂਡ ਸੀ, ਜਿੱਥੇ ਮਾਵਾਂ ਨੇ ਪੂਰੇ ਵਿਸ਼ਵਾਸ ਨਾਲ ਸਟੇਜ 'ਤੇ ਚੱਲ ਕੇ ਆਪਣੀ ਸ਼ਾਨ, ਆਤਮਵਿਸ਼ਵਾਸ ਤੇ ਜੀਵੰਤ ਸ਼ਖ਼ਸੀਅਤ ਦਾ ਪ੍ਰਦਰਸ਼ਨ ਕੀਤਾ।ਇਹ ਪ੍ਰੋਗਰਾਮ ਇੱਕ ਦਿਲਚਸਪ ਪ੍ਰਤਿਭਾ ਦੌਰ ਦੇ ਨਾਲ ਜਾਰੀ ਰਿਹਾ ਜਿਸ ਵਿੱਚ ਡਾਂਸ, ਗਾਇਕੀ, ਕਲਾ ਤੇ ਮਹਿੰਦੀ ਮੁਕਾਬਲੇ ਸ਼ਾਮਲ ਸਨ।ਇਸ ਦੌਰਾਨ ਇਨਾਮ ਵੰਡ ਸਮਾਰੋਹ ਮੌਕੇ, ਪ੍ਰਿੰਸੀਪਲ ਸ਼੍ਰੀਮਤੀ ਇੰਦੂ ਸ਼ਰਮਾ ਨੇ ਜੇਤੂਆਂ ਨੂੰ ਡਾਂਸਿੰਗ ਦੀਵਾ, ਨਾਈਟਿੰਗੇਲ ਮੌਮ, ਹੀਨਾ ਕਵੀਨ, ਆਰਟਿਸਟਿਕ ਮੌਮ, ਗ੍ਰੇਸ ਇਨ ਸਟਾਈਲ ਤੇ ਮਿਲੀਅਨ ਡਾਲਰ ਸਮਾਈਲ ਸਮੇਤ ਵਿਸ਼ੇਸ਼ ਖਿਤਾਬਾਂ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਚੇਅਰਮੈਨ ਡਾ. ਜ਼ੋਰਾ ਸਿੰਘ ਤੇ ਜਨਰਲ ਸਕੱਤਰ ਡਾ. ਤਜਿੰਦਰ ਕੌਰ ਨੇ ਸਾਰੀਆਂ ਮਾਵਾਂ ਦਾ ਧੰਨਵਾਦ ਕੀਤਾ।



## ਮਾਂ-ਦਿਵਸ ਮੌਕੇ ਸਿਹਤ ਜਾਗਰੂਕਤਾ ਕੈਂਪ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਦੀ ਅਗਵਾਈ ਹੇਠ ਸੱਭਿਆਚਾਰਕ ਗਤੀਵਿਧੀਆਂ ਕਮੇਟੀ ਤੇ ਸਰੀਰਕ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਾਂ ?ਦਿਵਸ ਮੌਕੇ ਔਰਤਾਂ ਅਤੇ ਮਾਵਾਂ ਵਿੱਚ ਸਿਹਤ ਜਾਗਰੂਕਤਾ ਨੂੰ ਉਤਸ਼ਾਹਤ ਕਰਨ ਲਈ ਇੱਕ ਕੈਂਪ ਲਾਇਆ ਗਿਆ।ਕੈਂਪ ਦੌਰਾਨ ਵਿਦਿਆਰਥੀਆਂ, ਮਾਵਾਂ, ਸਟਾਫ਼ ਤੇ ਸਥਾਨਕ ਨਿਵਾਸੀਆਂ ਨੂੰ ਸਿਹਤਮੰਦ ਜੀਵਨ ਸ਼ੈਲੀ, ਸੰਤੁਲਿਤ ਪੋਸ਼ਣ ਤੇ ਸਰੀਰਕ ਤੰਦਰੁਸਤੀ ਬਾਰੇ ਜਾਗਰੂਕ ਕੀਤਾ ਗਿਆ।ਕੈਂਪ ਵਿੱਚ ਬੀ ਐੱਮ ਆਈ ਜਾਂਚ, ਵਿਅਕਤੀਗਤ ਖ਼ੁਰਾਕ ਤੇ ਕਸਰਤ ਯੋਜਨਾਵਾਂ ਵਰਗੀਆਂ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ ਅਤੇ ਤਣਾਅ ਪ੍ਰਬੰਧਨ ਤੇ ਨਿਯਮਤ ਕਸਰਤ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਡਾ. ਨਿਰਲੇਪ ਕੌਰ ਦਿਓਲ ਅਤੇ ਪ੍ਰੋ. ਰਾਮਪਾਲ ਬੰਗਾ ਨੇ ਕਾਲਜ ਦੇ ਮਹਿਲਾ ਸਟਾਫ਼ ਦਾ ਸਿਹਤ ਨਿਰੀਖਣ ਕੀਤਾ ਤੇ ਤੰਦਰੁਸਤ ਰਹਿਣ ਲਈ ਅਹਿਮ ਨੁਕਤੇ ਸਾਂਝੇ ਕੀਤੇ।ਭਾਗੀਦਾਰਾਂ ਨੇ ਕਾਲਜ ਵੱਲੋਂ ਕੀਤੀ ਗਈ। ਇਸ ਸਾਰਥਿਕ ਸਮਾਜਿਕ ਪਹਿਲਕਦਮੀ ਦੀ ਭਰਪੂਰ ਸ਼ਲਾਘਾ ਕੀਤੀ।

## ਪੰਜਾਬ 'ਵਰਸਿਟੀ ਰਿਜਨਲ ਸੈਂਟਰ ਦੀ ਇਮਾਰਤ ਦਾ ਨਿਰਮਾਣ ਕਾਰਜ ਸ਼ੁਰੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਯੂਨੀਵਰਸਿਟੀ ਰੀਜਨਲ ਸੈਂਟਰ ਦੀ ਨਵੀਂ ਇਮਾਰਤ ਦਾ ਨਿਰਮਾਣ ਕਾਰਜ ਅਧਿਕਾਰਕ ਤੌਰ 'ਤੇ ਸ਼ੁਰੂ ਹੋ ਗਿਆ ਹੈ, ਜਿਸ ਨਾਲ ਸ਼ਹਿਰ ਵਾਸੀਆਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਲੰਬੇ ਸਮੇਂ ਤੋਂ ਲੋਕਾਂ ਦੀ ਮੰਗ ਸੀ ਕਿ ਰੀਜਨਲ ਸੈਂਟਰ ਲਈ ਆਧੁਨਿਕ ਸਹੂਲਤਾਂ ਨਾਲ ਲੈਸ ਨਵੀਂ ਇਮਾਰਤ ਤਿਆਰ ਕੀਤੀ ਜਾਵੇ।ਕਰੀਬ 30 ਸਾਲਾਂ ਤੋਂ ਇਹ ਕੇਂਦਰ ਪੁਰਾਣੀ ਇਮਾਰਤ ਵਿੱਚ ਚੱਲ ਰਿਹਾ ਸੀ।ਇਸ ਮੌਕੇ ਸਮਾਜਿਕ, ਸਿੱਖਿਆਕ ਤੇ ਰਾਜਨੀਤਕ ਖੇਤਰ ਨਾਲ ਜੁੜੇ ਲੋਕਾਂ ਵੱਲੋਂ ਇਸ ਉਪਰਾਲੇ ਦਾ ਸਵਾਗਤ ਕੀਤਾ ਗਿਆ।ਖਾਸ ਤੌਰ 'ਤੇ ਕਪਿਲ ਸ਼ਰਮਾ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਹਰ ਮੀਟਿੰਗ ਵਿੱਚ ਰੀਜਨਲ ਸੈਂਟਰ ਦੀ ਨਵੀਂ ਇਮਾਰਤ ਦਾ ਮੁੱਦਾ ਮਜ਼ਬੂਤੀ ਨਾਲ ਉਠਾਇਆ।ਯੂਨੀਵਰਸਿਟੀ ਵੱਲੋਂ ਨਵੀਂ ਇਮਾਰਤ ਦੇ ਨਿਰਮਾਣ ਲਈ ਬਣਾਈ ਗਈ ਕਮੇਟੀ ਵਿੱਚ ਵੀ ਉਨ੍ਹਾਂ ਨੂੰ ਮੈਂਬਰ ਨਿਯੁਕਤ ਕੀਤਾ ਗਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਪਿਲ ਸ਼ਰਮਾ ਨੇ ਕਿਹਾ ਕਿ ਰੀਜਨਲ ਸੈਂਟਰ ਦੀ ਨਵੀਂ ਇਮਾਰਤ ਬਣਵਾਉਣਾ ਉਨ੍ਹਾਂ ਦਾ ਮੁੱਖ ਟੀਚਾ ਸੀ ਤੇ ਸੈਨੇਟ ਚੋਣ ਦੌਰਾਨ ਵੀ ਉਨ੍ਹਾਂ ਨੇ ਇਸ ਮੁੱਦੇ ਨੂੰ ਪ੍ਰਮੁੱਖਤਾ ਨਾਲ ਉਠਾਇਆ ਸੀ।ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੇ ਸਹਿਯੋਗ ਤੇ ਸਮਰਥਨ ਨਾਲ ਹੀ ਇਹ ਸੰਭਵ ਹੋ ਸਕਿਆ ਹੈ।ਉਨ੍ਹਾਂ ਪ੍ਰੋ. ਆਰ. ਡੀ. ਬਾਂਸਲ ਨੂੰ ਯਾਦ ਕਰਦਿਆਂ ਕਿਹਾ ਕਿ ਰੀਜਨਲ ਸੈਂਟਰ ਦੇ ਵਿਕਾਸ ਤੇ ਨਵੀਂ ਇਮਾਰਤ ਦਾ ਸੁਪਨਾ ਸਭ ਤੋਂ ਪਹਿਲਾਂ ਉਨ੍ਹਾਂ ਨੇ ਹੀ ਦੇਖਿਆ ਸੀ।ਇਹ ਨਵਾਂ ਨਿਰਮਾਣ ਸ੍ਰੀ ਮੁਕਤਸਰ ਸਾਹਿਬ ਦੇ ਸਿੱਖਿਅਕ ਵਿਕਾਸ ਵੱਲ ਇੱਕ ਵੱਡਾ ਕਦਮ ਮੰਨਿਆ ਜਾ ਰਿਹਾ ਹੈ।

## ਅਨੁਪ੍ਰਿਤਾ ਜੌਹਲ ਨੇ ਏ ਡੀ ਸੀ ਦਾ ਅਹੁਦਾ ਸੰਭਾਲਿਆ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਸਰਕਾਰ ਵੱਲੋਂ ਅਧਿਕਾਰੀਆਂ ਦੀਆਂ ਬਦਲੀਆਂ ਤੇ ਤਾਇਨਾਤੀਆਂ ਦੇ ਹੁਕਮਾਂ ਦੀ ਪਾਲਣਾ ਕਰਦਿਆਂ 2012 ਬੈਚ ਦੇ ਪੀ ਸੀ ਐੱਸ ਅਧਿਕਾਰੀ ਅਨੁਪ੍ਰਿਤਾ ਜੌਹਲ ਨੇ ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਦਾ ਅਹੁਦਾ ਸੰਭਾਲ ਲਿਆ ਹੈ।ਇਸ ਮੌਕੇ ਏ.ਡੀ.ਸੀ. ਅਨੁਪ੍ਰਿਤਾ ਜੌਹਲ ਨੇ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਤਰਜੀਹਾਂ ਮੁਤਾਬਕ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਲੋਕਾਂ ਨੂੰ ਪ੍ਰਸ਼ਾਸਕੀ ਸੇਵਾਵਾਂ ਪਾਰਦਰਸ਼ੀ ਤੇ ਸਮਾਂਬੱਧ ਢੰਗ ਨਾਲ ਪ੍ਰਦਾਨ ਕਰਨਾ ਉਨ੍ਹਾਂ ਦਾ ਮੁੱਖ ਟੀਚਾ ਹੋਵੇਗਾ।ਅਹੁਦਾ ਸੰਭਾਲਣ ਸਮੇਂ ਏ.ਡੀ.ਸੀ. ਦਫ਼ਤਰ ਦੇ ਅਮਲੇ ਨੇ ਉਨ੍ਹਾਂ ਦਾ ਸਵਾਗਤ ਕੀਤਾ।



## ਕਿਰਤ ਵਿਰੋਧੀ ਚਾਰ ਕੋਡ ਲਾਗੂ ਹੋਣ 'ਤੇ ਸੀਮਿੰਟ ਵਰਕਰਾਂ ਵੱਲੋਂ ਰੋਸ ਪ੍ਰਦਰਸ਼ਨ

### ■ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਕੀਤੀ ਨਾਅਰੇਬਾਜ਼ੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਅਲਟ੍ਰਾਟੈਕ ਸੀਮਿੰਟ ਪਲਾਂਟ ਲਹਿਰਾ ਮੁਹੱਬਤ ਵਿਖੇ ਗਰਾਸਿਮ ਸੀਮਿੰਟ ਕੰਟ੍ਰੈਕਟਰ ਵਰਕਰ ਯੂਨੀਅਨ ਵੱਲੋਂ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਮਾਰੂ ਕਿਸਾਨ, ਮਜ਼ਦੂਰ ਵਿਰੋਧੀ ਨੀਤੀਆਂ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਸੀਟੂ ਦੇ ਸੂਬਾ ਆਗੂ ਬਲਕਾਰ ਸਿੰਘ ਨੇ ਦੱਸਿਆ ਕਿ ਮੋਦੀ ਸਰਕਾਰ ਵੱਲੋਂ ਮਜ਼ਦੂਰਾਂ ਦੀ ਗੁਲਾਮੀ ਦੇ ਦਸਤਾਵੇਜ਼ ਚਾਰ ਲੇਬਰ ਕੋਡ ਨੂੰ ਲਾਗੂ ਕਰਨ ਸਬੰਧੀ ਨੋਟੀਫਿਕੇਸ਼ਨ ਪਹਿਲਾਂ 21 ਨਵੰਬਰ ਨੂੰ ਬਿਹਾਰ ਚੋਣਾਂ ਜਿੱਤਣ ਤੋਂ ਬਾਅਦ ਕੀਤਾ ਗਿਆ। ਇਹ ਕਿਰਤ ਵਿਰੋਧੀ ਕੋਡ ਨੂੰ ਪੂਰਨ ਤੌਰ 'ਤੇ ਲਾਗੂ ਕਰਨ ਲਈ 8 ਮਈ 2026 ਨੂੰ ਇਸ ਪ੍ਰਤੀ ਰੂਲਜ਼ ਲਾਗੂ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਇਹ ਨੋਟੀਫਿਕੇਸ਼ਨ ਜਾਰੀ ਹੋਣ ਤੋਂ 45 ਦਿਨ ਬਾਅਦ ਕਾਨੂੰਨੀ ਰੂਪ ਵਿੱਚ ਪੂਰੇ ਭਾਰਤ ਵਿੱਚ ਇਹ ਕੋਡ ਲਾਗੂ ਹੋ ਜਾਣਗੇ, ਜਿਸ ਨਾਲ ਮਜ਼ਦੂਰਾਂ ਨੂੰ ਗੁਲਾਮ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਹੋ ਜਾਵੇਗੀ, ਜੋ ਪਹਿਲਾਂ ਤੋਂ ਹੀ ਜਾਰੀ ਹੈ ਤੇ ਦੇਸ਼ ਦੇ ਕਿਰਤੀ ਸੜਕਾਂ 'ਤੇ ਅੰਦੋਲਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਹੁਣ (1) ਕੋਡ ਔਨ ਵੇਜ਼-2019, (2) ਇੰਡਸਟਰੀਅਲ ਰਿਲੇਸ਼ਨ ਕੋਡ-2020, (3) ਕੋਡ ਔਨ ਸੋਸ਼ਲ ਸਕਿਊਰਿਟੀ ਅਤੇ (4) ਔਕਪਸ਼ਨਲ ਸੇਫਟੀ ਹੈਲਥ ਐਂਡ ਵਰਕਿੰਗ ਕੰਡੀਸ਼ਨ ਕੋਡ - 2020, ਜੋ ਕਿ ਮਜ਼ਦੂਰ ਦੀ ਕਿਰਤ ਦੀ ਰਾਖੀ ਕਰਦੇ 29 ਕਿਰਤ ਕਾਨੂੰਨਾਂ ਨੂੰ ਤੋੜ ਕੇ ਮਾਲਕਾਂ ਨੂੰ ਮਨਮਾਨੀਆਂ ਕਰਨ ਦੀ ਖੁੱਲ੍ਹ ਦੇਣ ਲਈ ਬਣਾਏ ਗਏ ਹਨ, ਜਿਸ ਨਾਲ ਦੇਸ਼ ਵਿੱਚ ਲਗਾਤਾਰ ਵਧ ਰਹੀ ਬੇਰੁਜ਼ਗਾਰੀ ਵਿੱਚ ਹੋਰ ਵਾਧਾ ਹੋਵੇਗਾ ਤੇ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਸਮੂਹਕ ਮੰਗ ਰੱਖਣ ਅਤੇ ਹੜਤਾਲ ਕਰਨ ਵਰਗੇ ਅਧਿਕਾਰ ਲਗਭਗ ਖੋਹ ਲਏ ਗਏ ਹਨ, ਜਿਸ ਦੇ ਖਿਲਾਫ਼ ਸੰਘਰਸ਼ ਕਰਕੇ ਵੱਡੀ ਲੜਾਈ ਵਿੱਢਣ ਦੀ ਜ਼ਰੂਰਤ ਹੈ। ਸੀਮਿੰਟ ਵਰਕਰਾਂ ਵੱਲੋਂ ਮੋਦੀ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕਰਦਿਆਂ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ। ਇਸ ਸਮੇਂ ਹੋਰਨਾਂ ਤੋਂ ਇਲਾਵਾ ਰਾਜ ਕੁਮਾਰ, ਜਰਨੈਲ ਸਿੰਘ, ਗੁਰਦੀਪ ਸਿੰਘ ਤੇ ਜ਼ਾਕਿਰ ਹੁਸੈਨ ਆਦਿ ਹਾਜ਼ਰ ਸਨ।

## ਤੇਜ਼ਧਾਰ ਹਥਿਆਰਾਂ ਸਮੇਤ 5 ਮੈਂਬਰੀ ਗਰੋਹ ਕਾਬੂ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਫਰੀਦਕੋਟ ਪੁਲਸ ਨੇ ਇੱਕ ਵੱਡੀ ਕਾਮਯਾਬੀ ਹਾਸਲ ਕਰਦਿਆਂ ਤੇਜ਼ਧਾਰ ਹਥਿਆਰਾਂ ਦੀ ਨੋਕ 'ਤੇ ਲੁੱਟ-ਖੋਹ ਦੀ ਯੋਜਨਾ ਬਣਾ ਰਹੇ ਇੱਕ ਅੰਤਰ-ਜ਼ਿਲ੍ਹਾ ਗਰੋਹ ਦੇ 5 ਮੈਂਬਰਾਂ ਨੂੰ ਵਾਰਦਾਤ ਅੰਜਾਮ ਦੇਣ ਤੋਂ ਪਹਿਲਾਂ ਹੀ ਦਬੋਚ ਲਿਆ ਹੈ।ਇਹ ਕਾਰਵਾਈ ਐੱਸ.ਐੱਸ.ਪੀ. ਫਰੀਦਕੋਟ ਡਾ. ਪ੍ਰਗਿਆ ਜੈਨ ਦੇ ਦਿਸ਼ਾ-ਨਿਰਦੇਸ਼ਾਂ ਤੇ ਐੱਸ.ਪੀ. (ਇੰਨਵੈਸਟੀਗੇਸ਼ਨ) ਜੋਗੇਸ਼ਵਰ ਸਿੰਘ ਗੋਰਾਇਆ ਦੀ ਰਹਿਨੁਮਾਈ ਹੇਠ ਅਮਲ ਵਿੱਚ ਲਿਆਂਦੀ ਗਈ।ਜਾਣਕਾਰੀ ਦਿੰਦਿਆਂ ਪੁਲਸ ਬੁਲਾਰੇ ਨੇ ਦੱਸਿਆ ਕਿ ਡੀ.ਐੱਸ.ਪੀ. (ਸਬ-ਡਵੀਜ਼ਨ) ਕੋਟਕਪੂਰਾ ਸੰਜੀਵ ਕੁਮਾਰ ਦੀ ਅਗਵਾਈ ਹੇਠ ਥਾਣਾ ਸਿਟੀ ਕੋਟਕਪੂਰਾ ਦੇ ਮੁੱਖ ਅਫ਼ਸਰ ਇੰਸਪੈਕਟਰ ਚਮਕੌਰ ਸਿੰਘ ਦੀ ਨਿਗਰਾਨੀ ਵਿੱਚ ਪੁਲਸ ਟੀਮ ਗਸ਼ਤ 'ਤੇ ਸੀ।ਇਸ ਦੌਰਾਨ ਸਹਾਇਕ ਥਾਣੇਦਾਰ ਭੁਪਿੰਦਰ ਸਿੰਘ ਨੂੰ ਸੂਚਨਾ ਮਿਲੀ ਕਿ ਜੈਤੋ ਰੋਡ ਬਾਈਪਾਸ ਲਿੰਕ ਰੋਡ ਕੋਲ ਕੁਝ ਸ਼ੱਕੀ ਵਿਅਕਤੀ ਹਥਿਆਰਾਂ ਸਮੇਤ ਲੁਕ ਕੇ ਬੈਠੇ ਹਨ ਤੇ ਰਾਹਗੀਰਾਂ ਨੂੰ ਲੁੱਟਣ ਦੀ ਫ਼ਿਰਾਕ ਵਿੱਚ ਹਨ।ਪੁਲਸ ਨੇ ਤੁਰੰਤ ਛਾਪੇਮਾਰੀ ਕਰਕੇ ਪੰਜੇ ਮੁਲਜ਼ਮਾਂ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ।ਫੜੇ ਗਏ ਮੁਲਜ਼ਮਾਂ ਦੀ ਪਛਾਣ ਸੰਦੀਪ ਸਿੰਘ ਉਰਫ ਸਿੱਪੂ ਵਾਸੀ ਜੈਤੋ ਰੋਡ, ਕੋਟਕਪੂਰਾ, ਭਿੰਦਰ ਸਿੰਘ ਵਾਸੀ ਜੈਤੋ ਰੋਡ ਕੋਟਕਪੂਰਾ, ਅਮਨਦੀਪ ਸਿੰਘ ਉਰਫ ਕਾਕਾ ਵਾਸੀ ਜੈਤੋ ਰੋਡ ਕੋਟਕਪੂਰਾ, ਅਕਾਸ਼ ਉਰਫ ਗਿੱਲ ਵਾਸੀ ਜੀਵਨ ਨਗਰ ਕੋਟਕਪੂਰਾ, ਕਰਨਦੀਪ ਸਿੰਘ ਉਰਫ ਕੁੱਲੂ ਵਾਸੀ ਦੇਵੀਵਾਲਾ ਰੋਡ ਕੋਟਕਪੂਰਾ ਵਜੋਂ ਹੋਈ ਹੈ। ਪੁਲਸ ਨੇ ਇਨ੍ਹਾਂ ਪਾਸੋਂ ਇੱਕ ਲੋਹੇ ਦੀ ਪਾਈਪ, ਇੱਕ ਕਿਰਪਾਨ, ਇੱਕ ਦਾਤ, ਇੱਕ ਖੰਡਾ ਤੇ ਇੱਕ ਲੱਕੜ ਦਾ ਬੇਸਬਾਲ ਬਰਾਮਦ ਕੀਤਾ ਹੈ।ਪੁਲਸ ਵੱਲੋਂ ਹੁਣ ਇਨ੍ਹਾਂ ਖ਼ਿਲਾਫ਼ ਥਾਣਾ ਸਿਟੀ ਕੋਟਕਪੂਰਾ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਕੇਂਦਰ ਸਰਕਾਰ ਲੋਕਤੰਤਰ ਦਾ ਗਲ਼ਾ ਘੁੱਟ ਰਹੀ : ਅੰਮ੍ਰਿਤ ਰਿਸ਼ੀ ਤਰਕਸ਼ੀਲ ਸੁਸਾਇਟੀ ਦਾ ਮੈਗਜ਼ੀਨ ਰਿਲੀਜ਼



**ਮਾਨਸਾ (ਆਤਮਾ ਸਿੰਘ ਪਮਾਰ)**-ਤਰਕਸ਼ੀਲ ਸੁਸਾਇਟੀ ਜ਼ਿਲ੍ਹਾ ਇਕਾਈ ਮਾਨਸਾ ਦੀ ਇੱਕ ਅਹਿਮ ਮੀਟਿੰਗ ਅੰਮ੍ਰਿਤ ਰਿਸ਼ੀ ਦੀ ਪ੍ਰਧਾਨਗੀ ਹੇਠ ਸਥਾਨਕ ਪੈਨਸ਼ਨਰਜ਼ ਭਵਨ ਵਿਖੇ ਹੋਈ।ਮੀਟਿੰਗ 'ਚ ਮਾਨਸਾ ਜ਼ਿਲ੍ਹੇ ਦੀਆਂ ਵੱਖ-ਵੱਖ ਇਕਾਈਆਂ ਨੇ ਭਾਗ ਲਿਆ।ਇਸ ਸਮੇਂ ਅੰਮ੍ਰਿਤ ਰਿਸ਼ੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਕੇਂਦਰ ਸਰਕਾਰ ਲੋਕਤੰਤਰ ਦਾ ਗਲਾ ਘੁੱਟ ਰਹੀ ਹੈ, ਜਿਸ ਦੀ ਤਾਜ਼ਾ ਮਿਸਾਲ ਬੰਗਾਲ 'ਚ ਹੋਈਆਂ ਵਿਧਾਨ ਸਭਾ ਚੋਣਾਂ ਤੋਂ ਭਲੀ ਭਾਂਤ ਮਿਲ ਸਕਦੀ ਹੈ।ਉੱਥੇ ਕੁੱਝ ਫਿਰਕਿਆਂ ਦੇ ਲੋਕਾਂ ਨੇ ਹਿੰਸਾ ਫੈਲਾ ਕੇ ਇੱਕ ਵਿਸ਼ੇਸ਼ ਜਮਾਤ ਨੂੰ ਨਿਸ਼ਾਨਾ ਬਣਾਇਆ ਗਿਆ।ਇਸ ਨੂੰ ਬਹੁਤ ਹੀ ਹੇਠਲੇ ਪੱਧਰ ਦੀ ਰਾਜਨੀਤੀ ਕਿਹਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਅੱਜ ਵਿਗਿਆਨ ਯੁੱਗ 'ਚ ਵੀ ਇਲੈਕਟ੍ਰੋਨਿਕ ਤੇ ਸੋਸ਼ਲ ਮੀਡੀਏ ਜ਼ਰੀਏ ਲੋਕਾਂ ਦੀ ਸੋਚ ਨੂੰ ਖੁੰਢਾ ਕਰਨ ਲਈ ਸਰਕਾਰਾਂ ਦੀ ਸ਼ਹਿ 'ਤੇ ਅੰਧਵਿਸ਼ਵਾਸ ਪਰੋਸਿਆ ਜਾ ਰਿਹਾ ਹੈ।ਤਰਕਸ਼ੀਲ ਸੁਸਾਇਟੀ ਹਰ ਇੱਕ ਚਮਤਕਾਰ ਵਾਲੇ ਸਾਧ-ਬਾਬੇ ਨੂੰ ਖੁੱਲ੍ਹਾ ਚੈਲਿੰਜ ਕਰਦੀ ਹੈ।ਇਸ ਮੌਕੇ ਭਵਿੱਖ 'ਚ ਅੰਧਵਿਸ਼ਵਾਸ ਨਾਲ ਕਿਵੇਂ ਨਜਿੱਠਿਆ ਜਾਵੇ, ਉਸ ਬਾਰੇ ਵੀ ਵਿਉਂਤਬੰਦੀ ਬਣਾਈ ਗਈ ਤੇ ਤਰਕਸ਼ੀਲ ਸੁਸਾਇਟੀ ਦਾ ਬੁਲਾਰਾ ਦੋ ਮਾਸਿਕ ਮੈਗਜ਼ੀਨ ਵੀ ਜਾਰੀ ਕੀਤਾ ਗਿਆ।ਮੀਟਿੰਗ 'ਚ ਜ਼ੋਨ ਆਗੂ ਗੁਰਦੀਪ ਸਿੰਘ ਸਿੱਧੂ, ਕ੍ਰਿਸ਼ਨ ਮਾਨਬੀਬੜੀਆਂ, ਭੁਪਿੰਦਰ ਫ਼ੌਜੀ, ਮਾ. ਹਰਬੰਸ ਸਿੰਘ ਢਿੱਲੋਂ, ਬੂਟਾ ਸਿੰਘ ਬੀਰ, ਗੁਰਦੀਪ ਸਿੰਘ ਲਾਲਿਆਂਵਾਲੀ, ਸੁਖਬੀਰ ਸਿੰਘ ਸੁੱਖੀ ਆਦਿ ਹਾਜ਼ਰ ਸਨ।

## ਮਾਰਕੀਟ ਕਮੇਟੀ 'ਚ ਘੱਟ ਮਿਹਨਤਾਨਾ ਦੇ ਕੇ ਵੱਧ ਬਿੱਲ ਪਾਸ ਕਰਨ ਦੇ ਦੋਸ਼

### ਪੰਜਾਬ ਗਰੀਵੀਅਨਸ ਪੋਰਟਲ 'ਤੇ ਪਹੁੰਚੀ ਸ਼ਿਕਾਇਤ

ਭਵਾਨੀਗੜ੍ਹ (ਰਾਜ ਖੁਰਮੀ)-ਮਾਰਕੀਟ ਕਮੇਟੀ ਦਫ਼ਤਰ ਭਵਾਨੀਗੜ੍ਹ ਵਿੱਚ ਮੰਡੀ ਸੀਜ਼ਨ ਦੌਰਾਨ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਘੱਟ ਮਿਹਨਤਾਨਾ ਦੇ ਕੇ ਕਾਗਜ਼ਾਂ ਵਿੱਚ ਵੱਧ ਰਕਮ ਦੇ ਬਿੱਲ ਪਾਸ ਕਰਵਾਉਣ ਦੇ ਗੰਭੀਰ ਦੋਸ਼ ਸਾਹਮਣੇ ਆਏ ਹਨ।ਇਸ ਮਾਮਲੇ ਸਬੰਧੀ ਪੰਜਾਬ ਸਰਕਾਰ ਦੇ 'ਇੰਟਰੈਕਸ਼ਨ ਵਿਦ ਟਰੇਡਰਜ਼' ਪ੍ਰੋਗਰਾਮ ਦੌਰਾਨ ਇੱਕ ਵਿਅਕਤੀ ਵੱਲੋਂ ਪੰਜਾਬ ਪਬਲਿਕ ਗਰੀਵੀਅਨਸ ਪੋਰਟਲ 'ਤੇ ਆਨਲਾਈਨ ਸ਼ਿਕਾਇਤ ਦਰਜ ਕਰਵਾਈ ਗਈ।ਇਹ ਸ਼ਿਕਾਇਤ ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ ਤੇ ਐੱਸਡੀਐੱਮ ਮਨਜੀਤ ਕੌਰ ਦੀ ਮੌਜੂਦਗੀ ਵਿੱਚ ਦਰਜ ਕਰਵਾਈ ਗਈ।ਸ਼ਿਕਾਇਤਕਰਤਾ ਪਿੰਡ ਫੱਗੂਵਾਲਾ ਦੇ ਜਸਪਾਲ ਸਿੰਘ ਨੇ ਦੋਸ਼ ਲਗਾਇਆ ਕਿ ਮੰਡੀ ਸੀਜ਼ਨ ਦੌਰਾਨ ਮਜ਼ਦੂਰਾਂ ਤੋਂ ਪੂਰਾ ਕੰਮ ਲਿਆ ਜਾਂਦਾ ਹੈ, ਪਰ ਉਨ੍ਹਾਂ ਨੂੰ ਨਿਰਧਾਰਤ ਤੋਂ ਘੱਟ ਭੁਗਤਾਨ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਦੂਜੇ ਪਾਸੇ ਸਰਕਾਰੀ ਰਿਕਾਰਡਾਂ ਤੇ ਬਿੱਲਾਂ ਵਿੱਚ ਵੱਧ ਰਕਮ ਦਰਸਾਈ ਜਾਂਦੀ ਹੈ।ਜਸਪਾਲ ਸਿੰਘ ਨੇ ਦੱਸਿਆ ਕਿ ਇਹ ਮਾਮਲਾ ਪਿਛਲੇ ਸੀਜ਼ਨ ਨਾਲ ਸਬੰਧਤ ਹੈ ਤੇ ਇਸ ਸਬੰਧੀ ਉੱਚ ਪੱਧਰੀ ਜਾਂਚ ਕਰਵਾ ਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਉਨ੍ਹਾਂ ਪੰਜਾਬ ਸਰਕਾਰ ਤੇ ਸਬੰਧਤ ਅਧਿਕਾਰੀਆਂ ਕੋਲੋਂ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ।ਪ੍ਰੋਗਰਾਮ ਦੌਰਾਨ ਪੱਤਰਕਾਰਾਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਵਿੱਚ ਹਲਕਾ ਵਿਧਾਇਕ ਨੇ ਭਰੋਸਾ ਦਿਵਾਇਆ ਕਿ ਮਾਮਲੇ ਦੀ ਪੂਰੀ ਤਰ੍ਹਾਂ ਨਿਰਪੱਖ ਜਾਂਚ ਕਰਵਾਈ ਜਾਵੇਗੀ ਤੇ ਜੇਕਰ ਕਿਸੇ ਤਰ੍ਹਾਂ ਦੀ ਗੜਬੜ ਸਾਹਮਣੇ ਆਉਂਦੀ ਹੈ ਤਾਂ ਦੋਸ਼ੀਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਐੱਸਡੀਐੱਮ ਨੇ ਕਿਹਾ ਕਿ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਲਿਆ ਜਾਂਦਾ ਹੈ ਤੇ ਹਰ ਮਾਮਲੇ ਦੀ ਜਾਂਚ ਨਿਯਮਾਂ ਅਨੁਸਾਰ ਕੀਤੀ ਜਾਵੇਗੀ।ਉਧਰ, ਮਾਮਲੇ ਸਬੰਧੀ ਮਾਰਕੀਟ ਕਮੇਟੀ ਦੇ ਸੁਪਰਵਾਇਜ਼ਰ ਅਰੁਣ ਅਧਿਕਾਰੀ ਨੇ ਆਪਣੇ ਆਪ ਨੂੰ ਇਸ ਮਾਮਲੇ ਤੋਂ ਦੂਰ ਦੱਸਦਿਆਂ ਕਿਹਾ ਕਿ ਮਜ਼ਦੂਰਾਂ ਨੂੰ ਭੁਗਤਾਨ ਠੇਕੇਦਾਰ ਰਾਹੀਂ ਕੀਤਾ ਜਾਂਦਾ ਹੈ। ਹਾਲਾਂਕਿ ਉਨ੍ਹਾਂ ਇਹ ਵੀ ਕਿਹਾ ਕਿ ਮਾਮਲੇ ਸਬੰਧੀ ਜਾਂਚ ਕੀਤੀ ਜਾਵੇਗੀ ਤਾਂ ਜੋ ਸੱਚਾਈ ਸਾਹਮਣੇ ਆ ਸਕੇ।

## ਖਾਲਸਾ ਸਕੂਲ ਨੇ 10ਵੀਂ ਦੇ ਨਤੀਜਿਆਂ 'ਚ ਦੁਹਰਾਇਆ ਇਤਿਹਾਸ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬ ਸਕੂਲ ਸਿੱਖਿਆ ਬੋਰਡ ਨੇ ਮਾਰਚ 2026 ਦੀ ਦਸਵੀਂ ਪੱਧਰ ਦੀ ਪ੍ਰੀਖਿਆ ਦੇ ਨਤੀਜਿਆਂ ਦਾ ਐਲਾਨ ਕਰ ਦਿੱਤਾ ਹੈ ਤੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਇਲਾਕੇ ਦੀ ਮੋਹਰੀ ਸਿੱਖਿਆ ਸੰਸਥਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਲੜਕੇ ਤੇ ਲੜਕੀਆਂ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਇਸ ਸੰਸਥਾ ਦੀਆਂ ਦੋ ਵਿਦਿਆਰਥਣਾਂ ਨੇ ਮੈਰਿਟ ਸੂਚੀ ਵਿੱਚ ਆਪਣੀ ਜਗ੍ਹਾ ਬਣਾਈ ਹੈ। ਵਿਦਿਆਰਥਣਾਂ ਸਿਮਰਨਪ੍ਰੀਤ ਕੌਰ ਪੁੱਤਰੀ ਜਨਕ ਰਾਜ ਨੇ 650 ਵਿੱਚੋਂ 628 ਅੰਕ ਹਾਸਲ ਕਰਕੇ ਮੈਰਿਟ ਵਿੱਚ ਸਤਾਰਵਾਂ ਤੇ ਜ਼ਿਲ੍ਹੇ ਵਿੱਚੋਂ ਅੱਠਵਾਂ ਸਥਾਨ ਹਾਸਲ ਕੀਤਾ ਹੈ। ਇਸ ਤੋਂ ਇਲਾਵਾ ਸੋਹਾਨਾ ਵਰਮਾ ਕੌਰ ਪੁੱਤਰੀ ਦਵਿੰਦਰ ਕੁਮਾਰ ਨੇ 650 ਵਿੱਚੋਂ 626 ਅੰਕ ਪ੍ਰਾਪਤ ਕਰਕੇ ਮੈਰਿਟ ਵਿੱਚ 19ਵਾਂ ਰੈਂਕ ਤੇ ਜ਼ਿਲ੍ਹੇ ਵਿੱਚ ਦਸਵਾਂ ਸਥਾਨ ਹਾਸਲ ਕਰਕੇ ਸੂਬਾਈ ਮੈਰਿਟ 'ਚ ਸਥਾਨ ਹਾਸਲ ਕਰਦਿਆਂ ਇੱਕ ਵਾਰ ਫਿਰ ਸਕੂਲ ਦਾ ਨਾਮ ਚਮਕਾਇਆ ਹੈ।ਸਕੂਲ ਕਮੇਟੀ ਮੈਨੇਜਰ ਰਣਜੀਤ ਸਿੰਘ ਮਲਕਾਣਾ ਤੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ ਅਤੇ ਪ੍ਰਿੰਸੀਪਲ ਗੁਰਮੀਤ ਕੌਰ ਨੇ ਇਸ ਸਫਲਤਾ ਦਾ ਸਿਹਰਾ ਆਪਣੇ ਮਿਹਨਤੀ ਸਟਾਫ ਤੇ ਬੱਚੀਆਂ ਸਿਰ ਬੰਨ੍ਹਿਆ। ਕਮੇਟੀ ਪ੍ਰਧਾਨ ਸ. ਛੋਟਾ ਸਿੰਘ, ਸਕੱਤਰ ਸ. ਜਸਵਿੰਦਰ ਸਿੰਘ ਸਿੱਧੂ, ਮੀਤ ਪ੍ਰਧਾਨ ਭੁਪਿੰਦਰ ਸਿੰਘ ਜੱਸਲ, ਪਰਮਿੰਦਰ ਕੁਮਾਰ, ਜੀਤ ਸਿੰਘ ਗਿੱਲ, ਗੁਰਮੀਤ ਸਿੰਘ ਧਾਲੀਵਾਲ, ਮਲਕੀਤ ਸਿੰਘ, ਸੁਰਜੀਤ ਸਿੰਘ ਭੰਮ, ਸੁਖਬੀਰ ਸਿੰਘ ਮਾਨ, ਮਾਸਟਰ ਰੂਪ ਸਿੰਘ, ਮਾਸਟਰ ਕਰਨੈਲ ਸਿੰਘ, ਮੈਡਮ ਜਸਵਿੰਦਰ ਕੌਰ ਨੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਸਭ ਨੂੰ ਸ਼ੁੱਭ-ਕਾਮਨਾਵਾਂ ਭੇਟ ਕੀਤੀਆਂ।

## ਲੈਫ. ਕਰਨਲ ਬਾਬੂ ਸਿੰਘ ਦਾ ਕਾਵਿ-ਸੰਗ੍ਰਹਿ 'ਜਲਵੇ ਕਵਿਤਾ ਦੇ' ਲੋਕ ਅਰਪਣ

### ■ ਦਾਤਾ ਆਡੀਓ ਸੀ ਡੀ ਵੀ ਕੀਤੀ ਰਿਲੀਜ਼



**ਮੋਗਾ (ਇਕਬਾਲ ਸਿੰਘ ਖਹਿਰਾ)**-ਲੋਕ ਸਹਿਤ ਅਕਾਦਮੀ ਮੋਗਾ ਵੱਲੋਂ ਸੁਤੰਤਰਤਾ ਸੈਨਾਨੀ ਭਵਨ ਵਿਖੇ ਉੱਘੇ ਵਿਅੰਗਕਾਰ ਕੇ. ਐੱਲ. ਗਰਗ ਦੀ ਪ੍ਰਧਾਨਗੀ ਹੇਠ ਸਮਾਗਮ ਕਰਵਾਇਆ ਗਿਆ। ਉਨ੍ਹਾਂ ਦੇ ਪ੍ਰਧਾਨਗੀ ਮੰਡਲ ਵਿੱਚ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ, ਡਾ. ਅਜੀਤਪਾਲ ਜਟਾਣਾ ਜ਼ਿਲ੍ਹਾ ਭਾਸ਼ਾ ਅਫਸਰ, ਡਾ. ਸੁਰਜੀਤ ਬਰਾੜ ਘੋਲੀਆ, ਹਰਚਰਨ ਸਿੰਘ ਸੰਧੂ ਸਾਬਕਾ ਪੀ.ਸੀ.ਐੱਸ. ਤੇ ਲੈਫ. ਕਰਨਲ ਬਾਬੂ ਸਿੰਘ ਸ਼ਾਮਲ ਸਨ।ਇਸ ਮੌਕੇ ਲੈਫ. ਕਰਨਲ ਬਾਬੂ ਸਿੰਘ ਵੱਲੋਂ ਲਿਖੀ ਕਵਿਤਾਵਾਂ ਦੀ ਕਿਤਾਬ 'ਜਲਵੇ ਕਵਿਤਾ ਦੇ', ਜੋ ਸਵਰਗੀ ਪੂਜਨੀਕ ਮਾਤਾ ਭਗਵਾਨ ਕੌਰ ਨੂੰ ਸਮਰਪਤ ਪੁਸਤਕ ਲੋਕ ਅਰਪਣ ਕੀਤੀ ਗਈ।

ਸਟੇਜ ਸੰਚਾਲਕ ਨੌਜਵਾਨ ਸ਼ਾਇਰ ਚਰਨਜੀਤ ਸਮਾਲਸਰ ਨੇ ਸ਼ੁਰੂਆਤੀ ਦੌਰ ਵਿੱਚ ਚਰਨਜੀਤ ਸਲੀਣਾ (ਕੈਨੇਡਾ) ਤੇ ਹਰਭਜਨ ਸਿੰਘ ਨਾਗਰਾ ਨੂੰ ਗੀਤਾਂ ਨਾਲ ਹਾਜ਼ਰੀ ਲਵਾਉਣ ਲਈ ਸੱਦਾ ਦਿੱਤਾ।ਸਮਾਗਮ ਨੂੰ ਰਸਮੀ ਤੌਰ 'ਤੇ ਅੱਗੇ ਵਧਾਉਂਦੇ ਹੋਏ ਉੱਘੇ ਆਲੋਚਕ ਡਾ. ਸੁਰਜੀਤ ਬਰਾੜ ਘੋਲੀਆ ਨੇ ਕਰਨਲ ਬਾਬੂ ਸਿੰਘ ਦੀ ਕਿਤਾਬ 'ਜਲਵੇ ਕਵਿਤਾ ਦੇ' ਨੂੰ ਵੰਨ-ਸਵੰਨਤਾ ਤੇ ਵੱਖ-ਵੱਖ ਵਿਸ਼ਿਆਂ ਨਾਲ ਭਰਪੂਰ ਦੱਸਦੇ ਹੋਏ ਕਿਹਾ ਕਿ ਇਸ ਦੀਆਂ ਸਾਰੀਆਂ ਕਵਿਤਾਵਾਂ ਛੰਦ ਬੱਧ ਹਨ ਤੇ ਇਹ ਸ਼ਾਇਰ ਦੀ ਖ਼ੂਬੀ ਹੈ ਕਿ ਉਹ ਅੱਜ ਵੀ ਪੰਜਾਬੀਅਤ ਨਾਲ ਭਰਪੂਰ ਕਵਿਤਾ ਦੀ ਸਿਰਜਣਾ ਕਰ ਰਿਹਾ ਹੈ। ਸਾਹਿਤਕਾਰ ਕੇ ਐੱਲ ਗਰਗ ਨੇ ਪ੍ਰਧਾਨਗੀ ਭਾਸ਼ਣ ਵਿੱਚ ਇਸ ਸੰਗ੍ਰਹਿ ਨੂੰ ਰਾਜਨੀਤੀ ਦੀਆਂ ਕੁਰੀਤੀਆਂ ਤੇ ਸਮਾਜਿਕ ਸਰੋਕਾਰਾਂ ਦੀ ਬਾਤ ਪਾਉਣ ਵਾਲਾ ਕਿਹਾ ਹੈ।ਬਲਦੇਵ ਸਿੰਘ ਸੜਕਨਾਮਾ ਨੇ ਕਿਹਾ ਕਿ ਜਲਵੇ ਕਵਿਤਾ ਦੇ ਕਰਨਲ ਬਾਬੂ ਸਿੰਘ ਦੀ ਸੱਤਵੀਂ ਕਿਤਾਬ ਹੈ, ਇਸ ਨੇ ਫੌਜ ਵਿੱਚ ਰਹਿ ਕੇ ਵੀ ਹਮੇਸ਼ਾ ਸੱਚ ਦਾ ਸਾਥ ਦਿੱਤਾ, ਰਾਜਨੀਤੀ ਵਿੱਚ ਆ ਕੇ ਵੀ ਸੱਚ ਸੁਣਾਉਣਾ ਚਾਹਿਆ, ਆਖਰ ਉਸ ਨੇ ਆਪਣੀ ਗੱਲ ਕਹਿਣ ਲਈ ਕਵਿਤਾ ਨੂੰ ਚੁਣਿਆ।ਡਾ. ਅਜੀਤਪਾਲ ਜਟਾਣਾ ਨੇ ਵਧਾਈ ਦਿੰਦਿਆਂ ਕਿਹਾ ਕਿ ਪੰਜਾਬੀ ਸਾਹਿਤ ਨੂੰ ਕਰਨਲ ਬਾਬੂ ਸਿੰਘ ਦੀ ਕਲਮ ਤੋਂ ਬਹੁਤ ਉਮੀਦਾਂ ਹਨ।

ਕਹਾਣੀਕਾਰ ਗੁਰਮੀਤ ਕੜਿਆਲਵੀ ਨੇ ਕਰਨਲ ਬਾਬੂ ਸਿੰਘ ਨੂੰ ਨਵੀਂ ਕਿਤਾਬ ਦੀ ਵਧਾਈ ਦਿੱਤੀ।ਕਵੀ ਦਰਬਾਰ ਵਿੱਚ ਜੰਗੀਰ ਸਿੰਘ ਖੋਖਰ, ਕੁਲਵਿੰਦਰ ਸਿੰਘ ਦਲਗੀਰ, ਸੋਨੂ ਸੁਲਤਾਨ ਸ੍ਰੀ ਤਰਨ ਤਾਰਨ ਸਾਹਿਬ, ਸੋਨੀ ਮੋਗਾ, ਗੁਰਮੇਲ ਬੌਡੇ, ਡਾ. ਅਜੀਤਪਾਲ ਜਟਾਣਾ, ਮਨਧੀਰ ਕੌਰ ਮਨੂੰ ਸੰਚਾਲਕ/ਮਾਲਕ ਰੇਡੀਓ/ਟੀਵੀ ਆਪਣਾ ਵਿਨੀਪਿਗ ਕੈਨੇਡਾ ਨੇ ਹਿੱਸਾ ਲਿਆ।ਇਸ ਸਮੇਂ ਗਿਆਨ ਸਿੰਘ ਸਾਬਕਾ ਡੀ.ਪੀ.ਆਰ.ਓ. ਮੋਗਾ ਤੇ ਹੋਰ ਬਹੁਤ ਸਾਰੇ ਸਾਹਿਤਕਾਰ ਹਾਜ਼ਰ ਸਨ।ਇਸ ਮੌਕੇ ਦਾਤ ਆਡੀਓ ਸੀ ਡੀ ਵੀ ਲੋਕ ਅਰਪਨ ਕੀਤੀ ਗਈ।

## ਕੈਬਨਿਟ ਮੰਤਰੀ ਨੇ 8 ਵਿਦਿਆਰਥਣਾਂ ਨੂੰ ਵੰਡੇ ਸਾਈਕਲ



**ਮਲੋਟ (ਓਮ ਪ੍ਰਕਾਸ਼ ਸੇਖੂ)**-ਡਾ. ਬਲਜੀਤ ਕੌਰ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਨੇ ਮਲੋਟ ਦੇ ਹਰਜੀ ਰਾਮ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਦੀਆਂ 8 ਮੈਡੀਕਲ ਸਾਇੰਸ ਦੀਆਂ ਵਿਦਿਆਰਥਣਾ ਨੂੰ ਸਾਈਕਲ ਵੰਡੇ।ਕੈਬਨਿਟ ਮੰਤਰੀ ਨੇ ਸਕੂਲ ਦੀਆਂ ਲੜਕੀਆਂ ਨੂੰ ਸਾਈਕਲ ਵੰਡਦਿਆਂ ਕਿਹਾ ਕਿ ਹੁਣ ਉਨ੍ਹਾਂ ਨੂੰ ਸਕੂਲ ਆਉਣ-ਜਾਣ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਲ ਪੇਸ਼ ਨਹੀਂ ਆਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਸਰਕਾਰੀ ਸਕੂਲਾਂ ਦੀਆਂ ਪੜ੍ਹਾਈ ਵਿੱਚ ਮੱਲਾਂ ਮਾਰਨ ਵਾਲੀਆਂ ਲੜਕੀਆਂ ਨੂੰ ਸਨਮਾਨਤ ਕਰ ਰਹੀ ਹੈ।ਜ਼ਿਕਰਯੋਗ ਹੈ ਕਿ ਕੈਬਨਿਟ ਮੰਤਰੀ ਵੱਲੋਂ ਪਹਿਲਾਂ ਵੀ ਇਸ ਸਕੂਲ ਵਿੱਚ ਬੱਚਿਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਆਰ ਓ ਤੋਂ ਇਲਾਵਾ ਕਮਰਿਆਂ ਵਿੱਚ ਈ. ਸੀ. ਵੀ ਲਗਵਾ ਕੇ ਦਿੱਤੇ ਹਨ।

# ਮਜੀਠਾ ਵਿਖੇ ਨਸ਼ਾ ਤਸਕਰੀ ਵਿਰੋਧੀ ਕਾਰਵਾਈ: ਗੈਰ-ਕਾਨੂੰਨੀ ਇਮਾਰਤ ਢਾਹੀ



ਕੱਥੂ ਨੰਗਲ/ਮਜੀਠਾ, (ਪ੍ਰੀਤਮ ਸਿੰਘ/ਸੋਇਮ ਆਨੰਦ)-ਖਾਸਾ ਪੱਤੀ ਮਜੀਠਾ ਵਿਖੇ ਨਸ਼ਾ ਤਸਕਰਾਂ ਨਾਲ ਜੁੜੀਆਂ ਹੋਈਆਂ ਗੈਰ-ਕਾਨੂੰਨੀ ਉਸਾਰੀਆਂ ਉੱਤੇ ਸਰਕਾਰੀ ਬੁਲਡੋਜ਼ਰ ਚੱਲਿਆ।ਨਗਰ ਕੌਂਸਲ ਮਜੀਠਾ, ਡਿਊਟੀ ਮੈਜਿਸਟ੍ਰੇਟ ਅਤੇ ਪੁਲਸ ਪ੍ਰਸ਼ਾਸਨ ਵੱਲੋਂ ਇੱਕ ਅਣ ਅਧਿਕਾਰਤ ਬਿਲਡਿੰਗ ਨੂੰ ਢਾਹ ਦਿੱਤਾ ਗਿਆ।ਇਸ ਡਿਮੋਲੀਸ਼ਨ ਕਾਰਵਾਈ ਵਿਚ ਅੰਮ੍ਰਿਤਸਰ ਦਿਹਾਤੀ ਪੁਲਸ ਵੱਲੋਂ ਐੱਸ. ਐੱਸ. ਪੀ. ਸੁਹੇਲ ਮੀਤ ਖੁਦ ਮੌਕੇ 'ਤੇ ਪਹੁੰਚੇ ਤੇ ਦੱਸਿਆ ਕਿ ਇਸ ਤੋਂ ਪਹਿਲਾਂ ਨਗਰ ਕੌਂਸਲ ਵੱਲੋਂ ਕਈ ਵਾਰ ਨੋਟਿਸ ਜਾਰੀ ਕੀਤੇ ਗਏ ਸਨ ਅਤੇ ਉਸ ਤੋਂ ਬਾਅਦ ਏ. ਡੀ. ਸੀ. ਦਫ਼ਤਰ ਰਾਹੀਂ ਪੁਲਸ ਮਦਦ ਮੰਗੀ ਗਈ ਸੀ।ਡਿਊਟੀ ਮੈਜਿਸਟ੍ਰੇਟ ਗੁਰਪ੍ਰੀਤ ਸਿੰਘ ਦੀ ਹਾਜ਼ਰੀ ਵਿੱਚ ਇਹ ਕਾਰਵਾਈ ਅੰਜਾਮ ਦਿੱਤੀ ਗਈ।ਐੱਸ. ਐੱਸ. ਪੀ. ਸੁਹੇਲ ਮੀਤ ਨੇ ਪੱਤਰਕਾਰਾਂ ਨਾਲ ਗੱਲਬਾਤ ਵਿੱਚ ਕਿਹਾ ਕਿ ਇਹ ਪ੍ਰਾਪਰਟੀ ਸੁੱਚਾ ਸਿੰਘ ਦੇ ਬੇਟਿਆਂ ਸੁਨੀਲ ਅਤੇ ਕਰਨ ਦੀ ਹੈ।ਸੁਨੀਲ ਉੱਤੇ ਹਰਿਆਣਾ ਵਿਚ ਯੂਏਪੀਏ ਤਹਿਤ ਮਾਮਲਾ ਦਰਜ ਹੈ ਅਤੇ ਉਹ ਉਥੇ ਜੇਲ੍ਹ ਵਿਚ ਬੰਦ ਹੈ, ਜਦਕਿ ਉਸ ਦੇ ਭਰਾ ਕਰਨ ਉੱਤੇ ਐੱਨ. ਡੀ. ਪੀ. ਐੱਸ. ਐਕਟ ਤਹਿਤ ਪੰਜ ਵੱਖ-ਵੱਖ ਥਾਣਿਆਂ ਵਿਚ ਮੁਕੱਦਮੇ ਦਰਜ ਹਨ।ਇਸ ਕਾਰਵਾਈ ਨੂੰ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਿਆਂ ਵਿਰੋਧੀ ਮੁਹਿੰਮ ਦਾ ਹਿੱਸਾ ਦੱਸਿਆ ਗਿਆ ਹੈ।ਐੱਸ. ਐੱਸ. ਪੀ. ਨੇ ਇਹ ਵੀ ਸਪੱਸ਼ਟ ਕੀਤਾ ਕਿ ਇਹ ਮਜੀਠਾ ਇਲਾਕੇ ਵਿਚ ਇਸ ਤਰ੍ਹਾਂ ਦੀ ਪਹਿਲੀ ਵੱਡੀ ਕਾਰਵਾਈ ਹੈ ਤੇ ਅਜਿਹੀਆਂ ਕਾਰਵਾਈਆਂ ਜਾਰੀ ਰਹਿਣਗੀਆਂ। ਕਾਰਵਾਈ ਦੌਰਾਨ ਭਾਰੀ ਪੁਲਸ ਫੋਰਸ ਤਾਇਨਾਤ ਰਹੀ।ਇਸ ਮੌਕੇ ਡੀ. ਐੱਸ. ਪੀ. ਐੱਨ. ਡੀ. ਪੀ. ਐੱਸ. ਇੰਦਰਜੀਤ ਸਿੰਘ, ਡੀ. ਐੱਸ. ਪੀ. ਮਜੀਠਾ ਕਮਲਮੀਤ ਸਿੰਘ, ਐੱਸ. ਐੱਚ. ਓ. ਕਰਮਪਾਲ ਸਿੰਘ ਰੰਧਾਵਾ, ਏਐੱਸਆਈ ਹਰਜਿੰਦਰ ਸਿੰਘ, ਏਐੱਸਆਈ ਮੇਜਰ ਸਿੰਘ, ਏਐੱਸਆਈ ਅਵਤਾਰ ਸਿੰਘ, ਰੀਡਰ ਡੀਐੱਸਪੀ ਰਾਜ ਕੁਮਾਰ, ਡਿਊਟੀ ਮੈਜਿਸਟਰੇਟ ਗੁਰਪ੍ਰੀਤ ਸਿੰਘ, ਜੇਈ ਬਿਜਲੀ ਬੋਰਡ ਨਵਜੀਤ ਸਿੰਘ, ਐੱਸਡੀਓ ਸਥਾਨਕ ਸਰਕਾਰਾਂ ਗਗਨਦੀਪ ਸਿੰਘ, ਸੁਪਰਡੈਂਟ ਨਗਰ ਕੌਂਸਲ ਰਜੇਸ਼ ਕੁਮਾਰ, ਸਬ-ਇੰਸਪੈਕਟਰ ਹਰਪ੍ਰੀਤ ਕੌਰ ਮੌਜੂਦ ਸਨ।

# ਲੋਕ ਸਮੱਸਿਆਵਾਂ ਨੂੰ ਲੈ ਕੇ ਵਿਧਾਇਕ ਲਾਲਪੁਰਾ ਨੂੰ ਸੌਂਪਿਆ ਮੰਗ ਪੱਤਰ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਆਗੂ ਸੁਲੱਖਣ ਸਿੰਘ ਤੁੜ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਗੂ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਵੈਰੋਵਾਲ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕੈਪਟਨ ਕਾਹਲਵਾਂ ਨੇ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੂੰ ਮੰਗ ਪੱਤਰ ਦਿੰਦੇ ਹੋਏ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਤਹਿਸੀਲ ਖਡੂਰ ਸਾਹਿਬ ਗੋਇੰਦਵਾਲ ਸਾਹਿਬ ਤਹਿਸੀਲਦਾਰ ਹਾਜ਼ਰ ਨਹੀਂ ਸਨ, ਉਨ੍ਹਾਂ ਨੂੰ ਤੁਰੰਤ ਲਗਾਇਆ ਜਾਵੇ, ਮੰਡ ਏਰੀਏ ਦੇ ਕੁਝ ਲੋਕਾਂ ਨੂੰ ਅਜੇ ਤੱਕ ਮੁਆਵਜ਼ਾ ਨਹੀਂ ਮਿਲਿਆ, ਮੁਆਵਜ਼ਾ ਦਿਵਾਇਆ ਜਾਵੇ, ਚੋਰੀਆਂ, ਡਕੈਤੀਆਂ, ਫਿਰੌਤੀਆਂ ਤੇ ਨਸ਼ੇ ਦੇ ਵੱਡੇ ਸਮੱਗਲਰਾਂ 'ਤੇ ਸ਼ਿਕੰਜਾ ਕੱਸਿਆ ਜਾਵੇ, ਆਮ ਲੋਕਾਂ ਦੀਆਂ ਦਰਖਾਸਤਾਂ ਥਾਣੇ ਵਿੱਚ ਰੁਲ ਰਹੀਆਂ, ਉਨ੍ਹਾਂ ਦੀ ਸੁਣਵਾਈ ਕੀਤੀ ਜਾਵੇ।ਇਸ ਮੌਕੇ ਐੱਮ ਐੱਲ ਏ ਮਨਜਿੰਦਰ ਸਿੰਘ ਲਾਲਪੁਰਾ ਨੇ ਮਸਲੇ ਹੱਲ ਕਰਨ ਦਾ ਵਿਸ਼ਵਾਸ ਦਿਵਾਇਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰਿੰਦਰ ਸਿੰਘ, ਬੌਬੀ ਗੋਇੰਦਵਾਲ, ਜੰਗ ਬਹਾਦਰ ਸਿੰਘ ਤੁੜ, ਨਛੱਤਰ ਸਿੰਘ, ਇੰਦਰ ਸਿੰਘ, ਕਸ਼ਮੀਰ ਸਿੰਘ, ਬਲਵਿੰਦਰ ਸਿੰਘ ਫੈਲੋਕੇ, ਅੰਮ੍ਰਿਤਪਾਲ ਸਿੰਘ ਚੌਧਰੀਵਾਲਾ, ਜੋਗਿੰਦਰ ਸਿੰਘ ਖਡੂਰ ਸਾਹਿਬ, ਦਾਰਾ ਸਿੰਘ ਮੁੰਡਾ ਪਿੰਡ, ਲਖਬੀਰ ਸਿੰਘ ਨਿਰਵੈਲ ਸਿੰਘ ਲੁਹਾਰ ਹਾਜ਼ਰ ਸਨ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਬਣਦੇ ਹੱਕ ਬਹਾਲ ਕਰੇ ਪੰਜਾਬ ਸਰਕਾਰ : ਗਿੱਲ



ਧਾਰੀਵਾਲ, (ਮਨਦੀਪ ਵਿੱਕੀ)-ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਏਟਕ ਦੇ ਮੰਡਲ ਯੂਨਿਟ ਧਾਰੀਵਾਲ ਦੀ ਮੀਟਿੰਗ ਸਾਥੀ ਹਰਕਿਰਪਾਲ ਸਿੰਘ ਸੋਹਲ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਸਟੇਟ ਆਗੂ ਹਜ਼ਾਰਾ ਸਿੰਘ ਗਿੱਲ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਮਹਿੰਦਰਪਾਲ ਸਿੰਘ ਅਤੇ ਹਜ਼ਾਰਾ ਸਿੰਘ ਗਿੱਲ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਬਣਦੇ ਹੱਕਾਂ ਦੀ ਪੂਰਤੀ ਕਰਨ ਤੋਂ ਘੇਸਲ ਵੱਟ ਗਈ ਹੈ ਅਤੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰਾ ਕਰਨ ਦੀ ਬਜਾਏ ਕੋਰਟਾਂ/ਅਦਾਲਤਾਂ ਦੇ ਫੈਸਲਿਆਂ ਨੂੰ ਉੱਚ ਅਦਾਲਤਾਂ ਵਿੱਚ ਅਪੀਲਾਂ ਲਗਾ ਕੇ ਡੰਗ ਟਪਾ ਰਹੀ ਹੈ। ਇਸ ਮੌਕੇ ਬੁਲਾਰਿਆਂ ਨੇ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਤੋਂ ਡੀ ਏ ਦੀਆਂ ਕਿਸ਼ਤਾਂ ਤੁਰੰਤ ਜਾਰੀ ਕਰਨ ਦੀ ਮੰਗ ਕਰਦੇ ਹੋਏ ਪਾਵਰਕਾਮ ਮੈਨੇਜਮੈਂਟ ਦੀ 30/04/2026 ਨੂੰ ਸਾਂਝੇ ਮੰਚ ਨਾਲ ਹੋਈ ਮੀਟਿੰਗ ਵਿੱਚ ਬਣੀਆਂ ਸਹਿਮਤੀਆਂ ਨੂੰ ਸਮਾਂਬੱਧ ਲਾਗੂ ਕਰਨ ਦੀ ਚੇਤਾਵਨੀ ਦਿੱਤੀ। ਪੈਨਸ਼ਨਰ ਆਗੂਆਂ ਨੇ ਕਿਹਾ ਕਿ ਬਣੀਆਂ ਸਹਿਮਤੀਆਂ ਨੂੰ ਜੇਕਰ ਸਮਾਂਬੱਧ ਲਾਗੂ ਨਾ ਕੀਤਾ ਗਿਆ ਤਾਂ ਜਥੇਬੰਦੀ ਵੱਲੋਂ ਮਿੱਥੇ ਪ੍ਰੋਗਰਾਮ ਅਨੁਸਾਰ ਸੰਘਰਸ਼ਾਂ ਨੂੰ ਲਾਗੂ ਕੀਤਾ ਜਾਵੇਗਾ।

ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਵਰਿੰਦਰ ਸਿੰਘ, ਤਰਸੇਮ ਸਿੰਘ, ਮਹਿੰਦਰ ਸਿੰਘ, ਵਰਿੰਦਰ ਕੁਮਾਰ, ਸੁਖਦੇਵ ਸਿੰਘ ਗੋਸਲ, ਸੁਖਵਿੰਦਰ ਸਿੰਘ, ਸੁਖਦੇਵ ਸਿੰਘ ਸੋਹਲ, ਜੋਗਿੰਦਰ ਸਿੰਘ, ਸੱਤਪਾਲ ਸਿੰਘ, ਵਜੀਰ ਸਿੰਘ, ਕੁਲਵੰਤ ਸਿੰਘ, ਕੁਲਵੰਤ ਸਿੰਘ ਸੱਗੂ, ਅਸ਼ੋਕ ਕੁਮਾਰ, ਹਰਪਾਲ ਸਿੰਘ, ਦਵਿੰਦਰ ਸਿੰਘ, ਸਤਨਾਮ ਸਿੰਘ, ਬਲਜੀਤ ਸਿੰਘ, ਕਸ਼ਮੀਰ ਸਿੰਘ, ਪਰਮਜੀਤ ਸਿੰਘ, ਲਖਮਿੰਤਰ ਸਿੰਘ, ਨੱਥਾ ਰਾਮ, ਜਗੀਰ ਸਿੰਘ, ਸਵਰਨ ਸਿੰਘ, ਬਲਵਿੰਦਰ ਸਿੰਘ, ਸਵਰਨ ਮਸੀਹ, ਨਜ਼ੀਰ ਮਸੀਹ, ਅਜੀਤ ਸਿੰਘ ਆਦਿ ਪੈਨਸ਼ਨਰ ਸਾਥੀ ਹਾਜ਼ਰ ਸਨ।

# ਸਕੂਲਾਂ 'ਚ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ ਕੀਤਾ ਜਾਵੇ : ਅਨੁਜ ਖੇਮਕਾ

ਛੇਹਰਟਾ, (ਮਨੋਜ ਕੁਮਾਰ): ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਮੁਖੀ ਅਨੁਜ ਖੇਮਕਾ ਨੇ ਕਿਹਾ ਕਿ ਅੰਮ੍ਰਿਤਸਰ ਵਿਚ ਗਰਮੀ ਕਾਰਨ ਬੱਚਿਆਂ ਲਈ ਸਕੂਲਾਂ ਦੀਆਂ ਛੁੱਟੀਆਂ ਬਾਰੇ ਪ੍ਰਸ਼ਾਸਨ ਨੇ ਅਜੇ ਤਕ ਕੋਈ ਖ਼ਾਸ ਫੈਸਲਾ ਨਹੀਂ ਲਿਆ ਹੈ, ਜਦੋਂ ਕਿ ਕਈ ਸੂਬਿਆਂ ਨੇ ਸਕੂਲਾਂ ਦੀਆਂ ਛੁੱਟੀਆਂ ਦਾ ਐਲਾਨ ਕਰ ਦਿੱਤਾ ਹੈ।ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਗਰਮੀ ਨੂੰ ਦੇਖਦੇ ਹੋਏ ਦੂਜੇ ਰਾਜਾਂ ਵਾਂਗ ਅੰਮ੍ਰਿਤਸਰ ਦੇ ਸਕੂਲਾਂ ਵਿੱਚ ਵੀ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਗਰਮੀਆਂ ਵਿਚ ਖਾਸ ਕਰਕੇ ਛੋਟੇ ਬੱਚਿਆਂ ਲਈ ਸਕੂਲ ਜਾਣਾ ਬਹੁਤ ਮੁਸ਼ਕਲ ਹੁੰਦਾ ਜਾ ਰਿਹਾ ਹੈ।ਇਸ ਤੋਂ ਇਲਾਵਾ ਬਿਜਲੀ ਵੀ ਕਈ ਘੰਟੇ ਬੰਦ ਰਹਿੰਦੀ ਹੈ।

ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਗਰਮੀ ਦੇ ਮੱਦੇਨਜ਼ਰ ਸਕੂਲਾਂ ਵਿਚ ਬੱਚਿਆਂ ਲਈ ਜਲਦੀ ਤੋਂ ਜਲਦੀ ਛੁੱਟੀਆਂ ਦਾ ਐਲਾਨ ਕੀਤਾ ਜਾਵੇ।

## ਧਾਰੀਵਾਲ, ਸ੍ਰੀ ਹਰਗੋਬਿੰਦਪੁਰ ਸਾਹਿਬ ਤੇ ਫਤਿਹਗੜ੍ਹ ਚੂੜੀਆਂ 'ਚ ਵੋਟਾਂ 26 ਨੂੰ

**ਬਟਾਲਾ, (ਤਰਲੋਕ ਬੱਗਾ)**-ਗੁਰਪ੍ਰੀਤ ਸਿੰਘ ਗਿੱਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕਮ-ਵਧੀਕ ਜ਼ਿਲ੍ਹਾ ਚੋਣਕਾਰ ਅਫਸਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਮਾਣਯੋਗ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਨਗਰ ਨਿਗਮ ਬਟਾਲਾ, ਨਗਰ ਕੌਂਸਲ ਧਾਰੀਵਾਲ, ਸ੍ਰੀ ਹਰਗੋਬਿੰਦਪੁਰ ਸਾਹਿਬ ਅਤੇ ਫਤਿਹਗੜ੍ਹ ਚੂੜੀਆਂ ਵਿੱਚ ਚੋਣਾਂ ਕਰਵਾਈਆਂ ਜਾ ਰਹੀਆਂ ਹਨ।ਉਮੀਦਵਾਰਾਂ ਦੁਆਰਾ ਨਾਮਜ਼ਦਗੀਆਂ ਦਾਖਲ ਕਰਨ ਦੀ ਮਿਆਦ 13 ਮਈ ਦਿਨ ਬੁੱਧਵਾਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਨਿਰਧਾਰਿਤ ਸੰਬੰਧਿਤ ਰਿਟਰਨਿੰਗ ਅਫਸਰਾਂ ਦੇ ਦਫਤਰਾਂ 'ਚ ਸ਼ੁਰੂ ਹੋਵੇਗੀ।ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਮਿਤੀ 16 ਮਈ ਦਿਨ ਸ਼ਨਿਚਰਵਾਰ ਹੋਵੇਗੀ।ਨਾਮਜ਼ਦਗੀਆਂ ਪੱਤਰਾਂ ਦੀ ਜਾਂਚ 18 ਮਈ ਦਿਨ ਸੋਮਵਾਰ ਨੂੰ ਹੋਵੇਗੀ ਅਤੇ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ 19 ਮਈ ਦਿਨ ਮੰਗਲਵਾਰ ਨੂੰ ਦੁਪਹਿਰ 3 ਵਜੇ ਤੱਕ ਹੈ।ਪੋਲਿੰਗ 26 ਮਈ ਦਿਨ ਮੰਗਲਵਾਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਹੋਵੇਗੀ ਤੇ ਵੋਟਾਂ ਦੀ ਗਿਣਤੀ 29 ਮਈ ਦਿਨ ਸ਼ੁੱਕਰਵਾਰ ਨੂੰ ਸਥਾਪਿਤ ਗਿਣਤੀ ਕੇਂਦਰਾਂ 'ਤੇ ਕੀਤੀ ਜਾਵੇਗੀ।ਨਗਰ ਨਿਗਮ ਬਟਾਲਾ ਦੇ ਰਜਿਸਟਰਡ ਵੋਟਾਂ ਦੀ ਗਿਣਤੀ 118422 ਹੈ ਜਿਨ੍ਹਾਂ ਵਿੱਚ 63549 ਪੁਰਸ਼, 54873 ਔਰਤਾਂ ਅਤੇ 0 ਹੋਰ ਵੋਟਰ ਹਨ।ਨਗਰ ਨਿਗਮ ਬਟਾਲਾ ਵਿਖੇ ਕੁੱਲ 50 ਵਾਰਡ ਅਤੇ 122 ਪੋਲਿੰਗ ਬੂਥ ਹਨ। ਰਜਿਸਟਰਡ ਵੋਟਾਂ ਦੀ ਗਿਣਤੀ 12473 ਹੈ ਜਿਨ੍ਹਾਂ ਵਿੱਚ 6499 ਪੁਰਸ਼, 5974 ਔਰਤਾਂ ਅਤੇ 0 ਹੋਰ ਵੋਟਰ ਹਨ।ਨਗਰ ਕੌਂਸਲ ਧਾਰੀਵਾਲ ਦੇ ਕੁੱਲ ਵਾਰਡ 13 ਅਤੇ 14 ਪੋਲਿੰਗ ਬੂਥ ਹਨ।ਨਗਰ ਕੌਂਸਲ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਰਜਿਸਟਰਡ ਵੋਟਾਂ ਦੀ ਗਿਣਤੀ 7041 ਹੈ ਜਿਨ੍ਹਾਂ ਵਿੱਚ 3657 ਪੁਰਸ਼, 3384 ਔਰਤਾਂ ਅਤੇ 0 ਹੋਰ ਵੋਟਰ ਹਨ।ਕੁੱਲ 11 ਵਾਰਡ ਅਤੇ 11 ਪੋਲਿੰਗ ਬੂਥ ਹਨ।ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਦੇ ਰਜਿਸਟਰਡ ਵੋਟਾਂ ਦੀ ਗਿਣਤੀ 14821 ਹੈ ਜਿਨ੍ਹਾਂ ਵਿੱਚ 7533 ਪੁਰਸ਼, 7288 ਔਰਤਾਂ ਅਤੇ 0 ਹੋਰ ਵੋਟਰ ਹਨ।ਕੁੱਲ 13 ਵਾਰਡ ਅਤੇ ਪੋਲਿੰਗ ਬੂਥ 17 ਹਨ।

## ਡਾ. ਗੁਰਭਜਨ ਗਿੱਲ ਦੀ ਚਰਚਿਤ ਪੁਸਤਕ 'ਸੰਧੂਰਦਾਨੀ' ਲੋਕ ਅਰਪਿਤ



ਛੇਹਰਟਾ, (ਮਨੋਜ ਕੁਮਾਰ) : ਪਰਵਾਜ਼ ਮੰਚ ਅੰਮ੍ਰਿਤਸਰ ਦੇ ਵਿਹੜੇ ਵਿਚ ਪੰਜਾਬੀ ਅਦਬ ਦੇ ਪ੍ਰੇਮੀ, ਪੰਜਾਬੀ ਮਾਂ-ਬੋਲੀ ਦੇ ਸਿਰਮੌਰ ਸ਼ਾਇਰ, ਚਿੰਤਕ ਤੇ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੇ ਸਾਬਕਾ ਪ੍ਰਧਾਨ ਡਾ. ਗੁਰਭਜਨ ਗਿੱਲ ਦੀ ਨਵੀਂ ਪੁਸਤਕ 'ਸੰਧੂਰਦਾਨੀ' ਲੋਕ-ਅਰਪਿਤ ਕਰਨ ਲਈ ਵਿਸ਼ੇਸ਼ ਸਾਹਿਤਕ ਸਮਾਗਮ ਕਰਵਾਇਆ ਗਿਆ।ਇਸ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਡਾ. ਅਜੈਪਾਲ ਸਿੰਘ (ਪ੍ਰਧਾਨ ਪਰਵਾਜ਼ ਮੰਚ), ਸਤਿੰਦਰ ਸਿੰਘ ਓਠੀ (ਸਕੱਤਰ) ਡਾ. ਹਰਿੰਦਰ ਕੌਰ ਸੋਹਲ (ਅਸਿਸਟੈਂਟ ਪ੍ਰੋਫੈਸਰ) ਪੰਜਾਬੀ ਅਧਿਐਨ ਸਕੂਲ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਐੱਸ. ਐੱਲ. ਬਾਵਾ ਡੀਏਵੀ ਕਾਲਜ ਬਟਾਲਾ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਵੰਤ ਸਿੰਘ, ਗੁਰਸ਼ਰਨ ਕੌਰ ਤੇ ਜਗਮੀਤ ਸਿੰਘ ਸਿੱਧੂ ਨੇ ਸਾਂਝੇ ਰੂਪ ਵਿਚ ਪੁਸਤਕ ਰਿਲੀਜ਼ ਕਰਨ ਦੀ ਰਸਮ ਅਦਾ ਕਰਦਿਆਂ ਪੰਜਾਬੀ ਸਾਹਿਤ ਜਗਤ ਵਿਚ ਇਸ ਦਾ ਸਵਾਗਤ ਕੀਤਾ।ਪੁਸਤਕ ਤੇ ਚਰਚਾ ਕਰਦਿਆਂ ਡਾ. ਹਰਿੰਦਰ ਕੌਰ ਸੋਹਲ ਨੇ ਕਿਹਾ ਕਿ ਡਾ. ਗੁਰਭਜਨ ਗਿੱਲ ਦੀ ਕਲਮ ਵਿਚ ਉਹ ਸ਼ਕਤੀ ਹੈ ਜੋ ਸਮਾਜ ਦੇ ਸੂਖਮ ਮਸਲਿਆਂ ਨੂੰ ਬੜੀ ਬੇਬਾਕੀ ਨਾਲ ਪੇਸ਼ ਕਰਦੀ ਹੈ।ਉਨ੍ਹਾਂ ਕਿਹਾ ਕਿ ਸੰਧੂਰਦਾਨੀ ਇਕ ਅਜਿਹਾ ਮਹੱਤਵਪੂਰਨ ਦਸਤਾਵੇਜ਼ ਹੈ ਜੋ ਪਾਠਕ ਨੂੰ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਸੇ, ਗੁੰਝਲਦਾਰ ਇਤਿਹਾਸ ਤੇ ਮੌਜੂਦਾ ਰਾਜਨੀਤੀ ਦੀਆਂ ਪਰਤਾਂ ਫਰੋਲਣ ਲਈ ਪ੍ਰੇਰਿਤ ਕਰਦਾ ਹੈ।ਇਸ ਮੌਕੇ ਡਾ. ਗੁਰਵੰਤ ਸਿੰਘ ਨੇ 'ਸੰਧੂਰਦਾਨੀ' ਦੇ ਸਾਹਿਤਕ ਤੇ ਭਾਸ਼ਾਈ ਮਹੱਤਵ 'ਤੇ ਚਰਚਾ ਕਰਦਿਆਂ ਇਸ ਨੂੰ ਅਜੋਕੇ ਪਦਾਰਥਵਾਦੀ ਦੌਰ ਵਿਚ ਸਭਿਆਚਾਰਕ ਰੌਸ਼ਨੀ ਕਰਾਰ ਦਿੱਤਾ।ਉਨ੍ਹਾਂ ਕਿਹਾ ਕਿ ਡਾ. ਗਿੱਲ ਨੇ ਆਪਣੀ ਵਿਲੱਖਣ ਸ਼ਬਦਾਵਲੀ ਰਾਹੀਂ ਪੰਜਾਬੀ ਕਵਿਤਾ ਨੂੰ ਨਵੇਂ ਅਰਥ ਪ੍ਰਦਾਨ ਕੀਤੇ ਹਨ।ਉਨ੍ਹਾਂ ਦੀ ਇਸ ਪੁਸਤਕ ਦੀ ਆਮਦ ਨਾਲ ਪੰਜਾਬੀ ਸਾਹਿਤ ਜਗਤ ਵਿੱਚ ਨਵੇਂ ਮੀਲ-ਪੱਥਰ ਸਥਾਪਿਤ ਹੋਣਗੇ ।ਪ੍ਰੋ. ਅਜੈਪਾਲ ਸਿੰਘ ਨੇ ਕਿਹਾ ਕਿ ਇਹ ਪੁਸਤਕ ਮਨੁੱਖ ਨੂੰ ਰਵਾਇਤੀ ਇਸ਼ਕ-ਮਿਜਾਜੀ ਦੀਆਂ ਸੀਮਤ ਵਲਗਣਾਂ ਵਿੱਚੋਂ ਬਾਹਰ ਕੱਢ ਕੇ ਬ੍ਰਹਿਮੰਡੀ ਸਰੋਕਾਰਾਂ ਤੇ ਸਮਾਜਿਕ ਜ਼ਿੰਮੇਵਾਰੀ ਦੇ ਵਿਸ਼ਾਲ ਪਾਸਾਰਾਂ ਨਾਲ ਜੋੜਨ ਦਾ ਸਫ਼ਲ ਯਤਨ ਕਰਦੀ ਹੈ।ਸਤਿੰਦਰ ਸਿੰਘ ਓਠੀ ਵੱਲੋਂ ਪੰਜਾਬੀ ਪਾਠਕਾਂ ਨੂੰ ਇਸ ਬੇਸ਼ਕੀਮਤੀ ਪੁਸਤਕ ਨੂੰ ਪੜ੍ਹਨ ਤੇ ਵਿਚਾਰਨ ਦੀ ਜ਼ੋਰਦਾਰ ਸਿਫ਼ਾਰਸ਼ ਕੀਤੀ ਗਈ।ਗੁਰਸ਼ਰਨ ਕੌਰ ਤੇ ਜਗਮੀਤ ਸਿੰਘ ਸਿੱਧੂ ਨੇ ਡਾ. ਗੁਰਭਜਨ ਗਿੱਲ ਦੀ ਸਾਹਿਤਕ ਘਾਲਣਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਪੁਸਤਕਾਂ ਨਵੀਂ ਪੀੜ੍ਹੀ ਤੇ ਵਿਦਿਆਰਥੀਆਂ ਲਈ ਚਾਨਣ-ਮੁਨਾਰੇ ਦਾ ਕੰਮ ਕਰਦੀਆਂ ਹਨ।

## ਮੁੱਖ ਸਕੱਤਰ ਵੱਲੋਂ ਵੈਂਡਿੰਗ ਮਸ਼ੀਨ ਦਾ ਉਦਘਾਟਨ



ਚੰਡੀਗੜ੍ਹ-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਗਤੀਸ਼ੀਲ ਸੋਚ ਮੁਤਾਬਕ ਸਹਿਕਾਰੀ ਖੇਤਰ ਨੂੰ ਹੋਰ ਮਜ਼ਬੂਤ ਕਰਨ ਅਤੇ ਇਸ ਦੀ ਪਹੁੰਚ ਵਿੱਚ ਹੋਰ ਵਿਸਥਾਰ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਮੁੱਖ ਸਕੱਤਰ ਕੇ ਏ ਪੀ ਸਿਨਹਾ ਵੱਲੋਂ ਪੰਜਾਬ ਸਿਵਲ ਸਕੱਤਰੇਤ-1 ਵਿਖੇ ਸਥਾਪਤ ਕੀਤੀ ਵੇਰਕਾ ਦੀ ਇੱਕ ਅਤਿ-ਆਧੁਨਿਕ ਵੈਂਡਿੰਗ ਮਸ਼ੀਨ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਮੁੱਖ ਸਕੱਤਰ ਨੇ ਕਿਹਾ ਕਿ ਇਹ ਅਤਿ-ਆਧੁਨਿਕ ਵੈਂਡਿੰਗ ਮਸ਼ੀਨਾਂ ਦੁੱਧ ਟੈਟਰਾਪੈਕ ਫਲੇਵਰਡ ਮਿਲਕ ਬੇਵਰਿਜ, ਵੱਖ-ਵੱਖ ਪ੍ਰਕਾਰ ਦੀ ਲੱਸੀ, ਫਲਾਂ ਦੇ ਜੂਸ, ਮਿਨਰਲ ਵਾਟਰ, ਆਈਸ-ਕ੍ਰੀਮ ਆਦਿ ਨੂੰ ਸੁਵਿਧਾਜਨਕ ਅਤੇ ਖਪਤਕਾਰ-ਪੱਖੀ ਢੰਗ ਨਾਲ ਪ੍ਰਦਾਨ ਕਰਨਗੀਆਂ ਜਿਸ ਨਾਲ ਵੇਰਕਾ, ਸੋਹਣਾ ਅਤੇ ਫਾਈਵ ਰਿਵਰਜ਼ ਬ੍ਰਾਂਡ ਦੀ ਭਰੋਸੇਯੋਗ ਮੌਜੂਦਗੀ ਅਤੇ ਪਹੁੰਚ ਯੋਗਤਾ ਵਿੱਚ ਵਾਧਾ ਹੋਵੇਗਾ। ਮਿਲਕਫੈੱਡ ਵੱਲੋਂ ਪ੍ਰਮੁੱਖ ਜਨਤਕ ਸਥਾਨਾਂ 'ਤੇ ਖਪਤਕਾਰਾਂ ਨੂੰ ਤਾਜ਼ੇ, ਸਾਫ਼-ਸੁਥਰੇ ਅਤੇ ਆਸਾਨੀ ਨਾਲ ਵੇਰਕਾ ਉਤਪਾਦ ਪ੍ਰਦਾਨ ਕਰਨ ਦੇ ਉਦੇਸ਼ ਨਾਲ ਅਤਿ-ਆਧੁਨਿਕ ਵੈਂਡਿੰਗ ਮਸ਼ੀਨਾਂ ਸਥਾਪਤ ਕੀਤੀਆਂ ਜਾ ਰਹੀਆਂ ਹਨ।ਇਸ ਅਹਿਮ ਮੌਕੇ 'ਤੇ ਵੇਰਕਾ ਦੇ ਬੇਹੱਦ ਪਸੰਦ ਕੀਤੇ ਜਾਣ ਵਾਲੇ ਮਾਸਕਟ ਵੀਰਾ ਦੀ ਤਰ੍ਹਾਂ ਨਵੇਂ ਮਾਸਕਟ ਗੁੱਡੀ ਦਾ ਉਦਘਾਟਨ ਕੀਤਾ ਗਿਆ ਅਤੇ ਖਪਤਕਾਰਾਂ ਨੂੰ ਇਸ ਬਾਰੇ ਜਾਣਕਾਰੀ ਦਿੱਤੀ ਗਈ।ਗੁੱਡੀ ਨੂੰ ਲਾਂਚ ਕਰਨਾ ਵੇਰਕਾ ਬ੍ਰਾਂਡ ਵੱਲੋਂ ਇਸ ਪਹਿਲਕਦਮੀ ਰਾਹੀਂ ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਅਤੇ ਪੰਜਾਬ ਦੇ ਸੱਭਿਆਚਾਰ ਵਿੱਚ ਸਮੋਈਆਂ ਪਰਿਵਾਰਕ ਕਦਰਾਂ-ਕੀਮਤਾਂ ਅਤੇ ਭਾਵਨਾਤਮਕ ਤੰਦਾਂ ਨੂੰ ਦਰਸਾਉਂਦਾ ਹੈ।

# ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਫਤਿਹਾਬਾਦ ਦਾ ਦਸਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ



ਖਡੂਰ ਸਾਹਿਬ (ਸਰਬਜੀਤ ਸਿੰਘ ਸੰਧਾ)-ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਫਤਿਹਾਬਾਦ ਦੇ ਵਿਦਿਆਰਥੀਆਂ ਨੇ ਇਕ ਵਾਰ ਫਿਰ ਤੋਂ ਬੋਰਡ ਦੀ ਦਸਵੀਂ ਜਮਾਤ ਦੀ ਪ੍ਰੀਖਿਆ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਬਾਰੇ ਸਕੂਲ ਪ੍ਰਿੰਸੀਪਲ ਅਨੀਤਾ ਚਤਰਥ ਨੇ ਦੱਸਿਆ ਕਿ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਪਹਿਲੇ ਦਰਜੇ 'ਚ ਪ੍ਰੀਖਿਆ ਪਾਸ ਕਰਕੇ ਆਪਣੇ ਸਕੂਲ ਅਤੇ ਮਾਤਾ- ਪਿਤਾ ਦਾ ਨਾਮ ਰੌਸ਼ਨ ਕੀਤਾ।

10 ਵਿਦਿਆਰਥੀਆਂ ਨੇ 90 ਫੀਸਦੀ ਦੇ ਲਗਭਗ ਅਤੇ ਬਾਕੀਆਂ ਨੇ 80 ਫੀਸਦੀ ਤੋਂ ਵੱਧ ਅੰਕ ਹਾਸਲ ਕੀਤੇ।ਦਿਵਿਆ ਸਪੁੱਤਰੀ ਬਲਜਿੰਦਰ ਸਿੰਘ ਨੇ ਪਹਿਲਾ, ਖੁਸ਼ਪ੍ਰੀਤ ਕੌਰ ਸਪੁੱਤਰੀ ਬਲਬੀਰ ਸਿੰਘ, ਨਵਜੋਤ ਕੌਰ ਸਪੁੱਤਰੀ ਰਣਜੀਤ ਸਿੰਘ ਨੇ ਦੂਸਰਾ ਅਤੇ ਹਰਸਿਮਰਨ ਕੌਰ ਸਪੁੱਤਰੀ ਜਰਨੈਲ ਸਿੰਘ, ਜਸਪ੍ਰੀਤ ਕੌਰ ਸਪੁੱਤਰੀ ਮਨਜੀਤ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ ।ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਸਕੂਲ ਪ੍ਰਬੰਧਕਾਂ ਵੱਲੋਂ ਇਨਾਮ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਮਮਤਾ ਮੈਡਮ, ਕੰਵਲਪ੍ਰੀਤ ਕੌਰ, ਅੰਤਰਪ੍ਰੀਤ ਕੌਰ, ਇੰਦੀਪ ਮੈਡਮ, ਬਲਜੀਤ ਕੌਰ, ਹਰਪ੍ਰੀਤ ਕੌਰ, ਕਿਰਨਦੀਪ ਕੌਰ, ਅਰਚਨਾ, ਜਸਬੀਰ ਸਿੰਘ, ਰਜਨੀਸ਼, ਕੁਲਵਿੰਦਰ, ਨਵਜੋਤ, ਜਸਪ੍ਰੀਤ ਕੌਰ, ਕੋਮਲਪ੍ਰੀਤ ਕੌਰ, ਡੌਲੀ, ਨਵਨੀਤ ਕੌਰ, ਰਮਨਦੀਪ ਕੌਰ, ਮਨਜਿੰਦਰ ਅਤੇ ਤੇਜਿੰਦਰ ਸਿੰਘ ਆਦਿ ਹਾਜ਼ਰ ਸਨ।

## ਬਕਾਇਆ ਟ੍ਰੈਫਿਕ ਚਲਾਨਾਂ ਦਾ ਤੁਰੰਤ ਭੁਗਤਾਨ ਕਰਨ ਲੋਕ : ਆਰ ਟੀ ਓ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਪੰਜਾਬ ਰਾਜ ਦੇ ਚਲਾਨਾਂ ਦੀ ਬਕਾਇਆ ਰਾਸ਼ੀ ਰਿਕਵਰ ਕਰਨ ਲਈ ਪੰਜਾਬ ਸਟੇਟ ਟਰਾਂਸਪੋਰਟ ਕਮਿਸ਼ਨਰ ਦੀਆਂ ਹਦਾਇਤਾਂ ਅਨੁਸਾਰ ਖੇਤਰੀ ਟਰਾਂਸਪੋਰਟ ਅਫ਼ਸਰ (ਆਰਟੀਓ) ਤਰਨ ਤਾਰਨ ਕਪਿਲ ਜਿੰਦਲ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਵਾਹਨਾਂ ਦੇ ਬਕਾਇਆ ਟ੍ਰੈਫਿਕ ਚਲਾਨਾਂ ਦਾ ਆਨਲਾਈਨ ਜਾਂ ਦਫ਼ਤਰ ਪੇਸ਼ ਹੋ ਕੇ ਤੁਰੰਤ ਭੁਗਤਾਨ ਕਰਨ।ਅਜਿਹੇ 260 ਬਕਾਇਆ ਰਿਕਵਰੀ ਡਿਫਾਲਟਰ ਵਾਹਨਾਂ ਦੀ ਸੂਚੀ ਜਨਤਕ ਕਰਦਿਆਂ ਉਨ੍ਹਾਂ ਕਿਹਾ ਕਿ ਜੇਕਰ ਇਨ੍ਹਾਂ ਵਾਹਨਾਂ ਦੇ ਮਾਲਕਾਂ ਵੱਲੋਂ ਟ੍ਰੈਫਿਕ ਦੇ ਚਲਾਨਾਂ ਦਾ ਭੁਗਤਾਨ ਨਹੀਂ ਕੀਤਾ ਜਾਂਦਾ ਤਾਂ ਇਨ੍ਹਾਂ ਨੂੰ ਬਲੈਕ ਲਿਸਟ ਕਰ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਬਕਾਇਆ ਰਿਕਵਰੀ ਡਿਫਾਲਟਰਾਂ ਦੀ ਸੂਚੀ ਆਰਟੀਓ ਤਰਨ ਤਾਰਨ ਦੇ ਦਫ਼ਤਰ ਵਿਖੇ ਵੇਖੀ ਜਾ ਸਕਦੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਵਾਹਨਾਂ ਖ਼ਿਲਾਫ਼ ਕਾਰਵਾਈ ਲਈ ਟਰਾਂਸਪੋਰਟ ਅਤੇ ਪੁਲਸ ਵਿਭਾਗ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ।

ਉਨ੍ਹਾਂ ਸੰਬੰਧਿਤ ਵਾਹਨ ਮਾਲਕਾਂ ਨੂੰ ਕਿਹਾ ਕਿ ਬਕਾਇਆ ਕਲੀਅਰ ਕਰਨ ਦਾ ਇਹ ਆਖ਼ਰੀ ਮੌਕਾ ਹੈ।ਇਸ ਲਈ ਉਹ ਕਾਨੂੰਨੀ ਕਾਰਵਾਈ ਅਤੇ ਜ਼ਬਤ ਦੀ ਕਾਰਵਾਈ ਤੋਂ ਬਚਣ ਲਈ ਤੁਰੰਤ ਪਾਲਣਾ ਨੂੰ ਯਕੀਨੀ ਬਣਾਉਣ।

# ਐਬਸਕੋ ਤੇ ਈ-ਡਿਜੀਟਲ ਲਾਇਬ੍ਰੇਰੀ ਸਬੰਧੀ ਵਿਸ਼ੇਸ਼ ਵਰਕਸ਼ਾਪ ਤੇ ਸੈਮੀਨਾਰ ਲੱਗਾ



**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**-ਬੀ ਐੱਫ ਯੂ ਐੱਚ ਐੱਸ ਫਰੀਦਕੋਟ ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਵਿੱਚ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਫਰੀਦਕੋਟ ਵੱਲੋਂ ਈਬਸਕੋ ਅਤੇ ਈ-ਡਿਜੀਟਲ ਲਾਇਬ੍ਰੇਰੀ ਸਬੰਧੀ ਵਿਸ਼ੇਸ਼ ਵਰਕਸ਼ਾਪ ਦਾ ਆਯੋਜਨ ਬੀ ਐੱਫ ਯੂ ਐੱਚ ਐੱਸ ਫਰੀਦਕੋਟ ਅਤੇ ਸ਼੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਦੇ ਸੈਮੀਨਾਰ ਹਾਲ ਵਿੱਚ ਐਬਸਕੋ ਅਤੇ ਈ-ਡਿਜੀਟਲ ਲਾਇਬ੍ਰੇਰੀ ਸਬੰਧੀ ਵਿਸ਼ੇਸ਼ ਵਰਕਸ਼ਾਪ/ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਇਸ ਸੈਮੀਨਾਰ ਦਾ ਮੁੱਖ ਉਦੇਸ਼ ਨਰਸਿੰਗ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਆਧੁਨਿਕ ਡਿਜੀਟਲ ਸਿੱਖਿਆ ਪ੍ਰਣਾਲੀ ਅਤੇ ਆਨਲਾਈਨ ਅਕਾਦਮਿਕ ਸਰੋਤਾਂ ਨਾਲ ਜਾਣੂ ਕਰਵਾਉਣਾ ਸੀ ਤਾਂ ਜੋ ਵਿਦਿਆਰਥੀ ਰਿਸਰਚ ਅਤੇ ਉੱਚ ਸਿੱਖਿਆ ਵਿੱਚ ਡਿਜੀਟਲ ਪਲੇਟਫਾਰਮਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਕਰ ਸਕਣ।ਇਸ ਵਰਕਸ਼ਾਪ ਵਿੱਚ ਅੰਮ੍ਰਿਤਸਰ ਨਾਲ ਸਬੰਧਿਤ ਸ਼ਹੀਦ ਭਗਤ ਸਿੰਘ ਨਰਸਿੰਗ ਕਾਲਜ ਸੋਹੀਆਂ ਕਲਾਂ, ਰਾਇਲ ਨਰਸਿੰਗ ਕਾਲਜ ਜੈਤੋ ਸਰਜਾ, ਐੱਸ. ਵੀ. ਐੱਮ. ਨਰਸਿੰਗ ਕਾਲਜ ਮੁਧਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਸੈਮੀਨਾਰ ਦੌਰਾਨ ਹਾਜ਼ਰ ਵਿਦਿਆਰਥੀਆਂ ਨੇ ਡਿਜੀਟਲ ਲਾਇਬ੍ਰੇਰੀ ਪ੍ਰਣਾਲੀ ਪ੍ਰਤੀ ਵਿਸ਼ੇਸ਼ ਰੁਚੀ ਦਿਖਾਈ ਅਤੇ ਵੱਖ-ਵੱਖ ਵਿਸ਼ਿਆਂ ਸਬੰਧੀ ਸਵਾਲ ਪੁੱਛੇ ਗਏ ਜਿਨ੍ਹਾਂ ਦਾ ਯੂਨੀਵਰਸਿਟੀ ਦੇ ਰਿਸੋਰਸਪਰਸਨ ਵੱਲੋਂ ਈਬਸਕੋ ਦੇ ਈ-ਡਿਜੀਟਲ ਲਾਇਬ੍ਰੇਰੀ ਦੇ ਕੰਮ ਕਰਨ ਦੇ ਢੰਗ, ਇਸ ਦੀ ਵਰਤੋਂ ਅਤੇ ਵਿਦਿਆਰਥੀਆਂ ਲਈ ਇਸ ਦੇ ਫਾਇਦਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਸੈਮੀਨਾਰ ਦੇ ਅੰਤ ਵਿੱਚ ਹਾਜ਼ਰ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਬੀ ਐੱਫਯੂਐੱਚਐੱਸ ਫਰੀਦਕੋਟ ਅਤੇ ਸ਼੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਟਿਊਟ ਪੰਧੇਰ ਦੀ ਮੈਨੇਜਮੈਂਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਿੱਖਿਆਤਮਕ ਪ੍ਰੋਗਰਾਮ ਵਿਦਿਆਰਥੀਆਂ ਦੇ ਭਵਿੱਖ ਲਈ ਬਹੁਤ ਲਾਭਦਾਇਕ ਸਾਬਤ ਹੁੰਦੇ ਹਨ।ਇਸ ਮੌਕੇ ਵਾਇਸ ਪ੍ਰਿੰਸੀਪਲ ਸ਼ਿਫਾਲੀ ਤਿਗਾ, ਪ੍ਰਭਜੋਤ ਕੌਰ, ਹਰਮਨਪ੍ਰੀਤ ਕੌਰ, ਨੇਹਾ, ਪਲਵਿੰਦਰਜੀਤ ਕੌਰ, ਮਨਿੰਦਰ ਕੌਰ, ਜਗਦੀਸ਼ ਕੌਰ, ਸਿਮਰਨ ਰੰਧਾਵਾ, ਅਮਨਦੀਪ ਕੌਰ ਰੰਧਾਵਾ, ਸੁਖਮਨੀ ਗਿੱਲ, ਹਰਦੀਪ ਕੌਰ, ਮਨਿੰਦਰ ਕੌਰ, ਗਗਨਦੀਪ ਕੌਰ ਆਦਿ ਹਾਜ਼ਰ ਸਨ।

# ਧਾਰਮਿਕ ਪ੍ਰੀਖਿਆ 'ਚ ਮਾਤਾ ਸਾਹਿਬ ਕੌਰ ਸਕੂਲ ਭਰੋਵਾਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ




ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਵਿਖੇ ਸਤਿਨਾਮ ਟਰੱਸਟ ਵੱਲੋਂ ਪਹਿਲੀ ਤੋਂ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਧਾਰਮਿਕ ਪ੍ਰੀਖਿਆ ਦਾ ਆਯੋਜਨ ਕੀਤਾ ਗਿਆ।

ਇਸ ਪ੍ਰੀਖਿਆ ਦਾ ਮਕਸਦ ਵਿਦਿਆਰਥੀਆਂ ਨੂੰ ਆਪਣੇ ਧਰਮ, ਇਤਿਹਾਸ ਤੇ ਵਿਰਸੇ ਨਾਲ ਜੋੜਨਾ ਅਤੇ ਅਤੇ ਆਧੁਨਿਕ ਸਮਾਜ ਵਿੱਚ ਉਨ੍ਹਾਂ ਦੇ ਗਿਆਨ ਨੂੰ ਹੋਰ ਪਰਪੱਕ ਕਰਨਾ ਸੀ।ਪਹਿਲੀ, ਦੂਜੀ ਅਤੇ ਤੀਜੀ ਪੁਜ਼ੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਤਿਨਾਮ ਟਰੱਸਟ ਵੱਲੋਂ ਵਿਸ਼ੇਸ਼ ਇਨਾਮ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰੈਜ਼ੀਡੈਂਟ ਸੁਖਵਿੰਦਰ ਕੌਰ ਨੇ ਟਰੱਸਟ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

ਡਾਇਰੈਕਟਰ ਤੇਜਿੰਦਰ ਸਿੰਘ, ਸੈਕਟਰੀ ਬਨਵੀਰ ਸਿੰਘ, ਕਮੇਟੀ ਮੈਂਬਰ ਸੰਗੀਤ ਕੌਰ ਅਤੇ ਪ੍ਰਿੰਸੀਪਲ ਨਵਜੋਤੀ ਨੇ ਇਸ ਮੌਕੇ ਮੈਡਮ ਜਸਬੀਰ ਕੌਰ ਵੱਲੋਂ ਵਿਦਿਆਰਥੀਆਂ ਦੀ ਤਿਆਰੀ ਲਈ ਕੀਤੀ ਗਈ ਮਿਹਨਤ ਦੀ ਵਿਸ਼ੇਸ਼ ਤੌਰ 'ਤੇ ਪ੍ਰਸ਼ੰਸਾ ਕੀਤੀ।ਗੱਲਬਾਤ ਕਰਦਿਆਂ ਪ੍ਰਿੰਸੀਪਲ ਨਵਜੋਤੀ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਵਧੇਰੇ ਮਿਹਨਤ ਕਰਕੇ ਵੱਧ ਤੋਂ ਵੱਧ ਧਾਰਮਿਕ ਪ੍ਰੀਖਿਆ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

## ਸੰਤ ਬਾਬਾ ਖੜਕ ਸਿੰਘ ਤੇ ਬਾਬਾ ਦਰਸ਼ਨ ਸਿੰਘ ਦੀ ਬਰਸੀ ਮਨਾਉਣ ਸੰਬਧੀ ਮੀਟਿੰਗ 17 ਨੂੰ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਗੁਰਦੁਆਰਾ ਸੰਤ ਨਿਵਾਸ, ਬੀੜ ਸਾਹਿਬ ਵਿਖੇ ਬ੍ਰਹਮਲੀਨ ਸੰਤ ਬਾਬਾ ਖੜਕ ਸਿੰਘ ਅਤੇ ਸੰਤ ਬਾਬਾ ਦਰਸ਼ਨ ਸਿੰਘ ਬੀੜ ਸਾਹਿਬ ਵਾਲਿਆਂ ਦੀ ਸਾਲਾਨਾ ਬਰਸੀ ਇਸ ਵਾਰ 31 ਮਈ ਨੂੰ ਸ਼ਰਧਾ ਨਾਲ ਮਨਾਈ ਜਾ ਰਹੀ ਹੈ।ਇਹ ਸਮਾਗਮ ਬਾਬਾ ਸੰਤੋਖ ਸਿੰਘ ਦੀ ਅਗਵਾਈ ਹੇਠ, ਇਲਾਕੇ ਦੀਆਂ ਮੋਹਤਬਰ ਸ਼ਖ਼ਸੀਅਤਾਂ, ਪੰਚਾਂ-ਸਰਪੰਚਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾਵੇਗਾ।ਇਸ ਬਰਸੀ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਸੰਬੰਧੀ ਵਿਚਾਰ-ਵਟਾਂਦਰਾ ਕਰਨ ਲਈ ਇੱਕ ਅਹਿਮ ਮੀਟਿੰਗ 17 ਮਈ ਐਤਵਾਰ ਨੂੰ ਦੁਪਹਿਰ 12 ਵਜੇ ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ ਦੇ ਦੀਵਾਨ ਹਾਲ ਵਿਖੇ ਸੱਦੀ ਗਈ ਹੈ।

ਇਹ ਜਾਣਕਾਰੀ ਗੁਰਦੁਆਰਾ ਸੰਤ ਨਿਵਾਸ ਦੇ ਸੇਵਾਦਾਰ ਜਥੇਦਾਰ ਬਾਬਾ ਭੋਲਾ ਸਿੰਘ ਨੇ ਦਿੱਤੀ। ਜਥੇਦਾਰ ਬਾਬਾ ਭੋਲਾ ਸਿੰਘ ਨੇ ਸਮੂਹ ਇਲਾਕਾ ਨਿਵਾਸੀਆਂ, ਪੰਚਾਂ-ਸਰਪੰਚਾਂ ਅਤੇ ਪਤਵੰਤੇ ਸੱਜਣਾਂ ਨੂੰ ਬੇਨਤੀ ਕੀਤੀ ਹੈ ਕਿ ਉਹ ਇਸ ਜ਼ਰੂਰੀ ਮੀਟਿੰਗ ਵਿੱਚ ਵੱਧ-ਚੜ੍ਹ ਕੇ ਸ਼ਾਮਲ ਹੋਣ ਤਾਂ ਜੋ ਬਰਸੀ ਸਮਾਗਮ ਨੂੰ ਸਫਲ ਬਣਾਇਆ ਜਾ ਸਕੇ।

# ਨੋਬਲ ਪੁਰਸਕਾਰ ਜੇਤੂ ਰਾਬਿੰਦਰਨਾਥ ਟੈਗੋਰ ਦਾ ਜਨਮ ਦਿਹਾੜਾ ਮਨਾਇਆ




**ਬਟਾਲਾ (ਤਰਲੋਕ ਬੱਗਾ, ਡਾ. ਮਲਵਿੰਦਰ ਸਿੰਘ)**-ਮਹਾਨ ਕਵੀ, ਸਾਹਿਤਕਾਰ ਅਤੇ ਨੋਬਲ ਪੁਰਸਕਾਰ ਜੇਤੂ, ਰਾਬਿੰਦਰਨਾਥ ਟੈਗੋਰ ਦਾ ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਜਨਮ ਦਿਹਾੜਾ ਮਨਾਇਆ ਗਿਆ। ਸੱਤਵੀਂ ਜਮਾਤ ਦੀਆਂ ਵਿਦਿਆਰਥਣਾਂ ਜਪਨੀਤ ਕੌਰ ਅਤੇ ਹਰਨੀਤ ਕੌਰ ਨੇ ਅਧਿਆਪਕਾ ਬਲਵਿੰਦਰ ਕੌਰ ਦੇ ਨਾਲ ਮਿਲ ਕੇ ਰਬਿੰਦਰਨਾਥ ਟੈਗੋਰ ਦੇ ਜੀਵਨ ਦੀਆਂ ਪ੍ਰੇਰਨਾਦਾਇਕ ਘਟਨਾਵਾਂ ਨੂੰ ਉਜਾਗਰ ਕਰਦੇ ਹੋਏ ਸ਼ਕਤੀਸ਼ਾਲੀ ਭਾਸ਼ਣ ਦਿੱਤੇ।'ਟੈਗੋਰ ਇੰਕ ਐਂਡ ਇਮੈਜੀਨੇਸ਼ਨ ਕਲੱਬ' ਵੀ ਲਾਂਚ ਕੀਤਾ ਗਿਆ।ਇਸ ਕਲੱਬ ਦਾ ਉਦੇਸ਼ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਸਾਹਿਤਕ ਰੁਚੀਆਂ ਅਤੇ ਕਲਪਨਾ ਨੂੰ ਵਿਕਸਤ ਕਰਨਾ ਹੈ।ਸਕੂਲ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਵਿਦਿਆਰਥੀਆਂ ਨੂੰ ਰਾਬਿੰਦਰਨਾਥ ਟੈਗੋਰ ਦੇ ਆਦਰਸ਼ਾਂ ਅਤੇ ਚਰਿੱਤਰ ਤੋਂ ਪ੍ਰੇਰਨਾ ਲੈਣ ਲਈ ਉਤਸ਼ਾਹਿਤ ਕੀਤਾ।ਉਨ੍ਹਾਂ ਕਿਹਾ ਕਿ ਟੈਗੋਰ ਦਾ ਜੀਵਨ ਸਾਦਗੀ, ਸੰਵੇਦਨਸ਼ੀਲਤਾ ਅਤੇ ਸਿਰਜਣਾਤਮਕ ਸੋਚ ਨੂੰ ਪ੍ਰੇਰਿਤ ਕਰਦਾ ਹੈ।ਆਪਣੀਆਂ ਲਿਖਤਾਂ ਅਤੇ ਵਿਚਾਰਾਂ ਰਾਹੀਂ ਉਨ੍ਹਾਂ ਨੇ ਸਮਾਜ ਨੂੰ ਇੱਕ ਨਵੀਂ ਦਿਸ਼ਾ ਪ੍ਰਦਾਨ ਕੀਤੀ ਅਤੇ ਸਿੱਖਿਆ, ਸੱਭਿਆਚਾਰ ਅਤੇ ਮਨੁੱਖਤਾ ਵਿੱਚ ਅਨਮੋਲ ਯੋਗਦਾਨ ਪਾਇਆ।ਉਨ੍ਹਾਂ ਵਿਦਿਆਰਥੀਆਂ ਨੂੰ ਟੈਗੋਰ ਦੇ ਵਿਚਾਰਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ ਅਤੇ ਪ੍ਰਧਾਨ ਅਜੈ ਖੋਸਲਾ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਅਜਿਹੇ ਪ੍ਰੇਰਨਾਦਾਇਕ ਪ੍ਰੋਗਰਾਮਾਂ ਦੇ ਆਯੋਜਨ ਦੀ ਸ਼ਲਾਘਾ ਕੀਤੀ।

# 10ਵੀਂ ਦੇ ਨਤੀਜੇ 'ਚ ਸ਼ਾਹ ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਨੇ ਮੁੜ ਦੁਹਰਾਇਆ ਸ਼ਨਾਂਮੱਤਾ ਇਤਿਹਾਸ



ਚੋਹਲਾ ਸਾਹਿਬ (ਰਮਨ ਚੱਢਾ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਸ਼੍ਰੇਣੀ ਦੇ ਨਤੀਜਿਆਂ ਵਿੱਚ ਇਲਾਕੇ ਦੀ ਮਾਣਮੱਤੀ ਵਿਦਿਅਕ ਸੰਸਥਾ ਸ਼ਾਹ ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਰਾਣੀ ਵਲਾਹ ਨੇ ਇਕ ਵਾਰ ਫਿਰ ਆਪਣੀ ਸ਼ਾਨਦਾਰ ਵਿਦਿਅਕ ਪਰੰਪਰਾ ਨੂੰ ਕਾਇਮ ਰੱਖਦਿਆਂ 100 ਫੀਸਦੀ ਨਤੀਜਾ ਹਾਸਲ ਕਰਕੇ ਕਾਮਯਾਬੀ ਦਾ ਨਵਾਂ ਇਤਿਹਾਸ ਰਚ ਦਿੱਤਾ।ਸਕੂਲ ਦੇ ਹੋਣਹਾਰ ਵਿਦਿਆਰਥੀ ਅਨਮੋਲਦੀਪ ਕੌਰ ਅਤੇ ਨਵਤੇਜ ਸਿੰਘ ਨੇ 88 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ, ਅਨਮੋਲਦੀਪ ਕੌਰ 86% ਦੂਜਾ ਅਤੇ ਗੁਰਲੀਨ ਕੌਰ 85% ਨੰਬਰ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕਰ ਆਪਣੇ ਮਾਪਿਆਂ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਸਕੂਲ ਦੇ ਕਾਰਜਕਾਰੀ ਪ੍ਰਧਾਨ ਸ਼ਸ਼ੀ ਸ਼ਰਮਾ, ਐਜੂਕੇਸ਼ਨਲ ਡਾਇਰੈਕਟਰ ਨਵਦੀਪ ਕੌਰ ਸੰਧੂ, ਗੁਲਵਿੰਦਰ ਸਿੰਘ ਸੰਧੂ, ਮਦਨ ਪਠਾਨੀਆਂ ਅਤੇ ਪ੍ਰਿੰ. ਨਿਰਭੈ ਸਿੰਘ ਸੰਧੂ ਨੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਕੇਵਲ ਅੰਕਾਂ ਦੀ ਜਿੱਤ ਨਹੀਂ, ਸਗੋਂ ਅਣਥੱਕ ਮਿਹਨਤ, ਅਨੁਸ਼ਾਸਨ ਅਤੇ ਵਿਸ਼ਵਾਸ ਦੀ ਰੌਸ਼ਨ ਮਿਸਾਲ ਹਨ।ਉਨ੍ਹਾਂ ਕਿਹਾ ਕਿ ਉਮੀਦਾਂ ਮਨੁੱਖ ਨੂੰ ਕੋਸ਼ਿਸ਼ ਕਰਨ ਦੀ ਤਾਕਤ ਦਿੰਦੀਆਂ ਹਨ ਅਤੇ ਅਣਥੱਕ ਕੋਸ਼ਿਸ਼ ਹੀ ਸਫਲਤਾ ਦੀ ਅਸਲੀ ਚਾਬੀ ਹੁੰਦੀ ਹੈ।ਅਖੀਰ ਸਕੂਲ ਪ੍ਰਬੰਧਨ ਨੇ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਕਾਮਯਾਬੀਆਂ ਨਾ ਸਿਰਫ਼ ਸਕੂਲ ਦੀ ਸ਼ਾਨ ਹਨ, ਸਗੋਂ ਇਲਾਕੇ ਦੇ ਚੰਗੇਰੇ ਭਵਿੱਖ ਦੀ ਉਮੀਦ ਵੀ ਹਨ।

## ਚਾਰ ਲੇਬਰ ਕੋਡ ਲਾਗੂ ਕਰਨ ਵਾਲੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ): ਸੀਟੂ ਦੇ ਸੱਦੇ 'ਤੇ ਮੰਗਲਵਾਰ ਨੂੰ 22 ਨੰਬਰ ਫਾਟਕ, ਚਿੱਟੀ ਕੋਠੀ ਅੰਮ੍ਰਿਤਸਰ ਵਿਖੇ ਮਜ਼ਦੂਰਾਂ ਨੇ ਕਾਮਰੇਡ ਕਿਰਪਾ ਰਾਮ ਦੀ ਪ੍ਰਧਾਨਗੀ ਹੇਠ ਵਿਸ਼ਾਲ ਇਕੱਠ ਕਰ ਕੇ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਵੱਲੋਂ ਚਾਰ ਲੇਬਰ ਕੋਡ ਲਾਗੂ ਕਰਨ ਵਾਲੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਰੋਸ ਪ੍ਰਦਰਸ਼ਨ ਕਰਦੇ ਹੋਏ ਸਰਕਾਰ ਦਾ ਪਿੱਟ ਸਿਆਪਾ ਕੀਤਾ।

ਇਸ ਮੌਕੇ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਸੁੱਚਾ ਸਿੰਘ ਅਜਨਾਲਾ ਨੇ ਸੰਬੋਧਨ ਕਰਦਿਆਂ ਕੇਂਦਰ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਮਜ਼ਦੂਰਾਂ ਵਿਰੁੱਧ ਦਿੱਤੇ ਹੋਏ ਕਾਲੇ ਕਾਨੂੰਨ ਨੂੰ ਤੁਰੰਤ ਵਾਪਸ ਲਏ ਜਾਣ ਤੇ ਮਜ਼ਦੂਰ ਜਮਾਤ ਤੇ ਤਸ਼ੱਦਦ ਕਰਨਾ ਬੰਦ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਕਰੀਬ 1500 ਗ੍ਰਿਫਤਾਰ ਵਰਕਰਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।ਠੇਕੇਦਾਰੀ ਸਿਸਟਮ ਨੂੰ ਤੁਰੰਤ ਬੰਦ ਕੀਤਾ ਜਾਵੇ।ਮਜ਼ਦੂਰਾਂ-ਮੁਲਾਜ਼ਮਾਂ ਨੂੰ ਡੀਏ ਦਾ ਤੁਰੰਤ ਭੁਗਤਾਨ ਕੀਤਾ ਜਾਵੇ।26000 ਰੁਪਏ ਘੱਟੋ-ਘੱਟ ਪ੍ਰਤੀ ਮਹੀਨਾ ਉਜਰਤ ਦਿੱਤੀ ਜਾਵੇ।ਅੱਠ ਘੰਟੇ ਕੰਮ ਦੀ ਦਿਹਾੜੀ ਤੇ ਇਸ ਤੋਂ ਵੱਧ ਕਰਵਾਏ ਕੰਮ ਦਾ ਓਵਰ ਟਾਈਮ ਦਿੱਤਾ ਜਾਵੇ।ਇਸ ਮੌਕੇ ਕਾਮਰੇਡ ਚਰਨਜੀਤ ਮਜੀਠਾ, ਸਵਿੰਦਰ ਸਿੰਘ ਮੀਰਾਂਕੋਟ, ਰਾਮ ਮੂਰਤੀ, ਸੂਰਜ, ਬਲਬੀਰ ਸਿੰਘ, ਪ੍ਰਤਾਪ ਸਿੰਘ ਆਦਿ ਹਾਜ਼ਰ ਸਨ।

# ਸਨਾਤਨ ਧਰਮ ਸਾਨੂੰ ਸਮਾਜ ਸੇਵਾ ਲਈ ਪ੍ਰੇਰਦਾ : ਅਕਸ਼ੈ ਸ਼ਰਮਾ



ਛੇਹਰਟਾ, (ਮਨੋਜ ਕੁਮਾਰ): ਅੰਮ੍ਰਿਤਸਰ ਹਲਕਾ ਉੱਤਰੀ ਤੋਂ ਭਾਜਪਾ ਆਗੂ ਅਕਸ਼ੈ ਸ਼ਰਮਾ ਨੇ ਹਲਕਾ ਉੱਤਰੀ ਦੇ ਵੱਖ-ਵੱਖ ਇਲਾਕਿਆਂ ਵਿਚ ਬੈਠਕਾਂ ਕਰਕੇ ਲੋਕਾਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ।ਇਸ ਦੌਰਾਨ ਉਨ੍ਹਾਂ ਨੇ ਛੇਹਰਟਾ ਸਥਿਤ ਸ੍ਰੀ ਆਰਤੀ ਦੇਵਾ ਮੰਦਰ ਵਿਖੇ ਮੱਥਾ ਟੇਕ ਕੇ ਅਸ਼ੀਰਵਾਦ ਵੀ ਲਿਆ ਤੇ ਇਲਾਕੇ ਦੀ ਸੁੱਖ-ਸ਼ਾਂਤੀ ਲਈ ਅਰਦਾਸ ਕੀਤੀ।

ਅਕਸ਼ੈ ਸ਼ਰਮਾ ਨੇ ਗ੍ਰੀਨ ਫੀਲਡ, ਬਟਾਲਾ ਰੋਡ, ਡਾਇਮੰਡ ਐਵੀਨਿਊ ਸਮੇਤ ਕਈ ਇਲਾਕਿਆਂ ਵਿਚ ਲੋਕਾਂ ਨਾਲ ਬੈਠਕਾਂ ਕਰਦਿਆਂ ਸਮਾਜਿਕ ਤੇ ਵਾਤਾਵਰਣ ਨਾਲ ਜੁੜੇ ਮੁੱਦਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ।

ਉਨ੍ਹਾਂ ਕਿਹਾ ਕਿ ਸਨਾਤਨ ਧਰਮ ਸਾਨੂੰ ਇਕ-ਦੂਜੇ ਦਾ ਸਾਥ ਦੇਣਾ ਤੇ ਸਮਾਜ ਸੇਵਾ ਲਈ ਪ੍ਰੇਰਨਾ ਦਿੰਦਾ ਹੈ।ਉਨ੍ਹਾਂ ਕਿਹਾ ਕਿ ਲੋੜਵੰਦ ਲੋਕਾਂ ਦੀ ਮਦਦ ਕਰਨਾ ਹਰ ਵਿਅਕਤੀ ਦੀ ਜ਼ਿੰਮੇਵਾਰੀ ਹੈ, ਤਾਂ ਜੋ ਹਰ ਵਰਗ ਦੇ ਲੋਕ ਸਮਾਜ ਵਿਚ ਇੱਜ਼ਤ ਨਾਲ ਅੱਗੇ ਵੱਧ ਸਕਣ।ਉਨ੍ਹਾਂ ਕਿਹਾ ਕਿ ਸਾਨੂੰ ਵਾਤਾਵਰਨ ਦੀ ਸੰਭਾਲ ਲਈ ਵੀ ਅੱਗੇ ਆਉਣਾ ਚਾਹੀਦਾ ਹੈ ਅਤੇ ਆਪਣੇ ਆਲੇ-ਦੁਆਲੇ ਸਫ਼ਾਈ ਤੇ ਹਰਿਆਲੀ ਬਣਾਈ ਰੱਖਣ ਵਿਚ ਯੋਗਦਾਨ ਦੇਣਾ ਚਾਹੀਦਾ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਮਾਜ ਸੇਵਾ, ਵਾਤਾਵਰਨ ਸੁਰੱਖਿਆ ਤੇ ਲੋੜਵੰਦਾਂ ਦੀ ਮਦਦ ਵਰਗੇ ਕੰਮਾਂ ਵਿਚ ਵੱਧ-ਚੜ੍ਹ ਕੇ ਹਿੱਸਾ ਲੈਣ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਿਹਤਰ ਮਾਹੌਲ ਮਿਲ ਸਕੇ।ਇਸ ਮੌਕੇ ਇਲਾਕੇ ਦੇ ਕਈ ਮੋਹਤਬਰ ਤੇ ਸਥਾਨਕ ਨਿਵਾਸੀ ਵੀ ਮੌਜੂਦ ਸਨ।

# ਵਿਦਿਆਰਥੀਆਂ ਨੂੰ ਆਵਾਜਾਈ ਦੇ ਨਿਯਮਾਂ ਬਾਰੇ ਦਿੱਤੀ ਜਾਣਕਾਰੀ



ਬਟਾਲਾ, (ਡਾ. ਮਲਵਿੰਦਰ ਸਿੰਘ)-ਡਾ. ਮਹਿਤਾਬ ਸਿੰਘ, ਐੱਸ.ਐੱਸ.ਪੀ. ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਸ ਦੇ ਟ੍ਰੈਫਿਕ ਐਜੂਕੇਸ਼ਨ ਸੈੱਲ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਲੇਰ ਕਲਾਂ ਵਿਖੇ ਰੋਡ ਸੇਫਟੀ ਸੈਮੀਨਾਰ ਲਗਾਇਆ ਗਿਆ।ਇਸ ਦੌਰਾਨ ਵਿਦਿਆਰਥੀਆਂ ਨੂੰ ਟ੍ਰੈਫਿਕ ਚਿੰਨ੍ਹਾਂ, ਹੈਲਮਟ ਅਤੇ ਸੀਟ ਬੈਲਟ ਦੀ ਮਹੱਤਤਾ ਅਤੇ ਸੜਕੀ ਹਾਦਸਿਆਂ ਤੋਂ ਬਚਣ ਲਈ ਜ਼ਿੰਮੇਵਾਰੀ ਭਰੇ ਵਿਵਹਾਰ ਬਾਰੇ ਜਾਗਰੂਕ ਕੀਤਾ ਗਿਆ।ਨਾਬਾਲਗ ਬੱਚਿਆਂ ਨੂੰ ਗੱਡੀ ਚਲਾਉਣ ਵਿਰੁੱਧ ਨਵੇਂ ਕਾਨੂੰਨ ਅਤੇ ਸੜਕ ਸੁਰੱਖਿਆ ਨਿਯਮਾਂ ਬਾਰੇ ਜਾਣਕਾਰੀ ਦਿੱਤੀ।ਅਧਿਕਾਰੀਆਂ ਵਲੋਂ ਦੱਸਿਆ ਗਿਆ ਕਿ ਉਨ੍ਹਾਂ ਵੱਲੋਂ ਵੱਖ-ਵੱਖ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਰੋਡ ਲਾਈਨ ਤੇ ਰੋਡ ਸਾਈਨ ਬਾਰੇ ਜਾਗਰੂਕ ਕੀਤਾ ਜਾਂਦਾ ਹੈ ਅਤੇ ਹੈਲਮਟ, ਸੀਟ ਬੈਲਟ ਲਗਾਉਣ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ। ਵਿਦਿਆਰਥੀਆਂ ਨੂੰ ਘੱਟ ਉਮਰ ਵਿੱਚ ਡਰਾਈਵਿੰਗ ਕਰਨ ਉਪਰੰਤ ਹੋਣ ਵਾਲੀ ਕਨੂੰਨੀ ਕਾਰਵਾਈ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਡਰਾਈਵਿੰਗ ਲਾਇਸੈਂਸ ਦੀ ਅਹਿਮੀਅਤ ਬਾਰੇ ਅਤੇ ਫ਼ਰਿਸ਼ਤੇ ਸਕੀਮ ਬਾਰੇ ਜਾਗਰੂਕ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਦੁਰਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ।ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਪੌਦਿਆਂ ਦੀ ਸਾਂਭ-ਸੰਭਾਲ ਬਾਰੇ ਵੀ ਪ੍ਰੇਰਿਤ ਕੀਤਾ ਗਿਆ।

## ਐੱਲ ਜੀ ਇਲੈਕਟ੍ਰਾਨਿਕਸ ਇੰਡੀਆ ਵੱਲੋਂ ਘਰੇਲੂ ਉਪਕਰਣਾਂ ਦੀ ਨਵੀਂ ਪ੍ਰੀਮੀਅਮ ਰੇਂਜ ਲਾਂਚ

ਚੰਡੀਗੜ੍ਹ, : ਐੱਲ. ਜੀ. ਇਲੈਕਟ੍ਰਾਨਿਕਸ ਇੰਡੀਆ ਨੇ ਆਪਣੇ ਘਰੇਲੂ ਉਪਕਰਣਾਂ ਦੇ ਪੋਰਟਫੋਲੀਓ ਦਾ ਵੱਡਾ ਵਿਸਤਾਰ ਕਰਦਿਆਂ 2026 ਲਈ ਨਵੀਂ ਕਿਫਾਇਤੀ-ਪ੍ਰੀਮੀਅਮ ਅਤੇ ਪ੍ਰੀਮੀਅਮ ਰੇਂਜ ਲਾਂਚ ਕੀਤੀ ਹੈ।ਕੰਪਨੀ ਵੱਲੋਂ ਪੇਸ਼ ਕੀਤੇ ਗਏ ਨਵੇਂ ਉਤਪਾਦਾਂ ਵਿੱਚ ਫ੍ਰੈਂਚ ਡੋਰ ਰੈਫ੍ਰਿਜਰੇਟਰ, ਏ. ਆਈ. ਡੀ. ਡੀ. ਵਾਸ਼ਿੰਗ ਮਸ਼ੀਨਾਂ, ਕਨਵਰਟੀਬਲ ਓਵਨ ਅਤੇ ਟਰੂ ਸਟੀਮ ਡਿਸ਼ਵਾਸ਼ਰ ਸ਼ਾਮਲ ਹਨ।ਇਸਦੇ ਨਾਲ ਹੀ ਕੰਪਨੀ ਨੇ ਆਪਣੀ ਲੋਕਪ੍ਰਿਯ 'ਅਸੈਂਸ਼ੀਅਲ ਸੀਰੀਜ਼' ਦਾ ਵੀ ਵਿਸਤਾਰ ਕੀਤਾ ਹੈ, ਜਿਸ ਨੂੰ ਖਾਸ ਤੌਰ 'ਤੇ ਭਾਰਤੀ ਪਰਿਵਾਰਾਂ ਦੀਆਂ ਜ਼ਰੂਰਤਾਂ ਅਤੇ ਬਜਟ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ।

ਇਸ ਮੌਕੇ ਐੱਲ. ਜੀ. ਇਲੈਕਟ੍ਰਾਨਿਕਸ ਇੰਡੀਆ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਹਾਂਗ ਜੂ ਜੀਓਨ ਨੇ ਦੱਸਿਆ ਕਿ, ਭਾਰਤ ਐੱਲ. ਜੀ. ਇਲੈਕਟ੍ਰਾਨਿਕਸ ਲਈ ਇੱਕ ਰਣਨੀਤਕ ਵਿਕਾਸ ਬਾਜ਼ਾਰ ਹੈ।ਸਾਡਾ ਉਦੇਸ਼ ਸਿਰਫ਼ ਕਾਰੋਬਾਰ ਦਾ ਵਿਸਤਾਰ ਨਹੀਂ, ਸਗੋਂ ਭਾਰਤੀ ਪਰਿਵਾਰਾਂ ਲਈ ਅਰਥਪੂਰਨ ਅਤੇ ਆਧੁਨਿਕ ਤਕਨਾਲੋਜੀ ਮੁਹੱਈਆ ਕਰਵਾਉਣਾ ਹੈ।

# ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦਾ ਵਫਦ ਕੈਬਨਿਟ ਮੰਤਰੀ ਕਟਾਰੂਚੱਕ ਨੂੰ ਮਿਲਿਆ



ਧਾਰੀਵਾਲ, (ਮਨਦੀਪ ਵਿੱਕੀ)-ਪੰਜਾਬ ਸਰਕਾਰ ਵੱਲੋਂ ਸਰਕਾਰੀ ਜ਼ਮੀਨਾਂ ਦੇ ਕਾਸ਼ਤਕਾਰ ਕਿਸਾਨਾਂ ਲਈ ਬੀਤੇ ਸਾਲ ਆਏ ਹੜ੍ਹਾਂ ਨਾਲ ਉਨ੍ਹਾਂ ਦੀਆਂ ਨੁਕਸਾਨੀਆਂ ਫਸਲਾਂ ਦਾ ਐਲਾਨਿਆ ਹੋਇਆ ਮੁਆਵਜ਼ਾ ਤਹਿਸੀਲ ਡੇਰਾ ਬਾਬਾ ਨਾਨਕ ਅੰਦਰ ਸਰਕਾਰੀ ਜ਼ਮੀਨਾਂ ਵਾਹ ਰਹੇ ਕਿਸਾਨਾਂ ਨੂੰ ਵੀ ਅਦਾ ਕਰਵਾਏ ਜਾਣ ਦੀ ਮੰਗ ਨੂੰ ਲੈ ਕੇ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂਆਂ ਦਾ ਇੱਕ ਵਫਦ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂ ਚੱਕ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਕਟਾਰੂ ਚੱਕ ਵਿਖੇ ਮਿਲਿਆ। ਵਫਦ ਨੇ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਕਿ ਤੁਹਾਡੀ ਸਰਕਾਰ ਨੇ ਸਰਕਾਰੀ ਜ਼ਮੀਨਾਂ ਉਪਰ ਕਾਸ਼ਤ ਕਰ ਰਹੇ ਕਿਸਾਨਾਂ ਨੂੰ ਬੀਤੇ ਸਾਲ ਪੰਜਾਬ ਵਿੱਚ ਆਏ ਹੜ੍ਹਾਂ ਨਾਲ ਉਨ੍ਹਾਂ ਦੀਆਂ ਨੁਕਸਾਨੀਆਂ ਗਈਆਂ ਫਸਲਾਂ ਦਾ ਦੂਜੇ ਹੜ੍ਹ-ਪੀੜਤ ਕਿਸਾਨਾਂ ਵਾਂਗ ਹੀ ਮੁਆਵਜ਼ਾ ਦੇਣ ਲਈ ਫੈਸਲਾ ਕਰ ਦਿੱਤਾ ਸੀ ਅਤੇ ਇਸ ਸਬੰਧੀ 24 ਫਰਵਰੀ ਨੂੰ ਬਾਕਾਇਦਾ ਨੋਟੀਫਿਕੇਸ਼ਨ ਜਾਰੀ ਕਰਕੇ ਇਸ ਸਬੰਧੀ ਲੋੜੀਂਦੇ ਫੰਡ ਵੀ ਰਿਲੀਜ਼ ਕਰ ਦਿੱਤੇ ਸਨ ਪਰ ਇਸ ਦੇ ਬਾਵਜੂਦ ਡੇਰਾ ਬਾਬਾ ਨਾਨਕ ਦੇ ਤਹਿਸੀਲ ਪ੍ਰਸ਼ਾਸਨ ਨੇ ਪੀੜਿਤ ਕਿਸਾਨਾਂ ਨੂੰ ਅਜੇ ਤੱਕ ਮੁਆਵਜ਼ੇ ਦਾ ਇੱਕ ਧੇਲਾ ਵੀ ਅਦਾ ਨਹੀਂ ਕੀਤਾ।ਮੰਤਰੀ ਨੇ ਵਫਦ ਨੂੰ ਪੂਰੇ ਧਿਆਨ ਨਾਲ ਅਤੇ ਹਮਦਰਦੀ ਪੂਰਵਕ ਸੁਣਨ ਉਪਰੰਤ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਫੋਨ ਕਰਕੇ ਹਦਾਇਤ ਕੀਤੀ ਕਿ ਲੋੜੀਂਦੀ ਕਾਰਵਾਈ ਕਰਕੇ ਡੇਰਾ ਬਾਬਾ ਨਾਨਕ ਇਲਾਕੇ ਦੇ ਸਰਕਾਰੀ ਜ਼ਮੀਨਾਂ ਉਪਰ ਕਾਸ਼ਤ ਕਰ ਰਹੇ ਸਮੂਹ ਕਿਸਾਨਾਂ ਨੂੰ ਹੜ੍ਹਾਂ ਨਾਲ ਨੁਕਸਾਨੀਆਂ ਉਨ੍ਹਾਂ ਦੀਆਂ ਫਸਲਾਂ ਦਾ ਮੁਆਵਜ਼ਾ ਤੁਰੰਤ ਅਦਾ ਕਰਵਾਇਆ ਜਾਵੇ।ਵਫਦ ਵਿੱਚ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਧਾਨਗੀ ਮੰਡਲ ਦੇ ਮੈਂਬਰ ਸ: ਬਲਬੀਰ ਸਿੰਘ ਰੰਧਾਵਾ ਸ਼ਮਸ਼ੇਰਪੁਰ ਅਤੇ ਜੋਗਿੰਦਰ ਸਿੰਘ ਖੰਨਾ ਚਮਾਰਾਂ, ਮੀਡੀਆ ਇੰਚਾਰਜ ਸਤਬੀਰ ਸਿੰਘ ਖੋਦੇਬੇਟ, ਸੀਨੀਅਰ ਆਗੂ ਮਾ: ਸੁੱਚਾ ਸਿੰਘ ਰਾਮ ਦਿਵਾਲੀ, ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਰੰਧਾਵਾ ਸਿੰਘਪੁਰਾ ਅਤੇ ਸੀਨੀਅਰ ਆਗੂ ਨਰਿੰਦਰ ਸਿੰਘ ਤਲਵੰਡੀ ਹਿੰਦੂਆਂ ਸ਼ਾਮਿਲ ਸਨ।

## ਡੀ ਡੀ ਯੂ-ਜੀ ਕੇ ਵਾਈ ਸੈਂਟਰ 'ਚ ਕੌਮਾਂਤਰੀ ਨਰਸਿੰਗ ਦਿਵਸ ਮਨਾਇਆ




**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਸਥਾਨਕ ਸਵਾਮੀ ਸੱਤਿਆਨੰਦ ਕਾਲਜ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ, ਅੰਮ੍ਰਿਤਸਰ ਵਿਖੇ ਚੱਲ ਰਹੇ 'ਡੀ. ਡੀ. ਯੂ.-ਜੀ. ਕੇ. ਵਾਈ.' ਸੈਂਟਰ ਵਿੱਚ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਕੌਮਾਂਤਰੀ ਨਰਸਿੰਗ ਦਿਵਸ ਮਨਾਇਆ ਗਿਆ।ਇਹ ਕੇਂਦਰ ਕੌਨੋਸਰ ਐਗਰੋਇਨਫਰਾ ਪ੍ਰੋਜੈਕਟਸ ਪ੍ਰਾਈਵੇਟ ਲਿਮਟਿਡ ਕੰਪਨੀ ਵੱਲੋਂ ਚਲਾਇਆ ਜਾ ਰਿਹਾ ਹੈ ਜਿਸ ਵਿੱਚ ਪੇਂਡੂ ਖੇਤਰਾਂ ਦੀਆਂ ਲੜਕੀਆਂ ਨੂੰ ਜੀ. ਡੀ. ਏ. ਕੋਰਸ ਦੀ ਮੁਫਤ ਸਿਖਲਾਈ ਦਿੱਤੀ ਜਾ ਰਹੀ ਹੈ।

ਦੀਨ ਦਿਆਲ ਉਪਾਧਿਆਏ ਗ੍ਰਾਮੀਣ ਕੌਸ਼ਲਿਆ ਯੋਜਨਾ ਪੇਂਡੂ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਲਈ ਭਾਰਤ ਸਰਕਾਰ ਦੀ ਇੱਕ ਅਹਿਮ ਪਹਿਲ ਹੈ।ਇਸ ਸਕੀਮ ਤਹਿਤ ਕੇਂਦਰ ਵਿੱਚ ਪੜ੍ਹ ਰਹੀਆਂ ਪੇਂਡੂ ਲੜਕੀਆਂ ਲਈ ਨਾ ਸਿਰਫ ਕੋਰਸ ਬਿਲਕੁਲ ਮੁਫਤ ਹੈ, ਬਲਕਿ ਉਨ੍ਹਾਂ ਦੇ ਰਹਿਣ ਅਤੇ ਖਾਣ-ਪੀਣ ਦਾ ਪ੍ਰਬੰਧ ਵੀ ਇਸ ਸਕੀਮ ਅਧੀਨ ਪੂਰੀ ਤਰ੍ਹਾਂ ਮੁਫਤ ਕੀਤਾ ਗਿਆ ਹੈ। ਪ੍ਰੋਗਰਾਮ ਦੌਰਾਨ ਵਿਦਿਆਰਥਣਾਂ ਅਤੇ ਪ੍ਰੋਜੈਕਟ ਹੈੱਡ ਲਵਦੀਪ ਸਿੰਘ, ਮੁੱਖ ਮਹਿਮਾਨ ਗੁਰਜੋਤ ਸਿੰਘ, ਸੈਂਟਰ ਇੰਚਾਰਜ ਸੁਖਬੀਰ ਸਿੰਘ ਆਦਿ ਹਾਜ਼ਰ ਸਨ।

## 25 ਲੱਖ ਕੀਮਤ ਦੇ ਮੋਬਾਇਲ ਫੋਨ ਲੋਕਾਂ ਨੂੰ ਵਾਪਸ ਦਿੱਤੇ : ਵਿਰਕ

**ਜਲੰਧਰ (ਲਖਵਿੰਦਰ ਸਿੰਘ ਆਧੀ, ਸੁਰਿੰਦਰ ਕੁਮਾਰ)**- ਮੀਡੀਆ ਨਾਲ ਗੱਲਬਾਤ ਕਰਦਿਆਂ ਹਰਵਿੰਦਰ ਸਿੰਘ ਵਿਰਕ ਸੀਨੀਅਰ ਪੁਲਿਸ ਕਪਤਾਨ, ਜਲੰਧਰ ਦਿਹਾਤੀ ਨੇ ਦੱਸਿਆ ਕਿ ਉਨ੍ਹਾਂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਵਨੀਤ ਅਹਿਲਾਵਤ, ਪੁਲਿਸ ਕਪਤਾਨ (ਤਫਤੀਸ਼) ਦੀ ਅਗਵਾਈ ਵਿੱਚ ਜ਼ਿਲ੍ਹਾ ਸਾਂਝ ਕੇਂਦਰ ਤੇ 391 ਸਟਾਫ ਦੀਆਂ ਟੀਮਾਂ ਵੱਲੋਂ ਲਗਾਤਾਰ ਤਕਨੀਕੀ ਜਾਂਚ ਅਤੇ ਸਾਇਬਰ ਟ੍ਰੈਕਿੰਗ ਰਾਹੀਂ ਹੋਰ 120 ਗੁੰਮ ਹੋਏ ਮੋਬਾਇਲ ਫੋਨ ਬਰਾਮਦ ਕੀਤੇ ਗਏ ਹਨ। ਬਰਾਮਦ ਕੀਤੇ ਗਏ ਇਹ ਮੋਬਾਇਲ ਫੋਨ ਉਨ੍ਹਾਂ ਦੇ ਅਸਲ ਮਾਲਕਾਂ ਨੂੰ ਵਾਪਸ ਸੌਂਪ ਦਿੱਤੇ ਗਏ। ਐੱਸ ਐੱਸ ਪੀ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਗੁੰਮ ਹੋਏ ਮੋਬਾਇਲ ਫੋਨਾਂ ਸਬੰਧੀ ਸ਼ਿਕਾਇਤਾਂ ਸਾਂਝ ਕੇਂਦਰਾਂ ਵਿੱਚ ਦਰਜ ਕਰਕੇ CEIR Portal (Central Equipment Identity Register) 'ਤੇ ਅਪਲੋਡ ਕੀਤੀਆਂ ਜਾਂਦੀਆਂ ਹਨ। ਇਸ ਪੋਰਟਲ ਰਾਹੀਂ ਗੁੰਮ ਹੋਏ ਮੋਬਾਇਲ ਫੋਨਾਂ ਦੀ ਟ੍ਰੇਸਿੰਗ ਕੀਤੀ ਜਾਂਦੀ ਹੈ ਅਤੇ




ਵਿਸਥਾਰਪੂਰਵਕ ਡਾਟਾ ਵਿਸ਼ਲੇਸ਼ਣ ਤੋਂ ਬਾਅਦ ਸੰਬੰਧਤ ਥਾਨਿਆਂ ਅਤੇ 391 ਸਟਾਫ ਨਾਲ ਜਾਣਕਾਰੀ ਸਾਂਝੀ ਕਰਕੇ ਮੋਬਾਇਲ ਫੋਨਾਂ ਦੀ ਬਰਾਮਦਗੀ ਯਕੀਨੀ ਬਣਾਈ ਜਾਂਦੀ ਹੈ।

ਇਸ ਵਿਸ਼ੇਸ਼ ਮੁਹਿੰਮ ਦੌਰਾਨ ਸਬ-ਇੰਸਪੈਕਟਰ ਦਲਵਿੰਦਰ ਸਿੰਘ, ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਅਤੇ ਇੰਸਪੈਕਟਰ ਪੁਸ਼ਪ ਬਾਲੀ, ਇੰਚਾਰਜ 391 ਸਟਾਫ ਦੀ ਨਿਗਰਾਨੀ ਹੇਠ ਪੁਲਿਸ ਟੀਮਾਂ ਨੇ ਦਿਨ-ਰਾਤ ਮਿਹਨਤ ਕਰਦਿਆਂ ਕਰੀਬ 25 ਲੱਖ ਕੀਮਤ ਦੇ 120 ਮੋਬਾਇਲ ਫੋਨ ਬਰਾਮਦ ਕੀਤੇ।ਉਨ੍ਹਾਂ ਹੋਰ ਦੱਸਿਆ ਕਿ ਇਸ ਨਵੀਂ ਬਰਾਮਦਗੀ ਨਾਲ ਹੁਣ ਤੱਕ ਕੁੱਲ 419 ਮੋਬਾਇਲ ਫੋਨ ਬਰਾਮਦ ਕੀਤੇ ਜਾ ਚੁੱਕੇ ਹਨ।

## ਚੋਰਾਂ ਨੇ ਇਕ ਘਰ ਨੂੰ ਨਿਸ਼ਾਨਾ ਬਣਾਇਆ

**40 ਹਜ਼ਾਰ ਨਕਦ, ਗਹਿਣੇ ਤੇ ਮੋਬਾਇਲ ਚੋਰੀ**

**ਮਾਹਿਲਪੁਰ (ਸਫ਼ਰੀ)**- ਥਾਣਾ ਮਾਹਿਲਪੁਰ ਅਧੀਨ ਪੈਂਦੇ ਪਿੰਡ ਟੂਟੋਮਜਾਰਾ ਵਿੱਚ 11 ਮਈ ਨੂੰ ਸ਼ਾਮ ਪੰਜ ਵਜੇ ਦੇ ਕਰੀਬ ਚੋਰਾਂ ਨੇ ਉਸ ਵੇਲੇ ਇਕ ਘਰ ਨੂੰ ਨਿਸ਼ਾਨਾ ਬਣਾਇਆ ਘਰ ਦੀ ਮਾਲਕਣ ਪੂਜਾ ਪਤਨੀ ਬੱਬਲੂ ਦੁਕਾਨ ਤੋਂ ਘਰੇਲੂ ਸਮਾਨ ਲੈਣ ਗਈ ਹੋਈ ਸੀ। ਬੱਲੂ ਪੁੱਤਰ ਸੁੰਦਰ ਸਿੰਘ ਵਾਸੀ ਮੁੱਗੋਵਾਲ ਰੋਡ ਟੂਟੋਮਜਾਰਾ ਥਾਣਾ ਮਾਹਿਲਪੁਰ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਨੇ ਥਾਣਾ ਮਾਹਿਲਪੁਰ ਵਿੱਚ ਦਿੱਤੀ ਦਰਖਾਸਤ ਵਿਚ ਲਿਖਿਆ ਹੈ ਕਿ ਮੈਂ ਟਾਇਲਾਂ ਲਾਉਣ ਦਾ ਕੰਮ ਕਰਦਾ ਹਾਂ। ਮੇਰੀ ਪਤਨੀ ਪੂਜਾ ਘਰ ਵਿਚ ਇਕੱਲੀ ਹੀ ਸੀ ਜੋ ਸ਼ਾਮ ਕੋਈ ਪੰਜ ਕੁ ਵਜੇ ਟੂਟੋਮਜਾਰੇ ਅੱਡੇ ਵਿਚੋਂ ਘਰ ਦਾ ਸਮਾਨ ਲੈਣ ਲਈ ਗਈ ਹੋਈ ਸੀ। ਜਦੋਂ ਸਮਾਨ ਲੈ ਕੇ ਵਾਪਸ ਘਰ ਪਰਤੀ ਤਾਂ ਦੇਖਿਆ ਕਿ ਘਰ ਦੇ ਮੇਨ ਗੇਟ ਦਾ ਕੁੰਡਾ ਟੁਟਾ ਹੋਇਆ ਹੈ। ਜਦੋਂ ਅੰਦਰ ਜਾ ਕੇ ਦੇਖਿਆ ਤਾਂ ਬੌਕਸ ਬੈਡ ਖੁੱਲ੍ਹਾ ਪਿਆ ਸੀ। ਜਦੋਂ ਸਮਾਨ ਚੈਕ ਕੀਤਾ ਤਾਂ ਕਿ ਚਾਲੀ ਹਜ਼ਾਰ ਰੁਪਏ, ਸੋਨੇ ਚਾਂਦੀ ਦੇ ਗਹਿਣੇ ਅਤੇ ਇਕ ਕੀਮਤੀ ਮੋਬਾਈਲ ਗ਼ਾਇਬ ਸੀ। ਬੱਲੂ ਨੇ ਦੱਸਿਆ ਕਿ ਮੈਂ ਲੇਬਰ ਦੀ ਪੇਮੈਂਟ ਕਰਨ ਵਾਸਤੇ ਘਰ ਪੈਸੇ ਰੱਖੇ ਹੋਏ ਸਨ ਜਿਸ ਦੇ ਨਾਲ ਚੋਰ ਕਰੀਬ ਅੱਧਾ ਕਿਲੋ ਚਾਂਦੀ, ਇਕ ਸੋਨੇ ਦਾ ਕੋਕਾ ਅਤੇ



ਅਤੇ ਸੋਨੇ ਦੀਆਂ ਵਾਲੀਆਂ ਲੈ ਗਏ। ਜਦੋਂ ਇਸ ਬਾਰੇ ਥਾਣਾ ਮਾਹਿਲਪੁਰ ਦੇ ਮੁਖੀ ਇੰਸਪੈਕਟਰ ਰਮਨਦੀਪ ਕੌਰ ਨਾਲ ਗਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਅਸੀਂ ਸੀ ਸੀ ਟੀਵੀ ਕੈਮਰਿਆਂ ਦੀ ਫੁਟੇਜ ਜ਼ਰੀਏ ਚੋਰਾਂ ਨੂੰ ਭਾਲਣ ਦੀ ਕੋਸ਼ਿਸ਼ ਕਰ ਰਹੇ ਹਾਂ ਜਲਦੀ ਹੀ ਅਸੀਂ ਚੋਰਾਂ ਦੀ ਤਲਾਸ਼ ਕਰਕੇ ਉਹਨਾਂ ਤੇ ਬਣਦੀ ਕਾਰਵਾਈ ਕਰਾਂਗੇ।

## ਅਣਥੱਕ ਵਲੰਟੀਅਰ ਤੋਂ ਰਣਨੀਤੀਕਾਰ ਤੱਕ ਤਰੁਣਦੀਪ ਸਿੰਘ ਸੰਨੀ ਦੀ ਸਿਆਸੀ ਯਾਤਰਾ

ਪੰਜਾਬ ਦੀ ਰਾਜਨੀਤੀ ਵਿੱਚ ਕੁਝ ਚਿਹਰੇ ਅਜਿਹੇ ਹੁੰਦੇ ਹਨ, ਜੋ ਸਿਰਫ਼ ਅਹੁਦਿਆਂ ਨਾਲ ਨਹੀਂ, ਸਗੋਂ ਆਪਣੀ ਮਿਹਨਤ, ਸੰਗਠਨਾਤਮਕ ਸਮਰੱਥਾ ਅਤੇ ਜ਼ਮੀਨੀ ਪੱਧਰ 'ਤੇ ਕੀਤੇ ਕੰਮਾਂ ਨਾਲ ਆਪਣੀ ਵੱਖਰੀ ਪਛਾਣ ਬਣਾਉਂਦੇ ਹਨ।ਤਰੁਣਦੀਪ ਸਿੰਘ ਸੰਨੀ ਵੀ ਉਨ੍ਹਾਂ ਚਿਹਰਿਆਂ ਵਿੱਚੋਂ ਇੱਕ ਹਨ, ਜਿਨ੍ਹਾਂ ਨੇ ਆਮ ਆਦਮੀ ਪਾਰਟੀ ਦੇ ਸ਼ੁਰੂਆਤੀ ਦਿਨਾਂ ਤੋਂ ਲੈ ਕੇ ਅੱਜ ਤੱਕ ਇੱਕ ਅਣਥੱਕ ਵਲੰਟੀਅਰ, ਮਜ਼ਬੂਤ ਰਣਨੀਤੀਕਾਰ, ਮੀਡੀਆ ਐਡਵਾਈਜ਼ਰ ਅਤੇ ਬੂਥ ਲੈਵਲ ਮੈਨੇਜਮੈਂਟ ਦੇ ਮਾਹਿਰ ਵਜੋਂ ਆਪਣੀ ਵੱਖਰੀ ਥਾਂ ਬਣਾਈ ਹੈ।



2011 ਵਿੱਚ ਇੰਡੀਆ ਅਗੇਂਸਟ ਕੁਰੱਪਸ਼ਨ ਅੰਦੋਲਨ ਨਾਲ ਜੁੜਨ ਵਾਲੇ ਤਰੁਣਦੀਪ ਸਿੰਘ ਸੰਨੀ ਨੇ ਉਸ ਸਮੇਂ ਤੋਂ ਹੀ ਲੋਕ ਮੁੱਦਿਆਂ ਨੂੰ ਆਪਣੀ ਆਵਾਜ਼ ਬਣਾਇਆ।ਉਸ ਦੌਰ ਵਿੱਚ ਜਦੋਂ ਪੰਜਾਬ 'ਚ ਨਵੀਂ ਰਾਜਨੀਤਕ ਸੋਚ ਆਪਣੀ ਜਗ੍ਹਾ ਬਣਾ ਰਹੀ ਸੀ, ਤਦ ਉਹਨਾਂ ਨੇ ਵਲੰਟੀਅਰ ਵਜੋਂ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਜੋੜਨ ਅਤੇ ਇੱਕ ਮਜ਼ਬੂਤ ਸੰਗਠਨ ਤਿਆਰ ਕਰਨ ਦਾ ਕੰਮ ਸ਼ੁਰੂ ਕੀਤਾ।

ਆਮ ਆਦਮੀ ਪਾਰਟੀ ਪੰਜਾਬ ਵਿੱਚ ਸ਼ੁਰੂਆਤੀ ਢਾਂਚੇ ਨੂੰ ਮਜ਼ਬੂਤ ਕਰਨ ਵਾਲੇ ਆਗੂਆਂ ਵਿੱਚ ਤਰੁਣਦੀਪ ਸਿੰਘ ਸੰਨੀ ਦਾ ਨਾਂਅ ਖਾਸ ਤੌਰ 'ਤੇ ਲਿਆ ਜਾਂਦਾ ਹੈ। ਫਾਊਂਡਰ ਵਲੰਟੀਅਰ ਕੋਆਰਡੀਨੇਟਰ ਵਜੋਂ ਉਹਨਾਂ ਨੇ ਪੰਜਾਬ ਪੂਰੇ 'ਚ ਦੌਰੇ ਕਰਕੇ ਲੱਖਾਂ ਲੋਕਾਂ ਨੂੰ ਪਾਰਟੀ ਨਾਲ ਜੋੜਨ ਦਾ ਕੰਮ ਕੀਤਾ।ਪੰਜਾਬ 'ਚ ਪਾਰਟੀ ਦੀਆਂ ਪਹਿਲੀਆਂ ਜ਼ਿਲ੍ਹਾ ਕਮੇਟੀਆਂ ਬਣਾਉਣ 'ਚ ਵੀ ਤਰੁਣਦੀਪ ਸਿੰਘ ਸੰਨੀ ਦੀ ਮਹੱਤਵਪੂਰਨ ਭੂਮਿਕਾ ਰਹੀ। 2014 'ਚ ਪੰਜਾਬ ਵਿੱਚ ਹੋਈਆਂ ਪਹਿਲੀਆਂ ਲੋਕ ਸਭਾ ਚੋਣਾਂ ਦੌਰਾਨ ਪੰਜ ਮੈਂਬਰੀ ਸਕ੍ਰੀਨਿੰਗ ਕਮੇਟੀ ਦੇ ਮੈਂਬਰ ਵਜੋਂ ਵੀ ਉਹਨਾਂ ਨੇ ਅਹਿਮ ਜ਼ਿੰਮੇਵਾਰੀ ਨਿਭਾਈ।ਉਮੀਦਵਾਰਾਂ ਦੀ ਚੋਣ ਤੋਂ ਲੈ ਕੇ ਜ਼ਮੀਨੀ ਪੱਧਰ 'ਤੇ ਸੰਗਠਨ ਮਜ਼ਬੂਤ ਕਰਨ ਤੱਕ ਉਹਨਾਂ ਦੀ ਭੂਮਿਕਾ ਨੂੰ ਪਾਰਟੀ ਦੇ ਸ਼ੁਰੂਆਤੀ ਢਾਂਚੇ ਦਾ ਅਹਿਮ ਹਿੱਸਾ ਮੰਨਿਆ ਜਾਂਦਾ ਹੈ।

ਜਲੰਧਰ ਜ਼ਿਲ੍ਹਾ ਇੰਚਾਰਜ ਵਜੋਂ ਉਹਨਾਂ ਦੀ ਭੂਮਿਕਾ ਨੇ ਉਹਨਾਂ ਨੂੰ ਇੱਕ ਮਜ਼ਬੂਤ ਆਰਗੇਨਾਈਜ਼ਰ ਵਜੋਂ ਸਥਾਪਿਤ ਕੀਤਾ।ਦੇਸ਼ ਭਗਤ ਯਾਦਗਾਰ ਹਾਲ ਵਿੱਚ ਹੋਈਆਂ ਕਈ ਵੱਡੀਆਂ ਰਾਜਨੀਤਕ ਰੈਲੀਆਂ ਅਤੇ ਜੁਆਇਨਿੰਗ ਪ੍ਰੋਗਰਾਮਾਂ ਦੀ ਸਫਲਤਾ ਦੇ ਪਿੱਛੇ ਉਹਨਾਂ ਦੀ ਯੋਜਨਾਬੰਦੀ ਅਤੇ ਸੰਗਠਨਾਤਮਕ ਸਮਰੱਥਾ ਨੂੰ ਅਹਿਮ ਮੰਨਿਆ ਜਾਂਦਾ ਹੈ। ਸੰਜੇ ਸਿੰਘ, ਦੁਰਗੇਸ਼ ਪਾਠਕ, ਐੱਚ ਐੱਸ ਫੂਲਕਾ ਅਤੇ ਦਿੱਲੀ ਦੇ ਵਿਧਾਇਕ ਜਰਨੈਲ ਸਿੰਘ ਵਰਗੇ ਵੱਡੇ ਆਗੂਆਂ ਦੀਆਂ ਪੰਜਾਬ 'ਚ ਹੋਈਆਂ ਪਹਿਲੀਆਂ ਰੈਲੀਆਂ ਦੇ ਪ੍ਰਬੰਧਨ ਵਿੱਚ ਉਹਨਾਂ ਦੀ ਭੂਮਿਕਾ ਖਾਸ ਰਹੀ।ਇਸ ਤੋਂ ਇਲਾਵਾ ਜਦੋਂ ਕੁਲਤਾਰ ਸਿੰਘ ਸੰਧਵਾਂ ਪਹਿਲੀ ਵਾਰ ਆਮ ਆਦਮੀ ਪਾਰਟੀ ਨਾਲ ਜੁੜਨ ਲਈ ਜਲੰਧਰ ਪਹੁੰਚੇ, ਉਸ ਵੇਲੇ ਹੋਈ ਵੱਡੀ ਜਨ ਰੈਲੀ ਦਾ ਪ੍ਰਬੰਧ ਵੀ ਤਰੁਣਦੀਪ ਸਿੰਘ ਸੰਨੀ ਦੀ ਦੇਖ-ਰੇਖ ਹੇਠ ਕੀਤਾ ਗਿਆ।

ਜ਼ਿਲ੍ਹਾ ਇੰਚਾਰਜ ਰਹਿੰਦੇ ਹੋਏ ਤਰੁਣਦੀਪ ਸਿੰਘ ਸੰਨੀ ਨੇ ਕਈ ਵੱਡੀਆਂ ਲੋਕ ਹਿੱਤ ਐਜੀਟੇਸ਼ਨਾਂ, ਧਰਨਿਆਂ ਅਤੇ ਜਨ ਅੰਦੋਲਨਾਂ ਦੀ ਅਗਵਾਈ ਕੀਤੀ।ਕਈ ਵਾਰ ਪੁਲਸ ਦੇ ਲਾਠੀਚਾਰਜ ਦਾ ਸਾਹਮਣਾ ਵੀ ਕੀਤਾ, ਪਰ ਹਰ ਸੰਘਰਸ਼ ਤੋਂ ਬਾਅਦ ਹੋਰ ਮਜ਼ਬੂਤੀ ਅਤੇ ਜੋਸ਼ ਨਾਲ ਲੋਕਾਂ ਦੀ ਆਵਾਜ਼ ਬਣ ਕੇ ਮੈਦਾਨ ਵਿੱਚ ਡਟੇ ਰਹੇ।ਇਹੀ ਜਜ਼ਬਾ ਉਹਨਾਂ ਨੂੰ ਇੱਕ ਸਧਾਰਣ ਵਰਕਰ ਤੋਂ ਲੋਕਾਂ ਦੇ ਸੰਘਰਸ਼ਾਂ ਦੀ ਆਵਾਜ਼ ਬਣਾਉਂਦਾ ਹੈ।

ਤਰੁਣਦੀਪ ਸਿੰਘ ਸੰਨੀ ਦੀ ਸਭ ਤੋਂ ਵੱਡੀ ਤਾਕਤ ਉਹਨਾਂ ਦੀ ਬੂਥ ਲੈਵਲ ਸਮਝ ਮੰਨੀ ਜਾਂਦੀ ਹੈ।ਚੋਣਾਂ ਦੌਰਾਨ ਬੂਥ ਕਮੇਟੀਆਂ ਦੀ ਬਣਤਰ, ਹਰ ਖੇਤਰ ਦੀ ਵੱਖਰੀ ਰਣਨੀਤੀ, ਵਰਕਰ ਮੋਬੀਲਾਈਜ਼ੇਸ਼ਨ ਅਤੇ ਜ਼ਮੀਨੀ ਪੱਧਰ 'ਤੇ ਚੋਣੀ ਢਾਂਚਾ ਤਿਆਰ ਕਰਨ ਵਿੱਚ ਉਹਨਾਂ ਨੂੰ ਖਾਸ ਮਾਹਰਤਾ ਹਾਸਲ ਹੈ।ਇਹੀ ਕਾਰਨ ਹੈ ਕਿ ਉਹਨਾਂ ਨੂੰ ਇੱਕ ਮਜ਼ਬੂਤ ਚੋਣ ਰਣਨੀਤੀਕਾਰ ਵਜੋਂ ਵੀ ਦੇਖਿਆ ਜਾਂਦਾ ਹੈ। ਸਿਰਫ਼ ਸੰਗਠਨ ਹੀ ਨਹੀਂ, ਮੀਡੀਆ ਮੈਨੇਜਮੈਂਟ ਵਿੱਚ ਵੀ ਉਹਨਾਂ ਦੀ ਵੱਖਰੀ ਪਛਾਣ ਰਹੀ ਹੈ।ਜਲੰਧਰ ਦੇ ਮੀਡੀਆ ਇੰਚਾਰਜ ਤੋਂ ਲੈ ਕੇ ਪੰਜਾਬ ਸਰਕਾਰ ਦੇ ਪ੍ਰਿੰਟ ਮੀਡੀਆ ਹੈੱਡ ਅਤੇ ਦੋਆਬਾ ਜੋਨਲ ਮੀਡੀਆ ਇੰਚਾਰਜ ਤੱਕ ਦੀ ਯਾਤਰਾ ਉਹਨਾਂ ਦੇ ਮੀਡੀਆ ਪ੍ਰਬੰਧਨ ਦੇ ਤਜਰਬੇ ਨੂੰ ਦਰਸਾਉਂਦੀ ਹੈ।ਪਾਰਟੀ ਦੇ ਸਪੋਕਸਪਰਸਨ ਵਜੋਂ ਵੀ ਉਹਨਾਂ ਨੇ ਕਈ ਵਾਰ ਪ੍ਰਭਾਵਸ਼ਾਲੀ ਢੰਗ ਨਾਲ ਪਾਰਟੀ ਦੀ ਗੱਲ ਲੋਕਾਂ ਤੱਕ ਪਹੁੰਚਾਈ।

ਪਿਛਲੇ ਕਰੀਬ ਪੰਦਰਾਂ ਸਾਲਾਂ ਤੋਂ ਤਰੁਣਦੀਪ ਸਿੰਘ ਸੰਨੀ ਨੇ ਆਮ ਆਦਮੀ ਪਾਰਟੀ ਨੂੰ ਪੰਜਾਬ ਵਿੱਚ ਮਜ਼ਬੂਤ ਕਰਨ ਲਈ ਲਗਾਤਾਰ ਜ਼ਮੀਨੀ ਪੱਧਰ 'ਤੇ ਕੰਮ ਕੀਤਾ ਹੈ।ਉਹਨਾਂ ਦੀ ਰਾਜਨੀਤਕ ਯਾਤਰਾ ਸਿਰਫ਼ ਅਹੁਦਿਆਂ ਦੀ ਕਹਾਣੀ ਨਹੀਂ, ਸਗੋਂ ਲਗਾਤਾਰ ਮੈਦਾਨ ਵਿੱਚ ਰਹਿ ਕੇ ਕੰਮ ਕਰਨ ਵਾਲੇ ਇੱਕ ਅਜਿਹੇ ਵਲੰਟੀਅਰ ਦੀ ਕਹਾਣੀ ਹੈ, ਜਿਸ ਨੇ ਸੰਗਠਨ, ਮੀਡੀਆ, ਰਣਨੀਤੀ ਅਤੇ ਲੋਕ ਸੰਪਰਕ ਦੇ ਹਰ ਖੇਤਰ ਵਿੱਚ ਆਪਣੀ ਵੱਖਰੀ ਪਛਾਣ ਬਣਾਈ।

ਅੱਜ ਵੀ ਤਰੁਣਦੀਪ ਸਿੰਘ ਸੰਨੀ ਨੂੰ ਇੱਕ ਅਜਿਹੇ ਜ਼ਮੀਨੀ ਆਗੂ ਵਜੋਂ ਦੇਖਿਆ ਜਾਂਦਾ ਹੈ ਜੋ ਚਮਕ-ਧਮਕ ਤੋਂ ਦੂਰ ਰਹਿ ਕੇ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਵਰਕਰਾਂ ਨੂੰ ਨਾਲ ਲੈ ਕੇ ਚਲਣ ਦੀ ਸੋਚ 'ਤੇ ਵਿਸ਼ਵਾਸ ਰੱਖਦਾ ਹੈ।

- ਕਮਲ

## ਨਨਕਾਣਾ ਸਾਹਿਬ ਖਾਲਸਾ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ 100 ਫੀਸਦੀ



**ਸੁਲਤਾਨਪੁਰ ਲੋਧੀ (ਹਨੀ)**- ਪੰਜਾਬ ਸਕੂਲ ਸਿਖਿਆ ਬੋਰਡ ਵੱਲੋਂ ਘੋਸ਼ਿਤ ਦਸਵੀਂ ਜਮਾਤ ਦੇ ਨਤੀਜੇ 'ਚ ਸਥਾਨਕ ਨਾਨਕਾਣਾ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ। ਪ੍ਰਿੰਸੀਪਲ ਨਿਧੀ ਸੰਗੋਤਰਾ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਦਸਵੀਂ ਬੋਰਡ ਪ੍ਰੀਖਿਆ ਵਿੱਚ ਸਕੂਲ ਦੇ ਕੁੱਲ 52 ਵਿਦਿਆਰਥੀ ਸ਼ਾਮਲ ਹੋਏ ਤੇ ਸਕੂਲ ਦਾ ਨਤੀਜਾ 100ਫ਼ੀਸਦੀ ਰਿਹਾ। ਉਹਨਾਂ ਦੱਸਿਆ ਕਿ ਸੁਮਿਤਪ੍ਰੀਤ ਨਾਹਰ ਨੇ 650 'ਚੋਂ 555 (85.38 ਫੀਸਦੀ) ਅੰਕਾਂ ਨਾਲ ਸਕੂਲ 'ਚੋਂ ਪਹਿਲਾ ਸਥਾਨ ਹਾਸਲ ਕੀਤਾ। ਸੁਪ੍ਰੀਤ ਕੌਰ ਨੇ 552 (85 ਫੀਸਦੀ) ਅੰਕਾਂ ਨਾਲ ਦੂਜਾ ਤੇ ਜਸਪ੍ਰੀਤ ਕੌਰ ਨੇ 80.6 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ। ਜਦਕਿ ਮਨਜੋਤ ਕੌਰ ਤੇ ਨਮਨਪ੍ਰੀਤ ਸਿੰਘ ਨੇ 80.3 ਫੀਸਦੀ ਅੰਕਾਂ ਨਾਲ ਸਾਂਝੇ ਤੌਰ 'ਤੇ ਚੌਥੇ ਸਥਾਨ 'ਤੇ ਰਹੇ। ਲਵਿਸ਼ ਸ਼ਰਮਾ ਨੇ 77.3 ਫੀਸਦੀ ਅੰਕ ਪ੍ਰਾਪਤ ਕੀਤੇ। ਉਹਨਾਂ ਦੱਸਿਆ ਕਿ ਸਕੂਲ ਦੇ 22 ਵਿਦਿਆਰਥੀਆਂ ਨੇ ਫਸਟ ਡਿਵੀਜ਼ਨ ਹਾਸਲ ਕਰਕੇ ਅਦਾਰੇ ਦਾ ਨਾਂਅ ਰੌਸ਼ਨ ਕੀਤਾ। ਪ੍ਰਿੰਸੀਪਲ ਸੰਗੋਤਰਾ ਨੇ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## 'ਜਲੰਧਰ ਯੂਨਿਟ ਨੂੰ ਮਜ਼ਬੂਤ ਕਰਨ ਲਈ ਹਰ ਪੱਤਰਕਾਰ ਸਾਥੀ ਨਾਲ ਰਾਬਤਾ ਕਾਇਮ ਕਰਾਂਗੇ'

**ਮਾਨ ਦੀ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਮੀਟਿੰਗ ਦਾ ਆਯੋਜਨ ਬਹੁਤ ਜਲਦੀ ਕੀਤਾ ਜਾਵੇਗਾ : ਰਾਜੇਸ਼ ਕਾਲੀਆ**

**ਕਪੂਰਥਲਾ (ਮਨਜੀਤ ਮਾਨ)**- ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ ਦੇ ਸੂਬਾ ਪ੍ਰਧਾਨ ਮਨਜੀਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਦੇ ਤਹਿਤ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ ਦੇ ਜਲੰਧਰ ਯੂਨਿਟ ਦੇ ਚੋਣਾਂ ਗਏ ਅਹੁਦੇਦਾਰਾਂ ਦੀ ਇੱਕ ਉਪਚਾਰਕ ਮੀਟਿੰਗ ਪ੍ਰਧਾਨ ਰਾਜੇਸ਼ ਕਾਲੀਆ ਦੀ ਅਗਵਾਈ ਵਿੱਚ ਜਲੰਧਰ ਯੂਨਿਟ ਦੇ ਜਨਰਲ ਸਕੱਤਰ ਮਹੇਸ਼ ਰਹੇਜਾ ਦੇ ਦਫ਼ਤਰ ਵਿੱਚ ਕੀਤੀ ਗਈ। ਜਿਸ ਵਿੱਚ ਨਵੇਂ ਚੁਣੇ ਗਏ ਅਹੁਦੇਦਾਰਾਂ ਨੇ ਆਪਸੀ ਮੁਲਾਕਾਤ ਕੀਤੀ ਅਤੇ ਅੱਗੋਂ ਜਲੰਧਰ ਯੂਨਿਟ ਨੂੰ ਬੁਲੰਦੀਆਂ 'ਤੇ ਕਿਸ ਤਰ੍ਹਾਂ ਲੈ ਕੇ ਜਾਣਾ ਹੈ ਇਸ ਉਪਰ ਚਰਚਾ ਕੀਤੀ ਗਈ। ਜਲੰਧਰ ਯੂਨਿਟ ਦੇ ਪ੍ਰਧਾਨ ਰਾਜੇਸ਼ ਕਾਲੀਆ ਨੇ ਦੱਸਿਆ ਕਿ ਇਹ ਬੈਠਕ ਸਿਰਫ ਇੱਕ ਦੂਸਰੇ ਨਾਲ ਮੁਲਾਕਾਤ ਕਰਨ ਲਈ ਰੱਖੀ ਗਈ ਸੀ ਪਰ ਇਸ ਉਪਚਾਰਕ ਬੈਠਕ ਵਿੱਚ ਕਈ ਅਹਿਮ ਮੁੱਦਿਆਂ ਉੱਪਰ ਗੱਲਬਾਤ ਕੀਤੀ ਗਈ, ਜਿਨਾਂ ਵਿੱਚੋਂ ਮੁੱਖ ਤੌਰ 'ਤੇ ਪੂਰੇ ਜ਼ਿਲ੍ਹੇ ਦੀ ਰੱਖੀ ਜਾਣ ਵਾਲੀ ਮੀਟਿੰਗ ਦੀ ਤਿਆਰੀ ਨੂੰ ਲੈ ਕੇ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਜਲੰਧਰ ਵਿੱਚ



ਜਰਨਲਿਸਟ ਪ੍ਰੈੱਸ ਕਲੱਬ ਦੇ ਬੋਰਡ ਲਗਵਾਏ ਜਾਣ ਬਾਰੇ ਗੱਲਬਾਤ ਕੀਤੀ ਗਈ। ਇਸ ਤੋਂ ਇਲਾਵਾ ਪੱਤਰਕਾਰਾਂ ਦੀਆਂ ਸਮੱਸਿਆਵਾਂ ਉੱਪਰ ਚਰਚਾ ਕੀਤੀ ਗਈ। ਰਾਜੇਸ਼ ਕਾਲੀਆ ਨੇ ਕਿਹਾ ਕਿ ਜਲੰਧਰ ਵਿੱਚ ਸਭ ਤੋਂ ਪੁਰਾਣੀ ਜਰਨਲਿਸਟ ਪ੍ਰੈਸ ਕਲੱਬ ਹਮੇਸ਼ਾ ਪੱਤਰਕਾਰਾਂ ਦੇ ਹੱਕ ਵਿੱਚ ਕੰਮ ਕਰਦੀ ਰਹੀ ਹੈ ਤੇ ਅੱਗੋਂ ਵੀ ਪੱਤਰਕਾਰਾਂ ਦੇ ਹੱਕ ਵਿੱਚ ਡਟ ਕੇ ਖੜ੍ਹੀ ਰਹੇਗੀ। ਉਹਨਾਂ ਨੇ ਪੱਤਰਕਾਰਾਂ ਨੂੰ ਵੱਧ ਤੋਂ ਵੱਧ ਜਰਨਲਿਸਟ ਪ੍ਰੈੱਸ ਕਲੱਬ ਨਾਲ ਜੁੜਨ ਦਾ ਸੱਦਾ ਦਿੱਤਾ। ਜਰਨਲ ਸਕੱਤਰ ਮਹੇਸ਼ ਰਹੇਜਾ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੱਧ ਤੋਂ ਵੱਧ ਸਮਾਜ ਭਲਾਈ ਦੇ ਕੰਮ ਵੀ ਪ੍ਰੈੱਸ ਕਲੱਬ ਵੱਲੋਂ ਕੀਤੇ ਜਾਣਗੇ। ਇਸ ਉਪਚਾਰਕ ਬੈਠਕ ਵਿੱਚ ਰਾਜੇਸ਼ ਕਾਲੀਆ, ਮਹੇਸ਼ ਰਹੇਜਾ, ਸੁਖਦੇਵ ਸਿੰਘ ਸੁੱਖਾ, ਗੁਰਦੀਪ ਸਿੰਘ ਹੀਰਾ, ਦੀਪਕ ਕੁਮਾਰ ਸੋਹੀ ਮੌਜੂਦ ਸਨ।

## ਮਾਂ ਬੋਲੀ ਦੇ ਵਿਰੋਧ 'ਚ ਲਿਆ ਫੈਸਲਾ ਪੰਜਾਬੀ ਕਦੇ ਬਰਦਾਸ਼ਤ ਨਹੀਂ ਕਰਨਗੇ : ਬਲਤੇਜ ਪੰਨੂ

**ਚੰਡੀਗੜ੍ਹ**- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕੇਂਦਰ ਵਿੱਚ ਭਾਜਪਾ ਸਰਕਾਰ ਵੱਲੋਂ ਪੰਜਾਬ ਦੇ ਆਰਮੀ ਸਕੂਲਾਂ ਵਿੱਚ ਸੰਸਕ੍ਰਿਤ ਨੂੰ ਲਾਜ਼ਮੀ ਕਰਨ ਅਤੇ ਪੰਜਾਬੀ ਨੂੰ ਵਿਕਲਪਿਕ (ਆਪਸ਼ਨਲ) ਵਿਸ਼ਾ ਬਣਾਉਣ ਦੇ ਫੈਸਲੇ ਦੀ ਨਿਖੇਧੀ ਕੀਤੀ ਅਤੇ ਇਸ ਨੂੰ ਪੰਜਾਬ ਵਿਰੋਧੀ ਮਾਨਸਿਕਤਾ ਦਾ ਪ੍ਰਤੀਕ ਦੱਸਿਆ।ਪੰਨੂ ਨੇ ਕਿਹਾ ਕਿ ਭਾਜਪਾ ਲਗਾਤਾਰ ਪੰਜਾਬ ਦੇ ਹੱਕਾਂ ਅਤੇ ਇਸ ਦੀ



ਵਿਰਾਸਤ 'ਤੇ ਡਾਕਾ ਮਾਰਨ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਨੂੰ ਸੂਬੇ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਪੰਨੂ ਨੇ ਕਿਹਾ ਕਿ ਭਾਜਪਾ ਦੇ ਪੰਜਾਬ ਵਿਰੋਧੀ ਫੈਸਲੇ ਹਮੇਸ਼ਾ ਹੀ ਚਰਚਾ ਅਤੇ ਵਿਵਾਦ ਦਾ ਵਿਸ਼ਾ ਰਹੇ ਹਨ। ਚਾਹੇ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਵਸਾਏ ਗਏ ਚੰਡੀਗੜ੍ਹ ਨੂੰ ਪੂਰੀ ਤਰ੍ਹਾਂ ਕੇਂਦਰ ਦੇ ਅਧੀਨ ਕਰਨ ਦੀ ਸਾਜ਼ਿਸ਼ ਹੋਵੇ, ਪੰਜਾਬ ਯੂਨੀਵਰਸਿਟੀ ਨੂੰ ਹਰਿਆਣਾ ਦੇ ਪਾਲੇ ਵਿੱਚ ਪਾਉਣ ਦੀ ਕੋਸ਼ਿਸ਼ ਹੋਵੇ ਜਾਂ ਬੀ ਬੀ ਐੱਮ ਬੀ ਦੇ ਪ੍ਰਬੰਧ ਨੂੰ ਕੇਂਦਰ ਦੇ ਹੱਥਾਂ ਵਿੱਚ ਸੌਂਪਣ ਦਾ ਮਾਮਲਾ ਹੋਵੇ, ਹਰ ਕਦਮ 'ਤੇ ਭਾਜਪਾ ਨੇ ਪੰਜਾਬ ਨੂੰ ਕਮਜ਼ੋਰ ਕਰਨ ਦਾ ਕੰਮ ਕੀਤਾ ਹੈ। ਹੁਣ ਫੌਜੀ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਦੀ ਅਹਿਮੀਅਤ ਘਟਾ ਕੇ ਕੇਂਦਰ ਨੇ ਆਪਣੀ ਸੰਕੀਰਣ ਸੋਚ ਦਾ ਇੱਕ ਹੋਰ ਸਬੂਤ ਪੇਸ਼ ਕਰ ਦਿੱਤਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਅਸੀਂ ਕਿਸੇ ਭਾਸ਼ਾ ਦੇ ਵਿਰੋਧ ਵਿੱਚ ਨਹੀਂ ਹਾਂ, ਪਰ ਪੰਜਾਬ ਦੀ ਧਰਤੀ 'ਤੇ ਪੰਜਾਬੀ ਭਾਸ਼ਾ ਨੂੰ ਦੂਜੇ ਦਰਜੇ 'ਤੇ ਧੱਕਣਾ ਬਰਦਾਸ਼ਤ ਤੋਂ ਬਾਹਰ ਹੈ।

## ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਵੱਲੋਂ ਵਪਾਰੀਆਂ ਨਾਲ ਮੀਟਿੰਗ

**ਜਲੰਧਰ (ਸੁਰਿੰਦਰ ਕੁਮਾਰ)**- ਵਪਾਰੀ ਵਰਗ ਅਤੇ ਪ੍ਰਸ਼ਾਸਨ ਵਿਚਾਲੇ ਤਾਲਮੇਲ ਵਧਾਉਣ ਦੇ ਉਦੇਸ਼ ਨਾਲ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ (ਪੰਜਾਬ ਰਾਜ ਵਪਾਰੀ ਕਮਿਸ਼ਨ) ਵੱਲੋਂ ਰਾਮਾ ਮੰਡੀ ਮਾਰਕੀਟ ਦੇ ਵਪਾਰੀਆਂ ਤੇ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਇੱਕ ਉੱਚ ਪੱਧਰੀ ਵਿਚਾਰ-ਵਟਾਂਦਰਾ ਮੀਟਿੰਗ ਕੀਤੀ ਗਈ। ਇਸ ਸੈਸ਼ਨ ਦਾ ਮੁੱਖ ਉਦੇਸ਼ ਜ਼ਮੀਨੀ ਪੱਧਰ ਦੀਆਂ ਮੁਸ਼ਕਲਾਂ ਦੀ ਪਛਾਣ ਕਰਨਾ ਅਤੇ ਸਥਾਨਕ ਕਾਰੋਬਾਰਾਂ ਲਈ ਹੱਲ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣਾ ਸੀ।ਮੀਟਿੰਗ ਦੌਰਾਨ ਵਪਾਰੀਆਂ ਨੇ ਮਾਰਕੀਟ ਦੇ ਸੁਚਾਰੂ ਕੰਮਕਾਜ ਲਈ ਵਧਦੀ ਭੀੜ ਦੇ ਮੱਦੇਨਜ਼ਰ ਬਿਹਤਰ ਟ੍ਰੈਫਿਕ ਪ੍ਰਬੰਧਨ, ਪ੍ਰਾਪਰਟੀ ਟੈਕਸ, ਸਫ਼ਾਈ ਅਤੇ ਮਾਰਕੀਟ ਦੇ ਅੰਦਰ ਜਨਤਕ ਪਖਾਨਿਆਂ ਦੀ ਸਥਾਪਨਾ ਸਬੰਧੀ ਮੁੱਦੇ ਸਾਂਝੇ ਕੀਤੇ।ਡਿਪਟੀ ਮੇਅਰ ਬਲਬੀਰ ਸਿੰਘ ਢਿੱਲੋਂ (ਬਿੱਟੂ) ਨੇ ਇਕੱਠ ਨੂੰ ਸੰਬੋਧਨ ਕਰਦਿਆਂ ਰਾਮਾ ਮੰਡੀ ਖੇਤਰ ਵਿੱਚ ਪਹਿਲਾਂ ਤੋਂ ਮੁਕੰਮਲ ਹੋ ਚੁੱਕੇ ਵਿਕਾਸ ਪ੍ਰਾਜੈਕਟਾਂ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਸਥਾਨਕ




ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਨਗਰ ਨਿਗਮ ਦੀ ਵਚਨਬੱਧਤਾ ਵੀ ਦੁਹਰਾਈ।ਮੈਂਬਰ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਹਰਿੰਦਰਪਾਲ ਸਿੰਘ ਮਨੋਚਾ ਨੇ ਵਪਾਰੀਆਂ ਨੂੰ ਨਿੱਜੀ ਤੌਰ 'ਤੇ ਭਰੋਸਾ ਦਿੱਤਾ ਕਿ ਸੈਸ਼ਨ ਦੌਰਾਨ ਦਰਜ ਕੀਤੀ ਗਈ ਹਰ ਸ਼ਿਕਾਇਤ ਦੀ ਨਿਗਰਾਨੀ ਕੀਤੀ ਜਾਵੇਗੀ ਅਤੇ ਉਸ ਦਾ ਸਮੇਂ ਸਿਰ ਹੱਲ ਯਕੀਨੀ ਬਣਾਇਆ ਜਾਵੇਗਾ। ਚੇਅਰਮੈਨ ਜ਼ਿਲ੍ਹਾ ਵਪਾਰੀ ਕਮਿਸ਼ਨ ਇੰਦਰਵੰਸ਼ ਸਿੰਘ ਚੱਢਾ ਨੇ ਕਮਿਸ਼ਨ ਦੀ ਕਾਰਜ ਪ੍ਰਣਾਲੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਕਿਵੇਂ ਇਹ ਵਪਾਰੀਆਂ ਲਈ ਨਿਆਂ ਅਤੇ ਪ੍ਰਸ਼ਾਸਨਿਕ ਸਹਾਇਤਾ ਲੈਣ ਲਈ ਇੱਕ ਸਮਰਪਿਤ ਪਲੇਟਫਾਰਮ ਵਜੋਂ ਕੰਮ ਕਰਦਾ ਹੈ।ਕੌਂਸਲਰ ਵਿੱਕੀ ਤੁਲਸੀ ਨੇ ਵੱਖ-ਵੱਖ ਮਾਰਕੀਟ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਅਤੇ ਵਪਾਰੀਆਂ ਦੀ ਅਧਿਕਾਰੀਆਂ ਨਾਲ ਜਾਣ-ਪਛਾਣ ਕਰਵਾਈ ਅਤੇ ਸਿੱਧੀ ਗੱਲਬਾਤ ਦਾ ਰਸਤਾ ਸਾਫ਼ ਕੀਤਾ।

## ਝੋਨੇ ਦੇ ਸੀਜ਼ਨ ਨੂੰ ਮੁੱਖ ਰੱਖਦਿਆਂ 10 ਘੰਟੇ ਬਿਜਲੀ ਯਕੀਨੀ ਬਣਾਉਣ ਦੀ ਮੰਗ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਬਲਾਕ ਮੋਰਿੰਡਾ ਦੀ ਮੀਟਿੰਗ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਮੁੰਡੀਆਂ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੋਰਿੰਡਾ ਵਿਖੇ ਹੋਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਯੂਨੀਅਨ ਆਗੂ ਰਣਧੀਰ ਸਿੰਘ ਮਾਜਰੀ ਨੇ ਦੱਸਿਆ ਕਿ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਚਲਾਕੀ, ਜ਼ਿਲ੍ਹਾ ਜੁਆਇੰਟ ਸਕੱਤਰ ਗੁਰਚਰਨ ਸਿੰਘ ਢੋਲਣ ਮਾਜਰਾ ਅਤੇ ਕਰਨੈਲ ਸਿੰਘ ਡੂਮਛੇੜੀ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਚਲਾਕੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਨੂੰ ਸਹਿਕਾਰੀ ਸੋਸਾਇਟੀਆਂ ਦੀਆਂ ਵਧੀਆ ਹੋਈਆਂ ਲਿਮਟਾਂ ਤੁਰੰਤ ਲਾਗੂ ਕੀਤੀਆਂ ਜਾਣ, ਸੋਸਾਇਟੀਆਂ ਵਿੱਚ ਹੀ ਡੀ ਏ ਪੀ ਅਤੇ ਯੂਰੀਆ ਖਾਦ ਦੀ ਸਪਲਾਈ ਵਧੇਰੇ ਦਿੱਤੀ ਜਾਵੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਨੀਅਰ ਆਗੂ ਗੁਰਚਰਨ ਸਿੰਘ ਢੋਲਣ ਮਾਜਰਾ ਨੇ ਪਾਵਰ ਕਾਮ ਤੋਂ ਮੰਗ ਕੀਤੀ ਕਿ ਢਿੱਲੀਆਂ ਤਾਰਾਂ ਠੀਕ ਕੀਤੀਆਂ ਜਾਣ ਅਤੇ ਓਵਰਲੋਡ ਟਰਾਂਸਫਾਰਮਰ ਅੰਡਰ ਲੋਡ ਕੀਤੇ ਜਾਣ । ਉਹਨਾਂ ਆਉਣ ਵਾਲੇ ਕਿਸਾਨਾਂ ਦੇ ਝੋਨੇ ਦੇ ਸੀਜਨ ਲਈ ਮੋਟਰਾਂ ਦੀ ਸਪਲਾਈ 10 ਘੰਟੇ ਯਕੀਨੀ ਬਣਾਈ ਜਾਵੇ। ਉਨ੍ਹਾਂ ਪੰਜਾਬ ਸਰਕਾਰ ਤੋਂ ਇਹ ਵੀ ਮੰਗ ਕੀਤੀ ਕਿ ਕਿਸਾਨਾਂ ਨੂੰ ਦੱਸਿਆ ਜਾਵੇ ਕਿ ਝੋਨੇ ਦੇ ਕਿਹੜੇ ਕਿਹੜੇ ਬੀਜ ਸਰਕਾਰ ਮੰਡੀਆਂ ਵਿੱਚ ਖਰੀਦੇਗੀ ਤਾਂ ਕਿ ਕਿਸਾਨ ਉਸ ਬੀਜ ਦੀ ਹੀ ਪਨੀਰੀ ਪਾ ਸਕਣ। ਗੰਨੇ ਦੀ ਬਕਾਇਆ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ। ਇਸ ਮੌਕੇ ਨੇਤਰ ਸਿੰਘ ਰੌਣੀ, ਅਵਤਾਰ ਸਿੰਘ ਸਹੇੜੀ, ਪਰਮਜੀਤ ਸਿੰਘ, ਬਾਵਾ ਸਿੰਘ ਕਾਂਜਲਾ, ਬਲਜੀਤ ਸਿੰਘ ਦੁੱਮਣਾ, ਤਰਲੋਚਨ ਸਿੰਘ ਤਾਜਪੁਰ, ਹਰਚੰਦ ਸਿੰਘ ਰਤਨਗੜ੍ਹ, ਸ਼ਾਦੀ ਸਿੰਘ, ਕੇਸਰ ਸਿੰਘ ਓਇੰਦ, ਸੰਤੋਖ ਸਿੰਘ,ਮਹਿੰਦਰ ਸਿੰਘ, ਬਲਜੀਤ ਸਿੰਘ ਢੋਲਣ ਮਾਜਰਾ ਆਦਿ ਯੂਨੀਅਨ ਆਗੂ ਹਾਜ਼ਰ ਸਨ।

## ਹੁੱਲੜਬਾਜ਼ਾਂ ਖ਼ਿਲਾਫ਼ ਸਖ਼ਤ ਕਾਰਵਾਈ ਹੋਵੇਗੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿੱਚ ਹੁੱਲੜਬਾਜ਼ੀ ਨੂੰ ਪੂਰੀ ਤਰ੍ਹਾਂ ਨੱਥ ਪਾਈ ਜਾਵੇਗੀ ਅਤੇ ਅਮਨ-ਕਾਨੂੰਨ ਦੀ ਸਥਿਤੀ ਹਰ ਹਾਲਤ ਵਿੱਚ ਕਾਇਮ ਰੱਖੀ ਜਾਵੇਗੀ। ਇਹ ਪ੍ਰਗਟਾਵਾ ਥਾਣਾ ਸ੍ਰੀ ਅਨੰਦਪੁਰ ਸਾਹਿਬ ਦੇ ਨਵ-ਨਿਯੁਕਤ ਥਾਣਾ ਮੁਖੀ ਜਤਿਨ ਕਪੂਰ ਨੇ ਕੀਤਾ। ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਲਈ ਸੁਭਾਗ ਦੀ ਗੱਲ ਹੈ ਕਿ ਉਨ੍ਹਾਂ ਨੂੰ ਗੁਰੂ ਨਗਰੀ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ ਅਤੇ ਉਹ ਆਪਣੀ ਡਿਊਟੀ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ। ਜਤਿਨ ਕਪੂਰ ਨੇ ਕਿਹਾ ਕਿ ਐਸ ਐਸ ਪੀ ਅਤੇ ਡੀ ਐਸ ਪੀ ਦੀਆਂ ਹਦਾਇਤਾਂ ਅਨੁਸਾਰ ਨਸ਼ਿਆਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ



ਅਤੇ ਕਿਸੇ ਵੀ ਤਰ੍ਹਾਂ ਦੇ ਨਾਜਾਇਜ਼ ਧੰਦੇ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਲੋਕਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਤਿੰਨ-ਤਿੰਨ ਅਤੇ ਚਾਰ-ਚਾਰ ਵਿਅਕਤੀਆਂ ਵੱਲੋਂ ਮੋਟਰਸਾਈਕਲਾਂ 'ਤੇ ਕੀਤੀ ਜਾਂਦੀ ਹੁੱਲੜਬਾਜ਼ੀ, ਪਟਾਕੇ ਮਾਰਨ ਅਤੇ ਸਕੂਲਾਂ ਅੱਗੇ ਗੇੜੀਆਂ ਲਗਾਉਣ ਵਾਲੇ ਅਨਸਰਾਂ ਨੂੰ ਵੀ ਕਿਸੇ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਸਕੂਲਾਂ ਦੇ ਲੱਗਣ ਅਤੇ ਛੁੱਟੀ ਸਮੇਂ ਪੁਲਸ ਗਸ਼ਤ ਲਗਾਤਾਰ ਜਾਰੀ ਰਹੇਗੀ ਅਤੇ ਕਾਨੂੰਨ ਤੋੜਨ ਵਾਲਿਆਂ ਖ਼ਿਲਾਫ਼ ਤੁਰੰਤ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਦਸਵੀਂ ਜਮਾਤ ਦਾ ਨਤੀਜਾ ਰਿਹਾ ਸੌ ਫੀਸਦੀ, ਕੁੜੀਆਂ ਨੇ ਮਾਰੀ ਬਾਜ਼ੀ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਦੀ ਦਸਵੀਂ ਜਮਾਤ ਦਾ ਸਲਾਨਾ ਨਤੀਜਾ ਸ਼ਾਨਦਾਰ ਰਿਹਾ।ਇਸ ਨਤੀਜੇ ਵਿੱਚ ਕੁੜੀਆਂ ਨੇ ਬਾਜੀ ਮਾਰੀ।ਇਸ ਮੌਕੇ ਸਕੂਲ ਪ੍ਰਿੰਸੀਪਲ ਹਰਮਨੋਜ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ।ਹਰਮਨ ਕੌਰ ਸਪੁੱਤਰੀ ਬਹਾਦਰ ਸਿੰਘ ਨੇ ਪਹਿਲਾ ਸਥਾਨ, ਮੰਨਤ



ਸਪੁੱਤਰੀ ਜੋਗਿੰਦਰ ਸਿੰਘ ਨੇ ਦੂਜਾ ਸਥਾਨ ਤੇ ਚਾਂਦਨੀ ਸਪੁੱਤਰੀ ਭੋਲਾ ਰਿਸ਼ੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਦਸਵੀਂ ਜਮਾਤ ਦੇ ਬਾਕੀ ਵਿਦਿਆਰਥੀ ਵੀ ਚੰਗੇ ਅੰਕਾਂ ਨਾਲ ਪਾਸ ਹੋਏ।ਸਕੂਲ ਮੁਖੀ ਨੇ ਵਧੀਆ ਨਤੀਜੇ ਲਈ ਅਧਿਆਪਕਾਂ ਨੂੰ ਮੁਬਾਰਕਬਾਦ ਦਿੱਤੀ।ਇਸ ਮੌਕੇ ਜਤਿੰਦਰ ਸਿੰਘ, ਸਰਬਜੀਤ ਕੌਰ, ਸਤਨਾਮ ਕੁਮਾਰ, ਰਾਜਵਿੰਦਰ ਕੌਰ, ਨਰਿੰਦਰ ਅਜਨੋਹਾ, ਲਵਦੀਪ ਕੌਰ, ਓਂਕਾਰ ਸਿੰਘ, ਧਰਮਿੰਦਰ ਸਿੰਘ, ਹਾਫਿਜ, ਅਬਿਨਾਸ਼ ਕੌਰ, ਅਮਨਪ੍ਰੀਤ ਕੌਰ, ਅਮਨਜੀਤ ਕੌਰ, ਦੀਪਕ ਕੁਮਾਰ, ਜਸਪ੍ਰੀਤ ਕੌਰ, ਕੁਲਵਿੰਦਰ ਸਿੰਘ, ਮੁਨੀਸ਼ ਕੁਮਾਰ, ਰਜੇਸ਼ ਕੁਮਾਰ, ਆਰਤੀ ਥਾਪਰ, ਹਰਭਜਨ ਸਿੰਘ ਅਤੇ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

## ਸਾਬਕਾ ਟਰੱਕ ਯੂਨੀਅਨ ਪ੍ਰਧਾਨ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਨਗਰ ਕੌਂਸਲ ਡੇਰਾਬੱਸੀ ਦੇ ਸਾਬਕਾ ਪ੍ਰਧਾਨ ਰਣਜੀਤ ਸਿੰਘ ਰੈਡੀ ਦੇ ਭਾਜਪਾ ਵਿੱਚ ਸ਼ਾਮਿਲ ਹੋਣ ਤੋਂ ਬਾਅਦ ਲਗਾਤਾਰ ਉਹਨਾਂ ਵੱਲੋਂ ਭਾਜਪਾ ਨੂੰ ਮਜਬੂਤ ਕੀਤਾ ਜਾ ਰਿਹਾ ਹੈ। ਇਸ ਲੜੀ ਤਹਿਤ ਕਾਂਗਰਸੀ ਆਗੂ ਅਤੇ ਸਾਬਕਾ ਟਰੱਕ ਯੂਨੀਅਨ ਪ੍ਰਧਾਨ ਆਸ਼ੂ ਮਹਿੰਦਰੂ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਿਲ ਹੋ ਗਏ। ਹਲਕਾ ਡੇਰਾਬੱਸੀ ਤੋਂ ਭਾਜਪਾ ਇੰਚਾਰਜ ਸੰਜੀਵ ਖੰਨਾ ਅਤੇ ਸੀਨੀਅਰ ਆਗੂ



ਐੱਸ ਐੱਮ ਐੱਸ ਸੰਧੂ ਨੇ ਆਸ਼ੂ ਮਹਿੰਦਰੂ ਅਤੇ ਉਹਨਾਂ ਦੇ ਸਾਥੀਆਂ ਨੂੰ ਭਾਜਪਾ ਵਿੱਚ ਰਸਮੀ ਤੌਰ ਤੇ ਸ਼ਾਮਿਲ ਕਰਵਾਇਆ। ਡੇਰਾਬੱਸੀ ਦੇ ਆਦਰਸ਼ ਨਗਰ ਵਾਰਡ ਨੰਬਰ 13 ਵਿੱਚ ਕਰਵਾਏ ਸਮਾਗਮ ਦੌਰਾਨ ਸਾਬਕਾ ਟਰੱਕ ਯੂਨੀਅਨ ਪ੍ਰਧਾਨ ਆਸ਼ੂ ਮਹਿੰਦਰੂ ਦੇ ਨਾਲ ਗੁਰਵਿੰਦਰ ਸਿੰਘ, ਰਾਜੇਸ਼ ਧੀਮਾਨ, ਗੁਲਸ਼ਨ ਗੋਇਲ, ਕੇਸਰ ਸਿੰਘ, ਓਂਕਾਰ ਸਿੰਘ, ਮਾਸਟਰ ਦਮੋਦਰ ਤੇ ਸੌਰਭ ਦੁੱਗਲ ਸਮੇਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਭਾਜਪਾ ਦੀ ਮੈਂਬਰਸ਼ਿਪ ਹਾਸਲ ਕੀਤੀ। ਮਹਿਲਾ ਵਰਕਰਾਂ ਵਿੱਚ ਸੋਨਮ ਰਾਣਾ, ਪ੍ਰਿਯੰਕਾ, ਸਵਰਨ ਕੌਰ, ਵਨੀਤਾ ਅਤੇ ਪਰਮਜੀਤ ਕੌਰ ਨੇ ਵੀ ਕਾਂਗਰਸ ਨੂੰ ਅਲਵਿਦਾ ਕਹਿ ਕੇ ਭਾਜਪਾ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।

## ਨਿਤਿਨ ਕੋਹਲੀ ਵੱਲੋਂ ਵਾਰਡ ਨੰ. 30 'ਚ ਨਵੇਂ ਟਿਊਬਵੈੱਲ ਦਾ ਉਦਘਾਟਨ

**ਜਲੰਧਰ**- ਜਲੰਧਰ ਦੇ ਗੁਲਾਬ ਪਾਰਕ, ਲਾਜਪਤ ਨਗਰ ਵਿਖੇ ਨਵੇਂ ਲੱਗੇ ਟਿਊਬਵੈੱਲ ਦਾ ਉਦਘਾਟਨ ਹਲਕਾ ਇੰਚਾਰਜ ਨਿਤਿਨ ਕੋਹਲੀ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਇਲਾਕਾ ਨਿਵਾਸੀਆਂ ਨੂੰ ਬਿਹਤਰ ਪਾਣੀ ਸਪਲਾਈ ਮੁਹੱਈਆ ਕਰਵਾਉਣਾ ਅਤੇ



ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਉਨ੍ਹਾਂ ਦੀ ਪਹਿਲ ਹੈ। ਨਿਤਿਨ ਕੋਹਲੀ ਨੇ ਕਿਹਾ ਕਿ ਇਹ ਨਵਾਂ ਟਿਊਬਵੈੱਲ ਵਾਰਡ ਨੰਬਰ 30 ਦੇ ਲੋਕਾਂ ਨੂੰ ਪਾਣੀ ਨਾਲ ਜੁੜੀਆਂ ਸਮੱਸਿਆਵਾਂ ਤੋਂ ਵੱਡੀ ਰਾਹਤ ਦੇਵੇਗਾ ਅਤੇ ਨਿਵਾਸੀਆਂ ਨੂੰ ਹੋਰ ਵਧੀਆ ਸਹੂਲਤ ਪ੍ਰਦਾਨ ਕਰੇਗਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਟੀਮ ਵੱਲੋਂ ਲਗਾਤਾਰ ਹਰ ਵਾਰਡ ਵਿੱਚ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਕੇ ਅੱਗੇ ਵਧਾਇਆ ਜਾ ਰਿਹਾ ਹੈ।ਇਸ ਮੌਕੇ ਵਾਰਡ ਨੰਬਰ 30 ਦੇ ਵਾਰਡ ਇੰਚਾਰਜ ਅਜੈ ਚੋਪੜਾ ਸਮੇਤ ਸੁਭਾਸ਼ ਸ਼ਰਮਾ, ਸੰਜੀਵ ਤ੍ਰੇਹਨ, ਪ੍ਰਵੀਨ ਪੱਬੀ, ਗੋਲਡੀ ਮਰਵਾਹਾ, ਧੀਰਜ ਸੇਠ, ਐੱਮ ਬੀ ਬਾਲੀ, ਮਨੀਸ਼ ਸ਼ਰਮਾ, ਸ਼ਿਵਮ ਸ਼ਰਮਾ, ਸਕਿਤਾ ਜਾਵੀ ਤੇ ਸਮੂਹ ਵਾਰਡ ਨਿਵਾਸੀ ਮੌਜੂਦ ਸਨ।

## ਖ਼ੂਨਦਾਨ ਕੈਂਪ ਲਗਾਇਆ

**ਲੋਹੀਆਂ ਖਾਸ/ਜਲੰਧਰ (ਯੋਗੇਸ਼ਵਰ, ਰੀਨਾ ਸ਼ਰਮਾ, ਇਕਬਾਲ ਸਿੰਘ ਉੱਭੀ)**- ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਰਹਿਨੁਮਾਈ ਹੇਠ ਏ ਪੀ ਜੇ ਕਾਲਜ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ 29 ਖ਼ੂਨਦਾਨੀਆਂ ਨੇ ਸਵੈ ਇੱਛਾ ਨਾਲ ਖ਼ੂਨ ਦਾਨ ਕੀਤਾ।ਇਸ ਖ਼ੂਨਦਾਨ ਕੈਂਪ ਵਿਚ ਸਭ ਤੋਂ ਜ਼ਿਆਦਾ ਗਿਣਤੀ ਪਹਿਲੀ ਵਾਰ ਖ਼ੂਨ ਦਾਨ ਕਰਨ ਵਾਲਿਆਂ ਦੀ ਰਹੀ। ਸਕੱਤਰ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ, ਡਾ. ਸੁਰਜੀਤ ਲਾਲ ਨੇ ਖ਼ੂਨਦਾਨ ਨੂੰ ਸਭ ਤੋਂ ਉੱਤਮ ਦਾਨ ਦੱਸਦਿਆਂ ਸਟਾਫ਼ ਅਤੇ ਨੌਜਵਾਨ ਵਿਦਿਆਰਥੀਆਂ ਨੂੰ ਲੋੜਵੰਦ ਮਰੀਜ਼ਾਂ ਲਈ ਖ਼ੂਨ ਦਾਨ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪ੍ਰਿੰਸੀਪਲ ਏ ਪੀ ਜੇ ਸਕੂਲ ਯਸ਼ਪਾਲ ਸ਼ਰਮਾ, ਯੂਥ ਬਲੱਡ ਡੋਨਰਜ਼ ਆਰਗੇਨਾਈਜ਼ੇਸ਼ਨ ਦੇ ਪ੍ਰਧਾਨ ਵਿਕਾਸ ਕਪੂਰ, ਆਰਤੀ, ਰਾਜੇਸ਼ ਚੰਦੇਲ, ਪ੍ਰਿੰਸੀਪਲ ਮਾਡਲ ਟਾਊਨ ਸਕੂਲ, ਐਡਮਿਨ ਹੈਡ ਸੁਮਿੱਤਰਾ ਧਰ, ਵਾਈਸ ਪ੍ਰਿੰਸੀਪਲ, ਸਕੂਲ ਦਾ ਸਟਾਫ਼, ਲੇਖਾਕਾਰ ਰੈੱਡ ਕਰਾਸ ਸੁਸਾਇਟੀ ਨੇਕ ਰਾਮ, ਅਮਨਦੀਪ ਸਿੰਘ, ਸੰਨੀ ਕੁਮਾਰ ਵੀ ਮੌਜੂਦ ਸਨ।




## ਸਿੰਜਾਈ ਅਧੀਨ ਰਕਬੇ 'ਚ 167 ਫੀਸਦੀ ਦਾ ਵਾਧਾ ਹੋਇਆ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੀ ਇਤਿਹਾਸਕ ਜੀਵਨ-ਧਾਰਾ 'ਚ ਨਵੀਂ ਰੂਹ ਫੂਕਦਿਆਂ, ਬਿਸਤ ਦੋਆਬ ਨਹਿਰ ਦੀ ਮੁੜ ਸੁਰਜੀਤੀ ਦੁਆਬਾ ਖੇਤਰ ਦੇ ਖੇਤਾਂ, ਫਾਰਮਾਂ ਤੇ ਭਵਿੱਖ ਨੂੰ ਬਦਲ ਰਹੀ ਹੈ। ਸੂਬੇ ਦੇ ਸਿੰਜਾਈ ਨੈੱਟਵਰਕ ਨੂੰ ਵੱਡਾ ਹੁਲਾਰਾ ਦਿੰਦਿਆਂ, ਭਗਵੰਤ ਮਾਨ ਸਰਕਾਰ ਨੇ ਨਹਿਰ ਨੂੰ ਮੁੜ ਸੁਰਜੀਤ ਕੀਤਾ ਹੈ, ਜਿਸ ਦੇ ਸਿੱਟੇ ਵਜੋਂ 2025-26 ਦੇ ਖੇਤੀ ਸਾਲ ਦੌਰਾਨ ਬਿਸਤ ਦੋਆਬ ਨਹਿਰ ਨੈੱਟਵਰਕ ਹੇਠ ਸਿੰਜਾਈ ਅਧੀਨ ਰਕਬੇ 'ਚ 167% ਦਾ ਸ਼ਾਨਦਾਰ ਵਾਧਾ ਹੋਇਆ ਹੈ। ਇਸ ਵਿਸਥਾਰ ਨਾਲ 1,10,762 ਏਕੜ ਹੋਰ ਰਕਬਾ ਨਹਿਰੀ ਸਿੰਜਾਈ ਅਧੀਨ ਆਇਆ ਹੈ, ਜਿਸ ਨਾਲ ਖੇਤਰ ਦੀ ਖੇਤੀ ਸੈਕਟਰ ਦੀ ਬੁਨਿਆਦ ਮਜ਼ਬੂਤ ਹੋਈ ਹੈ।ਦੁਆਬੇ ਦੀ ਜੀਵਨ-ਰੇਖਾ ਮੰਨੀ ਜਾਂਦੀ ਇਸ ਨਹਿਰ 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੀਤੇ ਗਏ ਟੀਚਾ ਮੁਖੀ ਉਪਰਾਲਿਆਂ ਨਾਲ ਪਾਣੀ ਦੇ ਵਹਾਅ 'ਚ ਮਹੱਤਵਪੂਰਨ ਸੁਧਾਰ ਹੋਇਆ ਹੈ। ਇਨ੍ਹਾਂ ਯਤਨਾਂ ਨਾਲ ਜਲੰਧਰ, ਸ਼ਹੀਦ ਭਗਤ ਸਿੰਘ ਨਗਰ, ਕਪੂਰਥਲਾ ਅਤੇ ਹੁਸ਼ਿਆਰਪੁਰ ਦੇ ਕੁਝ ਹਿੱਸਿਆਂ 'ਚ ਲੰਬੇ ਸਮੇਂ ਤੋਂ ਚੱਲੀ ਆ ਰਹੀ ਪਾਣੀ ਦੀ ਕਮੀ ਨੂੰ ਦੂਰ ਕਰਦਿਆਂ ਸਿੰਜਾਈ ਸਿਲਸਿਲਾ ਮਜ਼ਬੂਤ ਕੀਤਾ ਹੈ।

## ਲਾਸਾਨੀ ਇਨਸਾਨ ਸਨ ਪ੍ਰੋਫੈਸਰ ਵੜੈਚ : ਇੰਜ. ਕੁਲਵੰਤਬੀਰ ਸਿੰਘ ਕਲੇਰ

**ਜਲੰਧਰ**- ਆਜ਼ਾਦੀ ਦੇ ਇਨਕਲਾਬੀ ਸੰਘਰਸ਼ ਅਤੇ ਵਿਸ਼ੇਸ਼ ਕਰਕੇ ਗਦਰ ਲਹਿਰ ਦੇ ਸੂਰਮਿਆਂ ਦੀ ਕੁਰਬਾਨੀ ਨੂੰ ਇਤਿਹਾਸ ਦਾ ਮਹੱਤਵਪੂਰਨ ਹਿੱਸਾ ਬਣਾਉਣ ਵਾਲੇ



ਇਤਿਹਾਸਕਾਰ ਅਤੇ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਲੁਧਿਆਣਾ ਦੇ ਪ੍ਰੋਫੈਸਰ ਮਲਵਿੰਦਰਜੀਤ ਸਿੰਘ ਵੜੈਚ ਨੂੰ ਲਾਸਾਨੀ ਇਨਸਾਨ ਦੱਸਦਿਆਂ ਇੰਜ. ਕੁਲਵੰਤ ਬੀਰ ਸਿੰਘ ਕਲੇਰ ਨੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਮੰਗਲਵਾਰ ਪ੍ਰੋਫੈਸਰ ਵੜੈਚ ਨਿਮਿਤ ਰੱਖੀ ਸ਼ੋਕ ਸਭਾ ਵਿੱਚ ਬੋਲਦਿਆਂ ਇੰਜੀਨੀਅਰ ਕਲੇਰ ਨੇ ਉਨ੍ਹਾ ਦੇ ਲਾਸਾਨੀ ਜੀਵਨ 'ਤੇ ਰੌਸ਼ਨੀ ਪਾਈ। ਉਨ੍ਹਾ ਤੋਂ ਇਲਾਵਾ ਇੰਜ. ਯਾਦਵਿੰਦਰ ਪਾਲ ਸਿੰਘ ਬਾਠ, ਇੰਜ. ਮਨੋਹਰ ਸਿੰਘ ਖਹਿਰਾ, ਇੰਜ. ਅੰਮ੍ਰਿਤਪਾਲ ਸਿੰਘ ਅਤੇ ਇੰਜ. ਸੀਤਲ ਸਿੰਘ ਸੰਘਾ ਨੇ ਵੀ ਪ੍ਰੋਫੈਸਰ ਸਾਹਿਬ ਦੇ ਮਹਾਨ ਯੋਗਦਾਨ ਬਾਰੇ ਆਪਣੇ ਵਿਚਾਰ ਪ੍ਰਗਟਾਉਂਦਿਆਂ ਉਨ੍ਹਾ ਨੂੰ ਖਿਰਾਜ-ਇ-ਅਕੀਦਤ ਭੇਟ ਕੀਤੀ। ਸਾਹਿਤ ਕਲਾ ਕੇਂਦਰ ਜਲੰਧਰ ਦੇ ਰੂਹੇ ਰਵਾਂ ਇੰਜ. ਹਰਜਿੰਦਰ ਸਿੰਘ ਮਿਨਹਾਸ (ਸਰੀ), ਇੰਜ. ਤੇਜਾ ਸਿੰਘ ਸੰਧੂ ਤੇ ਇੰਜ. ਰਘੂਬੀਰ ਸਿੰਘ ਸਿੱਧੂ (ਬ੍ਰੈਂਪਟਨ) ਵੀ ਪ੍ਰੋਫੈਸਰ ਵੜੈਚ ਦੇ ਵਿਦਿਆਰਥੀ ਰਹੇ ਹਨ। ਸਭਾ ਦੇ ਅਖੀਰ ਵਿੱਚ ਕੇਂਦਰ ਦੇ ਪ੍ਰਧਾਨ ਪ੍ਰੋਫੈਸਰ ਡਾ. ਗੋਪਾਲ ਸਿੰਘ ਬੁੱਟਰ ਨੇ ਕਿਹਾ ਕਿ ਪ੍ਰੋਫੈਸਰ ਮਲਵਿੰਦਰਜੀਤ ਸਿੰਘ ਵੜੈਚ ਸਾਡੇ ਮਾਰਗ ਦਰਸ਼ਕ ਸਨ ਅਤੇ ਉਨ੍ਹਾਂ ਦੀਆਂ ਲਿਖਤਾਂ ਤੇ ਜੀਵਨ ਸਾਨੂੰ ਉਸਾਰੂ ਕੰਮਾਂ ਵਿੱਚ ਲੱਗੇ ਰਹਿਣ ਲਈ ਨਿਰੰਤਰ ਪ੍ਰੇਰਿਤ ਕਰਦੇ ਰਹਿਣਗੇ। ਕੇਂਦਰ ਦੇ ਜਨਰਲ ਸਕੱਤਰ ਨਰਿੰਦਰ ਪਾਲ ਸਿੰਘ ਕੰਗ ਨੇ ਵੜੈਚ ਸਾਹਿਬ ਨੂੰ ਕਾਵਿਕ ਸ਼ਰਧਾਂਜਲੀ ਦਿੱਤੀ।

## ਬਲੌਂਗੀ 'ਚ ਵੱਡੀ ਗਿਣਤੀ 'ਚ ਪਰਵਾਰਾਂ ਨੇ ਫੜਿਆ 'ਆਪ' ਦਾ ਪੱਲਾ



**ਮੋਹਾਲੀ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ ਨੂੰ ਉਸ ਵੇਲੇ ਮੋਹਾਲੀ ਹਲਕੇ ਵਿੱਚ ਵੱਡਾ ਹੁਲਾਰਾ ਮਿਲਿਆ, ਜਦੋਂ ਨਗਰ ਨਿਗਮ ਚੋਣਾਂ ਦੇ ਐਲਾਨ ਵਾਲੇ ਦਿਨ ਹੀ ਵੱਡੀ ਗਿਣਤੀ ਵਿੱਚ ਪਰਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ, ਜਿਹਨਾਂ ਦਾ ਵਿਧਾਇਕ ਕੁਲਵੰਤ ਸਿੰਘ ਵੱਲੋਂ ਪਾਰਟੀ ਵਿੱਚ ਸ਼ਾਮਿਲ ਹੋਣ 'ਤੇ ਭਰਵਾ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਜ਼ਿਲਾ ਯੋਜਨਾ ਬੋਰਡ ਦੇ ਮੋਹਾਲੀ ਦੇ ਚੇਅਰਪਰਸਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਇੰਜੀਨੀਅਰ ਪ੍ਰਭਜੋਤ ਕੌਰ ਨੇ ਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਦੇ ਮੈਂਬਰਾਂ ਨੂੰ ਜੀ ਆਇਆ ਆਖਿਆ। ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਰਾਮ ਕੁਮਾਰ ਮੈਂਬਰ ਟਰੇਡਰ ਕਮਿਸ਼ਨ ਦੀ ਪ੍ਰੇਰਨਾ ਦੇ ਚਲਦਿਆਂ ਇਹਨਾਂ ਪਰਿਵਾਰਾਂ ਨੇ ਆਪੋ- ਆਪਣੀਆਂ ਪਾਰਟੀਆਂ ਨੂੰ ਬੇਦਾਵਾ ਦੇ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਫੈਸਲਾ ਕੀਤਾ। ਇਸ ਮੌਕੇ ਤੇ ਸੈਕਟਰ 79 ਸਥਿਤ ਦਫਤਰ ਵਿਖੇ ਪ੍ਰਭਜੋਤ ਕੌਰ ਚੇਅਰਪਰਸਨ ਜ਼ਿਲਾ ਯੋਜਨਾ ਬੋਰਡ ਤੇ ਪ੍ਰਧਾਨ ਆਮ ਆਦਮੀ ਪਾਰਟੀ ਜ਼ਿਲਾ ਮੋਹਾਲੀ, ਰਾਮ ਕੁਮਾਰ ਟ੍ਰੇਡਰ ਕਮਿਸ਼ਨ ਮੈਬਰ ਵਾਰਡ ਨੰਬਰ 46 ਪਿੰਡ ਬਲੌਂਗੀ , ਕ੍ਰਿਸਨ ਲਾਲ, ਗੀਟਾ ਦੇਵੀ, ਜਗੀਰ ਸਿੰਘ, ਮਹਾਬੀਰ, ਓਮ ਪ੍ਰਕਾਸ਼, ਬਾਲਕਰਮ ਰਾਮ, ਕਮਲੇਸ਼ ਰਾਣੀ, ਸੁਰਜੀਤ ਕੌਰ, ਅੱਛਾ ਰਾਣੀ, ਕਮਲੇਸ਼, ਸੰਗੀਤਾ ਦੇਵੀ, ਇੰਦੂ ਦੇਵੀ, ਸੰਜੇ, ਰਾਜਵਿੰਦਰ ਸਿੰਘ, ਹਿੰਮਸ਼ੂ, ਵਿਨੋਦ ਸ਼ਰਮਾ, ਚਮਲ ਲਾਲ, ਜਗੀਰ ਸਿੰਘ, ਵੀ ਹਾਜ਼ਰ ਸਨ।

## ਮੇਜਰ ਅੰਜੂ ਬਾਲਾ ਸਿੰਘ ਨੇ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਦੇ ਕੌਮੀ ਪ੍ਰਧਾਨ ਦਾ ਕੀਤਾ ਸਵਾਗਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਭਾਰਤੀ ਜਨਤਾ ਪਾਰਟੀ (ਅਨੁਸੂਚਿਤ ਜਾਤੀ ਮੋਰਚਾ) ਦੇ ਕੌਮੀ ਪ੍ਰਧਾਨ ਲਾਲ ਸਿੰਘ ਆਰਿਆ ਦੇ ਦੇਰ ਸ਼ਾਮ ਪੰਜਾਬ ਪਹੁੰਚਣ 'ਤੇ ਭਾਜਪਾ ਕਾਰਕੁਨਾਂ ਵੱਲੋਂ ਉਨ੍ਹਾਂ ਦਾ ਨਿੱਘਾ ਅਤੇ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਸਵਾਗਤ ਦੌਰਾਨ ਪਾਰਟੀ ਕਾਰਕੁਨਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ 'ਤੇ ਮੋਹਾਲੀ ਭਾਜਪਾ ਐੱਸ ਸੀ ਮੋਰਚਾ ਦੇ ਪ੍ਰਧਾਨ ਰਾਧੇਸ਼ਾਮ , ਜਨਰਲ ਸਕੱਤਰ ਰਾਖੀ ਤੇ ਹੋਰ ਕਾਰਕੁਨ ਵੀ ਹਾਜ਼ਰ ਰਹੇ। ਸਾਰੇ ਕਾਰਕੁਨਾਂ ਨੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਅਤੇ ਨਾਅਰਿਆਂ ਰਾਹੀਂ ਕੌਮੀ ਪ੍ਰਧਾਨ ਦਾ ਸਵਾਗਤ ਕੀਤਾ। ਇਸ ਦੌਰਾਨ ਲਾਲ ਸਿੰਘ ਆਰਯਾ ਨਾਲ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ, ਸਮਾਜ ਦੇ ਹਰ ਵਰਗ ਤੱਕ ਭਾਜਪਾ ਦੀਆਂ ਲੋਕ ਭਲਾਈ



ਨੀਤੀਆਂ ਨੂੰ ਪਹੁੰਚਾਉਣ ਅਤੇ ਪੰਜਾਬ ਅੰਦਰ ਪਾਰਟੀ ਦੇ ਆਧਾਰ ਨੂੰ ਹੋਰ ਵਧਾਉਣ ਸਬੰਧੀ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਖ਼ਾਸ ਤੌਰ 'ਤੇ ਅਨੁਸੂਚਿਤ ਜਾਤੀ ਵਰਗ ਦੇ ਲੋਕਾਂ ਨਾਲ ਵਧੇਰੇ ਸੰਪਰਕ ਸਥਾਪਿਤ ਕਰਨ ਅਤੇ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਉਣ ਉੱਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਮੌਜੂਦ ਸਾਰੇ ਆਗੂਆਂ ਅਤੇ ਕਾਰਕੁਨਾਂ ਨੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਬਣਾਉਣ ਅਤੇ ਲੋਕਾਂ ਦੀ ਭਲਾਈ ਲਈ ਨਿਰੰਤਰ ਕੰਮ ਕਰਨ ਦਾ ਸੰਕਲਪ ਵੀ ਦੁਹਰਾਇਆ।

## ਨਸ਼ਾ ਤਸਕਰ ਔਰਤ ਤੇ ਵਿਅਕਤੀ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਜ਼ਿਲ੍ਹਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਟਾਂਡਾ ਪੁਲਿਸ ਨੇ ਇੱਕ ਨਸ਼ਾ ਤਸਕਰ ਔਰਤ ਅਤੇ ਇੱਕ ਵਿਅਕਤੀ ਨੂੰ ਨਸ਼ੇ ਵਾਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਹੈਡ ਕਾਸਟੇਬਲ ਹਰਪਾਲ ਸਿੰਘ ਦੀ ਟੀਮ ਵੱਲੋਂ ਗਸ਼ਤ ਦੌਰਾਨ ਸਾਹਿਬਾਜਪੁਰ ਮੋੜ ਨਜਦੀਕ ਗ੍ਰਿਫਤਾਰ ਕੀਤੇ ਗਏ ਵਿਅਕਤੀ ਦੀ ਪਹਿਚਾਣ ਚੰਦ ਰਾਮ ਪੁੱਤਰ ਬਲਵਿੰਦਰ ਰਾਮ ਵਾਸੀ ਪਿੰਡ ਅਕਬਰਪੁਰ ਕਪੂਰਥਲਾ ਅਤੇ ਔਰਤ ਦੀ ਪਹਿਚਾਣ ਨੀਤੂ ਉਰਫ ਨਿਸ਼ਾ ਪੁੱਤਰੀ ਸੁਰਜੀਤ ਸਿੰਘ ਵਾਸੀ ਚੌਲਾਂਗ ਨੇੜੇ ਖਖਾ ਫਾਟਕ ਵਜੋਂ ਹੋਈ ਹੈ। ਉਕਤ ਮੁਲਜਮਾਂ ਪਾਸੋਂ ਪੁਲਿਸ ਨੇ 77 ਨਸ਼ੇ ਵਾਲੀਆਂ ਨਸ਼ੀਲੀਆਂ ਗੋਲੀਆਂ ਬਰਾਮਦ ਕਰਦੇ ਹੋਏ ਐੱਨ ਡੀ ਪੀ ਐੱਸ ਐਕਟ ਦੀ ਧਾਰਾ ਦੀ ਮਾਮਲਾ ਦਰਜ ਕੀਤਾ ਹੈ।

## ਡਿਪਟੀ ਸਪੀਕਰ ਵੱਲੋਂ ਸੜਕ ਦਾ ਉਦਘਾਟਨ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਹਲਕਾ ਗੜ੍ਹਸ਼ੰਕਰ ਦੇ ਪਿੰਡ ਮੋਰਾਂਵਾਲੀ ਵਿਖੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਸ੍ਰ. ਜੈ ਕ੍ਰਿਸ਼ਨ ਸਿੰਘ ਰੌੜੀ ਵਿਧਾਇਕ ਹਲਕਾ ਗੜ੍ਹਸ਼ੰਕਰ ਦੀ ਅਗਵਾਈ ਹੇਠ ਵਿਕਾਸ ਕਾਰਜਾਂ ਨੂੰ



ਹੋਰ ਮਜ਼ਬੂਤੀ ਮਿਲੀ, ਜਦੋਂ ਉਨ੍ਹਾਂ ਵੱਲੋਂ ਪਿੰਡ ਵਿੱਚ ਬਣਨ ਵਾਲੀ ਨਵੀਂ ਸੜਕ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਪਿੰਡ ਵਾਸੀਆਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਡਿਪਟੀ ਸਪੀਕਰ ਰੌੜੀ ਦਾ ਭਰਪੂਰ ਸਵਾਗਤ ਕੀਤਾ ਗਿਆ ਅਤੇ ਪਿੰਡ ਦੇ ਵਿਕਾਸ ਲਈ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸਰਾਹਨਾ ਕੀਤੀ ਗਈ।ਉਦਘਾਟਨ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸੜਕਾਂ, ਗਲੀਆਂ, ਪੀਣ ਵਾਲੇ ਪਾਣੀ, ਸੀਵਰੇਜ, ਖੇਡ ਮੈਦਾਨਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਵਿਕਾਸ ਲਈ ਲਗਾਤਾਰ ਫੰਡ ਜਾਰੀ ਕੀਤੇ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਸੁਵਿਧਾਵਾਂ ਪਿੰਡਾਂ ਵਿੱਚ ਹੀ ਪ੍ਰਾਪਤ ਹੋ ਸਕਣ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਪਿੰਡ ਮੋਰਾਂਵਾਲੀ ਵਿੱਚ ਬਣਨ ਵਾਲੀ ਇਹ ਸੜਕ ਲੋਕਾਂ ਲਈ ਕਾਫ਼ੀ ਲਾਹੇਵੰਦ ਸਾਬਤ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਸੜਕ ਦੇ ਬਣਨ ਨਾਲ ਆਵਾਜਾਈ ਸੁਖਾਲੀ ਹੋਵੇਗੀ ਅਤੇ ਲੋਕਾਂ ਨੂੰ ਕਈ ਸਮੱਸਿਆਵਾਂ ਤੋਂ ਰਾਹਤ ਮਿਲੇਗੀ। ਉਨ੍ਹਾਂ ਨੇ ਕਿਹਾ ਕਿ ਮੀਂਹ ਦੇ ਦਿਨਾਂ ਵਿੱਚ ਪਿੰਡ ਵਾਸੀਆਂ ਨੂੰ ਆਉਣ-ਜਾਣ ਵਿੱਚ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਹਲਕਾ ਗੜ੍ਹਸ਼ੰਕਰ ਦੇ ਹਰ ਪਿੰਡ ਦੇ ਵਿਕਾਸ ਲਈ ਦਿਨ-ਰਾਤ ਕੰਮ ਕਰ ਰਹੇ ਹਨ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਹਰ ਪਿੰਡ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਿਆ ਜਾਵੇਗਾ।

## ਬਾਲੂ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 17 ਨੂੰ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਬਾਲੂ ਜਠੇਰਿਆਂ ਦੇ 33ਵੇਂ ਸਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਕਮੇਟੀ ਚੇਅਰਮੈਨ ਮਾਸਟਰ ਹਰਬਲਾਸ ਬਾਲੂ ਦੀ ਪ੍ਰਧਾਨਗੀ ਹੇਠ ਜਠੇਰੇ ਅਸਥਾਨ ਪਿੰਡ ਭਾਣੋਕੀ ਵਿਖੇ ਹੋਈ। ਮੀਟਿੰਗ 'ਚ ਮਾਸਟਰ ਹਰਬਲਾਸ ਬਾਲੂ ਨੇ ਦੱਸਿਆ ਕਿ ਮੇਲਾ ਹਰ ਸਾਲ ਦੀ ਤਰ੍ਹਾਂ ਬਾਲੂ ਜਠੇਰੇ ਵੈਲਫੇਅਰ ਕਮੇਟੀ ਵਲੋਂ ਜਠੇਰੇ ਅਸਥਾਨ ਦਰਬਾਰ ਬਾਬਾ ਸੀਹੂ, ਬਾਬਾ ਮੀਹੂ ਤੇ ਮਾਤਾ ਮਹਾਤੀ ਪਿੰਡ ਭਾਣੋਕੀ ਤਹਿਸੀਲ ਫਗਵਾੜਾ ਵਿਖੇ 17 ਮਈ ਨੂੰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਸਵੇਰੇ 9 ਵਜੇ ਨਿਸ਼ਾਨ ਸਾਹਿਬ ਦੀ ਰਸਮ ਉਪਰੰਤ 10.30 ਵਜੇ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਦੇ ਪਾਠ ਦਾ ਭੋਗ ਪਾਇਆ ਜਾਵੇਗਾ। ਉਪਰੰਤ 11.30 ਵਜੇ ਤੋਂ ਸ਼ਾਮ 4 ਵਜੇ ਤੱਕ ਧਾਰਮਿਕ ਸਟੇਜ ਸਜਾਈ ਜਾਵੇਗੀ। ਜਿਸ ਵਿਚ ਪ੍ਰਸਿੱਧ ਗਾਇਕ ਕਲਾਕਾਰ ਕੇ ਐੱਸ ਬੰਗੜ ਅਤੇ ਬੀਬਾ ਸਿਮਰਨ ਸਿੰਮੀ ਧਾਰਮਿਕ ਗੀਤਾਂ ਰਾਹੀਂ ਸੰਗਤਾਂ ਵੱਡੇ ਵਡੇਰਿਆਂ ਦੀ ਮਹਿਮਾ ਦਾ ਗੁਣਗਾਨ ਕਰਨਗੇ। ਚਾਹ ਪਕੌੜਿਆਂ ਦੀ ਸੇਵਾ, ਠੰਡਾ ਮਿੱਠਾ ਜਲ ਅਤੇ ਬਾਬਾ ਜੀ ਦਾ ਲੰਗਰ ਅਟੁੱਟ ਵਰਤਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਬੂਟੀ ਰਾਮ ਮੌਲੀ, ਉਪ ਪ੍ਰਧਾਨ ਅਮਰਜੀਤ ਸਿੰਘ ਪਿੰਡ ਪਿਆਲਾ, ਉਪ ਪ੍ਰਧਾਨ ਬਲਵੀਰ ਚੰਦ ਕਾਰੀ, ਕੈਸ਼ੀਅਰ ਤੇ ਸਕੱਤਰ ਮਾ. ਕੁੰਦਨ ਲਾਲ ਫਰੀਦਪੁਰ, ਹਰੀ ਪਾਲ ਨੂਰਮਹਿਲ, ਡਾ. ਕੁਲਵਿੰਦਰ ਰਾਜ ਬਾਲੀ ਹੁਸ਼ਿਆਰਪੁਰ, ਹਰਬਲਾਸ ਬਲਾ, ਨਛੱਤਰ ਸਿੰਘ ਅਬਾਦਪੁਰਾ, ਠੇਕੇਦਾਰ ਹੰਸਰਾਜ ਸੰਤੋਖਪੁਰਾ ਆਦਿ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਪਾਹੁਲਪ੍ਰੀਤ ਕੌਰ ਸੈਣੀ



ਕੈਵਿਨ ਬੱਧਨ
ਜਲੰਧਰ